# ਗਿਣਤੀ

## ਮੂਸਾ ਇਸਰਾਏਲ ਦੇ ਲੋਕਾਂ ਦੀ ਗਿਣਤੀ ਕਰਦਾ ਹੈ

**1** **1**ਯਹੋਵਾਹ ਨੇ ਮੰਡਲੀ ਵਾਲੇ ਤੰਬੂ ਵਿੱਚ ਮੂਸਾ ਨਾਲ ਗੱਲ
ਕੀਤੀ। ਇਹ ਸੀਨਈ ਦੇ ਮਰੂਥਲ ਵਿੱਚ ਸੀ। ਇਹ
ਇਸਰਾਏਲ ਦੇ ਲੋਕਾਂ ਦੇ ਮਿਸਰ ਛੱਡਣ ਤੋਂ ਮਗਰੋਂ ਦੂਸਰੇ ਸਾਲ ਦੇ
ਦੂਸਰੇ ਮਹੀਨੇ ਦੇ ਪਹਿਲੇ ਦਿਨ ਦੀ ਗੱਲ ਹੈ। ਯਹੋਵਾਹ ਨੇ ਮੂਸਾ ਨੂੰ
ਆਖਿਆ: **2**"ਇਸਰਾਏਲ ਦੇ ਸਾਰੇ ਲੋਕਾਂ ਦੀ ਗਿਣਤੀ ਕਰ ਲੈ।
ਹਰ ਬੰਦੇ ਦੀ ਉਸ ਦੇ ਪਰਿਵਾਰ ਅਤੇ ਘਰਾਣੇ ਸਮੇਤ ਸੂਚੀ ਬਣਾ।
**3**ਤੈਨੂੰ ਅਤੇ ਹਾਰੂਨ ਨੂੰ ਇਸਰਾਏਲ ਦੇ ਉਨ੍ਹਾਂ ਸਾਰੇ ਆਦਮੀਆਂ ਦੀ
ਗਿਣਤੀ ਕਰਨੀ ਚਾਹੀਦੀ ਹੈ ਜਿਹੜੇ 20 ਸਾਲ ਅਤੇ ਉਸ ਤੋਂ ਵਡੇਰੀ
ਉਮਰ ਦੇ ਹਨ। (ਉਹ ਉਹੀ ਆਦਮੀ ਹਨ ਜਿਹੜੇ ਇਸਰਾਏਲ ਦੀ
ਫ਼ੌਜ ਵਿੱਚ ਸੇਵਾ ਕਰਨ ਦੇ ਯੋਗ ਹਨ।) ਉਨ੍ਹਾਂ ਦੇ ਸਮੂਹਾਂ ਅਨੁਸਾਰ
ਉਨ੍ਹਾਂ ਦੀ ਸੂਚੀ ਬਣਾਓ। **4**ਹਰੇਕ ਘਰਾਣੇ ਦਾ ਇੱਕ ਆਦਮੀ ਤੁਹਾਡੀ
ਸਹਾਇਤਾ ਕਰੇਗਾ। ਇਹ ਆਦਮੀ ਆਪਣੇ ਘਰਾਣੇ ਦਾ ਆਗੂ
ਹੋਵੇਗਾ। **5**ਜਿਹੜੇ ਆਦਮੀ ਤੁਹਾਡਾ ਸਾਥ ਦੇਣਗੇ ਅਤੇ ਤੁਹਾਡੀ
ਸਹਾਇਤਾ ਕਰਨਗੇ ਉਨ੍ਹਾਂ ਦੇ ਨਾਮ ਇਹ ਹਨ:

ਰਊਬੇਨ ਦੇ ਘਰਾਣੇ ਵਿੱਚੋਂ ਸ਼ਦੇਊਰ ਦਾ ਪੁੱਤਰ ਅਲੀਸੂਰ:
**6** ਸ਼ਿਮਓਨ ਦੇ ਘਰਾਣੇ ਵਿੱਚੋਂ ਸੂਰੀਸ਼ਦਾਈ ਦਾ ਪੁੱਤਰ
ਸ਼ਲੁਮੀਏਲ;
**7** ਯਹੂਦਾਹ ਦੇ ਘਰਾਣੇ ਵਿੱਚੋਂ ਅੰਮੀਨਾਦਾਬ ਦਾ ਪੁੱਤਰ ਨਹਸ਼ੋਨ;
**8** ਯਿੱਸਾਕਾਰ ਦੇ ਘਰਾਣੇ ਵਿੱਚੋਂ ਸੂਆਰ ਦਾ ਪੁੱਤਰ ਨਥਨਿਏਲ;
**9** ਜ਼ਬੂਲੁਨ ਦੇ ਘਰਾਣੇ ਵਿੱਚੋਂ ਹੇਲੋਨ ਦਾ ਪੁੱਤਰ ਅਲੀਆਬ;
**10** ਅਫ਼ਰਈਮ ਦੇ ਘਰਾਣੇ ਵਿੱਚੋਂ ਯੂਸੁਫ਼ ਦੀ ਸੰਤਾਨ ਵਿੱਚੋਂ
ਅੰਮੀਹੂਦ ਦਾ ਪੁੱਤਰ ਅਲੀਸ਼ਾਮਾ;
ਮਨੱਸ਼ਹ ਦੇ ਘਰਾਣੇ ਵਿੱਚੋਂ ਪਦਾਹਸੂਰ ਦਾ ਪੁੱਤਰ ਗਮਲੀਏਲ;
**11** ਬਿਨਯਾਮੀਨ ਦੇ ਘਰਾਣੇ ਵਿੱਚੋਂ ਗਿਦਓਨੀ ਦਾ ਪੁੱਤਰ
ਅਬੀਦਾਨ;
**12** ਦਾਨ ਦੇ ਘਰਾਣੇ ਵਿੱਚੋਂ; ਅੰਮੀਸ਼ਦਾਈ ਦਾ ਪੁੱਤਰ ਅਹੀਅਜ਼ਰ;
**13** ਆਸ਼ੇਰ ਦੇ ਘਰਾਣੇ ਵਿੱਚੋਂ; ਆਕਰਾਨ ਦਾ ਪੁੱਤਰ ਪਗੀਏਲ;
**14** ਗਾਦ ਦੇ ਘਰਾਣੇ ਵਿੱਚੋਂ; ਦਊਏਲ ਦਾ ਪੁੱਤਰ ਅਲਯਾਸਾਫ਼;
**15** ਨਫ਼ਤਾਲੀ ਦੇ ਘਰਾਣੇ ਵਿੱਚੋਂ; ਏਨਾਨ ਦਾ ਪੁੱਤਰ ਅਹੀਰਾ।"

**16**ਇਹ ਸਾਰੇ ਆਦਮੀ ਆਪਣੇ ਪਰਿਵਾਰਾਂ ਦੇ ਆਗੂ ਸਨ। ਉਹ
ਆਪਣੇ ਘਰਾਣੇ ਦੇ ਚੁਣੇ ਹੋਏ ਆਗੂ ਅਤੇ ਇਸਰਾਏਲੀ ਫ਼ੌਜ ਦੇ ਭਾਗਾਂ
ਦੇ ਸਰਦਾਰ ਸਨ। **17**ਮੂਸਾ ਅਤੇ ਹਾਰੂਨ ਨੇ ਇਨ੍ਹਾਂ ਆਦਮੀਆਂ ਨੂੰ
ਨਾਲ ਲਿਆ, ਜਿਨ੍ਹਾਂ ਨੂੰ ਨਾਵਾਂ ਦੁਆਰਾ ਆਗੂ ਚੁਣਿਆ ਗਿਆ ਸੀ।
**18**ਮੂਸਾ ਅਤੇ ਹਾਰੂਨ ਨੇ ਇਸਰਾਏਲ ਦੇ ਸਾਰੇ ਲੋਕਾਂ ਨੂੰ ਦੂਜੇ ਮਹੀਨੇ
ਦੇ ਪਹਿਲੇ ਦਿਨ ਇਕੱਠਿਆਂ ਕੀਤਾ। ਫ਼ੇਰ ਸਾਰੇ ਲੋਕਾਂ ਦੀ ਉਨ੍ਹਾਂ ਦੇ
ਪਰਿਵਾਰ-ਸਮੂਹਾਂ ਦੇ ਨਾਵਾਂ ਸਮੇਤ ਗਿਣਤੀ ਕਰਕੇ ਸੂਚੀ ਬਣਾਈ ਗਈ
ਸੀ। 20 ਸਾਲ ਜਾਂ ਉਸ ਤੋਂ ਵਡੇਰੀ ਉਮਰ ਦੇ ਸਾਰੇ ਆਦਮੀਆਂ ਦੀ
ਸੂਚੀ ਬਣਾਈ ਗਈ ਸੀ। **19**ਮੂਸਾ ਨੇ ਬਿਲਕੁਲ ਉਵੇਂ ਹੀ ਕੀਤਾ ਜਿਵੇਂ
ਯਹੋਵਾਹ ਨੇ ਆਦੇਸ਼ ਦਿੱਤਾ ਸੀ ਮੂਸਾ ਨੇ ਉਨ੍ਹਾਂ ਲੋਕਾਂ ਦੀ ਗਿਣਤੀ ਕੀਤੀ
ਜਦੋਂ ਉਹ ਸੀਨਈ ਮਾਰੂਥਲ ਅੰਦਰ ਹੀ ਸਨ।

**20** ਉਨ੍ਹਾਂ ਨੇ ਰਊਬੇਨ ਦੇ ਘਰਾਣੇ ਦੀ ਗਿਣਤੀ ਕੀਤੀ (ਰਊਬੇਨ
ਇਸਰਾਏਲ ਦਾ ਪਲੇਠਾ ਪੁੱਤਰ ਸੀ।) ਉਨ੍ਹਾਂ ਸਾਰੇ
ਆਦਮੀਆਂ ਦੇ ਨਾਵਾਂ ਦੀ ਸੂਚੀ ਬਣਾਈ ਗਈ ਜਿਹੜੇ
20ਸਾਲ ਜਾਂ ਉਸ ਤੋਂ ਵਡੇਰੀ ਉਮਰ ਦੇ ਸਨ ਅਤੇ ਫ਼ੌਜ
ਵਿੱਚ ਸੇਵਾ ਕਰਨ ਦੇ ਯੋਗ ਸਨ। ਉਨ੍ਹਾਂ ਦੀ ਆਪਣੇ
ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਸਮੇਤ ਸੂਚੀ ਬਣਾਈ
ਗਈ। **21**ਰਊਬੇਨ ਦੇ ਪਰਿਵਾਰ ਵਿੱਚੋਂ ਗਿਣੇ ਗਏ
ਆਦਮੀਆਂ ਦੀ ਗਿਣਤੀ 46,500 ਸੀ।

**22** ਉਨ੍ਹਾਂ ਨੇ ਸ਼ਿਮਓਨ ਦੇ ਘਰਾਣੇ ਦੀ ਗਿਣਤੀ ਕੀਤੀ। ਉਨ੍ਹਾਂ
ਸਾਰੇ ਆਦਮੀਆਂ ਦੇ ਨਾਵਾਂ ਦੀ ਸੂਚੀ ਬਣਾਈ ਗਈ
ਜਿਹੜੇ 20 ਸਾਲ ਜਾਂ ਉਸ ਤੋਂ ਵਡੇਰੀ ਉਮਰ ਦੇ ਸਨ
ਅਤੇ ਫ਼ੌਜ ਵਿੱਚ ਸੇਵਾ ਕਰਨ ਦੇ ਯੋਗ ਸਨ ਉਨ੍ਹਾਂ ਦੀ
ਉਨ੍ਹਾਂ ਦੇ ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਸਮੇਤ ਸੂਚੀ
ਬਣਾਈ ਗਈ। **23**ਸ਼ਿਮਓਨ ਦੇ ਘਰਾਣੇ ਵਿੱਚੋਂ ਗਿਣਤੀ
ਕੀਤੇ ਗਏ ਕੁਲ ਆਦਮੀ 59,300 ਸਨ।

**24** ਉਨ੍ਹਾਂ ਨੇ ਗਾਦ ਦੇ ਘਰਾਣੇ ਦੇ ਲੋਕਾਂ ਦੀ ਗਿਣਤੀ ਕੀਤੀ। ਉਨ੍ਹਾਂ
ਸਾਰਿਆਂ ਆਦਮੀਆਂ ਦੀ ਸੂਚੀ ਤਿਆਰ ਕੀਤੀ ਗਈ
ਜਿਹੜੇ 20 ਸਾਲ ਦੀ ਉਮਰ ਦੇ ਜਾਂ ਉਸ ਤੋਂ ਵਡੇਰੇ ਸਨ
ਅਤੇ ਫ਼ੌਜ ਵਿੱਚ ਸੇਵਾ ਕਰਨ ਦੇ ਯੋਗ ਸਨ। ਉਹ ਉਨ੍ਹਾਂ
ਦੇ ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਸਮੇਤ ਦਰਜ ਕੀਤੇ
ਗਏ ਸਨ। **25**ਗਾਦ ਦੇ ਘਰਾਣੇ ਵਿੱਚਲੇ ਆਦਮੀਆਂ ਦੀ
ਕੁੱਲ ਗਿਣਤੀ 45,650 ਸੀ।

**26** ਉਨ੍ਹਾਂ ਨੇ ਯਹੂਦਾਹ ਦੇ ਘਰਾਣੇ ਦੀ ਗਿਣਤੀ ਕੀਤੀ। ਉਨ੍ਹਾਂ
ਸਾਰਿਆਂ ਆਦਮੀਆਂ ਦੇ ਨਾਵਾਂ ਦੀ ਸੂਚੀ ਬਣਾਈ ਗਈ
ਜਿਹੜੇ 20 ਸਾਲ ਦੀ ਉਮਰ ਦੇ ਜਾਂ ਇਸ ਤੋਂ ਵਡੇਰੇ ਸਨ
ਅਤੇ ਫ਼ੌਜ ਵਿੱਚ ਸੇਵਾ ਕਰਨ ਦੇ ਯੋਗ ਸਨ। ਉਨ੍ਹਾਂ ਦੀ
ਸੂਚੀ ਉਨ੍ਹਾਂ ਦੇ ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਸਮੇਤ
ਬਣਾਈ ਗਈ। **27**ਯਹੂਦਾਹ ਦੇ ਘਰਾਣੇ ਦੇ ਆਦਮੀਆਂ
ਦੀ ਕੁੱਲ ਗਿਣਤੀ 74,600 ਸੀ।

**28** ਉਨ੍ਹਾਂ ਨੇ ਯਿੱਸਕਾਰ ਦੇ ਘਰਾਣੇ ਦੀ ਗਿਣਤੀ ਕੀਤੀ। ਉਨ੍ਹਾਂ
ਸਾਰਿਆਂ ਆਦਮੀਆਂ ਦੇ ਨਾਵਾਂ ਦੀ ਸੂਚੀ ਬਣਾਈ ਗਈ
ਜਿਹੜੇ 20 ਸਾਲ ਜਾਂ ਇਸ ਤੋਂ ਵਡੇਰੀ ਉਮਰ ਦੇ ਸਨ
ਅਤੇ ਫ਼ੌਜ ਵਿੱਚ ਸੇਵਾ ਕਰਨ ਦੇ ਯੋਗ ਸਨ। ਉਨ੍ਹਾਂ ਦੀ
ਸੂਚੀ ਉਨ੍ਹਾਂ ਦੇ ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਸਮੇਤ

ਬਣਾਈ ਗਈ। 29ਯਿੱਸਾਕਾਰ ਦੇ ਘਰਾਣੇ ਦੇ ਕੁਝ
ਆਦਮੀਆਂ ਦੀ ਕੁੱਲ ਗਿਣਤੀ 54,400 ਸੀ।
30 ਉਨ੍ਹਾਂ ਨੇ ਜ਼ਬੂਲੁਨ ਦੇ ਘਰਾਣੇ ਦੀ ਗਿਣਤੀ ਕੀਤੀ ਉਨ੍ਹਾਂ
ਸਾਰਿਆਂ ਆਦਮੀਆਂ ਦੇ ਨਾਵਾਂ ਦੀ ਸੂਚੀ ਤਿਆਰ ਕੀਤੀ
ਗਈ ਜਿਹੜੇ 20 ਸਾਲ ਜਾਂ ਇਸ ਤੋਂ ਵਡੇਰੀ ਉਮਰ ਦੇ
ਸਨ ਅਤੇ ਫ਼ੌਜ ਵਿੱਚ ਸੇਵਾ ਕਰਨ ਦੇ ਯੋਗ ਸਨ। ਉਨ੍ਹਾਂ
ਦੀ ਸੂਚੀ ਉਨ੍ਹਾਂ ਦੇ ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ
ਸਮੇਤ ਬਣਾਈ ਗਈ। 31ਜ਼ਬੂਲੁਨ ਦੇ ਘਰਾਣੇ ਦੇ
ਆਦਮੀਆਂ ਦੀ ਕੁੱਲ ਗਿਣਤੀ 57,400 ਸੀ।
32 ਉਨ੍ਹਾਂ ਨੇ ਅਫ਼ਰਈਮ ਦੇ ਘਰਾਣੇ ਦੀ ਗਿਣਤੀ ਕੀਤੀ।
(ਅਫ਼ਰਈਮ ਯੂਸੁਫ਼ ਦਾ ਪੁੱਤਰ ਸੀ।) ਉਨ੍ਹਾਂ ਸਾਰਿਆਂ
ਆਦਮੀਆਂ ਦੇ ਨਾਵਾਂ ਦੀ ਸੂਚੀ ਬਣਾਈ ਗਈ, ਜਿਹੜੇ
20 ਸਾਲ ਜਾਂ ਇਸ ਤੋਂ ਵਡੇਰੀ ਉਮਰ ਦੇ ਸਨ ਅਤੇ ਫ਼ੌਜ
ਵਿੱਚ ਸੇਵਾ ਕਰਨ ਦੇ ਯੋਗ ਸਨ। ਉਨ੍ਹਾਂ ਦੀ ਸੂਚੀ ਉਨ੍ਹਾਂ ਦੇ
ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਸਮੇਤ ਬਣਾਈ ਗਈ।
33ਅਫ਼ਰਈਮ ਦੇ ਘਰਾਣੇ ਦੇ ਆਦਮੀਆਂ ਦੀ ਕੁੱਲ
ਗਿਣਤੀ 40,500 ਸੀ।
34 ਉਨ੍ਹਾਂ ਨੇ ਮਨੱਸ਼ਹ ਦੇ ਘਰਾਣੇ ਦੀ ਗਿਣਤੀ ਕੀਤੀ। ਮਨੱਸ਼ਹ
ਯੂਸੁਫ਼ ਦਾ ਪੁੱਤਰ ਸੀ ਉਨ੍ਹਾਂ ਸਾਰਿਆਂ ਆਦਮੀਆਂ ਦੇ
ਨਾਵਾਂ ਦੀ ਸੂਚੀ ਬਣਾਈ ਗਈ, ਜਿਹੜੇ 20 ਸਾਲ
ਜਾਂ ਇਸ ਤੋਂ ਵਡੇਰੀ ਉਮਰ ਦੇ ਸਨ ਅਤੇ ਫ਼ੌਜ ਵਿੱਚ
ਸੇਵਾ ਕਰਨ ਦੇ ਯੋਗ ਸਨ। ਉਨ੍ਹਾਂ ਦੀ ਸੂਚੀ ਉਨ੍ਹਾਂ ਦੇ
ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਸਮੇਤ ਬਣਾਈ ਗਈ।
35ਮਨੱਸ਼ਹ ਦੇ ਘਰਾਣੇ ਦੇ ਆਦਮੀਆਂ ਦੀ ਕੁੱਲ ਗਿਣਤੀ
32,200 ਸੀ।
36 ਉਨ੍ਹਾਂ ਨੇ ਬਿਨਯਾਮੀਨ ਦੇ ਪਰਿਵਾਰ ਦੇ ਮਰਦ ਦੀ ਗਿਣਤੀ
ਕੀਤੀ ਉਨ੍ਹਾਂ ਸਾਰਿਆਂ ਆਦਮੀਆਂ ਦੇ ਨਾਵਾਂ ਦੀ ਸੂਚੀ
ਬਣਾਈ ਗਈ, ਜਿਹੜੇ 20 ਸਾਲ ਜਾਂ ਇਸ ਤੋਂ ਵਡੇਰੀ
ਉਮਰ ਦੇ ਸਨ ਅਤੇ ਫ਼ੌਜ ਵਿੱਚ ਸੇਵਾ ਕਰਨ ਦੇ ਯੋਗ
ਸਨ। ਉਨ੍ਹਾਂ ਦੀ ਸੂਚੀ ਉਨ੍ਹਾਂ ਦੇ ਪਰਿਵਾਰਾਂ ਅਤੇ ਪਰਿਵਾਰ-
ਸਮੂਹਾਂ ਸਮੇਤ ਬਣਾਈ ਗਈ। 37ਬਿਨਯਾਮੀਨ ਘਰਾਣੇ
ਦੇ ਆਦਮੀਆਂ ਦੀ ਕੁੱਲ ਗਿਣਤੀ 35,400 ਸੀ।
38 ਉਨ੍ਹਾਂ ਨੇ ਦਾਨ ਦੇ ਘਰਾਣੇ ਦੀ ਗਿਣਤੀ ਕੀਤੀ। ਉਨ੍ਹਾਂ ਸਾਰਿਆਂ
ਆਦਮੀਆਂ ਦੇ ਨਾਵਾਂ ਦੀ ਸੂਚੀ ਬਣਾਈ ਗਈ, ਜਿਹੜੇ
20 ਸਾਲ ਜਾਂ ਇਸ ਤੋਂ ਵਡੇਰੀ ਉਮਰ ਦੇ ਸਨ ਅਤੇ ਫ਼ੌਜ
ਵਿੱਚ ਸੇਵਾ ਕਰਨ ਦੇ ਯੋਗ ਸਨ। ਉਨ੍ਹਾਂ ਦੀ ਸੂਚੀ ਉਨ੍ਹਾਂ ਦੇ
ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਸਮੇਤ ਬਣਾਈ ਗਈ।
39ਦਾਨ ਦੇ ਘਰਾਣੇ ਦੇ ਆਦਮੀਆਂ ਦੀ ਕੁੱਲ ਗਿਣਤੀ
62,700 ਸੀ।
40 ਉਨ੍ਹਾਂ ਨੇ ਆਸ਼ੇਰ ਦੇ ਘਰਾਣੇ ਦੀ ਗਿਣਤੀ ਕੀਤੀ। ਉਨ੍ਹਾਂ
ਸਾਰਿਆਂ ਆਦਮੀਆਂ ਦੇ ਨਾਵਾਂ ਦੀ ਸੂਚੀ ਬਣਾਈ ਗਈ,
ਜਿਹੜੇ 20 ਸਾਲ ਜਾਂ ਇਸ ਤੋਂ ਵਡੇਰੀ ਉਮਰ ਦੇ ਸਨ
ਅਤੇ ਫ਼ੌਜ ਵਿੱਚ ਸੇਵਾ ਕਰਨ ਦੇ ਯੋਗ ਸਨ। ਉਨ੍ਹਾਂ ਦੀ
ਸੂਚੀ ਉਨ੍ਹਾਂ ਦੇ ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਸਮੇਤ
ਬਣਾਈ ਗਈ। 41ਆਸ਼ੇਰ ਦੇ ਘਰਾਣੇ ਦੇ ਆਦਮੀਆਂ
ਦੀ ਕੁੱਲ ਗਿਣਤੀ 41,500 ਸੀ।
42 ਉਨ੍ਹਾਂ ਨੇ ਨਫ਼ਤਾਲੀ ਦੇ ਘਰਾਣੇ ਦੀ ਗਿਣਤੀ ਕੀਤੀ। ਉਨ੍ਹਾਂ
ਸਾਰਿਆਂ ਆਦਮੀਆਂ ਦੇ ਨਾਵਾਂ ਦੀ ਸੂਚੀ ਬਣਾਈ ਗਈ,
ਜਿਹੜੇ 20 ਸਾਲ ਜਾਂ ਇਸ ਤੋਂ ਵਡੇਰੀ ਉਮਰ ਦੇ ਸਨ
ਅਤੇ ਫ਼ੌਜ ਵਿੱਚ ਸੇਵਾ ਕਰਨ ਦੇ ਯੋਗ ਸਨ। 43ਉਨ੍ਹਾਂ ਦੀ
ਸੂਚੀ ਉਨ੍ਹਾਂ ਦੇ ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਸਮੇਤ
ਬਣਾਈ ਗਈ। ਨਫ਼ਤਾਲੀ ਦੇ ਘਰਾਣੇ ਦੇ ਆਦਮੀਆਂ ਦੀ
ਕੁੱਲ ਗਿਣਤੀ 53,400 ਸੀ।

44ਮੂਸਾ ਹਾਰੂਨ ਅਤੇ ਇਸਰਾਏਲ ਦੇ 12 ਆਗੂਆਂ ਨੇ ਇਨ੍ਹਾਂ
ਆਦਮੀਆਂ ਦੀ ਗਿਣਤੀ ਕੀਤੀ। (ਹਰੇਕ ਘਰਾਣੇ ਵਿੱਚੋਂ ਇੱਕ-ਇੱਕ
ਆਗੂ ਸੀ।) 45ਉਨ੍ਹਾਂ ਨੇ ਹਰ ਉਸ ਆਦਮੀ ਦੀ ਗਿਣਤੀ ਕੀਤੀ।
ਜਿਹੜਾ 20 ਸਾਲ ਜਾਂ ਇਸ ਤੋਂ ਵਡੇਰੀ ਉਮਰ ਦਾ ਸੀ ਅਤੇ ਫ਼ੌਜ
ਵਿੱਚ ਸੇਵਾ ਕਰਨ ਦੇ ਯੋਗ ਸੀ। ਹਰੇਕ ਆਦਮੀ, ਉਸ ਦੇ ਘਰਾਣੇ
ਦੇ ਨਾਲ ਦਰਜ ਕੀਤਾ ਗਿਆ। 46ਗਿਣੇ ਹੋਏ ਸਾਰਿਆਂ ਦੀ ਕੁੱਲ
ਗਿਣਤੀ 6,03,550 ਸੀ।
47ਲੇਵੀ ਦੇ ਘਰਾਣੇ ਵਿੱਚਲੇ ਪਰਿਵਾਰਾਂ ਦੀ ਗਿਣਤੀ ਇਸਰਾਏਲ
ਦੇ ਹੋਰਨਾਂ ਲੋਕਾਂ ਨਾਲ ਨਹੀਂ ਕੀਤੀ ਗਈ। 48ਯਹੋਵਾਹ ਨੇ ਮੂਸਾ
ਨੂੰ ਆਖ ਦਿੱਤਾ ਸੀ: 49“ਲੇਵੀ ਦੇ ਘਰਾਣੇ ਦੇ ਆਦਮੀਆਂ ਦੀ
ਗਿਣਤੀ ਨਹੀਂ ਕਰਨੀ ਅਤੇ ਉਨ੍ਹਾਂ ਨੂੰ ਇਸਰਾਏਲ ਦੇ ਹੋਰਨਾ ਲੋਕਾਂ
ਨਾਲ ਸ਼ਾਮਲ ਨਹੀਂ ਕਰਨਾ। 50ਲੇਵੀ ਦੇ ਲੋਕਾਂ ਨੂੰ ਆਖਣਾ ਕਿ ਉਹ
ਇਕਰਾਰਨਾਮੇ ਵਾਲੇ ਪਵਿੱਤਰ ਤੰਬੂ ਲਈ ਜ਼ਿੰਮੇਵਾਰ ਹਨ ਉਨ੍ਹਾਂ ਨੂੰ
ਚਾਹੀਦਾ ਹੈ ਕਿ ਉਹ ਤੰਬੂ ਅਤੇ ਉਸ ਵਿੱਚਲੀਆਂ ਸਾਰੀਆਂ ਚੀਜ਼ਾਂ ਦੀ
ਸੰਭਾਲ ਕਰਨ। ਉਨ੍ਹਾਂ ਨੂੰ ਚਾਹੀਦਾ ਹੈ ਕਿ ਉਹ ਪਵਿੱਤਰ ਤੰਬੂ ਅਤੇ
ਉਸ ਵਿੱਚਲੀਆਂ ਸਭ ਚੀਜ਼ਾਂ ਨੂੰ ਚੁੱਕਣ। ਉਨ੍ਹਾਂ ਨੂੰ ਚਾਹੀਦਾ ਹੈ ਕਿ
ਉਹ ਆਪਣੇ ਡੇਰੇ ਇਸ ਦੇ ਆਲੇ-ਦੁਆਲੇ ਲਾਉਣ ਅਤੇ ਇਸ ਦੀ
ਦੇਖ-ਭਾਲ ਕਰਨ। 51ਜਦੋਂ ਕਦੇ ਵੀ ਪਵਿੱਤਰ ਤੰਬੂ ਨੂੰ ਕਿਤੇ ਲਿਜਾਣਾ
ਪਵੇ ਤਾਂ ਇਹ ਗੱਲ ਲੇਵੀ ਦੇ ਆਦਮੀਆਂ ਨੂੰ ਕਰਨੀ ਚਾਹੀਦੀ ਹੈ।
ਉਹੀ ਉਹ ਲੋਕ ਹਨ ਜਿਹੜੇ ਪਵਿੱਤਰ ਤੰਬੂ ਦੀ ਦੇਖ-ਭਾਲ ਕਰਨਗੇ।
ਜੇ ਕੋਈ ਅਜਿਹਾ ਆਦਮੀ ਜਿਹੜਾ ਲੇਵੀ ਦੇ ਪਰਿਵਾਰ ਵਿੱਚੋਂ ਨਹੀਂ
ਹੈ ਅਤੇ ਤੰਬੂ ਦੀ ਦੇਖ-ਭਾਲ ਕਰਨ ਦੀ ਕੋਸ਼ਿਸ਼ ਕਰਦਾ ਹੈ। ਤਾਂ ਉਸ
ਨੂੰ ਅਵੱਸ਼ ਹੀ ਮਾਰ ਦੇਣਾ ਚਾਹੀਦਾ ਹੈ। 52ਇਸਰਾਏਲ ਦੇ ਲੋਕ
ਵੱਖ-ਵੱਖ ਸਮੂਹਾਂ ਵਿੱਚ ਆਪਣੇ ਡੇਰੇ ਲਾਉਣਗੇ। ਹਰੇਕ ਬੰਦੇ ਨੂੰ
ਆਪਣੇ ਪਰਿਵਾਰ ਦੇ ਝੰਡੇ ਦੇ ਨੇੜੇ ਡੇਰਾ ਲਾਉਣਾ ਚਾਹੀਦਾ ਹੈ। 53ਪਰ
ਲੇਵੀ ਦੇ ਆਦਮੀਆਂ ਨੂੰ ਆਪਣੇ ਡੇਰੇ ਪਵਿੱਤਰ ਤੰਬੂ ਦੇ ਆਲੇ-
ਦੁਆਲੇ ਲਾਉਣੇ ਚਾਹੀਦੇ ਹਨ। ਲੇਵੀ ਦੇ ਆਦਮੀ ਇਕਰਾਰਨਾਮੇ
ਵਾਲੇ ਪਵਿੱਤਰ ਤੰਬੂ ਦੀ ਰੱਖਵਾਲੀ ਕਰਨ। ਉਹ ਇਕਰਾਰਨਾਮੇ ਵਾਲੇ
ਪਵਿੱਤਰ ਤੰਬੂ ਦੀ ਰੱਖਵਾਲੀ ਕਰਨਗੇ ਤਾਂ ਜੋ ਇਸਰਾਏਲ ਦੇ ਲੋਕਾਂ
ਨਾਲ ਕੋਈ ਬੁਰੀ ਗੱਲ ਨਾ ਵਾਪਰੇ।”
54ਇਸ ਤਰ੍ਹਾਂ ਇਸਰਾਏਲ ਦੇ ਲੋਕਾਂ ਨੇ ਉਨ੍ਹਾਂ ਸਾਰੀਆਂ ਗੱਲਾਂ ਨੂੰ
ਮੰਨ ਲਿਆ ਜਿਨ੍ਹਾਂ ਦਾ ਯਹੋਵਾਹ ਨੇ ਮੂਸਾ ਨੂੰ ਆਦੇਸ਼ ਦਿੱਤਾ ਸੀ।

## ਡੇਰੇ ਦੀ ਬਿਵਸਥਾ

**2** 1ਯਹੋਵਾਹ ਨੇ ਮੂਸਾ ਅਤੇ ਹਾਰੂਨ ਨੂੰ ਆਖਿਆ: 2“ਇਸਰਾਏਲ
ਦੇ ਲੋਕਾਂ ਨੂੰ ਆਪਣੇ ਡੇਰੇ, ਮੰਡਲੀ ਵਾਲੇ ਤੰਬੂ ਦੇ ਆਲੇ-
ਦੁਆਲੇ ਲਾਉਣੇ ਚਾਹੀਦੇ ਹਨ। ਹਰ ਸਮੂਹ ਦਾ ਖਾਸ ਝੰਡਾ ਹੋਵੇਗਾ,
ਅਤੇ ਹਰੇਕ ਬੰਦਾ ਆਪਣੇ ਸਮੂਹ ਦੇ ਝੰਡੇ ਨੇੜੇ ਡੇਰਾ ਲਾਵੇਗਾ।
3“ਯਹੂਦਾਹ ਦੇ ਡੇਰੇ ਦਾ ਝੰਡਾ ਪੂਰਬ ਵਾਲੇ ਪਾਸੇ ਹੋਵੇਗਾ
ਜਿਧਰੋਂ ਸੂਰਜ ਚੜ੍ਹਦਾ ਹੈ। ਯਹੂਦਾਹ ਦੇ ਲੋਕ ਆਪਣੇ ਝੰਡੇ

ਦੇ ਨੇੜੇ ਡੇਰਾ ਲਾਉਣਗੇ। ਯਹੂਦਾਹ ਦੇ ਲੋਕਾਂ ਦਾ ਆਗੂ
ਅੰਮੀਨਾਦਾਬ ਦਾ ਪੁੱਤਰ ਨਹਸ਼ੋਨ ਹੈ। 4ਉਸ ਦੇ ਸਮੂਹ
ਵਿੱਚ 74,600 ਆਦਮੀ ਹਨ।
5“ਯਿੱਸਾਕਾਰ ਦਾ ਘਰਾਣੇ ਯਹੂਦਾਹ ਦੇ ਘਰਾਣੇ ਤੋਂ
ਅਗੇਰੇ ਡੇਰਾ ਲਾਵੇਗਾ। ਯਿੱਸਾਕਾਰ ਦੇ ਲੋਕਾਂ ਦਾ ਆਗੂ
ਸੂਆਰ ਦਾ ਪੁੱਤਰ ਨਥਨਿਏਲ ਹੈ। 6ਉਸ ਦੇ ਸਮੂਹ ਵਿੱਚ
54,400 ਆਦਮੀ ਹਨ।
7“ਜ਼ਬੂਲੁਨ ਦਾ ਘਰਾਣੇ ਵੀ ਯਹੂਦਾਹ ਦੇ ਘਰਾਣੇ
ਦੇ ਨੇੜੇ ਡੇਰਾ ਲਾਵੇਗਾ। ਜ਼ਬੂਲੁਨ ਦੇ ਲੋਕਾਂ ਦਾ ਆਗੂ
ਹੇਲੋਨ ਦਾ ਪੁੱਤਰ ਅਲੀਆਬ ਹੈ। 8ਉਸ ਦੇ ਸਮੂਹ ਵਿੱਚ
57,400 ਆਦਮੀ ਹਨ।
9“ਯਹੂਦਾਹ ਦੇ ਡੇਰੇ ਅੰਦਰ ਲੋਕਾਂ ਦੀ ਕੁੱਲ ਗਿਣਤੀ
1,86,400 ਹੈ। ਇਹ ਸਾਰੇ ਆਦਮੀ ਆਪਣੇ ਭਿੰਨ-ਭਿੰਨ
ਪਰਿਵਾਰ-ਸਮੂਹਾਂ ਵਿੱਚ ਵੰਡੇ ਹੋਏ ਹਨ। ਜਦੋਂ ਲੋਕ ਇੱਕ ਥਾਂ
ਤੋਂ ਦੂਸਰੀ ਥਾਂ ਤੇ ਜਾਣਗੇ ਤਾਂ ਯਹੂਦਾਹ ਦਾ ਪਰਿਵਾਰ ਜਾਣ
ਦੀ ਪਹਿਲ ਕਰੇਗਾ।
10“ਰਊਬੇਨ ਦੇ ਡੇਰੇ ਦਾ ਝੰਡਾ ਪਵਿੱਤਰ ਤੰਬੂ ਦੇ ਦੱਖਣ
ਵੱਲ ਹੋਵੇਗਾ। ਹਰ ਘਰਾਣੇ ਆਪਣੇ ਝੰਡੇ ਦੇ ਨੇੜੇ ਡੇਰਾ
ਲਾਵੇਗਾ। ਰਊਬੇਨ ਦੇ ਲੋਕਾਂ ਦਾ ਆਗੂ ਸ਼ਦੇਊਰ ਦਾ ਪੁੱਤਰ
ਅਲੀਸੂਰ ਹੈ। 11ਉਸ ਦੇ ਘਰਾਣੇ ਵਿੱਚ 46,500 ਆਦਮੀ
ਹਨ।
12“ਰਊਬੇਨ ਦੇ ਘਰਾਣੇ ਤੋਂ ਅੱਗੇ ਸ਼ਿਮਓਨ ਦਾ
ਘਰਾਣਾ ਡੇਰਾ ਲਾਵੇਗਾ। ਸ਼ਿਮਓਨ ਦਾ ਲੋਕਾਂ ਦਾ ਆਗੂ
ਸੂਰੀਸ਼ੁਦਾਈ ਦਾ ਪੁੱਤਰ ਸ਼ਲੁਮੀਏਲ ਹੈ। 13ਉਸ ਦੇ ਟੋਲੇ
ਵਿੱਚ 59,300 ਆਦਮੀ ਸਨ।
14“ਗਾਦ ਦੇ ਪਰਿਵਾਰ ਦਾ ਡੇਰਾ ਵੀ ਰਊਬੇਨ ਲੋਕਾਂ ਤੋਂ
ਅੱਗੇ ਹੋਵੇਗਾ। ਗਾਦ ਦੇ ਪਰਿਵਾਰ ਦਾ ਆਗੂ ਰਊਏਲ
(ਦਊਏਲ) ਦਾ ਪੁੱਤਰ ਅਲਯਾਸਾਫ਼ ਹੈ। 15ਉਸ ਦੇ ਸਮੂਹ
ਵਿੱਚ 45,650 ਆਦਮੀ ਹਨ।
16“ਰਊਬੇਨ ਦੇ ਡੇਰੇ ਦੇ ਸਾਰੇ ਸਮੂਹਾਂ ਅੰਦਰ
1,51,450 ਆਦਮੀ ਹਨ। ਜਦੋਂ ਲੋਕ ਇੱਕ ਥਾਂ ਤੋਂ ਦੂਜੀ
ਥਾਂ ਜਾਣਗੇ ਤਾਂ ਰਊਬੇਨ ਦਾ ਸਮੂਹ ਦੂਜੇ ਨੰਬਰ ਉੱਤੇ
ਚੱਲੇਗਾ।
17“ਜਦੋਂ ਲੋਕ ਸਫ਼ਰ ਕਰਨਗੇ, ਲੇਵੀ ਦਾ ਸਮੂਹ ਜਾਣ
ਲਈ ਅੱਗੇ ਹੋਵੇਗਾ। ਮੰਡਲੀ ਦਾ ਤੰਬੂ ਸਾਰੇ ਡੇਰਿਆ ਦੇ
ਵਿੱਚਕਾਰ ਉਨ੍ਹਾਂ ਦੇ ਨਾਲ ਹੋਵੇਗਾ। ਲੋਕ ਉਸੇ ਤਰਤੀਬ ਵਿੱਚ
ਡੇਰੇ ਲਾਉਣਗੇ ਜਿਵੇਂ ਉਹ ਜਾਣਗੇ ਅਤੇ ਹਰੇਕ ਵਿਅਕਤੀ
ਆਪਣੇ ਪਰਿਵਾਰਿਕ ਝੰਡੇ ਦੇ ਨਾਲ ਹੋਵੇਗਾ।
18“ਅਫ਼ਰਈਮ ਦੇ ਡੇਰੇ ਦਾ ਝੰਡਾ ਪੱਛਮ ਵਾਲੇ ਪਾਸੇ
ਹੋਵੇਗਾ। ਅਫ਼ਰਈਮ ਦੇ ਘਰਾਣੇ ਉੱਥੇ ਡੇਰੇ ਲਾਉਣਗੇ।
ਅਫ਼ਰਈਮ ਦੇ ਲੋਕਾਂ ਦਾ ਆਗੂ ਅੰਮੀਹੂਦ ਦਾ ਪੁੱਤਰ
ਅਲੀਸ਼ਾਮਾ ਹੈ। 19ਉਸ ਦੇ ਘਰਾਣੇ ਵਿੱਚ 40,500
ਆਦਮੀ ਹਨ।
20“ਮਨੱਸ਼ਹ ਦਾ ਪਰਿਵਾਰ-ਸਮੂਹ, ਅਫ਼ਰਈਮ ਦੇ
ਪਰਿਵਾਰ ਦੇ ਨੇੜੇ ਡੇਰਾ ਲਾਵੇਗਾ। ਮਨੱਸ਼ਹ ਦੇ ਲੋਕਾਂ ਦਾ
ਆਗੂ ਪਦਾਹਸੂਰ ਦਾ ਪੁੱਤਰ ਗਮਲੀਏਲ ਹੈ। 21ਉਸ ਦੇ
ਸਮੂਹ ਵਿੱਚ 32,200 ਆਦਮੀ ਹਨ।
22“ਬਿਨਯਾਮੀਨ ਦਾ ਘਰਾਣੇ ਵੀ ਅਫ਼ਰਈਮ ਦੇ
ਪਰਿਵਾਰ ਤੋਂ ਅੱਗੇ ਡੇਰਾ ਲਾਵੇਗਾ। ਬਿਨਯਾਮੀਨ ਦੇ ਲੋਕਾਂ
ਦਾ ਆਗੂ ਗਿਦਓਨੀ ਦਾ ਪੁੱਤਰ ਅਬੀਦਾਨ ਹੈ। 23ਉਸ ਦੇ
ਸਮੂਹ ਵਿੱਚ 35,400 ਆਦਮੀ ਹਨ।
24“ਅਫ਼ਰਈਮ ਦੇ ਡੇਰੇ ਅੰਦਰ 1,08,100 ਆਦਮੀ
ਹਨ। ਜਦੋਂ ਇਹ ਲੋਕ ਇੱਕ ਥਾਂ ਤੋਂ ਦੂਜੀ ਥਾਂ ਜਾਣਗੇ ਤਾਂ
ਉਨ੍ਹਾਂ ਦੇ ਪਰਿਵਾਰ ਦਾ ਤੀਜਾ ਨੰਬਰ ਹੋਵੇਗਾ।
25“ਦਾਨ ਦੇ ਡੇਰੇ ਦਾ ਝੰਡਾ ਉੱਤਰ ਵਾਲੇ ਪਾਸੇ ਹੋਵੇਗਾ।
ਦਾਨ ਦੇ ਘਰਾਣੇ ਉੱਥੇ ਡੇਰਾ ਲਾਉਣਗੇ। ਦਾਨ ਦੇ ਲੋਕਾਂ ਦਾ
ਆਗੂ ਅੰਮੀਸ਼ੱਦਾਈ ਦਾ ਪੁੱਤਰ ਅਹੀਅਜ਼ਰ ਹੈ। 26ਉਸ ਦੇ
ਘਰਾਣੇ ਵਿੱਚ 62,700 ਆਦਮੀ ਹਨ।
27“ਆਸ਼ੇਰ ਦੇ ਘਰਾਣੇ ਦੇ ਲੋਕ ਦਾਨ ਦੇ ਘਰਾਣੇ ਅਗੇਰੇ
ਡੇਰਾ ਲਾਉਣਗੇ। ਆਸ਼ੇਰ ਦੇ ਲੋਕਾਂ ਦਾ ਆਗੂ ਆਕਰਾਨ ਦਾ
ਪੁੱਤਰ ਪਗੀਏਲ ਹੈ। 28ਉਸ ਦੇ ਸਮੂਹ ਅੰਦਰ 41,500
ਆਦਮੀ ਹਨ।
29“ਨਫ਼ਤਾਲੀ ਦਾ ਘਰਾਣੇ ਵੀ ਦਾਨ ਦੇ ਘਰਾਣੇ ਦੇ
ਨਾਲ ਡੇਰਾ ਲਾਵੇਗਾ। ਨਫ਼ਤਾਲੀ ਦੇ ਲੋਕਾਂ ਦਾ ਆਗੂ ਏਨਾਨ
ਦਾ ਪੁੱਤਰ ਅਹੀਰਾ ਹੈ। 30ਇਸ ਸਮੂਹ ਵਿੱਚ 53,400
ਆਦਮੀ ਹਨ।
31“ਦਾਨ ਦੇ ਡੇਰੇ ਅੰਦਰ 1,57,600 ਆਦਮੀ ਹਨ।
ਜਦੋਂ ਲੋਕ ਇੱਕ ਥਾਂ ਤੋਂ ਦੂਜੀ ਥਾਂ ਜਾਣਗੇ ਤਾਂ ਉਨ੍ਹਾਂ ਦਾ
ਪਰਿਵਾਰ ਸਭ ਤੋਂ ਅਖੀਰ ਉੱਤੇ ਤੁਰੇਗਾ। ਹਰੇਕ ਆਦਮੀ
ਆਪਣੇ ਪਰਿਵਾਰ ਦੇ ਝੰਡੇ ਨਾਲ ਹੋਵੇਗਾ।”

32ਇਸ ਤਰ੍ਹਾਂ ਉਹ ਇਸਰਾਏਲ ਦੇ ਲੋਕ ਸਨ। ਉਨ੍ਹਾਂ ਦੀ ਗਿਣਤੀ
ਪਰਿਵਾਰਾਂ ਦੇ ਰੂਪ ਵਿੱਚ ਕੀਤੀ ਗਈ। ਸਮੂਹਾਂ ਦੇ ਤੌਰ ਤੇ ਗਿਣੇ ਗਏ
ਇਸਰਾਏਲੀ ਲੋਕਾਂ ਦੀ ਕੁੱਲ ਗਿਣਤੀ 6,03,550 ਹੈ। 33ਮੂਸਾ
ਨੇ ਯਹੋਵਾਹ ਦਾ ਹੁਕਮ ਮੰਨਿਆ ਅਤੇ ਲੇਵੀ ਦੇ ਲੋਕਾਂ ਦੀ ਗਿਣਤੀ
ਇਸਰਾਏਲ ਦੇ ਹੋਰਨਾ ਲੋਕਾਂ ਦੇ ਨਾਲ ਨਹੀਂ ਕੀਤੀ।
34ਇਸ ਤਰ੍ਹਾਂ ਇਸਰਾਏਲ ਦੇ ਲੋਕਾਂ ਨੇ ਉਹ ਸਾਰਾ ਕੁਝ ਕੀਤਾ ਜੋ
ਯਹੋਵਾਹ ਨੇ ਮੂਸਾ ਨੂੰ ਆਖਿਆ ਸੀ। ਹਰੇਕ ਸਮੂਹ ਨੇ ਆਪਣੇ ਝੰਡੇ
ਹੇਠਾ ਡੇਰਾ ਲਾਇਆ। ਹਰੇਕ ਬੰਦਾ ਆਪਣੇ ਪਰਿਵਾਰ ਅਤੇ ਘਰਾਣੇ
ਦੇ ਨਾਲ ਰਿਹਾ।

## ਹਾਰੂਨ ਦਾ ਜਾਜਕ ਪਰਿਵਾਰ

3 1ਇਹ ਹਾਰੂਨ ਅਤੇ ਮੂਸਾ ਦੇ ਪਰਿਵਾਰ ਦੇ ਉਸ ਵੇਲੇ ਦਾ
ਇਤਿਹਾਸ ਹੈ ਜਦੋਂ ਯਹੋਵਾਹ ਨੇ ਮੂਸਾ ਨਾਲ ਸੀਨਈ ਪਰਬਤ
ਉੱਤੇ ਗੱਲ ਕੀਤੀ ਸੀ।
2ਹਾਰੂਨ ਦੇ ਚਾਰ ਪੁੱਤਰ ਸਨ। ਪਲੋਠਾ ਪੁੱਤਰ ਨਾਦਾਬ ਸੀ। ਫ਼ੇਰ
ਅਬੀਹੂ, ਅਲਆਜ਼ਾਰ ਅਤੇ ਈਥਾਮਾਰ ਸਨ। 3ਇਹ ਪੁੱਤਰ ਚੁਣੇ
ਹੋਏ ਜਾਜਕ ਸਨ। ਇਨ੍ਹਾਂ ਪੁੱਤਰਾਂ ਨੂੰ ਯਹੋਵਾਹ ਦੀ ਜਾਜਕਾਂ ਵਜੋਂ ਸੇਵਾ
ਕਰਨ ਦਾ ਖਾਸ ਕੰਮ ਦਿੱਤਾ ਗਿਆ ਸੀ। 4ਪਰ ਨਾਦਾਬ ਅਤੇ ਅਬੀਹੂ
ਦਾ ਯਹੋਵਾਹ ਦੀ ਸੇਵਾ ਕਰਦਿਆਂ ਦੇਹਾਂਤ ਹੋ ਗਿਆ ਕਿਉਂਕਿ ਉਨ੍ਹਾਂ
ਨੇ ਵਰਜਿਤ ਅੱਗ ਨਾਲ ਭੇਟ ਚੜ੍ਹਾਈ ਸੀ। ਉਨ੍ਹਾਂ ਦੇ ਕੋਈ ਪੁੱਤਰ
ਨਹੀਂ ਸਨ, ਇਸ ਲਈ ਅਲਆਜ਼ਾਰ ਅਤੇ ਈਥਾਮਾਰ ਨੇ ਉਨ੍ਹਾਂ ਦੀ
ਥਾਂ ਲੈ ਲਈ ਅਤੇ ਜਾਜਕਾਂ ਵਜੋਂ ਯਹੋਵਾਹ ਦੀ ਸੇਵਾ ਕੀਤੀ। ਇਹ
ਗੱਲ ਉਦੋਂ ਵਾਪਰੀ ਜਦੋਂ ਉਨ੍ਹਾਂ ਦਾ ਪਿਤਾ ਹਾਰੂਨ, ਹਾਲੇ ਜੀਉਂਦਾ ਸੀ।

### ਜਾਜਕਾਂ ਦੇ ਸਹਾਇਕ-ਲੇਵੀ

5ਯਹੋਵਾਹ ਨੇ ਮੂਸਾ ਨੂੰ ਆਖਿਆ, 6"ਲੇਵੀ ਦੇ ਘਰਾਣੇ ਵਿੱਚੋਂ ਸਾਰੇ
ਲੋਕਾਂ ਨੂੰ ਲੈ ਕੇ ਆ, ਉਨ੍ਹਾਂ ਨੂੰ ਜਾਜਕ ਹਾਰੂਨ ਕੋਲ ਲੈ ਕੇ ਆ। ਉਹ
ਲੋਕ ਹਾਰੂਨ ਦੇ ਸਹਾਇਕ ਹੋਣਗੇ। 7ਲੇਵੀ ਉਦੋਂ ਹਾਰੂਨ ਦੀ ਸਹਾਇਤਾ
ਕਰਨਗੇ ਜਦੋਂ ਉਹ ਮੰਡਲੀ ਵਾਲੇ ਤੰਬੂ ਵਿੱਚ ਸੇਵਾ ਕਰੇਗਾ। ਅਤੇ
ਲੇਵੀ ਇਸਰਾਏਲ ਦੇ ਸਾਰੇ ਲੋਕਾਂ ਦੀ ਸਹਾਇਤਾ ਕਰਨਗੇ ਜਦੋਂ ਉਹ
ਪਵਿੱਤਰ ਤੰਬੂ ਵਿਖੇ ਉਪਾਸਨਾ ਕਰਨ ਲਈ ਆਉਣਗੇ। 8ਉਨ੍ਹਾਂ
ਨੂੰ ਮੰਡਲੀ ਦੇ ਤੰਬੂ ਵਿੱਚਲੀਆ ਸਾਰੀਆਂ ਵਸਤਾਂ ਦੀ ਰਾਖੀ ਕਰਨੀ
ਚਾਹੀਦੀ ਹੈ; ਇਹ ਉਨ੍ਹਾਂ ਦਾ ਫ਼ਰਜ਼ ਹੈ। ਪਰ ਲੇਵੀ ਇਨ੍ਹਾਂ ਚੀਜ਼ਾਂ ਦੀ
ਦੇਖ-ਭਾਲ ਕਰਕੇ ਇਸਰਾਏਲ ਦੇ ਲੋਕਾਂ ਦੀ ਸੇਵਾ ਕਰਨਗੇ। ਉਹ
ਪਵਿੱਤਰ ਤੰਬੂ ਵਿੱਚ ਸੇਵਾ ਕਰਨਗੇ।
9"ਤੂੰ ਲੇਵੀਆ ਨੂੰ ਹਾਰੂਨ ਅਤੇ ਉਸ ਦੇ ਪੁੱਤਰਾਂ ਦੇ ਹਵਾਲੇ ਕਰ
ਦੇਵੇਂਗਾ। ਲੇਵੀਆ ਨੂੰ, ਇਸਰਾਏਲ ਦੇ ਸਮੂਹ ਲੋਕਾਂ ਵਿੱਚੋਂ ਹਾਰੂਨ ਅਤੇ
ਉਸ ਦੇ ਪੁੱਤਰਾਂ ਦੀ ਸਹਾਇਤਾ ਕਰਨ ਲਈ ਚੁਣਿਆ ਗਿਆ ਸੀ।
10"ਹਾਰੂਨ ਅਤੇ ਉਸ ਦੇ ਪੁੱਤਰ ਨੂੰ ਜਾਜਕ ਥਾਪੋ। ਉਨ੍ਹਾਂ ਨੂੰ
ਆਪਣਾ ਫ਼ਰਜ਼ ਅਵੱਸ਼ ਪੂਰਾ ਕਰਨਾ ਚਾਹੀਦਾ ਹੈ ਅਤੇ ਜਾਜਕਾਂ ਵਜੋਂ
ਸੇਵਾ ਕਰਨੀ ਚਾਹੀਦੀ ਹੈ। ਹੋਰ ਜਿਹੜਾ ਵੀ ਬੰਦਾ ਪਵਿੱਤਰ ਵਸਤਾਂ
ਦੇ ਨੇੜੇ ਆਉਣ ਦੀ ਕੋਸ਼ਿਸ਼ ਕਰੇਗਾ ਉਸ ਨੂੰ ਅਵੱਸ਼ ਹੀ ਮਾਰ ਦਿੱਤਾ
ਜਾਵੇਗਾ।"
11ਯਹੋਵਾਹ ਨੇ ਮੂਸਾ ਨੂੰ ਆਖਿਆ: 12"ਮੈਂ ਤੁਹਾਨੂੰ ਆਖਿਆ ਸੀ
ਕਿ ਇਸਰਾਏਲ ਦੇ ਹਰ ਪਰਿਵਾਰ ਨੂੰ, ਆਪਣਾ ਪਲੋਠਾ ਪੁੱਤਰ ਮੈਨੂੰ
ਭੇਟ ਚੜ੍ਹਾਉਣਾ ਚਾਹੀਦਾ ਹੈ। ਪਰ ਹੁਣ ਮੈਂ ਲੇਵੀਆਂ ਦੀ ਚੋਣ ਆਪਣੀ
ਸੇਵਾ ਕਰਨ ਲਈ ਕਰ ਰਿਹਾ ਹਾਂ। ਉਹ ਮੇਰੇ ਹੋਣਗੇ। ਇਸ ਲਈ
ਇਸਰਾਏਲ ਦੇ ਹੋਰਨਾਂ ਲੋਕਾਂ ਨੂੰ ਆਪਣੇ ਪਲੋਠੇ ਪੁੱਤਰ ਮੈਨੂੰ ਭੇਟ
ਨਹੀਂ ਕਰਨੇ ਪੈਣਗੇ। 13ਜਦੋਂ ਤੁਸੀਂ ਮਿਸਰ ਵਿੱਚ ਸੀ, ਮੈਂ ਮਿਸਰੀ
ਲੋਕਾਂ ਦੇ ਸਾਰੇ ਪਲੋਠੇ ਪੁੱਤਰਾਂ ਨੂੰ ਮਾਰ ਦਿੱਤਾ ਸੀ। ਉਸ ਸਮੇਂ ਮੈਂ
ਇਸਰਾਏਲ ਦੇ ਸਾਰੇ ਪਲੋਠੇ ਪੁੱਤਰਾਂ ਨੂੰ ਅਪਨਾ ਲਿਆ ਸੀ। ਸਾਰੇ
ਹੀ ਪਲੋਠੇ ਬੱਚੇ ਅਤੇ ਪਲੋਠੇ ਜਾਨਵਰ ਮੇਰੇ ਸਨ ਪਰ ਹੁਣ ਮੈਂ ਪਲੋਠੇ
ਬੱਚਿਆ ਨੂੰ ਤੁਹਾਨੂੰ ਵਾਪਸ ਕਰ ਰਿਹਾ ਹਾਂ, ਅਤੇ ਮੈਂ ਲੇਵੀਆ ਨੂੰ
ਆਪਣਾ ਬਣਾ ਰਿਹਾ ਹਾਂ। ਮੈਂ ਯਹੋਵਾਹ ਹਾਂ।"
14ਯਹੋਵਾਹ ਨੇ ਮੂਸਾ ਨਾਲ ਇੱਕ ਵਾਰ ਫ਼ੇਰ ਸੀਨਈ ਦੇ ਮਾਰੂਥਲ
ਵਿੱਚ ਗੱਲ ਕੀਤੀ, ਯਹੋਵਾਹ ਨੇ ਆਖਿਆ, 15"ਲੇਵੀ ਦੇ ਘਰਾਣੇ ਦੇ
ਸਾਰੇ ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਦੀ ਗਿਣਤੀ ਕਰ। ਇੱਕ
ਮਹੀਨੇ ਦਾ ਜਾਂ ਇਸ ਤੋਂ ਵੱਡੇ ਹਰ ਨਰ ਦੀ ਗਿਣਤੀ ਕਰ।" 16ਇਸ
ਲਈ ਮੂਸਾ ਨੇ ਯਹੋਵਾਹ ਦਾ ਹੁਕਮ ਮੰਨਿਆ। ਉਸ ਨੇ ਉਨ੍ਹਾਂ ਸਾਰਿਆਂ
ਦੀ ਗਿਣਤੀ ਕੀਤੀ।

17 ਲੇਵੀ ਦੇ ਤਿੰਨ ਪੁੱਤਰ ਸਨ। ਉਨ੍ਹਾਂ ਦੇ ਨਾਮ ਸਨ: ਗੇਰਸ਼ੋਨ,
ਕਹਾਥ, ਅਤੇ ਮਰਾਰੀ।
18 ਹਰੇਕ ਪੁੱਤਰ ਕਈ ਪਰਿਵਾਰ-ਸਮੂਹਾਂ ਦਾ ਆਗੂ ਸੀ।
ਗੇਰਸ਼ੋਨ ਪਰਿਵਾਰ ਦੇ ਸਮੂਹ ਸਨ: ਲਿਬਨੀ ਅਤੇ ਸ਼ਿਮਈ।
19 ਕਹਾਥ ਪਰਿਵਾਰ ਦੇ ਸਮੂਹ ਸਨ: ਅਮਰਾਮ, ਯਿਸਹਾਰ,
ਹਬਰੋਨ ਅਤੇ ਉਜ਼ੀਏਲ।
20 ਮਰਾਰੀ ਘਰਾਣੇ ਸਨ: ਮਹਲੀ ਅਤੇ ਮੂਸ਼ੀ।

ਇਹ ਪਰਿਵਾਰ ਹਨ ਜਿਹੜੇ ਲੇਵੀ ਦੇ ਘਰਾਣੇ ਦੇ ਸਨ।
21ਲਿਬਨੀ ਅਤੇ ਸ਼ਿਮਈ ਦੇ ਪਰਿਵਾਰ ਗੇਰਸ਼ੋਨ ਦੇ ਪਰਿਵਾਰਾਂ
ਨਾਲ ਸੰਬੰਧਿਤ ਸਨ। ਉਹ ਗੇਰਸ਼ੋਨ ਪਰਿਵਾਰ ਦੇ ਸਮੂਹ ਸਨ।
22ਉਨ੍ਹਾਂ ਦੋਹਾਂ ਪਰਿਵਾਰ-ਸਮੂਹਾਂ ਵਿੱਚ 7,500 ਆਦਮੀ ਅਤੇ
ਮੁੰਡੇ ਸਨ ਜਿਹੜੇ ਇੱਕ ਮਹੀਨੇ ਜਾਂ ਇਸ ਤੋਂ ਵੱਡੀ ਉਮਰ ਦੇ ਸਨ।
23ਗੇਰਸ਼ੋਨੀ ਪਰਿਵਾਰ-ਸਮੂਹਾਂ ਨੂੰ ਪੱਛਮ ਵੱਲ ਡੇਰਾ ਲਾਉਣ ਲਈ
ਆਖਿਆ ਗਿਆ। ਉਨ੍ਹਾਂ ਨੇ ਆਪਣਾ ਡੇਰਾ ਪਵਿੱਤਰ ਤੰਬੂ ਦੇ ਪਿੱਛੇ
ਲਾਇਆ। 24ਗੇਰਸ਼ੋਨੀ ਲੋਕਾਂ ਦੇ ਪਰਿਵਾਰ-ਸਮੂਹਾਂ ਦਾ ਆਗੂ ਲਾਏਲ
ਦਾ ਪੁੱਤਰ ਅਲਯਾਸਾਫ਼ ਸੀ। 25ਮੰਡਲੀ ਵਾਲੇ ਤੰਬੂ ਵਿੱਚ, ਗੇਰਸ਼ੋਨੀ
ਲੋਕਾਂ ਦਾ ਕੰਮ, ਪਵਿੱਤਰ ਤੰਬੂ, ਬਾਹਰਲੇ ਤੰਬੂ ਅਤੇ ਉੱਪਰ ਪਰਦੇ ਦੀ
ਦੇਖ-ਭਾਲ ਕਰਨਾ ਸੀ। ਉਹ ਮੰਡਲੀ ਦੇ ਤੰਬੂ ਦੇ ਪ੍ਰਵੇਸ਼ ਵਾਲੇ ਪਰਦੇ ਦੀ
ਦੇਖ-ਭਾਲ ਵੀ ਕਰਦੇ ਸਨ। 26ਉਹ ਵਿਹੜੇ ਦੇ ਪਰਦੇ ਦੀ ਦੇਖ-ਭਾਲ
ਕਰਦੇ ਸਨ। ਅਤੇ ਉਹ ਵਿਹੜੇ ਦੇ ਪ੍ਰਵੇਸ਼ ਵਾਲੇ ਪਰਦੇ ਦੀ ਦੇਖ-ਭਾਲ
ਕਰਦੇ ਸਨ। ਇਹ ਵਿਹੜਾ ਪਵਿੱਤਰ ਤੰਬੂ ਅਤੇ ਜਗਵੇਦੀ ਦੇ ਆਲੇ-
ਦੁਆਲੇ ਸੀ। ਅਤੇ ਉਹ ਉਨ੍ਹਾਂ ਸਾਰੇ ਰੱਸਿਆਂ ਅਤੇ ਹਰ ਉਸ ਚੀਜ਼ ਦੀ
ਦੇਖ-ਭਾਲ ਕਰਦੇ ਸਨ ਜਿਹੜੀ ਪਰਦਿਆਂ ਨਾਲ ਵਰਤੀ ਜਾਂਦੀ ਸੀ।
27ਅਮਰਾਮ, ਯਿਸਾਹਾਰ, ਹਬਰੋਨ ਅਤੇ ਉੱਜ਼ੀਏਲ ਦੇ ਪਰਿਵਾਰ
ਕਹਾਥ ਦੇ ਪਰਿਵਾਰ ਨਾਲ ਸੰਬੰਧਿਤ ਸਨ। ਉਹ ਕਹਾਥੀ ਪਰਿਵਾਰ-
ਸਮੂਹ ਵਿੱਚੋਂ ਸਨ। 28ਇਸ ਪਰਿਵਾਰ ਸਮੂਹ ਵਿੱਚ 8,300[a] ਇੱਕ
ਸਾਲ ਜਾਂ ਇਸ ਤੋਂ ਵਡੇਰੀ ਉਮਰ ਦੇ ਲੜਕੇ ਅਤੇ ਆਦਮੀ ਸਨ।
ਕਹਾਥੀ ਲੋਕਾਂ ਨੂੰ ਪਵਿੱਤਰ ਸਥਾਨ ਦੀਆਂ ਇਨ੍ਹਾਂ ਚੀਜ਼ਾਂ ਦੀ ਸਾਂਭ-
ਸੰਭਾਲ ਦਾ ਕੰਮ ਸੌਂਪਿਆ ਗਿਆ ਸੀ। 29ਕਹਾਥੀ ਲੋਕ ਪਵਿੱਤਰ
ਤੰਬੂ ਦੇ ਦੱਖਣ ਵਾਲੇ ਪਾਸੇ ਡੇਰਾ ਲਾਉਣ ਵਾਲੇ ਸਨ। 30ਕਹਾਥੀ
ਪਰਿਵਾਰ-ਸਮੂਹਾਂ ਦਾ ਆਗੂ ਉੱਜ਼ੀਏਲ ਦਾ ਪੁੱਤਰ ਅਲੀਸਾਫ਼ਾਨ ਸੀ।
31ਉਨ੍ਹਾਂ ਦਾ ਕੰਮ ਪਵਿੱਤਰ ਸੰਦੂਕ, ਮੇਜ਼, ਸ਼ਮਾਦਾਨ, ਜਗਵੇਦੀਆਂ
ਅਤੇ ਪਵਿੱਤਰ ਸਥਾਨ ਦੀਆ ਪਲੇਟਾਂ ਦੀ ਸਾਂਭ-ਸੰਭਾਲ ਕਰਨਾ
ਸੀ। ਉਹ ਪਰਦਿਆਂ ਅਤੇ ਉਨ੍ਹਾਂ ਵਿੱਚ ਵਰਤੀਆਂ ਜਾਣ ਵਾਲੀਆਂ
ਸਾਰੀਆਂ ਚੀਜ਼ਾਂ ਦੀ ਸਾਂਭ-ਸੰਭਾਲ ਵੀ ਕਰਦੇ ਸਨ।
32ਲੇਵੀ ਲੋਕਾਂ ਦੇ ਆਗੂਆ ਦਾ ਆਗੂ ਜਾਜਕ ਹਾਰੂਨ ਦਾ ਪੁੱਤਰ
ਅਲਆਜ਼ਾਰ ਸੀ। ਅਲਆਜ਼ਾਰ ਉਨ੍ਹਾਂ ਸਾਰੇ ਲੋਕਾਂ ਦਾ ਮੁਖੀਆ ਸੀ
ਜਿਹੜੇ ਪਵਿੱਤਰ ਚੀਜ਼ਾਂ ਦੀ ਸਾਂਭ-ਸੰਭਾਲ ਕਰਦੇ ਸਨ।
33-34ਮਹਲੀ ਅਤੇ ਮੂਸ਼ੀ ਦੇ ਘਰਾਣੇ ਮਰਾਰੀ ਪਰਿਵਾਰ ਨਾਲ
ਸੰਬੰਧਿਤ ਸਨ। ਮਹਲੀ ਘਰਾਣੇ ਵਿੱਚ 6,200 ਆਦਮੀ ਅਤੇ
ਇੱਕ ਮਹੀਨੇ ਜਾਂ ਵਡੇਰੀ ਉਮਰ ਦੇ ਮੁੰਡੇ ਸਨ। 35ਮਰਾਰੀ ਘਰਾਣੇ
ਦਾ ਆਗੂ ਅਬੀਹਾਯਿਲ ਦਾ ਪੁੱਤਰ ਸੂਰੀਏਲ ਸੀ। ਇਹ ਘਰਾਣੇ
ਪਵਿੱਤਰ ਤੰਬੂ ਦੇ ਉੱਤਰ ਵਾਲੇ ਪਾਸੇ ਡੇਰਾ ਲਾਉਣ ਵਾਲਾ ਸੀ।
36ਮਰਾਰੀ ਪਰਿਵਾਰ ਦੇ ਲੋਕਾਂ ਨੂੰ ਪਵਿੱਤਰ ਤੰਬੂ ਦੇ ਫ਼ਰੇਮਾਂ ਦੀ
ਸਾਂਭ-ਸੰਭਾਲ ਦਾ ਕੰਮ ਦਿੱਤਾ ਗਿਆ ਸੀ। ਉਹ ਸਾਰੀਆਂ ਬਰੇਸਾ,
ਥੜਿਆਂ ਥੰਮ੍ਹੀਆਂ ਅਤੇ ਉਸ ਹਰ ਚੀਜ਼ ਦੀ ਸਾਂਭ-ਸੰਭਾਲ ਕਰਦੇ ਸਨ
ਜਿਹੜੀ ਪਵਿੱਤਰ ਤੰਬੂ ਦੇ ਫ਼ਰੇਮਾਂ ਨਾਲ ਵਰਤੀ ਜਾਂਦੀ ਸੀ। 37ਉਹ
ਪਵਿੱਤਰ ਤੰਬੂ ਦੇ ਆਲੇ-ਦੁਆਲੇ ਦੇ ਵਿਹੜੇ ਵਿੱਚਲੀਆਂ ਥੰਮ੍ਹੀਆਂ
ਦੀ ਦੇਖ-ਭਾਲ ਵੀ ਕਰਦੇ ਸਨ, ਇਸ ਵਿੱਚ ਸਾਰੇ ਥੜੇ, ਤੰਬੂ ਦੀਆਂ
ਕਿੱਲੀਆਂ ਅਤੇ ਰੱਸੇ ਸ਼ਾਮਲ ਸਨ।
38ਮੂਸਾ, ਹਾਰੂਨ ਅਤੇ ਉਸ ਦੇ ਪੁੱਤਰਾ ਨੇ ਮੰਡਲੀ ਵਾਲੇ ਤੰਬੂ ਦੇ
ਸਾਹਮਣੇ ਪਵਿੱਤਰ ਤੰਬੂ ਦੇ ਪੂਰਬ ਵੱਲ ਡੇਰਾ ਲਾਇਆ। ਉਨ੍ਹਾਂ ਨੂੰ
ਪਵਿੱਤਰ ਸਥਾਨ ਦੀ ਸਾਂਭ-ਸੰਭਾਲ ਦਾ ਕੰਮ ਸੌਂਪਿਆ ਗਿਆ ਸੀ।
ਉਨ੍ਹਾਂ ਨੇ ਇਹ ਕੰਮ ਇਸਰਾਏਲ ਦੇ ਸਾਰੇ ਲੋਕਾਂ ਲਈ ਕੀਤਾ। ਹੋਰ

---

[a] ***3:28*** **8,300** ਕੁਝ ਪ੍ਰਾਚੀਨ ਯੂਨਾਨੀ ਅਨੁਵਾਦ ਦੀਆਂ ਨਕਲਾਂ ਵਿੱਚ "8,300" ਹੈ। ਇਬਰਾਨੀ ਨਕਲਾਂ'ਚ "8,600" ਹੈ। ਗਿਣਤੀ 3:22, 28, 34, 39 ਦੇਖੋ।

ਜਿਹੜਾ ਵੀ ਪਵਿੱਤਰ ਸਥਾਨ ਦੇ ਨੇੜੇ ਆਉਂਦਾ ਉਸ ਨੇ ਮਾਰਿਆ ਜਾਣਾ ਸੀ।

39ਯਹੋਵਾਹ ਨੇ ਮੂਸਾ ਅਤੇ ਹਾਰੂਨ ਨੂੰ ਆਦੇਸ਼ ਦਿੱਤਾ ਕਿ ਉਹ ਲੇਵੀ ਦੇ ਘਰਾਣੇ ਦੇ ਸਾਰੇ ਆਦਮੀਆਂ ਅਤੇ ਇੱਕ ਮਹੀਨੇ ਜਾਂ ਇਸ ਤੋਂ ਵਡੇਰੇ ਮੁੰਡਿਆਂ ਦੀ ਗਿਣਤੀ ਕਰਨ। ਕੁੱਲ ਗਿਣਤੀ 22,000 ਸੀ।

## ਲੇਵੀ ਪਲੋਠੇ ਪੁੱਤਰਾਂ ਦਾ ਸਥਾਨ ਲੈਂਦੇ ਹਨ

40ਯਹੋਵਾਹ ਨੇ ਮੂਸਾ ਨੂੰ ਆਖਿਆ, "ਇਸਰਾਏਲ ਦੇ ਸਾਰੇ ਪਲੋਠੇ ਆਦਮੀਆਂ ਅਤੇ ਉਨ੍ਹਾਂ ਮੁੰਡਿਆਂ ਦੀ ਗਿਣਤੀ ਕਰ ਜਿਹੜੇ ਘੱਟੋ-ਘੱਟ ਇੱਕ ਮਹੀਨੇ ਦੇ ਹਨ ਉਨ੍ਹਾਂ ਦੇ ਨਾਮ ਇੱਕ ਸੂਚੀ ਵਿੱਚ ਲਿਖ। 41ਇਸਰਾਏਲ ਦੇ ਪਲੋਠੇ ਪੁੱਤਰਾਂ ਅਤੇ ਮੁੰਡਿਆਂ ਨੂੰ ਲੈਣ ਦੀ ਬਜਾਇ, ਮੈ ਯਹੋਵਾਹ, ਲੇਵੀਆਂ ਨੂੰ ਲਵਾਂਗਾ। ਮੈਂ ਹੋਰਨਾਂ ਲੋਕਾਂ ਦੇ ਪਲੋਠੇ ਜਾਨਵਰਾਂ ਨੂੰ ਲੈਣ ਦੀ ਬਜਾਇ ਲੇਵੀਆ ਦੇ ਪਲੋਠੇ ਜਾਨਵਰਾਂ ਨੂੰ ਲਵਾਂਗਾ।"

42ਇਸ ਲਈ ਮੂਸਾ ਨੇ ਉਵੇਂ ਹੀ ਕੀਤਾ ਜਿਵੇਂ ਯਹੋਵਾਹ ਨੇ ਆਖਿਆ ਸੀ। ਮੂਸਾ ਨੇ ਇਸਰਾਏਲ ਦੇ ਲੋਕਾਂ ਦੇ ਸਾਰੇ ਪਲੋਠੇ ਬੱਚਿਆਂ ਦੀ ਗਿਣਤੀ ਕੀਤੀ। 43ਮੂਸਾ ਨੇ ਸਾਰੇ ਪਲੋਠੇ ਆਦਮੀਆਂ ਅਤੇ ਇੱਕ ਸਾਲ ਜਾਂ ਇਸ ਤੋਂ ਵਡੇਰੀ ਉਮਰ ਦੇ ਮੁੰਡਿਆਂ ਦੀ ਸੂਚੀ ਬਣਾਈ। ਇਸ ਸੂਚੀ ਵਿੱਚ 22,273 ਨਾਮ ਸਨ।

44ਯਹੋਵਾਹ ਨੇ ਮੂਸਾ ਨੂੰ ਇਹ ਵੀ ਆਖਿਆ, 45"ਮੈਂ, ਯਹੋਵਾਹ, ਇਹ ਆਦੇਸ਼ ਦਿੰਦਾ ਹਾਂ: 'ਇਸਰਾਏਲ ਦੇ ਹੋਰਨਾਂ ਪਰਿਵਾਰਾਂ ਦੇ ਪਲੋਠੇ ਆਦਮੀਆਂ ਦੀ ਬਜਾਇ ਲੇਵੀਆ ਨੂੰ ਲੈ। ਅਤੇ ਮੈਂ ਹੋਰਨਾਂ ਲੋਕਾਂ ਦੇ ਜਾਨਵਰਾਂ ਦੀ ਬਜਾਇ ਲੇਵੀਆ ਦੇ ਜਾਨਵਰਾਂ ਨੂੰ ਲਵਾਂਗਾ। ਲੇਵੀ ਮੇਰੇ ਹਨ। 46ਲੇਵੀ 22,000 ਹਨ, ਪਰ ਹੋਰਨਾਂ ਪਰਿਵਾਰਾਂ ਦੇ ਪਲੋਠੇ ਪੁੱਤਰ 22,273 ਹਨ। ਇਸ ਨਾਲ ਲੇਵੀਆਂ ਨਾਲੋਂ 273 ਪਲੋਠੇ ਪੁੱਤਰ ਵਧੇਰੇ ਬੱਚਦੇ ਹਨ। 47ਸਰਕਾਰੀ ਮਾਪ ਦੇ ਅਨੁਸਾਰ, ਵਾਧੂ 273 ਲੋਕਾਂ ਲਈ ਚਾਂਦੀ ਦੇ 5 ਸ਼ੈਕਲ (ਇੱਕ ਸ਼ੈਕਲ 20 ਗੇਰਾਹ ਦੇ ਬਰਾਬਰ ਹੈ) ਜਮ੍ਹਾ ਕਰ। ਇਸਰਾਏਲ ਦੇ ਲੋਕਾਂ ਕੋਲੋਂ ਉਹ ਚਾਂਦੀ ਇਕੱਠੀ ਕਰ। 48ਉਹ ਚਾਂਦੀ ਹਾਰੂਨ ਅਤੇ ਉਸ ਦੇ ਪੁੱਤਰ ਨੂੰ ਦਿਹ। ਇਹ ਇਸਰਾਏਲ ਦੇ 273 ਲੋਕਾਂ ਲਈ ਅਦਾਇਗੀ ਕਰ।'"

49ਉੱਥੇ ਹੋਰਨਾਂ ਪਰਿਵਾਰ-ਸਮੂਹਾਂ ਦੇ 273 ਆਦਮੀਆਂ ਦੀ ਥਾਂ ਲੈਣ ਵਾਲੇ ਕਾਫ਼ੀ ਲੇਵੀ ਨਹੀਂ ਸਨ। ਇਸ ਲਈ ਮੂਸਾ ਨੇ ਇਨ੍ਹਾਂ 273 ਆਦਮੀਆਂ ਲਈ ਚਾਂਦੀ ਇਕੱਠੀ ਕੀਤੀ। 50ਮੂਸਾ ਨੇ ਇਸਰਾਏਲ ਦੇ ਪਲੋਠੇ ਆਦਮੀਆਂ ਕੋਲੋਂ ਚਾਂਦੀ ਇਕੱਠੀ ਕੀਤੀ। ਉਸ ਨੇ ਸਰਕਾਰੀ ਮਾਪ ਅਨੁਸਾਰ 1,365 ਸ਼ੈਕਲ ਚਾਂਦੀ ਇਕੱਠੀ ਕੀਤੀ। 51ਮੂਸਾ ਨੇ ਯਹੋਵਾਹ ਦਾ ਹੁਕਮ ਮੰਨਿਆ। ਮੂਸਾ ਨੇ ਯਹੋਵਾਹ ਦੇ ਆਦੇਸ਼ ਅਨੁਸਾਰ ਚਾਂਦੀ ਹਾਰੂਨ ਅਤੇ ਉਸ ਦੇ ਪੁੱਤਰਾਂ ਨੂੰ ਦੇ ਦਿੱਤੀ।

## ਕਹਾਥ ਪਰਿਵਾਰ ਦੇ ਕੰਮ

4 1ਯਹੋਵਾਹ ਨੇ ਮੂਸਾ ਅਤੇ ਹਾਰੂਨ ਨੂੰ ਆਖਿਆ, 2"ਕਹਾਥ ਦੇ ਘਰਾਣੇ ਦੇ ਪਰਿਵਾਰਾਂ ਦੇ ਆਦਮੀਆਂ ਦੀ ਗਿਣਤੀ ਕਰੋ। (ਕਹਾਥ ਘਰਾਣੇ ਲੇਵੀ ਦੇ ਘਰਾਣੇ ਦਾ ਅੰਗ ਹੈ।) 3ਤੀਹ ਅਤੇ ਪੰਜਾਹ ਸਾਲਾਂ ਦੀ ਉਮਰ ਦੇ ਵਿੱਚਕਾਰਲੇ ਆਦਮੀਆਂ ਦੀ ਗਿਣਤੀ ਕਰੋ ਜੋ ਸੇਵਾ ਕਰਨ ਦੇ ਯੋਗ ਹਨ। ਇਹ ਆਦਮੀ ਮੰਡਲੀ ਵਾਲੇ ਤੰਬੂ ਵਿੱਚ ਕੰਮ ਕਰਨਗੇ 4ਕਹਾਥੀ ਪਰਿਵਾਰ ਦਾ ਕੰਮ ਮੰਡਲੀ ਵਾਲੇ ਤੰਬੂ ਵਿੱਚਲੀਆਂ ਸਭ ਤੋਂ ਪਵਿੱਤਰ ਚੀਜ਼ਾਂ ਦੀ ਸਾਂਭ-ਸੰਭਾਲ ਕਰਨਾ ਹੋਵੇਗਾ।

5"ਜਦੋਂ ਇਸਰਾਏਲ ਦੇ ਲੋਕ ਕਿਸੇ ਨਵੀ ਥਾਂ ਨੂੰ ਜਾਣ, ਹਾਰੂਨ ਅਤੇ ਉਸ ਦੇ ਪੁੱਤਰਾਂ ਨੂੰ ਪਰਦੇ ਨੂੰ ਉਤਾਰ ਲੈਣਾ ਚਾਹੀਦਾ ਹੈ ਅਤੇ ਇਕਰਾਰਨਾਮੇ ਦੇ ਪਵਿੱਤਰ ਸੰਦੂਕ ਨੂੰ ਇਸ ਨਾਲ ਢੱਕ ਦੇਣਾ ਚਾਹੀਦਾ ਹੈ। 6ਫ਼ੇਰ ਉਨ੍ਹਾਂ ਨੂੰ ਇਸ ਸਾਰੇ ਕੁਝ ਨੂੰ ਨਰਮ ਚਮੜੇ ਦੇ ਕੱਜਣ ਨਾਲ ਢੱਕ ਦੇਣਾ ਚਾਹੀਦਾ ਹੈ। ਫ਼ੇਰ ਉਨ੍ਹਾਂ ਨੂੰ ਚਮੜੇ ਉੱਤੇ ਗੂੜੇ ਨੀਲੇ ਰੰਗ ਦਾ ਕੱਪੜਾ ਪਾ ਦੇਣਾ ਚਾਹੀਦਾ ਹੈ ਅਤੇ ਪਵਿੱਤਰ ਸੰਦੂਕ ਦੇ ਕੜਿਆਂ ਵਿੱਚ ਲੱਠਾਂ ਅੜਾ ਦੇਣੀਆ ਚਾਹੀਦੀਆਂ ਹਨ।

7"ਫ਼ੇਰ ਉਨ੍ਹਾਂ ਨੂੰ ਚਾਹੀਦਾ ਹੈ ਕਿ ਪਵਿੱਤਰ ਮੇਜ਼ ਉੱਤੇ ਨੀਲਾ ਕੱਪੜਾ ਵਿਛਾ ਦੇਣ। ਉਨ੍ਹਾਂ ਨੂੰ ਚਾਹੀਦਾ ਹੈ ਕਿ ਮੇਜ਼ ਉੱਤੇ ਪਲੇਟਾਂ ਚਮਚੇ ਅਤੇ ਕੌਲੀਆਂ ਅਤੇ ਪੀਣ ਦੀਆਂ ਭੇਟਾ ਵਾਲੇ ਜੱਗ ਰੱਖ ਦੇਣ। ਅਤੇ ਮੇਜ਼ ਉੱਤੇ ਰੋਟੀ ਰੱਖ ਦੇਣ। 8ਫ਼ੇਰ ਤੁਹਾਨੂੰ ਚਾਹੀਦਾ ਹੈ ਕਿ ਇਨ੍ਹਾਂ ਸਾਰੀਆਂ ਚੀਜ਼ਾਂ ਉੱਪਰ ਲਾਲ ਕੱਪੜਾ ਪਾ ਦਿਉ। ਫ਼ੇਰ ਹਰ ਚੀਜ਼ ਨੂੰ ਨਰਮ ਚਮੜੇ ਨਾਲ ਕੱਜ ਦਿਉ। ਫ਼ੇਰ ਮੇਜ਼ ਦੇ ਰਿੰਗ ਵਿੱਚ ਲੱਠਾਂ ਪਾ ਦਿਉ।

9"ਫ਼ੇਰ ਉਨ੍ਹਾਂ ਨੂੰ ਚਾਹੀਦਾ ਹੈ ਕਿ ਸ਼ਮਾਦਾਨ ਅਤੇ ਉਸ ਦੇ ਦੀਵਿਆਂ ਨੂੰ ਨੀਲੇ ਕੱਪੜੇ ਨਾਲ ਢੱਕ ਦੇਣ। ਉਨ੍ਹਾਂ ਨੂੰ ਚਾਹੀਦਾ ਹੈ ਕਿ ਉਨ੍ਹਾਂ ਸਾਰੀਆਂ ਚੀਜ਼ਾਂ ਨੂੰ ਜਿਹੜੀਆਂ ਦੀਵਿਆਂ ਨੂੰ ਬਲਦਾ ਰੱਖਦੀਆਂ ਹਨ ਅਤੇ ਦੀਵਿਆਂ ਵਿੱਚ ਵਰਤੇ ਜਾਣ ਵਾਲੇ ਤੇਲ ਦੇ ਬਰਤਨਾਂ ਨੂੰ ਢੱਕ ਦੇਣ। 10ਫ਼ੇਰ ਸਭ ਕੁਝ ਨੂੰ ਨਰਮ ਚਮੜੇ ਵਿੱਚ ਲਪੇਟ ਦੇਣ। ਫ਼ੇਰ ਉਨ੍ਹਾਂ ਨੂੰ ਚਾਹੀਦਾ ਹੈ ਕਿ ਉਨ੍ਹਾਂ ਸਾਰੀਆਂ ਚੀਜ਼ਾਂ ਨੂੰ ਚੁੱਕਣ ਵਾਲੀਆਂ ਲੱਠਾਂ ਉੱਤੇ ਰੱਖ ਦੇਣ।

11"ਉਨ੍ਹਾਂ ਨੂੰ ਚਾਹੀਦਾ ਹੈ ਕਿ ਸੁਨਿਹਰੀ ਜਗਵੇਦੀ ਉੱਤੇ ਨੀਲਾ ਕੱਪੜਾ ਪਾ ਦੇਣ। ਉਨ੍ਹਾਂ ਨੂੰ ਚਾਹੀਦਾ ਹੈ ਕਿ ਉਸ ਨੂੰ ਨਰਮ ਚਮੜੇ ਨਾਲ ਲਪੇਟ ਦੇਣ। ਫ਼ੇਰ ਉਨ੍ਹਾਂ ਨੂੰ ਚਾਹੀਦਾ ਹੈ ਕਿ ਇਸ ਨੂੰ ਲਿਜਾਣ ਲਈ ਜਗਵੇਦੀ ਦੇ ਕੱਪੜਿਆ ਵਿੱਚ ਲੱਠਾਂ ਫ਼ਸਾ ਦੇਣ।

12"ਫ਼ੇਰ ਉਨ੍ਹਾਂ ਨੂੰ ਚਾਹੀਦਾ ਹੈ ਕਿ ਉਨ੍ਹਾਂ ਸਾਰੀਆਂ ਖਾਸ ਚੀਜ਼ਾਂ ਨੂੰ ਇਕੱਤਰ ਕਰਨ ਜਿਹੜੀਆਂ ਪਵਿੱਤਰ ਸਥਾਨ ਵਿੱਚ ਉਪਾਸਨਾ ਲਈ ਵਰਤੀਆਂ ਜਾਂਦੀਆਂ ਹਨ। ਉਨ੍ਹਾਂ ਨੂੰ ਚਾਹੀਦਾ ਹੈ ਕਿ ਉਨ੍ਹਾਂ ਨੂੰ ਇਕੱਠੀਆਂ ਕਰ ਲੈਣ ਅਤੇ ਨੀਲੇ ਕੱਪੜੇ ਵਿੱਚ ਲਪੇਟ ਦੇਣ। ਫ਼ੇਰ ਉਨ੍ਹਾਂ ਨੂੰ ਚਾਹੀਦਾ ਹੈ ਕਿ ਉਨ੍ਹਾਂ ਨੂੰ ਨਰਮ ਚਮੜੇ ਨਾਲ ਢੱਕ ਦੇਣ। ਉਨ੍ਹਾਂ ਨੂੰ ਚਾਹੀਦਾ ਹੈ ਕਿ ਉਨ੍ਹਾਂ ਚੀਜ਼ਾਂ ਨੂੰ ਚੁੱਕਣ ਵਾਲੇ ਫ਼ਰੇਮ ਉੱਤੇ ਰੱਖ ਦੇਣ।

13"ਉਨ੍ਹਾਂ ਨੂੰ ਚਾਹੀਦਾ ਹੈ ਕਿ ਕਾਂਸੀ ਦੀ ਜਗਵੇਦੀ ਵਿੱਚੋਂ ਰਾਖ ਝਾੜ ਦੇਣ ਅਤੇ ਇਸ ਉੱਤੇ ਬੈਂਗਨੀ ਕੱਪੜਾ ਪਾ ਦੇਣ। 14ਫ਼ੇਰ ਉਨ੍ਹਾਂ ਨੂੰ ਇਹ ਸਾਰੀਆਂ ਚੀਜ਼ਾਂ ਇਕੱਠੀਆਂ ਕਰ ਲੈਣੀਆਂ ਚਾਹੀਦੀਆਂ ਹਨ ਜਿਹੜੀਆਂ ਜਗਵੇਦੀ ਉੱਤੇ ਉਪਾਸਨਾ ਕਰਨ ਲਈ ਵਰਤੀਆਂ ਜਾਂਦੀਆਂ ਹਨ। ਇਹ ਅੱਗ ਵਾਲੇ ਭਾਂਡੇ ਹਨ, ਕਾਂਟੇ, ਕੜਛੇ ਅਤੇ ਕੌਲੇ ਉਨ੍ਹਾਂ ਨੂੰ ਇਹ ਚੀਜ਼ਾਂ ਕਾਂਸੀ ਦੀ ਜਗਵੇਦੀ ਉੱਤੇ ਰੱਖ ਦੇਣੀਆਂ ਚਾਹੀਦੀਆਂ ਹਨ। ਉਨ੍ਹਾਂ ਨੂੰ ਇਹ ਚੀਜ਼ਾਂ ਨਰਮ ਚਮੜੇ ਦੇ ਟੁਕੜੇ ਵਿੱਚ ਲਪੇਟ ਦੇਣੀਆਂ ਚਾਹੀਦੀਆਂ ਹਨ। ਫ਼ੇਰ ਉਨ੍ਹਾਂ ਨੂੰ ਜਗਵੇਦੀ ਦੇ ਕੜਿਆਂ ਵਿੱਚ ਇਸ ਨੂੰ ਚੁੱਕਣ ਲਈ ਲੱਠਾਂ ਪਾਉਣੀਆਂ ਚਾਹੀਦੀਆਂ ਹਨ।

15"ਹਾਰੂਨ ਅਤੇ ਉਸ ਦੇ ਪੁੱਤਰਾਂ ਨੂੰ ਪਵਿੱਤਰ ਸਥਾਨ ਦੀਆ ਸਾਰੀਆਂ ਪਵਿੱਤਰ ਚੀਜ਼ਾਂ ਨੂੰ ਢੱਕਣ ਦਾ ਕੰਮ ਮੁਕਾ ਲੈਣਾ ਚਾਹੀਦਾ ਹੈ। ਫ਼ੇਰ ਕਹਾਥ ਪਰਿਵਾਰ ਦੇ ਆਦਮੀ ਅੰਦਰ ਜਾ ਸਕਦੇ ਹਨ ਅਤੇ ਇਨ੍ਹਾਂ ਚੀਜ਼ਾਂ ਨੂੰ ਚੁੱਕਣਾ ਸ਼ੁਰੂ ਕਰ ਸਕਦੇ ਹਨ ਇਸ ਤਰ੍ਹਾਂ ਉਹ ਪਵਿੱਤਰ ਸਥਾਨ ਨੂੰ ਨਹੀਂ ਛੂਹਣਗੇ ਅਤੇ ਮਰਨਗੇ ਨਹੀਂ।

16"ਜਾਜਕ ਹਾਰੂਨ ਦਾ ਪੁੱਤਰ ਅਲਆਜ਼ਾਰ ਪਵਿੱਤਰ ਤੰਬੂ ਲਈ ਜ਼ਿੰਮੇਵਾਰ ਹੋਵੇਗਾ। ਉਹ ਪਵਿੱਤਰ ਸਥਾਨ ਲਈ ਅਤੇ ਉਸ ਵਿੱਚਲੀ ਹਰ ਚੀਜ਼ਾਂ ਲਈ ਜ਼ਿੰਮੇਵਾਰ ਹੋਵੇਗਾ। ਉਹ ਦੀਵਿਆਂ ਦੇ ਤੇਲ, ਸੁਗੰਧੀ, ਧੂਫ਼, ਹਰ ਰੋਜ਼ ਦੀ ਭੇਟ ਅਤੇ ਛਿੜਕਣ ਵਾਲੇ ਤੇਲ ਲਈ ਜ਼ਿੰਮੇਵਾਰ ਹੋਵੇਗਾ।"

17ਯਹੋਵਾਹ ਨੇ ਮੂਸਾ ਅਤੇ ਹਾਰੂਨ ਨੂੰ ਆਖਿਆ, 18"ਹੋਸ਼ਿਆਰ ਰਹਿਣਾ! ਇਨ੍ਹਾਂ ਕਹਾਥੀ ਆਦਮੀਆਂ ਨੂੰ ਲੇਵੀ ਦੇ ਪਰਿਵਾਰ ਤੋਂ ਹਟਣ ਨਾ ਦੇਣਾ। 19ਤੁਹਾਨੂੰ ਚਾਹੀਦਾ ਹੈ ਕਿ ਇਹ ਗੱਲਾਂ ਕਰੋ ਤਾਂ ਜੋ ਕਹਾਥੀ ਆਦਮੀ ਅੱਤ ਪਵਿੱਤਰ ਸਥਾਨ ਉੱਤੇ ਜਾ ਸਕਣ ਅਤੇ ਮਰਨ ਨਾ। ਹਾਰੂਨ ਅਤੇ ਉਸ ਦੇ ਪੁੱਤਰਾਂ ਨੂੰ ਅੰਦਰ ਜਾਣਾ ਚਾਹੀਦਾ ਹੈ ਅਤੇ ਹਰ ਕਹਾਥੀ ਬੰਦੇ ਨੂੰ ਦੱਸਣਾ ਚਾਹੀਦਾ ਹੈ ਕਿ ਉਸ ਨੇ ਕੀ ਕਰਨਾ ਹੈ। ਉਨ੍ਹਾਂ ਨੂੰ ਚਾਹੀਦਾ ਹੈ ਕਿ ਹਰੇਕ ਆਦਮੀ ਨੂੰ ਉਹ ਚੀਜ਼ਾਂ ਦੇਣ ਜਿਨ੍ਹਾਂ ਦੀ ਉਸ ਨੂੰ ਚੁੱਕਣ ਲਈ ਜ਼ਰੂਰਤ ਹੈ। 20ਜੇ ਤੁਸੀਂ ਅਜਿਹਾ ਨਹੀਂ ਕਰੋਂਗੇ ਤਾਂ ਹੋ ਸਕਦਾ ਹੈ ਕਿ ਕਹਾਥੀ ਆਦਮੀ ਅੰਦਰ ਚੱਲੇ ਜਾਣ ਅਤੇ ਪਵਿੱਤਰ ਚੀਜ਼ਾਂ ਵੱਲ ਤੱਕ ਲੈਣ। ਜੇ ਉਹ ਇੱਕ ਪਲ ਲਈ ਵੀ ਇਨ੍ਹਾਂ ਚੀਜ਼ਾਂ ਵੱਲ ਦੇਖ ਲੈਣਗੇ ਤਾਂ ਉਹ ਮਰ ਜਾਣਗੇ।"

## ਗੇਰਸ਼ੋਨ ਪਰਿਵਾਰ ਦੇ ਕੰਮ

21ਯਹੋਵਾਹ ਨੇ ਮੂਸਾ ਨੂੰ ਆਖਿਆ, 22"ਗੇਰਸ਼ੋਨ ਪਰਿਵਾਰ ਦੇ ਸਾਰੇ ਬੰਦਿਆਂ ਦੀ ਗਿਣਤੀ ਕਰ। ਉਨ੍ਹਾਂ ਦੇ ਪਰਿਵਾਰ ਅਤੇ ਘਰਾਣੇ ਅਨੁਸਾਰ ਸੂਚੀ ਬਣਾ। 23ਉਨ੍ਹਾਂ ਦੇ ਸਾਰੇ ਆਦਮੀਆਂ ਦੀ ਗਿਣਤੀ ਕਰ ਜਿਹੜੇ 30 ਤੋਂ 50 ਸਾਲ ਦੇ ਵਿੱਚਕਾਰ ਹਨ ਜੋ ਸੇਵਾ ਕਰਨ ਦੇ ਯੋਗ ਹਨ। ਇਹ ਆਦਮੀ ਮੰਡਲੀ ਦੇ ਤੰਬੂ ਵਿੱਚ ਸੇਵਾ ਕਰਨਗੇ।

24"ਇਹ ਕੰਮ ਹੈ ਜਿਹੜਾ ਗੇਰਸ਼ੋਨ ਪਰਿਵਾਰ ਨੂੰ ਕਰਨਾ ਚਾਹੀਦਾ ਹੈ ਅਤੇ ਇਹ ਉਹ ਗੱਲਾਂ ਹਨ ਜਿਹੜੀਆਂ ਉਨ੍ਹਾਂ ਨੂੰ ਕਰਨੀਆਂ ਚਾਹੀਦੀਆਂ ਹਨ। 25ਉਨ੍ਹਾਂ ਨੂੰ ਪਵਿੱਤਰ ਤੰਬੂ, ਮੰਡਲੀ ਵਾਲੇ ਤੰਬੂ, ਇਸ ਦੇ ਕੱਜਣ ਅਤੇ ਨਰਮ ਚਮੜੇ ਦੇ ਬਣੇ ਹੋਏ ਕੱਜਣ ਨੂੰ ਚੁੱਕਣਾ ਚਾਹੀਦਾ ਹੈ। ਉਨ੍ਹਾਂ ਨੂੰ ਚਾਹੀਦਾ ਹੈ ਕਿ ਉਹ ਮੰਡਲੀ ਵਾਲੇ ਤੰਬੂ ਦੇ ਪ੍ਰਵੇਸ਼ ਦੇ ਪਰਦੇ ਨੂੰ ਵੀ ਚੁੱਕਣ। 26ਉਨ੍ਹਾਂ ਨੂੰ ਪਵਿੱਤਰ ਤੰਬੂ ਅਤੇ ਜਗਵੇਦੀ ਦੇ ਆਲੇ-ਦੁਆਲੇ ਦੇ ਵਿਹੜੇ ਦੇ ਪਰਦਿਆ ਨੂੰ ਵੀ ਚੁੱਕਣਾ ਚਾਹੀਦਾ ਹੈ। ਅਤੇ ਉਨ੍ਹਾਂ ਨੂੰ ਵਿਹੜੇ ਦੇ ਪ੍ਰਵੇਸ਼ ਦੇ ਪਰਦੇ ਨੂੰ ਵੀ ਚੁੱਕਣਾ ਚਾਹੀਦਾ ਹੈ। ਉਨ੍ਹਾਂ ਨੂੰ ਪਰਦਿਆ ਲਈ ਵਰਤਿਆ ਜਾਣ ਵਾਲੀਆ ਸਾਰੀਆ ਚੀਜ਼ਾਂ, ਅਤੇ ਸਾਰੇ ਰਸਿਆ ਨੂੰ ਚੁੱਕਣਾ ਚਾਹੀਦਾ ਹੈ। ਗੇਰਸ਼ੋਨੀ ਆਦਮੀ ਉਸ ਹਰ ਗੱਲ ਲਈ ਜ਼ਿੰਮੇਵਾਰ ਹੋਣਗੇ ਜਿਹੜੀ ਇਨ੍ਹਾਂ ਚੀਜ਼ਾਂ ਨਾਲ ਸੰਬੰਧਿਤ ਹੈ ਅਤੇ ਕੀਤੀ ਜਾਣੀ ਚਾਹੀਦੀ ਹੈ। 27ਹਾਰੂਨ ਅਤੇ ਉਸ ਦੇ ਪੁੱਤਰ ਇਸ ਕੀਤੇ ਜਾਣ ਵਾਲੇ ਸਾਰੇ ਕੰਮ ਦੀ ਦੇਖ-ਰੇਖ ਕਰਨਗੇ। ਹਰ ਉਹ ਚੀਜ਼ ਜਿਹੜੀ ਗੇਰਸ਼ੋਨੀਆ ਵੱਲੋਂ ਕੀਤੀ ਜਾਵੇਗੀ ਅਤੇ ਹੋਰ ਦੂਸਰਾ ਕੰਮ ਜਿਹੜਾ ਕਰਨਗੇ, ਹਾਰੂਨ ਅਤੇ ਉਸ ਦੇ ਪੁੱਤਰ ਦੀ ਨਿਗਰਾਨੀ ਵਿੱਚ ਹੋਵੇਗਾ। ਤੁਹਾਨੂੰ ਚਾਹੀਦਾ ਹੈ ਕਿ ਉਨ੍ਹਾਂ ਨੂੰ ਉਹ ਸਾਰੀਆਂ ਗੱਲਾਂ ਦੱਸੋ ਜਿਨ੍ਹਾਂ ਦੇ ਕਰਨ ਲਈ ਉਹ ਜ਼ਿੰਮੇਵਾਰ ਹਨ। 28ਇਹ ਉਹ ਕੰਮ ਹੈ ਜਿਹੜਾ ਗੇਰਸ਼ੋਨ ਘਰਾਣੇ ਦੇ ਆਦਮੀਆਂ ਨੂੰ ਮੰਡਲੀ ਦੇ ਤੰਬੂ ਲਈ ਕਰਨਾ ਪਵੇਗਾ। ਜਾਜਕ ਹਾਰੂਨ ਦਾ ਪੁੱਤਰ, ਈਥਾਮਾਰ, ਉਨ੍ਹਾਂ ਦਾ ਨੇਤ੍ਰਤਵ ਕਰੇਗਾ।"

## ਮਰਾਰੀ ਪਰਿਵਾਰ ਦੇ ਕੰਮ

29"ਮਰਾਰੀ ਘਰਾਣੇ ਦੇ ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਦੇ ਸਾਰੇ ਆਦਮੀਆਂ ਦੀ ਗਿਣਤੀ ਕਰ। 30ਉਨ੍ਹਾਂ ਸਾਰੇ ਆਦਮੀਆਂ ਦੀ ਗਿਣਤੀ ਕਰ ਜਿਹੜੇ 30 ਤੋਂ 50 ਸਾਲ ਦੇ ਵਿੱਚਕਾਰ ਹਨ ਜੋ ਸੇਵਾ ਕਰਨ ਦੇ ਯੋਗ ਹਨ। ਇਹ ਆਦਮੀ ਮੰਡਲੀ ਦੇ ਤੰਬੂ ਦਾ ਖਾਸ ਕੰਮ ਕਰਨਗੇ। 31ਜਦੋਂ ਤੁਸੀਂ ਸਫ਼ਰ ਕਰੋਗੇ ਇਹ ਉਨ੍ਹਾਂ ਦਾ ਕੰਮ ਹੋਵੇਗਾ ਕਿ ਉਹ ਮੰਡਲੀ ਵਾਲੇ ਤੰਬੂ ਦੇ ਫ਼ਰੇਮਾਂ ਨੂੰ ਚੁੱਕਣ। ਉਨ੍ਹਾਂ ਨੂੰ ਬਰੇਸ, ਪੋਸਟ ਅਤੇ ਥੜੇ ਵੀ ਚੁੱਕਣੇ ਚਾਹੀਦੇ ਹਨ। 32ਉਨ੍ਹਾਂ ਨੂੰ ਉਹ ਟੇਕਾਂ ਵੀ ਚੁੱਕਣੀਆਂ ਚਾਹੀਦੀਆਂ ਹਨ ਜਿਹੜੀਆਂ ਵਿਹੜੇ ਦੇ ਆਲੇ-ਦੁਆਲੇ ਹਨ। ਉਨ੍ਹਾਂ ਨੂੰ ਥੜੇ, ਤੰਬੂ ਦੀਆਂ ਕਿੱਲੀਆਂ, ਰੱਸੇ ਅਤੇ ਹਰ ਉਹ ਚੀਜ਼ ਚੁੱਕਣੀ ਚਾਹੀਦੀ ਹੈ ਜਿਹੜੀ ਵਿਹੜੇ ਦੇ ਇਰਦ-ਗਿਰਦ ਥਮਲਿਆਂ ਲਈ ਵਰਤੀ ਜਾਂਦੀ ਹੈ। ਨਾਵਾਂ ਦੀ ਸੂਚੀ ਬਣਾਉ ਅਤੇ ਹਰੇਕ ਆਦਮੀ ਨੂੰ ਦੱਸੋ ਕਿ ਉਸ ਨੇ ਕੀ ਕਰਨਾ ਹੈ। 33ਇਹ ਗੱਲਾਂ ਹਨ ਜਿਹੜੀਆਂ ਮਰਾਰੀ ਪਰਿਵਾਰ ਦੇ ਲੋਕ, ਮੰਡਲੀ ਵਾਲੇ ਤੰਬੂ ਦੇ ਕੰਮ ਲਈ, ਸੇਵਾ ਵਜੋਂ ਕਰਨਗੇ। ਜਾਜਕ ਹਾਰੂਨ ਦਾ ਪੁੱਤਰ ਈਥਾਮਾਰ ਉਨ੍ਹਾਂ ਦੇ ਕੰਮ ਲਈ ਜ਼ਿੰਮੇਵਾਰ ਹੋਵੇਗਾ।"

## ਲੇਵੀ ਪਰਿਵਾਰ

34ਮੂਸਾ, ਹਾਰੂਨ ਅਤੇ ਇਸਰਾਏਲ ਦੇ ਲੋਕਾਂ ਦੇ ਆਗੂਆਂ ਨੇ ਕਹਾਥੀ ਲੋਕਾਂ ਦੀ ਗਿਣਤੀ ਕੀਤੀ, ਉਨ੍ਹਾਂ ਨੇ ਉਨ੍ਹਾਂ ਦੀ ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਅਨੁਸਾਰ ਗਿਣਤੀ ਕੀਤੀ, 35ਉਨ੍ਹਾਂ ਨੇ 30 ਤੋਂ 50 ਸਾਲ ਦੀ ਉਮਰ ਦੇ ਵਿਚਕਾਰ ਦੇ ਸਾਰੇ ਆਦਮੀਆਂ ਦੀ ਗਿਣਤੀ ਕੀਤੀ ਜਿਹੜੇ ਸੇਵਾ ਕਰਨ ਦੇ ਯੋਗ ਸਨ। ਇਨ੍ਹਾਂ ਆਦਮੀਆਂ ਨੂੰ ਮੰਡਲੀ ਵਾਲੇ ਤੰਬੂ ਦਾ ਖਾਸ ਕੰਮ ਕਰਨ ਲਈ ਦਿੱਤਾ ਗਿਆ ਸੀ।

36ਕਹਾਥ ਪਰਿਵਾਰ ਦੇ 2,750 ਆਦਮੀ ਅਜਿਹੇ ਸਨ ਜਿਹੜੇ ਇਹ ਕੰਮ ਕਰਨ ਦੇ ਯੋਗ ਸਨ। 37ਇਸ ਲਈ ਕਹਾਥ ਪਰਿਵਾਰ ਦੇ ਇਨ੍ਹਾਂ ਆਦਮੀਆਂ ਨੂੰ ਮੰਡਲੀ ਵਾਲੇ ਤੰਬੂ ਦਾ ਉਨ੍ਹਾਂ ਦਾ ਖਾਸ ਕੰਮ ਸੌਂਪਿਆ ਗਿਆ। ਮੂਸਾ ਅਤੇ ਹਾਰੂਨ ਨੇ ਇਹ ਉਸੇ ਤਰ੍ਹਾਂ ਕੀਤਾ ਜਿਸ ਤਰ੍ਹਾਂ ਯਹੋਵਾਹ ਨੇ ਮੂਸਾ ਨੂੰ ਕਰਨ ਲਈ ਆਖਿਆ ਸੀ।

38ਗੇਰਸ਼ੋਨ ਦੇ ਘਰਾਣੇ ਦੀ ਵੀ ਗਿਣਤੀ ਕੀਤੀ ਗਈ। 39ਤੀਹ ਤੋਂ ਪੰਜਾਹ ਸਾਲ ਦੀ ਉਮਰ ਦੇ ਉਨ੍ਹਾਂ ਸਾਰੇ ਆਦਮੀਆਂ ਦੀ ਗਿਣਤੀ ਕੀਤੀ ਗਈ, ਜਿਹੜੇ ਸੇਵਾ ਕਰਨ ਦੇ ਯੋਗ ਸਨ। ਇਨ੍ਹਾਂ ਆਦਮੀਆਂ ਨੂੰ ਮੰਡਲੀ ਦੇ ਤੰਬੂ ਲਈ ਕਰਨ ਵਾਲਾ ਖਾਸ ਕੰਮ ਦਿੱਤਾ ਗਿਆ ਸੀ। 40ਗੇਰਸ਼ੋਨ ਘਰਾਣੇ ਵਿੱਚ 2,630 ਆਦਮੀ ਅਜਿਹੇ ਸਨ ਜਿਹੜੇ ਇਸ ਯੋਗ ਸਨ। 41ਇਸ ਲਈ ਗੇਰਸ਼ੋਨ ਦੇ ਘਰਾਣੇ ਦੇ ਇਨ੍ਹਾਂ ਲੋਕਾਂ ਨੂੰ ਮੰਡਲੀ ਵਾਲੇ ਤੰਬੂ ਲਈ ਕਰਨ ਵਾਲਾ ਉਨ੍ਹਾਂ ਦਾ ਖਾਸ ਕੰਮ ਸੌਂਪਿਆ ਗਿਆ। ਮੂਸਾ ਅਤੇ ਹਾਰੂਨ ਨੇ ਇਹ ਉਸੇ ਤਰ੍ਹਾਂ ਹੀ ਕੀਤਾ ਜਿਵੇਂ ਯਹੋਵਾਹ ਨੇ ਮੂਸਾ ਨੂੰ ਕਰਨ ਲਈ ਆਖਿਆ ਸੀ।

42ਇਸ ਤੋਂ ਇਲਾਵਾ ਮਰਾਰੀ ਪਰਿਵਾਰ ਦੇ ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਦੀ ਗਿਣਤੀ ਵੀ ਕੀਤੀ ਗਈ। 43ਤੀਹ ਤੋਂ ਪੰਜਾਹ ਸਾਲ ਦੀ ਉਮਰ ਦੇ ਉਨ੍ਹਾਂ ਸਾਰੇ ਆਦਮੀਆਂ ਦੀ ਗਿਣਤੀ ਕੀਤੀ ਜਾ ਚੁੱਕੀ ਸੀ ਜਿਹੜੇ ਸੇਵਾ ਕਰਨ ਦੇ ਯੋਗ ਸਨ। ਇਨ੍ਹਾਂ ਆਦਮੀਆਂ ਨੂੰ ਮੰਡਲੀ ਦੇ ਤੰਬੂ ਦਾ ਖਾਸ ਕੰਮ ਦਿੱਤਾ ਗਿਆ ਸੀ। 44ਮਰਾਰੀ ਪਰਿਵਾਰ ਵਿੱਚ ਇਸ ਕੰਮ ਨੂੰ ਕਰਨ ਦੇ ਯੋਗ 3,250 45ਇਸ ਲਈ ਮਰਾਰੀ ਘਰਾਣੇ ਦੇ ਇਨ੍ਹਾਂ ਆਦਮੀਆਂ ਨੂੰ ਉਨ੍ਹਾਂ ਦਾ ਖਾਸ ਕੰਮ ਦਿੱਤਾ ਗਿਆ। ਮੂਸਾ ਅਤੇ ਹਾਰੂਨ ਨੇ ਅਜਿਹਾ ਉਸੇ ਤਰ੍ਹਾਂ ਕੀਤਾ ਜਿਸ ਤਰ੍ਹਾਂ ਯਹੋਵਾਹ ਨੇ ਮੂਸਾ ਨੂੰ ਕਰਨ ਲਈ ਆਖਿਆ ਸੀ।

46ਇਸ ਲਈ ਮੂਸਾ, ਹਾਰੂਨ ਅਤੇ ਇਸਰਾਏਲ ਦੇ ਲੋਕਾਂ ਦੇ ਆਗੂਆ ਨੇ ਲੇਵੀ ਦੇ ਘਰਾਣੇ ਦੇ ਸਾਰੇ ਲੋਕਾਂ ਦੀ ਗਿਣਤੀ ਕੀਤੀ। ਉਨ੍ਹਾਂ ਨੇ ਹਰੇਕ ਪਰਿਵਾਰ ਅਤੇ ਹਰੇਕ ਘਰਾਣੇ ਦੀ ਗਿਣਤੀ

ਕੀਤੀ। 47ਤੀਹ ਤੋਂ ਪੰਜਾਹ ਸਾਲ ਦੀ ਉਮਰ ਦੇ ਵਿੱਚਕਾਰ ਦੇ ਸਾਰੇ ਆਦਮੀਆਂ ਦੀ ਗਿਣਤੀ ਕੀਤੀ ਗਈ ਜਿਹੜੇ ਸੇਵਾ ਕਰਨ ਦੇ ਯੋਗ ਸਨ। ਇਨ੍ਹਾਂ ਆਦਮੀਆਂ ਨੂੰ ਮੰਡਲੀ ਵਾਲੇ ਤੰਬੂ ਦਾ ਖਾਸ ਕੰਮ ਦਿੱਤਾ ਗਿਆ ਸੀ। ਉਨ੍ਹਾਂ ਦਾ ਕੰਮ ਸਫ਼ਰ ਦੌਰਾਨ ਮੰਡਲੀ ਵਾਲੇ ਤੰਬੂ ਨੂੰ ਚੁੱਕਣਾ ਸੀ। 48ਕੁੱਲ ਗਿਣਤੀ 8,580 ਸੀ। 49ਇਸ ਤਰ੍ਹਾਂ, ਜਿਵੇਂ ਯਹੋਵਾਹ ਨੇ ਮੂਸਾ ਨੂੰ ਕਿਹਾ ਸੀ, ਸਾਰੇ ਆਦਮੀਆਂ ਦੀ ਗਿਣਤੀ ਕੀਤੀ ਜਾ ਚੁੱਕੀ ਸੀ। ਹਰੇਕ ਆਦਮੀ ਨੂੰ ਉਸ ਦਾ ਕੰਮ ਦਿੱਤਾ ਗਿਆ ਅਤੇ ਦੱਸਿਆ ਗਿਆ ਕਿ ਉਸ ਨੇ ਕੀ ਕਰਨਾ ਸੀ। ਇਹ ਉਸੇ ਤਰ੍ਹਾਂ ਕੀਤਾ ਗਿਆ, ਜਿਵੇਂ ਯਹੋਵਾਹ ਨੇ ਮੂਸਾ ਰਾਹੀਂ ਆਦੇਸ਼ ਦਿੱਤਾ ਸੀ।

## ਸਫ਼ਾਈ ਬਾਰੇ ਬਿਧੀਆਂ

**5** 1ਯਹੋਵਾਹ ਨੇ ਮੂਸਾ ਨੂੰ ਆਖਿਆ, 2"ਮੈਂ ਇਸਰਾਏਲ ਦੇ ਲੋਕਾਂ ਨੂੰ ਆਦੇਸ਼ ਦਿੰਦਾ ਹਾਂ ਕਿ ਉਹ ਆਪਣੇ ਡੇਰਿਆਂ ਨੂੰ ਬਿਮਾਰੀ ਤੋਂ ਮੁਕਤ ਰੱਖਣ। ਲੋਕਾਂ ਨੂੰ ਆਖ ਕਿ ਉਹ ਉਸ ਬੰਦੇ ਨੂੰ ਡੇਰੇ ਤੋਂ ਦੂਰ ਭੇਜ ਦੇਣ ਜਿਸ ਨੂੰ ਚਮੜੀ ਦਾ ਰੋਗ ਹੋਵੇ ਜਾਂ ਜਿਸ ਦਾ ਜਿਸਮ ਵਿੱਚੋਂ ਅਸਾਧਾਰਣ ਦ੍ਰਵ ਰਿਸਦਾ ਹੋਵੇ ਅਤੇ ਉਨ੍ਹਾਂ ਨੂੰ ਉਸ ਬੰਦੇ ਨੂੰ ਵੀ ਦੂਰ ਰੱਖਣ ਲਈ ਆਖ ਜੋ ਕਿ ਕਿਸੇ ਲੋਥ ਕਾਰਣ ਨਾਪਾਕ ਹੋ ਗਿਆ ਹੋਵੇ। 3ਇਸ ਨਾਲ ਕੋਈ ਫ਼ਰਕ ਨਹੀਂ ਪੈਂਦਾ ਕਿ ਉਹ ਬੰਦਾ ਆਦਮੀ ਹੈ ਜਾਂ ਔਰਤ, ਉਨ੍ਹਾਂ ਨੂੰ ਆਪਣੇ ਡੇਰੇ ਵਿੱਚੋਂ ਬਾਹਰ ਕੱਢ ਦਿਉ। ਉਨ੍ਹਾਂ ਨੂੰ ਇਸ ਲਈ ਦੂਰ ਕਰ ਦਿਉ ਤਾਂ ਜੋ ਉਹ ਰੋਗੀ ਬਿਮਾਰੀ ਨਾ ਫ਼ੈਲਾ ਸਕਣ। ਮੈਂ ਤੁਹਾਡੇ ਡੇਰੇ ਵਿੱਚ ਤੁਹਾਡੇ ਅੰਗ-ਸੰਗ ਹਾਂ।"

4ਇਸ ਲਈ ਇਸਰਾਏਲ ਦੇ ਲੋਕਾਂ ਨੇ ਪਰਮੇਸ਼ੁਰ ਦਾ ਆਦੇਸ਼ ਮੰਨਿਆ। ਉਨ੍ਹਾਂ ਨੇ ਉਨ੍ਹਾਂ ਲੋਕਾਂ ਨੂੰ ਡੇਰੇ ਤੋਂ ਬਾਹਰ ਭੇਜ ਦਿੱਤਾ। ਉਨ੍ਹਾਂ ਨੇ ਉਹੀ ਕੀਤਾ ਜੋ ਯਹੋਵਾਹ ਨੇ ਮੂਸਾ ਨੂੰ ਆਦੇਸ਼ ਦਿੱਤਾ ਸੀ।

## ਗਲਤ ਕਰਨ ਦੀ ਅਦਾਇਗੀ

5ਯਹੋਵਾਹ ਨੇ ਮੂਸਾ ਨੂੰ ਆਖਿਆ, 6"ਇਸਰਾਏਲ ਦੇ ਲੋਕਾਂ ਨੂੰ ਇਹ ਆਖ ਹੋ ਸਕਦਾ ਹੈ ਕਿ ਕੋਈ ਬੰਦਾ ਕਿਸੇ ਦੂਸਰੇ ਦਾ ਬੁਰਾ ਕਰੇ (ਜਦੋਂ ਕੋਈ ਹੋਰਨਾਂ ਲੋਕਾਂ ਦਾ ਬੁਰਾ ਕਰਦਾ ਹੈ ਤਾਂ ਅਸਲ ਵਿੱਚ ਉਹ ਪਰਮੇਸ਼ੁਰ ਦੇ ਖਿਲਾਫ਼ ਪਾਪ ਕਰ ਰਿਹਾ ਹੈ।) ਉਹ ਬੰਦਾ ਦੋਸ਼ੀ ਹੈ। 7ਇਸ ਲਈ ਉਸ ਵਿਅਕਤੀ ਨੂੰ ਆਪਣੀ ਗਲਤੀ ਨੂੰ ਕਬੂਲ ਕਰ ਲੈਣਾ ਚਾਹੀਦਾ ਹੈ। ਫ਼ੇਰ ਉਸ ਨੂੰ ਆਪਣੇ ਬੁਰੇ ਕੰਮ ਦਾ ਪੂਰਾ ਇਵਜ਼ਾਨਾ ਦੇਣਾ ਚਾਹੀਦਾ ਹੈ। ਉਹ ਉਸ ਰਕਮ ਵਿੱਚ ਪੰਜਵਾ ਹਿੱਸਾ ਹੋਰ ਜਮ੍ਹਾ ਕਰਕੇ ਉਸ ਬੰਦੇ ਨੂੰ ਸਾਰੀ ਰਕਮ ਦੇ ਦੇਵੇ ਜਿਸ ਦਾ ਉਸ ਨੇ ਬੁਰਾ ਕੀਤਾ ਹੈ। 8ਪਰ ਹੋ ਸਕਦਾ ਹੈ ਕਿ ਉਸ ਨੇ ਜਿਸ ਬੰਦੇ ਦਾ ਬੁਰਾ ਕੀਤਾ ਸੀ ਉਹ ਮਰ ਚੁੱਕਿਆ ਹੋਵੇ। ਅਤੇ ਸ਼ਾਇਦ ਉਸ ਮਰੇ ਹੋਏ ਬੰਦੇ ਦਾ ਕੋਈ ਨਜ਼ਦੀਕੀ ਰਿਸ਼ਤੇਦਾਰ ਵੀ ਰਕਮ ਲੈਣ ਵਾਲਾ ਨਾ ਹੋਵੇ। ਇਸ ਹਾਲਤ ਵਿੱਚ ਉਹ ਬੰਦਾ ਜਿਸਨੇ ਬੁਰਾ ਕੀਤਾ ਸੀ ਯਹੋਵਾਹ ਨੂੰ ਦੇਵੇਗਾ। ਉਹ ਬੰਦਾ ਜਾਜਕ ਨੂੰ ਪੂਰਾ ਇਵਜ਼ਾਨਾ ਦੇਵੇਗਾ। ਜਾਜਕ ਨੂੰ ਚਾਹੀਦਾ ਹੈ ਕਿ ਉਹ ਉਸ ਭੇਡ ਦੀ ਬਲੀ ਚੜ੍ਹਾਵੇ ਜਿਹੜੀ ਲੋਕਾਂ ਨੂੰ ਪਵਿੱਤਰ ਕਰਦੀ ਹੈ। ਇਸ ਭੇਡ ਦੀ ਬਲੀ ਬੁਰਾ ਕਰਨ ਵਾਲੇ ਦੇ ਪਾਪਾਂ ਨੂੰ ਢੱਕਣ ਲਈ ਚੜ੍ਹਾਉਣੀ ਚਾਹੀਦੀ ਹੈ। ਪਰ ਬਾਕੀ ਦੀ ਰਕਮ ਜਾਜਕ ਖੁਦ ਰੱਖ ਸਕਦਾ ਹੈ।

9"ਜੇ ਇਸਰਾਏਲ ਦੇ ਲੋਕਾਂ ਵਿੱਚੋਂ ਕੋਈ ਜਣਾ ਪਰਮੇਸ਼ੁਰ ਨੂੰ ਖਾਸ ਸੁਗਾਤ ਭੇਟ ਕਰਦਾ ਹੈ ਤਾਂ ਉਹ ਜਾਜਕ ਜਿਹੜਾ ਉਸ ਸੁਗਾਤ ਨੂੰ ਪ੍ਰਵਾਨ ਕਰਦਾ ਹੈ ਉਹ ਉਸ ਨੂੰ ਰੱਖ ਸਕਦਾ ਹੈ। ਇਹ ਉਸੇ ਦੀ ਹੈ। 10ਕਿਸੇ ਬੰਦੇ ਲਈ ਇਹ ਖਾਸ ਸੁਗਾਤਾਂ ਦੇਣੀਆਂ ਜ਼ਰੂਰੀ ਨਹੀਂ। ਪਰ ਜੇ ਉਹ ਦਿੰਦਾ ਹੈ ਤਾਂ ਸੁਗਾਤਾਂ ਜਾਜਕ ਦੀਆਂ ਹਨ।"

## ਸ਼ੱਕੀ ਸੁਭਾ ਵਾਲੇ ਪਤੀ

11ਫ਼ੇਰ ਯਹੋਵਾਹ ਨੇ ਮੂਸਾ ਨੂੰ ਆਖਿਆ, 12"ਇਸਰਾਏਲ ਦੇ ਲੋਕਾਂ ਨੂੰ ਇਹ ਗੱਲਾਂ ਆਖ: ਹੋ ਸਕਦਾ ਹੈ ਕਿਸੇ ਬੰਦੇ ਦੀ ਪਤਨੀ ਉਸ ਨਾਲ ਬੇਵਫ਼ਾਈ ਕਰੇ। 13ਹੋ ਸਕਦਾ ਹੈ ਕਿ ਉਸ ਦੇ ਕਿਸੇ ਦੂਸਰੇ ਆਦਮੀ ਨਾਲ ਜਿਨਸੀ ਸੰਬੰਧ ਹੋਣ ਅਤੇ ਇਸ ਨੂੰ ਉਹ ਆਪਣੇ ਪਤੀ ਕੋਲੋਂ ਛੁਪਾਵੇ। ਅਤੇ ਹੋ ਸਕਦਾ ਹੈ ਕਿ ਉਸ ਨੂੰ ਇਹ ਦੱਸਣ ਵਾਲਾ ਕੋਈ ਨਾ ਹੋਵੇ ਕਿ ਉਸ ਨੇ ਇਹ ਪਾਪ ਕੀਤਾ ਹੈ। ਉਸ ਦਾ ਪਤੀ ਸ਼ਾਇਦ ਕਦੇ ਵੀ ਉਸ ਦੇ ਕੀਤੇ ਹੋਏ ਬੁਰੇ ਕੰਮ ਬਾਰੇ ਨਾ ਜਾਣੇ। ਅਤੇ ਹੋ ਸਕਦਾ ਹੈ ਕਿ ਉਹ ਔਰਤ ਆਪਣੇ ਪਤੀ ਨੂੰ ਆਪਣੇ ਪਾਪ ਬਾਰੇ ਨਾ ਦੱਸੇ। 14ਪਰ ਹੋ ਸਕਦਾ ਹੈ ਕਿ ਪਤੀ ਇਸ ਬਾਰੇ ਸ਼ੱਕ ਕਰਨ ਲੱਗ ਪਵੇ ਕਿ ਉਸ ਦੀ ਪਤਨੀ ਨੇ ਉਸ ਦੇ ਖਿਲਾਫ਼ ਪਾਪ ਕੀਤਾ ਹੈ। ਉਹ ਸ਼ਾਇਦ ਈਰਖਾ ਕਰਨ ਲੱਗ ਜਾਵੇ। ਸ਼ਾਇਦ ਉਹ ਵਿਸ਼ਵਾਸ ਕਰਨ ਲੱਗ ਜਾਵੇ ਕਿ ਉਹ ਪਵਿੱਤਰ ਨਹੀਂ ਹੈ ਅਤੇ ਉਸ ਨਾਲ ਸੱਚੀ ਨਹੀਂ ਹੈ। 15ਜੇ ਅਜਿਹਾ ਹੋ ਜਾਵੇ, ਤਾਂ ਉਸ ਨੂੰ ਚਾਹੀਦਾ ਹੈ ਕਿ ਆਪਣੀ ਪਤਨੀ ਨੂੰ ਜਾਜਕ ਕੋਲ ਲੈ ਜਾਵੇ। ਪਤੀ ਨੂੰ ਵੀ ਜੌਂਆਂ ਦੇ ਆਟੇ ਦੇ 8 ਕੱਪ ਭੇਟ ਵਜੋਂ ਲੈ ਜਾਣੇ ਚਾਹੀਦੇ ਹਨ। ਉਹ ਜੌਂਆਂ ਦੇ ਆਟੇ ਉੱਤੇ ਤੇਲ ਜਾਂ ਧੂਫ਼ ਨਾ ਪਾਵੇ। ਇਹ ਜੌਂਆ ਦਾ ਆਟਾ ਯਹੋਵਾਹ ਲਈ ਅਨਾਜ ਦੀ ਭੇਟ ਹੈ। ਇਹ ਇਸ ਲਈ ਦਿੱਤਾ ਗਿਆ ਹੈ ਕਿ ਪਤੀ ਈਰਖਾਲੂ ਹੈ। ਇਹ ਭੇਟ ਇਹ ਵਿਖਾਵੇਗੀ ਕਿ ਇਸ ਨੂੰ ਇਹ ਵਿਸ਼ਵਾਸ ਹੈ ਕਿ ਉਸ ਦੀ ਪਤਨੀ ਨੇ ਉਸ ਨਾਲ ਬੇਵਫ਼ਾਈ ਕੀਤੀ ਹੈ।

16"ਜਾਜਕ ਔਰਤ ਨੂੰ ਯਹੋਵਾਹ ਦੇ ਸਨਮੁੱਖ ਲੈ ਜਾਵੇਗਾ ਅਤੇ ਉਸ ਨੂੰ ਉੱਥੇ ਯਹੋਵਾਹ ਦੇ ਸਾਹਮਣੇ ਖੜੀ ਕਰੇਗਾ। 17ਫ਼ੇਰ ਜਾਜਕ ਕੁਝ ਖਾਸ ਪਾਣੀ ਲਵੇਗਾ ਅਤੇ ਇਸ ਨੂੰ ਮਿੱਟੀ ਦੇ ਭਾਂਡੇ ਵਿੱਚ ਪਾਵੇਗਾ। ਜਾਜਕ ਪਵਿੱਤਰ ਤੰਬੂ ਦੇ ਫ਼ਰਸ਼ ਦੀ ਥੋੜੀ ਜਿਹੀ ਮਿੱਟੀ ਪਾਣੀ ਵਿੱਚ ਪਾ ਦੇਵੇਗਾ। 18ਜਾਜਕ ਔਰਤ ਨੂੰ ਯਹੋਵਾਹ ਦੇ ਸਾਹਮਣੇ ਖੜ੍ਹਾ ਹੋਣ ਲਈ ਮਜ਼ਬੂਰ ਕਰੇਗਾ। ਫ਼ੇਰ ਉਹ ਉਸ ਦੇ ਵਾਲ ਖੋਲ੍ਹ ਦੇਵੇਗਾ ਅਤੇ ਅਨਾਜ ਦੀ ਭੇਟ ਉਸ ਦੇ ਹੱਥ ਉੱਤੇ ਪਾ ਦੇਵੇਗਾ। ਇਹ ਉਹੀ ਜੌਂਆ ਦਾ ਆਟਾ ਹੈ ਜਿਹੜਾ ਉਸ ਦੇ ਪਤੀ ਨੇ ਦਿੱਤਾ ਸੀ ਕਿਉਂਕਿ ਉਹ ਈਰਖਾਲੂ ਹੋ ਗਿਆ ਸੀ। ਉਸ ਵਕਤ ਉਹ ਕੌੜੇ ਪਾਣੀ ਵਾਲਾ ਭਾਂਡਾ ਫ਼ੜੇਗਾ, ਜੋ ਸਰਾਪ ਲਿਆਉਂਦਾ ਹੈ।

19"ਫ਼ੇਰ ਜਾਜਕ ਔਰਤ ਨੂੰ ਆਖੇਗਾ ਕਿ ਉਸ ਨੂੰ ਝੂਠ ਨਹੀਂ ਬੋਲਣਾ ਚਾਹੀਦਾ ਉਸ ਨੂੰ ਸੱਚ ਬੋਲਣ ਦਾ ਇਕਰਾਰ ਕਰਨਾ ਚਾਹੀਦਾ ਹੈ। ਜਾਜਕ ਉਸ ਨੂੰ ਆਖੇਗਾ: 'ਜੇ ਤੂੰ ਕਿਸੇ ਹੋਰ ਆਦਮੀ ਨਾਲ ਨਹੀਂ ਸੁੱਤੀ, ਅਤੇ ਜੇ ਤੂੰ ਆਪਣੇ ਵਿਆਹੁਤਾ ਜੀਵਨ ਵਿੱਚ ਆਪਣੇ ਪਤੀ ਨਾਲ ਬੇਵਫ਼ਾਈ ਨਹੀਂ ਕੀਤੀ, ਤਾਂ ਇਹ ਪਾਣੀ ਜਿਹੜਾ ਮੁਸੀਬਤ ਪੈਦਾ ਕਰਦਾ ਹੈ, ਤੈਨੂੰ ਨੁਕਸਾਨ ਨਹੀਂ ਪਹੁੰਚਾਏਗਾ। 20ਪਰ ਜੇ ਤੂੰ ਆਪਣੇ ਪਤੀ ਦੇ ਖਿਲਾਫ਼ ਪਾਪ ਕੀਤਾ ਹੈ ਜੇ ਤੂੰ ਉਸ ਆਦਮੀ ਨਾਲ ਜਿਨਸੀ ਸੰਬੰਧ ਰੱਖੇ ਹਨ ਜਿਹੜਾ ਤੇਰਾ ਪਤੀ ਨਹੀਂ ਹੈ ਫ਼ੇਰ ਤੂੰ ਪਵਿੱਤਰ ਨਹੀਂ ਹੈ। 21ਜੇ ਇਹ ਗੱਲ ਸੱਚ ਹੈ, ਫ਼ੇਰ ਤੂੰ ਬਹੁਤ ਦੁੱਖ ਭੋਗੇਂਗੀ ਜਦੋਂ ਤੂੰ ਇਹ ਖਾਸ ਪਾਣੀ ਪੀਵੇਂਗੀ। ਤੂੰ ਕੋਈ ਔਲਾਦ ਪੈਦਾ ਨਹੀਂ ਕਰ ਸੱਕੇਂਗੀ। ਅਤੇ ਜੇ ਤੂੰ ਹੁਣ ਗਰਭਵਤੀ ਹੈ ਤਾਂ ਤੇਰਾ ਬੱਚਾ ਗਿਰ ਜਾਵੇਗਾ। ਤਾਂ ਤੇਰੇ ਲੋਕ ਤੈਨੂੰ ਛੱਡ ਦੇਣਗੇ ਅਤੇ ਤੇਰੇ ਬਾਰੇ ਬੁਰਾ ਬੋਲਣਗੇ।'

"ਫ਼ੇਰ ਜਾਜਕ ਨੂੰ ਉਸ ਔਰਤ ਨੂੰ ਯਹੋਵਾਹ ਅੱਗੇ ਇੱਕ ਖਾਸ ਇਕਰਾਰ ਕਰਨ ਲਈ ਆਖਣਾ ਚਾਹੀਦਾ ਹੈ। ਔਰਤ ਇਸ ਬਾਰੇ ਸਹਿਮਤ ਹੋਣੀ ਚਾਹੀਦੀ ਹੈ ਕਿ ਜੇ ਉਹ ਝੂਠ ਬੋਲੇ ਤਾਂ ਇਹ ਬੁਰੀਆਂ ਗੱਲਾਂ ਉਸ ਨਾਲ ਵਾਪਰਨਗੀਆਂ। 22ਜਾਜਕ ਨੂੰ ਆਖਣਾ ਚਾਹੀਦਾ

ਹੈ, 'ਤੈਨੂੰ ਇਹ ਪਾਣੀ ਜ਼ਰੂਰ ਪੀਣਾ ਚਾਹੀਦਾ ਹੈ ਜਿਹੜਾ ਮੁਸੀਬਤ ਦਿੰਦਾ ਹੈ। ਜੇ ਤੂੰ ਪਾਪ ਕੀਤਾ ਹੈ ਤਾਂ ਤੂੰ ਬੱਚੇ ਪੈਦਾ ਕਰਨ ਦੇ ਯੋਗ ਨਹੀਂ ਰਹੇਂਗੀ ਅਤੇ ਜਿਹੜਾ ਬੱਚਾ ਤੇਰੇ ਗਰਭ ਵਿੱਚ ਹੈ ਉਹ ਜੰਮਣ ਤੋਂ ਪਹਿਲਾ ਹੀ ਮਰ ਜਾਵੇਗਾ।' ਅਤੇ ਔਰਤ ਨੂੰ ਆਖਣਾ ਚਾਹੀਦਾ ਹੈ: 'ਜੋ ਤੁਸੀਂ ਆਖਦੇ ਹੋ ਮੈਂ ਕਰਨ ਲਈ ਸਹਿਮਤ ਹਾਂ।'

23"ਜਾਜਕ ਨੂੰ ਇਹ ਚੇਤਾਵਨੀਆਂ ਸੂਚੀ ਉੱਤੇ ਲਿਖ ਦੇਣੀਆਂ ਚਾਹੀਦੀਆਂ ਹਨ। ਫ਼ੇਰ ਉਸ ਨੂੰ ਇਨ੍ਹਾਂ ਸ਼ਬਦਾ ਨੂੰ ਪਾਣੀ ਵਿੱਚ ਘੋਲ ਦੇਣਾ ਚਾਹੀਦਾ ਹੈ।
24ਫ਼ੇਰ ਉਸ ਔਰਤ ਨੂੰ ਉਹ ਪਾਣੀ ਪੀਣਾ ਚਾਹੀਦਾ ਹੈ ਜਿਹੜਾ ਮੁਸੀਬਤ ਲਿਆਉਂਦਾ ਹੈ। ਇਹ ਪਾਣੀ ਉਸ ਵਿੱਚ ਦਾਖਲ ਹੋ ਜਾਵੇਗਾ, ਅਤੇ ਜੇ ਉਹ ਦੋਸ਼ੀ ਹੈ, ਤਾਂ ਇਹ ਉਸ ਨੂੰ ਬਹੁਤ ਦੁੱਖ ਦੇਵੇਗਾ।

25"ਫ਼ੇਰ ਜਾਜਕ ਉਸ ਕੋਲੋਂ ਅਨਾਜ ਦੀ ਭੇਟ (ਈਰਖਾ ਦੀ ਭੇਟ) ਲੈ ਲਵੇਗਾ ਅਤੇ ਇਸ ਨੂੰ ਯਹੋਵਾਹ ਅੱਗੇ ਉੱਚਾ ਚੁੱਕੇਗਾ ਅਤੇ ਇਸ ਨੂੰ ਜਗਵੇਦੀ ਕੋਲ ਲਿਆਵੇਗਾ।
26ਜਾਜਕ ਆਪਣੇ ਹੱਥਾਂ ਵਿੱਚ ਕੁਝ ਅਨਾਜ ਲਵੇਗਾ ਅਤੇ ਇਸ ਨੂੰ ਜਗਵੇਦੀ ਉੱਤੇ ਰੱਖ ਦੇਵੇਗਾ ਅਤੇ ਇਸ ਨੂੰ ਸਾੜ ਦੇਵੇਗਾ। ਇਸ ਤੋਂ ਮਗਰੋਂ ਉਹ ਔਰਤ ਨੂੰ ਪਾਣੀ ਪੀਣ ਲਈ ਆਖੇਗਾ।
27ਜੇ ਉਸ ਔਰਤ ਨੇ ਆਪਣੇ ਪਤੀ ਦੇ ਖਿਲਾਫ਼ ਪਾਪ ਕੀਤਾ ਹੈ। ਤਾਂ ਪਾਣੀ ਉਸ ਨੂੰ ਮੁਸੀਬਤ ਵਿੱਚ ਪਾਵੇਗਾ। ਪਾਣੀ ਉਸ ਦੇ ਸਰੀਰ ਵਿੱਚ ਜਾਵੇਗਾ ਅਤੇ ਬਹੁਤ ਦੁੱਖ ਦੇਵੇਗਾ। ਜਿਹੜਾ ਵੀ ਬੱਚਾ ਉਸ ਦੇ ਗਰਭ ਵਿੱਚ ਹੋਵੇਗਾ ਉਹ ਜੰਮਣ ਤੋਂ ਪਹਿਲਾਂ ਹੀ ਮਰ ਜਾਵੇਗਾ ਅਤੇ ਉਹ ਫ਼ੇਰ ਕਦੇ ਵੀ ਬੱਚੇ ਪੈਦਾ ਨਹੀਂ ਕਰ ਸਕੇਗੀ। ਸਾਰੇ ਲੋਕ ਉਸ ਦੇ ਵਿਰੁੱਧ ਹੋ ਜਾਣਗੇ।
28ਪਰ ਜੇ ਉਸ ਔਰਤ ਨੇ ਆਪਣੇ ਪਤੀ ਦੇ ਖਿਲਾਫ਼ ਕੋਈ ਪਾਪ ਨਹੀਂ ਕੀਤਾ ਅਤੇ ਉਹ ਪਵਿੱਤਰ ਹੈ, ਤਾਂ ਜਾਜਕ ਆਖੇਗਾ ਕਿ ਉਹ ਦੋਸ਼ੀ ਨਹੀਂ ਹੈ। ਫ਼ੇਰ ਉਹ ਸਾਧਾਰਣ ਹੋ ਜਾਵੇਗੀ ਅਤੇ ਬੱਚੇ ਪੈਦਾ ਕਰਨ ਦੇ ਯੋਗ ਹੋਵੇਗੀ।

29"ਇਸ ਲਈ ਈਰਖਾ ਦੇ ਬਾਰੇ ਇਹ ਬਿਧੀ ਹੈ। ਇਹੀ ਹੈ ਜੋ ਤੁਹਾਨੂੰ ਉਦੋਂ ਕਰਨਾ ਚਾਹੀਦਾ ਹੈ ਜਦੋਂ ਕੋਈ ਔਰਤ ਆਪਣੇ ਵਿਆਹੁਤਾ ਜੀਵਨ ਵਿੱਚ ਪਤੀ ਦੇ ਖਿਲਾਫ਼ ਪਾਪ ਕਰਦੀ ਹੈ।
30ਜੇਕਰ ਆਦਮੀ ਈਰਖਾਲੂ ਹੈ ਅਤੇ ਸ਼ੱਕ ਕਰਦਾ ਹੈ ਕਿ ਉਸ ਦੀ ਪਤਨੀ ਉਸ ਨਾਲ ਵਫ਼ਾਦਾਰ ਨਹੀਂ ਰਹੀ ਤਾਂ ਇਹੀ ਹੈ ਜੋ ਪਤੀ ਨੂੰ ਕਰਨਾ ਚਾਹੀਦਾ ਹੈ। ਜਾਜਕ ਔਰਤ ਨੂੰ ਯਹੋਵਾਹ ਦੇ ਸਨਮੁੱਖ ਖੜ੍ਹਾ ਹੋਣ ਲਈ ਆਖੇ ਅਤੇ ਇਹ ਸਾਰੀਆਂ ਗੱਲਾਂ ਕਰੇ ਇਹ ਬਿਧੀ ਹੈ।
31ਪਤੀ ਕਿਸੇ ਗਲਤੀ ਦਾ ਦੋਸ਼ੀ ਨਹੀਂ ਹੋਵੇਗਾ। ਪਰ ਔਰਤ ਨੇ ਜੇ ਪਾਪ ਕੀਤਾ ਹੈ ਤਾਂ ਦੁੱਖ ਭੋਗੇਗੀ।"

## ਨਜ਼ੀਰ

6 1ਯਹੋਵਾਹ ਨੇ ਮੂਸਾ ਨੂੰ ਆਖਿਆ,
2"ਇਸਰਾਏਲ ਦੇ ਲੋਕਾਂ ਨੂੰ ਇਹ ਗੱਲਾਂ ਆਖ: ਕੋਈ ਆਦਮੀ ਜਾਂ ਔਰਤ ਸ਼ਾਇਦ ਕੁਝ ਸਮੇਂ ਲਈ ਹੋਰਨਾਂ ਲੋਕਾਂ ਤੋਂ ਵੱਖ ਹੋਣਾ ਚਾਹੇ। ਵੱਖ ਹੋਣ ਦਾ ਇਹ ਖਾਸ ਸਮਾਂ ਉਸ ਬੰਦੇ ਨੂੰ ਕੁਝ ਸਮੇਂ ਲਈ ਪੂਰੀ ਤਰ੍ਹਾਂ ਯਹੋਵਾਹ ਦੇ ਲਈ ਸਮਰਪਿਤ ਹੋਣ ਦੀ ਇਜਾਜ਼ਤ ਦਿੰਦਾ ਹੈ। ਉਹ ਬੰਦਾ ਨਜ਼ੀਰ ਸੱਦਿਆ ਜਾਵੇਗਾ।
3ਉਸ ਸਮੇਂ ਦੌਰਾਨ, ਉਸ ਬੰਦੇ ਨੂੰ ਮੈਅ ਜਾਂ ਇਹੋ ਜਿਹੀ ਹੋਰ ਮੈਅ ਨਹੀਂ ਪੀਣੀ ਚਾਹੀਦੀ ਉਸ ਬੰਦੇ ਨੂੰ ਸਿਰਕਾ ਵੀ ਨਹੀਂ ਪੀਣਾ ਚਾਹੀਦਾ ਜਿਹੜਾ ਮੈਅ ਜਾਂ ਕਿਸੇ ਇਹੋ ਜਿਹੀ ਹੋਰ ਚੀਜ਼ ਤੋਂ ਤਿਆਰ ਕੀਤਾ ਜਾਂਦਾ ਹੈ। ਉਸ ਬੰਦੇ ਨੂੰ ਅੰਗੂਰਾ ਦਾ ਰਸ ਨਹੀਂ ਪੀਣਾ ਚਾਹੀਦਾ। ਅੰਗੂਰ ਜਾਂ ਸੌਗੀ ਨਹੀਂ ਖਾਣੀ ਚਾਹੀਦੀ।
4ਉਸ ਬੰਦੇ ਨੂੰ ਵੱਖ ਹੋਣ ਦੇ ਇਸ ਖਾਸ ਸਮੇਂ ਦੌਰਾਨ ਕੋਈ ਵੀ ਅਜਿਹੀ ਚੀਜ਼ ਨਹੀਂ ਖਾਣੀ ਚਾਹੀਦੀ ਜਿਹੜੀ ਅੰਗੂਰਾਂ ਤੋਂ ਤਿਆਰ ਹੁੰਦੀ ਹੈ। ਉਸ ਬੰਦੇ ਨੂੰ ਅੰਗੂਰਾਂ ਦੇ ਬੀਜ ਜਾਂ ਉਨ੍ਹਾਂ ਦਾ ਛਿਲਕਾ ਵੀ ਨਹੀਂ ਖਾਣਾ ਚਾਹੀਦਾ।

5"ਵੱਖ ਹੋਣ ਦੇ ਇਸ ਸਮੇਂ ਦੌਰਾਨ, ਉਸ ਬੰਦੇ ਦੇ ਸਿਰ ਨੂੰ ਉਸਤਰਾ ਨਹੀਂ ਲੱਗਣਾ ਚਾਹੀਦਾ। ਵੱਖ ਹੋਣ ਦਾ ਇਹ ਸਮਾਂ ਖਤਮ ਹੋਣ ਤੀਕ ਉਸ ਨੂੰ ਆਪਣੇ ਇਕਰਾਰ ਨੂੰ ਸਮਰਪਿਤ ਰਹਿਣਾ ਚਾਹੀਦਾ ਹੈ। ਉਸ ਨੂੰ ਆਪਣੇ ਵਾਲ ਵਧਾਉਣੇ ਚਾਹੀਦੇ ਹਨ। ਉਸ ਦੇ ਵਾਲ ਪਰਮੇਸ਼ੁਰ ਨਾਲ ਉਸ ਦੇ ਇਕਰਾਰ ਦਾ ਖਾਸ ਹਿੱਸਾ ਹਨ। ਉਸ ਨੂੰ ਆਪਣੇ ਵਾਲਾਂ ਨੂੰ ਪਰਮੇਸ਼ੁਰ ਅੱਗੇ ਸੁਗਾਤ ਵਜੋਂ ਭੇਟ ਕਰਨਾ ਚਾਹੀਦਾ।

6"ਇੱਕ ਨਜ਼ੀਰ ਨੂੰ ਵੱਖ ਹੋਣ ਦੇ ਖਾਸ ਸਮੇਂ ਦੌਰਾਨ ਕਦੇ ਵੀ ਮੁਰਦਾ ਜਿਸਮ ਦੇ ਨੇੜੇ ਨਹੀਂ ਜਾਣਾ ਚਾਹੀਦਾ। ਕਿਉਂਕਿ ਉਸ ਬੰਦੇ ਨੇ ਆਪਣੇ-ਆਪ ਨੂੰ ਪੂਰੀ ਤਰ੍ਹਾਂ ਯਹੋਵਾਹ ਨੂੰ ਸੌਂਪਿਆ ਹੋਇਆ ਹੈ।
7ਜੇ ਭਾਵੇਂ ਉਸ ਦਾ ਆਪਣਾ ਪਿਤਾ, ਮਾਂ ਭਰਾ ਜਾਂ ਭੈਣ ਵੀ ਮਰ ਜਾਵੇ, ਉਸ ਨੂੰ ਉਨ੍ਹਾਂ ਨੂੰ ਨਹੀਂ ਛੂਹਣਾ ਚਾਹੀਦਾ। ਇਸ ਨਾਲ ਉਹ ਅਪਵਿੱਤਰ ਹੋ ਜਾਵੇਗਾ। ਉਸ ਨੂੰ ਇਹ ਜ਼ਰੂਰ ਵਿਖਾਉਣਾ ਚਾਹੀਦਾ ਹੈ ਕਿ ਉਹ ਵੱਖ ਹੋ ਗਿਆ ਹੈ ਅਤੇ ਉਸ ਨੇ ਆਪਣੇ-ਆਪ ਨੂੰ ਪੂਰੀ ਤਰ੍ਹਾਂ ਪਰਮੇਸ਼ੁਰ ਨੂੰ ਸੌਂਪ ਦਿੱਤਾ ਹੈ।
8ਉਸ ਦੇ ਵੱਖ ਹੋਣ ਦੇ ਪੂਰੇ ਸਮੇਂ ਦੌਰਾਨ ਉਹ ਆਪਣੇ-ਆਪ ਨੂੰ ਪੂਰੀ ਤਰ੍ਹਾਂ ਯਹੋਵਾਹ ਨੂੰ ਸੌਂਪ ਰਿਹਾ ਹੁੰਦਾ ਹੈ।
9ਹੋ ਸਕਦਾ ਹੈ ਕਿ ਨਜ਼ੀਰ ਕਿਸੇ ਅਜਿਹੇ ਬੰਦੇ ਦੇ ਨਾਲ ਹੈ ਜਿਹੜਾ ਅਚਾਨਕ ਮਰ ਜਾਂਦਾ ਹੈ। ਜੇ ਉਹ ਨਜ਼ੀਰ ਉਸ ਮੁਰਦਾ ਬੰਦੇ ਨੂੰ ਛੂੰਹਦਾ ਹੈ ਤਾਂ ਉਹ ਅਪਵਿੱਤਰ ਹੋ ਜਾਵੇਗਾ। ਜੇ ਅਜਿਹਾ ਹੁੰਦਾ ਹੈ ਤਾਂ ਨਜ਼ੀਰ ਨੂੰ ਆਪਣਾ ਸਿਰ ਮੁਨਾ ਲੈਣਾ ਚਾਹੀਦਾ ਹੈ। (ਉਹ ਵਾਲ ਉਸ ਦੇ ਖਾਸ ਇਕਰਾਰ ਦਾ ਹਿੱਸਾ ਸਨ।) ਉਸ ਨੂੰ ਆਪਣੇ ਵਾਲ ਸੱਤਵੇਂ ਦਿਨ ਮੁਨਾ ਲੈਣੇ ਚਾਹੀਦੇ ਹਨ, ਕਿਉਂਕਿ ਉਸ ਦਿਨ ਉਹ ਪਵਿੱਤਰ ਬਣਾਇਆ ਜਾਵੇਗਾ।
10ਫ਼ੇਰ 8ਵੇਂ ਦਿਨ ਉਸ ਨਜ਼ੀਰ ਨੂੰ ਦੋ ਘੁੱਗੀਆਂ ਜਾਂ ਦੋ ਕਬੂਤਰ ਦੇ ਬੱਚੇ ਜਾਜਕ ਕੋਲ ਲੈ ਕੇ ਆਉਣਾ ਚਾਹੀਦਾ ਹੈ। ਉਸ ਨੂੰ ਇਹ ਮੰਡਲੀ ਵਾਲੇ ਤੰਬੂ ਦੇ ਪ੍ਰਵੇਸ਼ ਉੱਤੇ ਜਾਜਕ ਨੂੰ ਦੇ ਦੇਣੇ ਚਾਹੀਦੇ ਹਨ।
11ਫ਼ੇਰ ਜਾਜਕ ਇੱਕ ਨੂੰ ਪਾਪ ਦੀ ਭੇਟ ਵਜੋਂ ਭੇਟ ਕਰੇਗਾ। ਉਹ ਦੂਸਰੇ ਨੂੰ ਹੋਮ ਦੀ ਭਟ ਵਜੋਂ ਭੇਟ ਕਰੇਗਾ। ਹੋਮ ਦੀ ਭੇਟ ਨਜ਼ੀਰ ਦੇ ਪਾਪ ਦਾ ਇਵਜ਼ਾਨਾ ਹੋਵੇਗਾ। (ਉਸ ਨੇ ਪਾਪ ਕੀਤਾ ਸੀ ਕਿਉਂਕਿ ਉਹ ਇੱਕ ਮੁਰਦਾ ਬੰਦੇ ਦੇ ਨੇੜੇ ਸੀ।) ਉਸ ਸਮੇਂ, ਉਹ ਵਿਅਕਤੀ ਇੱਕ ਵਾਰ ਫ਼ੇਰ ਆਪਣੇ ਸਿਰ ਦੇ ਵਾਲਾਂ ਨੂੰ ਪਰਮੇਸ਼ੁਰ ਅੱਗੇ ਸੁਗਾਤ ਵਜੋਂ ਭੇਟ ਕਰਨ ਦਾ ਇਕਰਾਰ ਕਰੇਗਾ।
12ਇਸ ਦਾ ਮਤਲਬ ਇਹ ਹੈ ਕਿ ਉਹ ਬੰਦਾ ਯਹੋਵਾਹ ਦੀ ਸੇਵਾ ਵਿੱਚ ਇੱਕ ਵਾਰ ਲਈ ਫ਼ੇਰ ਆਪਣੇ ਵੱਖ ਹੋਣ ਦੇ ਸਮੇਂ ਦਾ ਪਾਲਣ ਕਰੇਗਾ। ਉਸ ਨੂੰ ਇੱਕ ਸਾਲ ਦਾ ਲੇਲਾ ਲਿਆ ਕੇ ਇਸ ਨੂੰ ਆਪਣੇ ਪਾਪ ਲਈ ਬਲੀ ਵਜੋਂ ਚੜ੍ਹਾਉਣਾ ਚਾਹੀਦਾ। ਉਹ ਸਾਰੇ ਦਿਨ ਜਦੋਂ ਉਹ ਵੱਖ ਕੀਤਾ ਗਿਆ ਸੀ ਭੁਲਾ ਦਿੱਤੇ ਜਾਣਗੇ। ਉਸ ਨੂੰ ਆਪਣਾ ਵੱਖ ਹੋਣ ਦਾ ਸਮਾਂ ਇੱਕ ਵਾਰੇ ਫ਼ੇਰ ਸ਼ੁਰੂ ਕਰਨਾ ਚਾਹੀਦਾ ਹੈ।

13"ਜਦੋਂ ਵੱਖ ਹੋਣ ਦਾ ਇਹ ਸਮਾਂ ਖਤਮ ਹੋਵੇ, ਨਜ਼ੀਰ ਨੂੰ ਮੰਡਲੀ ਵਾਲੇ ਤੰਬੂ ਦੇ ਪ੍ਰਵੇਸ਼ ਉੱਤੇ ਇੱਕ ਭੇਟ ਲਿਆਉਣੀ ਚਾਹੀਦੀ ਹੈ।
14ਉਸ ਨੂੰ ਆਪਣੀਆਂ ਸੁਗਾਤਾਂ ਯਹੋਵਾਹ ਨੂੰ ਭੇਟ ਕਰਨੀਆਂ ਚਾਹੀਦੀਆਂ ਹਨ:

ਹੋਮ ਦੀ ਭੇਟ ਵਜੋਂ ਨੁਕਸ ਰਹਿਤ ਇੱਕ ਸਾਲ ਦਾ ਲੇਲਾ;
ਪਾਪ ਦੀ ਭੇਟ ਵਜੋਂ ਨੁਕਸ ਰਹਿਤ ਇੱਕ ਸਾਲ ਦੀ ਲੇਲੀ
ਅਤੇ ਸੁੱਖ-ਸਾਂਦ ਦੀ ਭੇਟ ਲਈ ਨੁਕਸ ਰਹਿਤ ਇੱਕ ਭੇਡੂ।
15 ਪਤੀਰੀ ਰੋਟੀ ਦੀ ਇੱਕ ਟੋਕਰੀ (ਤੇਲ ਮਿਲੇ ਬਰੀਕ ਆਟੇ
ਦੀਆਂ ਰੋਟੀਆਂ।) ਇਨ੍ਹਾਂ ਰੋਟੀਆਂ ਉੱਤੇ ਤੇਲ ਜ਼ਰੂਰ
ਲਾਇਆ ਜਾਵੇਗਾ।

ਅਨਾਜ ਦੀਆਂ ਭੇਟਾਂ ਅਤੇ ਪੀਣ ਦੀਆਂ ਭੇਟਾਂ ਜਿਹੜੀਆਂ
ਇਨ੍ਹਾਂ ਸੁਗਾਤਾਂ ਦਾ ਹਿੱਸਾ ਹਨ।

16 "ਜਾਜਕ ਇਹ ਚੀਜ਼ਾਂ ਯਹੋਵਾਹ ਨੂੰ ਅਰਪਨ ਕਰੇਗਾ। ਅਤੇ ਫ਼ੇਰ ਜਾਜਕ ਪਾਪ ਦੀ ਭੇਟ ਅਤੇ ਹੋਮ ਦੀ ਭੇਟ ਤਿਆਰ ਕਰੇਗਾ। 17 ਜਾਜਕ ਪਤੀਰੀ ਰੋਟੀ ਦੀ ਟੋਕਰੀ ਯਹੋਵਾਹ ਨੂੰ ਭੇਟ ਕਰੇਗਾ। ਫ਼ੇਰ ਉਹ ਸੁੱਖ-ਸਾਂਦ ਦੀ ਭੇਟ ਵਜੋਂ ਭੇਡੂ ਨੂੰ ਜ਼ਿਬਾਹ ਕਰੇਗਾ ਅਤੇ ਇਸ ਨੂੰ ਅਨਾਜ ਦੀ ਭੇਟ ਅਤੇ ਪੀਣ ਦੀ ਭੇਟ ਸਮੇਤ ਚੜ੍ਹਾਵੇਗਾ।

18 "ਨਜ਼ੀਰ ਨੂੰ ਮੰਡਲੀ ਵਾਲੇ ਤੰਬੂ ਦੇ ਪ੍ਰਵੇਸ਼ ਵੱਲ ਜਾਣਾ ਚਾਹੀਦਾ ਹੈ। ਉੱਥੇ ਉਸ ਨੂੰ ਆਪਣੇ ਵਾਲ ਜ਼ਰੂਰ ਮਨਾਉਣੇ ਚਾਹੀਦੇ ਹਨ ਜਿਹੜੇ ਉਸ ਨੇ ਯਹੋਵਾਹ ਲਈ ਵੱਧਾਏ ਸਨ। ਉਹ ਵਾਲ ਉਸ ਅੱਗ ਵਿੱਚ ਸੁੱਟੇ ਜਾਣਗੇ ਜਿਹੜੀ ਸੁੱਖ-ਸਾਂਦ ਦੀ ਭੇਟ ਦੇ ਹੇਠਾਂ ਬਲ ਰਹੀ ਹੋਵੇਗੀ।

19 "ਜਦੋਂ ਨਜ਼ੀਰ ਆਪਣੇ ਵਾਲ ਮੁਨਾ ਲਵੇ, ਤਾਂ ਜਾਜਕ ਉਸ ਨੂੰ ਭੇਡੂ ਦਾ ਉਬਾਲਿਆ ਹੋਇਆ ਕੰਧਾ ਦੇਵੇਗਾ ਅਤੇ ਟੋਕਰੀ ਵਿੱਚੋਂ ਇੱਕ ਛੋਟੀ ਅਤੇ ਵੱਡੀ ਰੋਟੀ ਦੇਵੇਗਾ। ਇਹ ਦੋਵੇਂ ਰੋਟੀਆਂ ਖਮੀਰ ਤੋਂ ਬਿਨਾਂ ਬਣੀਆ ਹਨ। 20 ਫ਼ੇਰ ਜਾਜਕ ਇਨ੍ਹਾਂ ਚੀਜ਼ਾਂ ਨੂੰ ਯਹੋਵਾਹ ਅੱਗੇ ਹਿਲਾਵੇਗਾ ਇਹ ਹਿਲਾਉਣ ਦੀ ਭੇਟ ਹੈ ਇਹ ਚੀਜ਼ਾਂ ਪਵਿੱਤਰ ਹਨ ਅਤੇ ਜਾਜਕ ਦੀਆਂ ਹਨ। ਅਤੇ ਭੇਡੂ ਦਾ ਸੀਨਾ ਅਤੇ ਪੱਟ ਯਹੋਵਾਹ ਅੱਗੇ ਹਿਲਾਏ ਜਾਣਗੇ। ਇਹ ਚੀਜ਼ਾਂ ਜਾਜਕ ਦੀਆਂ ਹਨ। ਇਸ ਤੋਂ ਬਾਦ ਨਜ਼ੀਰ ਮੈਅ ਪੀ ਸਕਦਾ ਹੈ।

21 "ਇਹ ਬਿਧੀਆਂ ਉਸ ਬੰਦੇ ਲਈ ਹਨ ਜਿਹੜਾ ਨਜ਼ੀਰ ਦਾ ਇਕਰਾਰ ਕਰਨ ਦਾ ਫ਼ੈਸਲਾ ਕਰਦਾ ਹੈ ਉਸ ਬੰਦੇ ਨੂੰ ਯਹੋਵਾਹ ਨੂੰ ਉਹ ਸਾਰੀਆਂ ਸੁਗਾਤਾਂ ਦੇਣੀਆਂ ਚਾਹੀਦੀਆਂ ਹਨ। ਪਰ ਹੋ ਸਕਦਾ ਹੈ ਕਿ ਕੋਈ ਬੰਦਾ ਇਸ ਨਾਲੋਂ ਬਹੁਤ ਵੱਧ ਯਹੋਵਾਹ ਨੂੰ ਦੇ ਸਕਦਾ ਹੋਵੇ। ਜੇ ਕੋਈ ਬੰਦਾ ਵਧੇਰੇ ਕਰਨ ਦਾ ਇਕਰਾਰ ਕਰਦਾ ਹੈ ਤਾਂ ਉਸ ਨੂੰ ਆਪਣਾ ਇਕਰਾਰ ਪੂਰਾ ਕਰਨਾ ਚਾਹੀਦਾ ਹੈ। ਪਰ ਉਸ ਨੂੰ ਚਾਹੀਦਾ ਹੈ ਕਿ ਘੱਟੋ-ਘੱਟ ਉਹ ਚੀਜ਼ਾਂ ਜ਼ਰੂਰ ਦੇਵੇ ਜਿਹੜੀਆਂ ਨਜ਼ੀਰ ਦੇ ਇਕਰਾਰ ਦੀਆਂ ਬਿਧੀਆਂ ਦੀ ਸੂਚੀ ਵਿੱਚ ਦਰਜ ਹਨ।"

## ਜਾਜਕਾਂ ਦੀਆਂ ਅਸੀਸਾਂ

22 ਯਹੋਵਾਹ ਨੇ ਮੂਸਾ ਨੂੰ ਆਖਿਆ, 23 "ਹਾਰੂਨ ਅਤੇ ਉਸ ਦੇ ਪੁੱਤਰਾਂ ਨੂੰ ਆਖ ਕਿ ਇਹ ਤਰੀਕਾ ਹੈ ਜਿਸ ਦੇ ਅਨੁਸਾਰ ਉਨ੍ਹਾਂ ਨੂੰ ਇਸਰਾਏਲ ਦੇ ਲੋਕਾਂ ਨੂੰ ਅਸੀਸ ਦੇਣੀ ਚਾਹੀਦੀ ਹੈ। ਉਨ੍ਹਾਂ ਨੂੰ ਆਖਣਾ ਚਾਹੀਦਾ ਹੈ:

24 'ਯਹੋਵਾਹ ਤੁਹਾਨੂੰ ਅਸੀਸ, ਦੇਵੇ ਅਤੇ ਤੁਹਾਡੀ ਰਾਖੀ ਕਰੇ।
25 ਯਹੋਵਾਹ ਤੁਹਾਡੇ ਉੱਪਰ ਮਿਹਰਬਾਨ ਹੋਵੇ ਅਤੇ ਆਪਣੀ
ਮਿਹਰ ਦਰਸਾਵੇ।
26 ਯਹੋਵਾਹ ਤੁਹਾਡੇ ਉੱਤੇ ਕਿਰਪਾ ਦ੍ਰਿਸ਼ਟੀ ਨਾਲ ਵੇਖੇ ਅਤੇ
ਤੁਹਾਨੂੰ ਸ਼ਾਂਤੀ ਦੇਵੇ।'"

27 ਫ਼ੇਰ ਯਹੋਵਾਹ ਨੇ ਆਖਿਆ, "ਇਸ ਤਰ੍ਹਾਂ, ਹਾਰੂਨ ਅਤੇ ਉਸ ਦੇ ਪੁੱਤਰ ਇਸਰਾਏਲ ਦੇ ਲੋਕਾਂ ਨੂੰ ਅਸੀਸਾਂ ਦੇਣ ਲਈ ਮੇਰੇ ਨਾਮ ਦੀ ਵਰਤੋਂ ਕਰਨਗੇ। ਅਤੇ ਮੈਂ ਉਨ੍ਹਾਂ ਨੂੰ ਅਸੀਸ ਦੇਵਾਂਗਾ।"

## ਪਵਿੱਤਰ ਤੰਬੂ ਨੂੰ ਸਮਰਪਨ ਕਰਨਾ

**7** 1 ਮੂਸਾ ਨੇ ਪਵਿੱਤਰ ਤੰਬੂ ਨੂੰ ਸਥਾਪਿਤ ਕਰਨ ਦਾ ਕੰਮ ਮੁਕਾ ਲਿਆ। ਉਸ ਦਿਨ ਉਸ ਨੇ ਇਸ ਨੂੰ ਯਹੋਵਾਹ ਨੂੰ ਸਮਰਪਿਤ ਕੀਤਾ। ਮੂਸਾ ਨੇ ਤੰਬੂ ਅਤੇ ਉਸ ਦੇ ਨਾਲ ਵਰਤੀਆਂ ਜਾਂਦੀਆਂ ਸਾਰੀਆਂ ਚੀਜ਼ਾਂ ਨੂੰ ਮਸਹ ਕੀਤਾ। ਮੂਸਾ ਨੇ ਜਗਵੇਦੀ ਅਤੇ ਉਸ ਦੇ ਨਾਲ ਵਰਤੀਆਂ ਜਾਂਦੀਆਂ ਸਾਰੀਆਂ ਚੀਜ਼ਾਂ ਨੂੰ ਵੀ ਮਸਹ ਕੀਤਾ। ਇਹ ਗੱਲ ਦਰਸਾਉਂਦੀ ਸੀ ਕਿ ਉਨ੍ਹਾਂ ਸਾਰੀਆਂ ਚੀਜ਼ਾਂ ਦੀ ਵਰਤੋਂ ਸਿਰਫ਼ ਯਹੋਵਾਹ ਦੀ ਉਪਾਸਨਾ ਲਈ ਕੀਤੀ ਜਾਵੇਗੀ।

2 ਫ਼ੇਰ ਇਸਰਾਏਲ ਦੇ ਲੋਕਾਂ ਨੇ ਯਹੋਵਾਹ ਨੂੰ ਭੇਟਾ ਚੜ੍ਹਾਈਆਂ। ਇਹ ਆਦਮੀ ਆਪੋ-ਆਪਣੇ ਪਰਿਵਾਰਾਂ ਅਤੇ ਪਰਿਵਾਰ-ਸਮੂਹਾਂ ਦੇ ਆਗੂ ਸਨ। ਇਹ ਉਹੀ ਆਦਮੀ ਸਨ ਜਿਹੜੇ ਲੋਕਾਂ ਦੀ ਗਿਣਤੀ ਕਰਨ ਦੇ ਮੁਖੀਆ ਸਨ। 3 ਇਨ੍ਹਾਂ ਆਗੂਆਂ ਨੇ ਯਹੋਵਾਹ ਲਈ ਸੁਗਾਤਾਂ ਲਿਆਂਦੀਆਂ। ਇਹ ਛੇ ਢਕੇ ਹੋਏ ਗੱਡੇ ਲੈ ਕੇ ਆਏ। ਅਤੇ ਗੱਡਿਆਂ ਨੂੰ ਖਿੱਚਣ ਵਾਲੇ 12 ਬਲਦ ਲੈ ਕੇ ਆਏ (ਇੱਕ ਬਲਦ ਹਰੇਕ ਆਗੂ ਵੱਲੋਂ ਦਿੱਤਾ ਗਿਆ ਅਤੇ ਹਰੇਕ ਆਗੂ ਨੇ ਦੂਸਰੇ ਆਗੂ ਨਾਲ ਰਲ ਕੇ ਇੱਕ ਗੱਡਾ ਦਿੱਤਾ।) ਇਨ੍ਹਾਂ ਆਗੂਆਂ ਨੇ ਇਹ ਚੀਜ਼ਾਂ ਪਵਿੱਤਰ ਤੰਬੂ ਉੱਤੇ ਯਹੋਵਾਹ ਨੂੰ ਦਿੱਤੀਆਂ।

4 ਯਹੋਵਾਹ ਨੇ ਮੂਸਾ ਨੂੰ ਆਖਿਆ, 5 "ਆਗੂਆਂ ਪਾਸੋਂ ਇਹ ਸੁਗਾਤਾਂ ਲੈ। ਇਨ੍ਹਾਂ ਸੁਗਾਤਾਂ ਨੂੰ ਮੰਡਲੀ ਵਾਲੇ ਤੰਬੂ ਦੀ ਸੇਵਾ ਲਈ ਵਰਤਿਆ ਜਾ ਸਕਦਾ ਹੈ। ਇਹ ਸੁਗਾਤਾਂ ਲੇਵੀ ਦੇ ਆਦਮੀਆਂ ਨੂੰ ਦੇਹ। ਇਨ੍ਹਾਂ ਨਾਲ ਉਨ੍ਹਾਂ ਦੇ ਕੰਮ ਵਿੱਚ ਸਹਾਇਤਾ ਮਿਲੇਗੀ।"

6 ਇਸ ਲਈ ਮੂਸਾ ਨੇ ਗੱਡੇ ਅਤੇ ਬਲਦ ਪ੍ਰਵਾਨ ਕਰ ਲਏ। ਉਸ ਨੇ ਇਹ ਚੀਜ਼ਾਂ ਲੇਵੀਆਂ ਨੂੰ ਦੇ ਦਿੱਤੀਆਂ। 7 ਉਸ ਨੇ ਦੋ ਗੱਡੇ ਅਤੇ ਚਾਰ ਬਲਦ ਗੇਰਸ਼ੋਨ ਦੇ ਸਮੂਹ ਦੇ ਆਦਮੀਆਂ ਨੂੰ ਦੇ ਦਿੱਤੇ। ਉਨ੍ਹਾਂ ਨੂੰ ਆਪਣੇ ਕੰਮ ਲਈ ਗੱਡੇ ਅਤੇ ਬਲਦ ਦੀ ਲੋੜ ਸੀ। 8 ਫ਼ੇਰ ਮੂਸਾ ਨੇ ਚਾਰ ਗੱਡੇ ਅਤੇ ਅੱਠ ਬਲਦ ਮਰਾਰੀ ਦੇ ਪਰਿਵਾਰ ਦੇ ਲੋਕਾਂ ਨੂੰ ਦੇ ਦਿੱਤੇ। ਕਿਉਂ ਜੋ ਉਨ੍ਹਾ ਨੂੰ ਇਹ ਆਪਣੇ ਕੰਮ ਲਈ ਲੋੜੀਂਦੇ ਸਨ। ਜਾਜਕ ਹਾਰੂਨ ਦਾ ਪੁੱਤਰ ਈਥਾਮਾਰ ਇਨ੍ਹਾਂ ਸਾਰੇ ਆਦਮੀਆਂ ਦੇ ਕੰਮ ਲਈ ਜ਼ਿੰਮੇਵਾਰ ਸੀ। 9 ਮੂਸਾ ਨੇ ਕਹਾਥ ਸਮੂਹ ਦੇ ਆਦਮੀਆਂ ਨੂੰ ਕੋਈ ਗੱਡੇ ਜਾਂ ਬਲਦ ਨਹੀਂ ਦਿੱਤੇ। ਕਿਉਂਕਿ ਉਨ੍ਹਾਂ ਦਾ ਕੰਮ ਪਵਿੱਤਰ ਚੀਜ਼ਾਂ ਨੂੰ ਮੋਢਿਆਂ ਉੱਤੇ ਚੁੱਕ ਕੇ ਲਿਜਾਣਾ ਸੀ।

10 ਮੂਸਾ ਨੇ ਜਗਵੇਦੀ ਉੱਤੇ ਪਵਿੱਤਰ ਤੇਲ ਛਿੜਕਿਆ। ਉਸੇ ਦਿਨ, ਆਗੂ ਯਹੋਵਾਹ ਲਈ ਜਗਵੇਦੀ ਉੱਤੇ ਸਮਰਪਿਤ ਕਰਨ ਲਈ ਆਪਣੇ ਚੜ੍ਹਾਵੇ ਲਿਆਏ। 11 ਯਹੋਵਾਹ ਨੇ ਮੂਸਾ ਨੂੰ ਆਖਿਆ, "ਹਰ ਰੋਜ਼ ਇੱਕ ਆਗੂ ਨੂੰ ਜਗਵੇਦੀ ਦੇ ਸਮਰਪਣ ਉੱਤੇ ਚੜ੍ਹਾਉਣ ਲਈ ਆਪਣੀ ਸੁਗਾਤ ਲਿਆਉਣੀ ਚਾਹੀਦੀ ਹੈ, ਹਰ ਦਿਨ ਇੱਕ ਆਗੂ।"

12-83 [a] ਬਾਰ੍ਹਾਂ ਆਗੂਆਂ ਵਿੱਚੋਂ ਹਰੇਕ ਆਗੂ ਆਪਣੀਆਂ-ਆਪਣੀਆਂ ਸੁਗਾਤਾਂ ਲਿਆਇਆ। ਸੁਗਾਤਾਂ ਇਹ ਸਨ:

ਹਰੇਕ ਆਗੂ 3 1/4 ਪੌਂਡ ਭਾਰੀ ਇੱਕ ਚਾਂਦੀ ਦੀ ਪਲੇਟ, ਅਤੇ 3 1/4 ਪੌਂਡ ਭਾਰ ਦਾ ਇੱਕ ਚਾਂਦੀ ਦਾ ਕੌਲਾ ਲਿਆਇਆ। ਇਨ੍ਹਾਂ ਦੋਹਾ ਸੁਗਾਤਾਂ ਨੂੰ ਸਰਕਾਰੀ ਨਾਪ ਅਨੁਸਾਰ ਮਾਪਿਆ ਗਿਆ ਸੀ। ਕੌਲਿਆਂ ਅਤੇ ਪਲੇਟਾਂ ਦੋਹਾ ਨੂੰ ਤੇਲ ਮਿਲੇ ਮੈਦੇ ਨਾਲ ਭਰਿਆ ਗਿਆ ਸੀ। ਅਤੇ ਅਨਾਜ ਦੀ ਭੇਟ ਵਜੋਂ ਵਰਤਿਆ ਗਿਆ ਸੀ। ਹਰ ਆਗੂ ਨੇ ਧੂਫ਼ ਨਾਲ ਭਰੀ ਹੋਈ ਸੋਨੇ ਦੀ ਇੱਕ ਵੱਡੀ ਕੜਾਹੀ ਵੀ ਲਿਆਂਦੀ ਜਿਸ ਦਾ ਵਜ਼ਨ ਚਾਰ ਔਂਸ ਸੀ।

ਹਰੇਕ ਆਗੂ ਇੱਕ ਜਵਾਨ ਵਹਿੜਕਾ, ਇੱਕ ਭੇਡੂ ਅਤੇ ਇੱਕ ਸਾਲ ਦੀ ਉਮਰ ਦਾ ਲੇਲਾ ਵੀ ਲੈ ਕੇ ਆਇਆ। ਇਹ ਜਾਨਵਰ ਹੋਮ ਦੀ

[a] *7:12-83* ਇਬਰਾਨੀ ਟੈਕਸਟ ਵਿੱਚ ਹਰ ਆਗੂ ਦੀ ਸੁਗਾਤ ਅਲਗ ਹੀ ਕਰਦਾ ਹੈ। ਪਰ ਹਰ ਸੁਗਾਤ ਲਈ ਟੈਕਸਟ ਇੱਕੋ ਜਿਹੀ ਹੈ, ਇਸ ਲਈ ਸੁਖਾਲੀ ਪੜ੍ਹਾਈ ਕਾਰਣ ਇਸ ਨੂੰ ਮਿਲਾ ਦਿੱਤਾ ਗਿਆ ਹੈ।

ਭੇਟ ਲਈ ਸਨ। ਹਰੇਕ ਆਗੂ ਪਾਪ ਦੀ ਭੇਟ ਵਜੋਂ ਇੱਕ ਬੱਕਰਾ ਵੀ ਲਿਆਇਆ। ਹਰ ਆਗੂ ਦੋ ਬਲਦ, 5 ਭੇਡੂ, 5 ਬੱਕਰੇ ਅਤੇ ਇੱਕ ਸਾਲ ਦੀ ਉਮਰ ਦੇ 5 ਲੇਲਿਆਂ ਨੂੰ ਸੁੱਖ-ਸਾਂਦ ਦੀ ਭੇਟ ਵਜੋਂ ਬਲੀ ਚੜ੍ਹਾਉਣ ਲਈ ਵੀ ਲੈ ਕੇ ਆਇਆ।

ਪਹਿਲੇ ਦਿਨ, ਯਹੂਦਾਹ ਦੇ ਘਰਾਣੇ ਦਾ ਆਗੂ ਅੰਮੀਨਾਦਾਬ ਦਾ ਪੁੱਤਰ ਨਹਸ਼ੋਨ ਆਪਣੀ ਸੁਗਾਤਾਂ ਲੈ ਕੇ ਆਇਆ। ਦੂਸਰੇ ਦਿਨ, ਯਿੱਸਾਕਾਰ ਦਾ ਆਗੂ। ਸੂਆਰ ਦਾ ਪੁੱਤਰ ਨਥਨਿਏਲ ਆਪਣੀਆਂ ਸੁਗਾਤਾਂ ਲੈ ਕੇ ਆਇਆ।

ਤੀਸਰੇ ਦਿਨ, ਜ਼ਬੂਲੁਨ ਦੇ ਲੋਕਾਂ ਦਾ ਆਗੂ, ਹੇਲੋਨ ਦਾ ਪੁੱਤਰ ਅਲੀਆਬ ਆਪਣੀਆਂ ਸੁਗਾਤਾਂ ਲੈ ਕੇ ਆਇਆ।

ਚੌਥੇ ਦਿਨ, ਰਊਬੇਨ ਦੇ ਲੋਕਾਂ ਦਾ ਆਗੂ, ਸ਼ਦੇਉਰ ਦਾ ਪੁੱਤਰ ਅਲੀਸੂਰ ਆਪਣੀਆ ਸੁਗਾਤਾਂ ਲੈ ਕੇ ਆਇਆ।

ਪੰਜਵੇਂ ਦਿਨ, ਸ਼ਿਮਓਨ ਦੇ ਲੋਕਾਂ ਦਾ ਆਗੂ, ਸੂਰੀਸ਼ੁਦਾਈ ਦਾ ਪੁੱਤਰ ਸ਼ਲੁਮੀਏਲ ਆਪਣੀਆਂ ਸੁਗਾਤਾਂ ਲੈ ਕੇ ਆਇਆ।

ਛੇਵੇਂ ਦਿਨ, ਗਾਦ ਦੇ ਲੋਕਾਂ ਦਾ ਆਗੂ, ਦਊਏਲ ਦਾ ਪੁੱਤਰ ਅਲਯਾਸਾਫ਼ ਆਪਣੀਆਂ ਸੁਗਾਤਾਂ ਲੈ ਕੇ ਆਇਆ।

ਸੱਤਵੇਂ ਦਿਨ, ਅਫ਼ਰਈਮ ਦੇ ਲੋਕਾਂ ਦਾ ਆਗੂ, ਅੰਮੀਹੂਦ ਦਾ ਪੁੱਤਰ ਅਲੀਸ਼ਾਮਾ ਆਪਣੀਆਂ ਸੁਗਾਤਾਂ ਲੈ ਕੇ ਆਇਆ।

ਅੱਠਵੇਂ ਦਿਨ, ਮਨੱਸ਼ਹ ਦੇ ਲੋਕਾਂ ਦਾ ਆਗੂ, ਪਦਾਹਸੂਰ ਦਾ ਪੁੱਤਰ ਗਮਲੀਏਲ ਆਪਣੀਆਂ ਸੁਗਾਤਾਂ ਲੈ ਕੇ ਆਇਆ।

ਨੌਵੇਂ ਦਿਨ, ਬਿਨਯਾਮੀਨ ਦੇ ਲੋਕਾਂ ਦਾ ਆਗੂ, ਗਿਦਓਨੀ ਦਾ ਪੁੱਤਰ ਅਬੀਦਾਨ ਆਪਣੀਆਂ ਸੁਗਾਤਾਂ ਲੈ ਕੇ ਆਇਆ।

ਦਸਵੇਂ ਦਿਨ, ਦਾਨ ਦੇ ਲੋਕਾਂ ਦਾ ਆਗੂ, ਅੰਮੀਸ਼ੁਦਾਈ ਦਾ ਪੁੱਤਰ ਅਹੀਅਜ਼ਰ ਆਪਣੀਆਂ ਸੁਗਾਤਾਂ ਲੈ ਕੇ ਆਇਆ।

ਗਿਆਰ੍ਹਵੇਂ ਦਿਨ, ਆਸ਼ੇਰ ਦੇ ਲੋਕਾਂ ਦਾ ਆਗੂ, ਆਕਰਾਨ ਦਾ ਪੁੱਤਰ ਪਗੀਏਲ ਆਪਣੀਆਂ ਸੁਗਾਤਾਂ ਲੈ ਕੇ ਆਇਆ।

ਬਾਰ੍ਹਵੇਂ ਦਿਨ, ਨਫ਼ਤਾਲੀ ਦੇ ਲੋਕਾਂ ਦਾ ਆਗੂ, ਏਨਾਨ ਦਾ ਪੁੱਤਰ ਅਹੀਰਾ ਆਪਣੀਆਂ ਸੁਗਾਤਾਂ ਲੈ ਕੇ ਆਇਆ।

**84**ਇਸ ਤਰ੍ਹਾਂ ਇਹ ਸਾਰੀਆਂ ਚੀਜ਼ਾਂ ਇਸਰਾਏਲ ਦੇ ਲੋਕਾਂ ਦੇ
ਆਗੂਆਂ ਵੱਲੋਂ ਦਿੱਤੀਆਂ ਗਈਆਂ ਸੁਗਾਤਾਂ ਸਨ। ਉਨ੍ਹਾਂ ਨੇ ਇਹ
ਚੀਜ਼ਾਂ ਉਸ ਸਮੇਂ ਲਿਆਂਦੀਆਂ ਜਦੋਂ ਮੂਸਾ ਨੇ ਜਗਵੇਦੀ ਨੂੰ ਮਸਹ
ਕਰਕੇ ਸਮਰਪਿਤ ਕੀਤਾ। ਉਨ੍ਹਾਂ ਨੇ 12 ਚਾਂਦੀ ਦੀਆਂ ਪਲੇਟਾਂ, 12
ਚਾਂਦੀ ਦੇ ਕੌਲੇ ਅਤੇ 12 ਸੋਨੇ ਦੇ ਕਟੋਰੇ ਲਿਆਂਦੇ। **85**ਹਰੇਕ ਪਲੇਟ
ਦਾ ਵਜ਼ਨ ਤਕਰੀਬਨ 3 1/2 ਪੌਂਡ ਸੀ। ਅਤੇ ਹਰੇਕ ਕੌਲੇ ਦਾ
ਵਜ਼ਨ 1 3/4 ਪੌਂਡ ਸੀ। ਚਾਂਦੀ ਦੀਆਂ ਪਲੇਟਾਂ ਅਤੇ ਚਾਂਦੀ ਦੇ
ਕੌਲਿਆਂ ਦਾ ਕੁੱਲ ਵਜ਼ਨ ਸਰਕਾਰੀ ਮਾਪ ਅਨੁਸਾਰ ਤਕਰੀਬਨ
60 ਪੌਂਡ ਸੀ। **86**ਧੂਫ਼ ਨਾਲ ਭਰੇ ਹੋਏ ਕਟੋਰੇ ਸੋਨੇ ਦੇ ਸੀ ਅਤੇ
ਸਰਕਾਰੀ ਮਾਪ ਅਨੁਸਾਰ 4 ਔਂਸ ਦੀ ਸੀ ਕੁੱਲ ਮਿਲਾ ਕੇ ਸੋਨੇ ਦੇ
12 ਕਟੋਰਿਆਂ ਦਾ ਵਜ਼ਨ 3 ਪੌਂਡ ਸੀ।

**87**ਹੋਮ ਦੀ ਭੇਟ ਦੇ ਜਾਨਵਰਾਂ ਦੀ ਕੁੱਲ ਗਿਣਤੀ 12 ਵਹਿੜਕੇ,
12 ਭੇਡੂ ਅਤੇ 12 ਇੱਕ ਸਾਲ ਦੀ ਉਮਰ ਵਲੇ ਲੇਲੇ ਸਨ। ਉੱਥੇ
ਅਨਾਜ ਦੀਆਂ ਭੇਟਾਂ ਵੀ ਸਨ ਜਿਨ੍ਹਾਂ ਨੂੰ ਅਵੱਸ਼ ਦਿੱਤਾ ਜਾਣਾ ਸੀ
ਅਤੇ ਉੱਥੇ 12 ਬੱਕਰੇ ਵੀ ਸਨ ਜਿਨ੍ਹਾਂ ਦੀ ਵਰਤੋਂ ਯਹੋਵਾਹ ਲਈ
ਪਾਪ ਦੀ ਭੇਟ ਵਜੋਂ ਕੀਤੀ ਗਈ। **88**ਆਗੂਆਂ ਨੇ ਸੁੱਖ-ਸਾਂਦ
ਦੀਆਂ ਭੇਟਾ ਲਈ ਬਲੀ ਕੀਤੇ ਜਾਣ ਵਾਲੇ ਜਾਨਵਰ ਵੀ ਦਿੱਤੇ ਇਨ੍ਹਾਂ
ਜਾਨਵਰਾਂ ਦੀ ਕੁੱਲ ਗਿਣਤੀ ਸੀ 24 ਵਹਿੜਕੇ, 60 ਭੇਡੂ, 60
ਬੱਕਰੇ ਅਤੇ 60 ਇੱਕ ਸਾਲ ਦੇ ਉਮਰ ਵਾਲੇ ਲੇਲੇ। ਇਸ ਤਰ੍ਹਾਂ
ਉਨ੍ਹਾਂ ਨੇ ਜਗਵੇਦੀ ਨੂੰ, ਮੂਸਾ ਦੇ ਇਸ ਨੂੰ ਪਵਿੱਤਰ ਬਣਾਏ ਜਾਣ ਤੋਂ
ਬਾਦ, ਸਮਰਪਣ ਕੀਤਾ।

**89**ਮੂਸਾ ਯਹੋਵਾਹ ਨਾਲ ਗੱਲ ਕਰਨ ਲਈ ਮੰਡਲੀ ਵਾਲੇ ਤੰਬੂ
ਕੋਲ ਗਿਆ। ਉਸ ਸਮੇਂ, ਉਸ ਨੇ ਆਪਣੇ ਨਾਲ ਗੱਲਾਂ ਕਰਦੀ
ਯਹੋਵਾਹ ਦੀ ਅਵਾਜ਼ ਸੁਣੀ। ਇਹ ਅਵਾਜ਼ ਇਕਰਾਰਨਾਮੇ ਵਾਲੇ
ਸੰਦੂਕ ਦੇ ਖਾਸ ਕੱਜਣ ਦੇ ਉੱਪਰੋਂ, ਕਰੂਬੀ ਫ਼ਰਿਸ਼ਤਿਆ ਵਿੱਚਕਾਰਲੇ
ਇਲਾਕੇ ਵਿੱਚੋਂ ਆ ਰਹੀ ਸੀ। ਇਹੀ ਤਰੀਕਾ ਸੀ ਜਿਵੇਂ ਪਰਮੇਸ਼ੁਰ ਨੇ
ਮੂਸਾ ਨਾਲ ਗੱਲ ਕੀਤੀ।

### ਸ਼ਮਾਦਾਨ

**8** **1**ਯਹੋਵਾਹ ਨੇ ਮੂਸਾ ਨੂੰ ਆਖਿਆ, **2**"ਹਾਰੂਨ ਨੂੰ ਆਖ ਕਿ ਉਹ
ਸੱਤ ਦੀਵਿਆਂ ਨੂੰ ਉਸ ਥਾਂ ਰੱਖੇ ਜਿਹੜੀ ਮੈਂ ਤੈਨੂੰ ਦਿਖਾਈ ਸੀ।
ਇਹ ਦੀਵੇ ਸ਼ਮਾਦਾਨ ਦੇ ਸਾਹਮਣੇ ਦੇ ਖੇਤਰ ਨੂੰ ਰੌਸ਼ਨ ਕਰਨਗੇ।"

**3**ਹਾਰੂਨ ਨੇ ਇਵੇਂ ਹੀ ਕੀਤਾ। ਹਾਰੂਨ ਨੇ ਦੀਵਿਆਂ, ਨੂੰ ਸਹੀ
ਥਾਂ ਰੱਖਿਆ ਅਤੇ ਉਨ੍ਹਾਂ ਦਾ ਰੁੱਖ ਇਸ ਤਰ੍ਹਾਂ ਕਰ ਦਿੱਤਾ ਕਿ ਉਹ
ਸ਼ਮਾਦਾਨ ਦੇ ਸਾਹਮਣੇ ਵਾਲੇ ਪਾਸੇ ਨੂੰ ਰੌਸ਼ਨ ਕਰਦੇ ਸਨ। ਉਸ ਨੇ
ਉਸ ਆਦੇਸ਼ ਨੂੰ ਪੂਰਾ ਕੀਤਾ ਜਿਹੜਾ ਯਹੋਵਾਹ ਨੇ ਮੂਸਾ ਨੂੰ ਦਿੱਤਾ
ਸੀ। **4**ਸ਼ਮਾਦਾਨ ਇਸ ਤਰ੍ਹਾਂ ਬਣਾਇਆ ਗਿਆ ਸੀ: ਇਹ ਹੇਠਾਂ
ਸੁਨਿਹਰੀ ਆਧਾਰ ਤੋਂ ਲੈ ਕੇ ਉੱਪਰ ਸੁਨਿਹਰੀ ਫ਼ੁੱਲਾਂ ਤੱਕ ਸੋਨੇ ਦੇ
ਪੱਤਰੇ ਨਾਲ ਬਣਾਇਆ ਗਿਆ ਸੀ। ਇਹ ਉਸੇ ਨਮੂਨੇ ਦਾ ਸੀ ਜਿਸ
ਤਰ੍ਹਾਂ ਦਾ ਯਹੋਵਾਹ ਨੇ ਮੂਸਾ ਨੂੰ ਦਿਖਾਇਆ ਸੀ।

### ਲੇਵੀਆਂ ਦਾ ਸਮਰਪਨ

**5**ਯਹੋਵਾਹ ਨੇ ਮੂਸਾ ਨੂੰ ਆਖਿਆ, **6**"ਲੇਵੀਆਂ ਨੂੰ ਇਸਰਾਏਲ ਦੇ
ਹੋਰਨਾਂ ਲੋਕਾਂ ਤੋਂ ਵੱਖ ਕਰ ਲਵੋ। ਉਨ੍ਹਾਂ ਲੇਵੀਆਂ ਨੂੰ ਪਵਿੱਤਰ ਬਣਾ
ਦਿਉ। **7**ਉਨ੍ਹਾਂ ਨੂੰ ਪਵਿੱਤਰ ਬਣਾਉਣ ਲਈ ਤੁਹਾਨੂੰ ਇਹ ਕੁਝ ਕਰਨਾ
ਚਾਹੀਦਾ ਹੈ। ਉਨ੍ਹਾਂ ਉੱਤੇ ਪਾਪ ਦੀ ਭੇਟ ਦਾ ਖਾਸ ਪਾਣੀ ਛਿੜਕੋ। ਇਹ
ਪਾਣੀ ਉਨ੍ਹਾਂ ਨੂੰ ਪਵਿੱਤਰ ਬਣਾ ਦੇਵੇਗਾ। ਫ਼ੇਰ ਉਨ੍ਹਾਂ ਨੂੰ ਆਪਣੇ ਸਰੀਰ
ਦੇ ਵਾਲ ਮੁੰਨਣੇ ਚਾਹੀਦੇ ਹਨ ਅਤੇ ਕੱਪੜੇ ਧੋਣੇ ਚਾਹੀਦੇ ਹਨ। ਇਸ
ਨਾਲ ਉਨ੍ਹਾਂ ਦੇ ਸਰੀਰ ਪਵਿੱਤਰ ਹੋ ਜਾਣਗੇ।

**8**"ਲੇਵੀ ਆਦਮੀਆਂ ਨੂੰ ਤੇਲ ਨਾਲ ਮਿਲੇ ਮੈਦੇ ਦੀ ਅਨਾਜ ਦੀ
ਭੇਟ ਦੇ ਨਾਲ ਵਹਿੜਕਾ ਲੈਣਾ ਚਾਹੀਦਾ ਹੈ। ਫ਼ੇਰ ਤੁਹਾਨੂੰ ਪਾਪ ਦੀ
ਭੇਟ ਵਜੋਂ ਇੱਕ ਹੋਰ ਜਵਾਨ ਬਲਦ ਲੈਣਾ ਚਾਹੀਦਾ ਹੈ। **9**ਲੇਵੀ
ਲੋਕਾਂ ਨੂੰ ਮੰਡਲੀ ਵਾਲੇ ਤੰਬੂ ਦੇ ਸਾਹਮਣੇ ਵਾਲੇ ਪਾਸੇ ਲਿਆਉ।
ਫ਼ੇਰ ਇਸਰਾਏਲ ਦੇ ਸਮੂਹ ਲੋਕਾਂ ਨੂੰ ਉੱਥੇ ਇਕੱਠਾ ਕਰੋ। **10**ਲੇਵੀ
ਲੋਕਾਂ ਨੂੰ ਯਹੋਵਾਹ ਦੇ ਸਮੂਹ ਦੇ ਸਾਹਮਣੇ ਲਿਆਉ। ਇਸਰਾਏਲ ਦੇ
ਲੋਕ ਉਨ੍ਹਾਂ ਉੱਤੇ ਆਪਣੇ ਹੱਥ ਧਰਨਗੇ। **11**ਫ਼ੇਰ ਹਾਰੂਨ ਲੇਵੀਆਂ ਨੂੰ
ਯਹੋਵਾਹ ਨੂੰ ਸਮਰਪਿਤ ਕਰੇਗਾ। ਉਹ ਇਸਰਾਏਲ ਦੇ ਲੋਕਾਂ ਵੱਲੋਂ
ਪਰਮੇਸ਼ੁਰ ਲਈ ਭੇਟ ਵਾਂਗ ਹੋਣਗੇ। ਇਸ ਤਰ੍ਹਾਂ, ਲੇਵੀ ਯਹੋਵਾਹ
ਲਈ ਆਪਣਾ ਖਾਸ ਕੰਮ ਕਰਨ ਲਈ ਤਿਆਰ ਹੋਣਗੇ।

**12**"ਲੇਵੀਆਂ ਨੂੰ ਆਖਣਾ ਕਿ ਉਹ ਵਹਿੜਕਿਆਂ ਦੇ ਸਿਰਾਂ ਉੱਤੇ
ਆਪਣੇ ਹੱਥ ਰੱਖਣ। ਇੱਕ ਵਹਿੜਕਾ ਯਹੋਵਾਹ ਲਈ ਪਾਪ ਦੀ ਭੇਟ
ਹੋਵੇਗਾ ਅਤੇ ਦੂਸਰੇ ਵਹਿੜਕੇ ਨੂੰ ਹੋਮ ਦੀ ਭੇਟ ਵਜੋਂ ਇਸਤੇਮਾਲ
ਕੀਤਾ ਜਾਵੇਗਾ। ਇਹ ਭੇਟਾ ਲੇਵੀਆਂ ਦਾ ਪਰਾਸਚਿਤ ਹੋਣਗੀਆਂ।
**13**ਲੇਵੀ ਲੋਕਾਂ ਨੂੰ ਆਖਣਾ ਕਿ ਉਹ ਹਾਰੂਨ ਅਤੇ ਉਸ ਦੇ ਪੁੱਤਰਾਂ ਦੇ
ਸਾਹਮਣੇ ਖੜ੍ਹੇ ਹੋ ਜਾਣ। ਫ਼ੇਰ ਲੇਵੀ ਆਦਮੀਆਂ ਨੂੰ ਯਹੋਵਾਹ ਨੂੰ
ਸਮਰਪਿਤ ਕਰ ਦੇਣਾ। ਉਹ ਇੱਕ ਹਿਲਾਉਣ ਦੀ ਭੇਟ ਵਾਂਗ ਹੋਣਗੇ।

14ਇਸ ਨਾਲ ਲੇਵੀ ਲੋਕ ਪਵਿੱਤਰ ਬਣ ਜਾਣਗੇ। ਇਹ ਗੱਲ ਇਹ ਵਿਖਾਵੇਗੀ ਕਿ ਉਨ੍ਹਾਂ ਦੀ ਪਰਮੇਸ਼ੁਰ ਲਈ ਖਾਸ ਢੰਗ ਨਾਲ ਵਰਤੋਂ ਕੀਤੀ ਜਾ ਸਕਦੀ ਹੈ। ਉਹ ਇਸਰਾਏਲ ਦੇ ਹੋਰਨਾਂ ਲੋਕਾਂ ਕੋਲੋਂ ਵੱਖਰੇ ਹੋਣਗੇ। ਲੇਵੀ ਲੋਕ ਮੇਰੇ ਹੋਣਗੇ।

15"ਇਸ ਲਈ ਲੇਵੀ ਲੋਕਾਂ ਨੂੰ ਪਵਿੱਤਰ ਬਣਾਉ। ਅਤੇ ਉਨ੍ਹਾਂ ਨੂੰ ਯਹੋਵਾਹ ਅੱਗੇ ਸਮਰਪਿਤ ਕਰੋ। ਉਹ ਇੱਕ ਹਿਲਾਉਣ ਦੀ ਭੇਟ ਵਾਂਗ ਹੋਣਗੇ। ਜਦੋਂ ਤੁਸੀਂ ਇਹ ਕਰ ਚੁੱਕੋਗੇ ਤਾਂ ਉਹ ਆ ਸਕਦੇ ਹਨ ਅਤੇ ਮੰਡਲੀ ਵਾਲੇ ਤੰਬੂ ਵਿਖੇ ਆਪਣਾ ਕੰਮ ਕਰ ਸਕਦੇ ਹਨ। 16ਇਸਰਾਏਲੀ ਲੋਕ ਮੇਰੇ ਲਈ ਲੇਵੀਆਂ ਨੂੰ ਸਮਰਪਿਤ ਕਰਨਗੇ। ਉਹ ਮੇਰੇ ਹੋਣਗੇ ਅਤੀਤ ਵਿੱਚ ਮੈਂ ਹਰੇਕ ਇਸਰਾਏਲ ਪਰਿਵਾਰ ਨੂੰ ਆਖਿਆ ਸੀ ਕਿ ਉਹ ਆਪਣਾ ਪਲੋਠਾ ਪੁੱਤਰ ਮੈਨੂੰ ਭੇਟ ਕਰਨ। ਪਰ ਹੁਣ ਮੈਂ ਇਸਰਾਏਲ ਦੇ ਹੋਰਨਾਂ ਪਰਿਵਾਰਾਂ ਦੇ ਪਲੋਠੇ ਪੁੱਤਰਾਂ ਬਦਲੇ ਲੇਵੀ ਲੋਕਾਂ ਨੂੰ ਲੈ ਰਿਹਾ ਹਾਂ। 17ਇਸਰਾਏਲ ਦਾ ਹਰ ਪਲੋਠਾ ਨਰ ਮੇਰਾ ਹੈ। ਇਸ ਨਾਲ ਕੋਈ ਫ਼ਰਕ ਨਹੀਂ ਪੈਂਦਾ ਕਿ ਉਹ ਆਦਮੀ ਹੈ ਜਾਂ ਜਾਨਵਰ, ਇਹ ਫ਼ੇਰ ਵੀ ਮੇਰਾ ਹੈ। ਕਿਉਂਕਿ ਮੈਂ ਮਿਸਰ ਦੇ ਸਮੂਹ ਪਲੋਠੇ ਬੱਚਿਆਂ ਅਤੇ ਜਾਨਵਰਾ ਨੂੰ ਮਾਰ ਦਿੱਤਾ ਸੀ ਅਤੇ ਮੈਂ ਪਲੋਠੇ ਪੁੱਤਰਾਂ ਨੂੰ ਆਪਣਾ ਬਣਾਉਣ ਦੀ ਚੋਣ ਕੀਤੀ ਸੀ। 18ਪਰ ਹੁਣ ਮੈਂ ਉਨ੍ਹਾਂ ਦੀ ਥਾਵੇਂ ਲੇਵੀ ਲੋਕਾਂ ਨੂੰ ਲੈ ਲਵਾਂਗਾ। ਮੈਂ ਇਸਰਾਏਲ ਦੇ ਹੋਰਨਾਂ ਪਰਿਵਾਰਾਂ ਦੇ ਪਲੋਠੇ ਪੁੱਤਰਾਂ ਦੀ ਥਾਵੇਂ ਲੇਵੀ ਲੋਕਾਂ ਨੂੰ ਲੈ ਲਵਾਂਗਾ। 19ਮੈਂ ਇਸਰਾਏਲ ਦੇ ਸਾਰੇ ਲੋਕਾਂ ਵਿੱਚੋਂ ਲੇਵੀ ਲੋਕਾਂ ਦੀ ਚੋਣ ਕੀਤੀ ਸੀ। ਅਤੇ ਮੈਂ ਉਨ੍ਹਾਂ ਨੂੰ ਹਾਰੂਨ ਅਤੇ ਉਸ ਦੇ ਪੁੱਤਰਾਂ ਨੂੰ ਸੁਗਾਤ ਵਜੋਂ ਦੇ ਦੇਵਾਂਗਾ। ਮੈਂ ਚਾਹੁੰਦਾ ਹਾਂ ਕਿ ਉਹ ਮੰਡਲੀ ਵਾਲੇ ਤੰਬੂ ਵਿੱਚ ਕੰਮ ਕਰਨ। ਉਹ ਇਸਰਾਏਲ ਦੇ ਸਮੂਹ ਲੋਕਾਂ ਲਈ ਸੇਵਾ ਕਰਨਗੇ। ਉਹ ਅਜਿਹੀਆਂ ਬਲੀਆਂ ਦੇਣ ਵਿੱਚ ਸਹਾਇਤਾ ਕਰਨਗੇ ਜਿਹੜੀਆਂ ਇਸਰਾਏਲ ਦੇ ਲੋਕਾਂ ਨੂੰ ਪਵਿੱਤਰ ਬਣਾਉਣਗੀਆਂ। ਫ਼ੇਰ ਇਸਰਾਏਲ ਦੇ ਲੋਕਾਂ ਉੱਤੇ ਕੋਈ ਬਵਾ ਨਹੀਂ ਪਵੇਗੀ ਜਦੋਂ ਉਹ ਪਵਿੱਤਰ ਸਥਾਨ ਦੇ ਨੇੜੇ ਆਉਣਗੇ।"

20ਇਸ ਲਈ, ਮੂਸਾ, ਹਾਰੂਨ ਅਤੇ ਇਸਰਾਏਲ ਦੇ ਸਮੂਹ ਲੋਕਾਂ ਨੇ ਯਹੋਵਾਹ ਦਾ ਹੁਕਮ ਮੰਨਿਆ। ਉਨ੍ਹਾਂ ਨੇ ਲੇਵੀ ਲੋਕਾਂ ਲਈ ਉਹ ਸਾਰਾ ਕੁਝ ਕੀਤਾ ਜਿਸ ਦਾ ਯਹੋਵਾਹ ਨੇ ਮੂਸਾ ਨੂੰ ਆਦੇਸ਼ ਦਿੱਤਾ ਸੀ। 21ਲੇਵੀਆਂ ਨੇ ਇਸ਼ਨਾਨ ਕੀਤਾ ਅਤੇ ਕੱਪੜੇ ਧੋਤੇ। ਫ਼ੇਰ ਹਾਰੂਨ ਨੇ ਉਨ੍ਹਾਂ ਨੂੰ ਯਹੋਵਾਹ ਅੱਗੇ ਹਿਲਾਉਣ ਦੀ ਭੇਟ ਵਜੋਂ ਅਰਪਿਤ ਕਰ ਹਾਰੂਨ ਨੂੰ ਉਹ ਚੜ੍ਹਾਵੇ ਦਿੱਤੇ ਜਿਨ੍ਹਾਂ ਨੇ ਉਨ੍ਹਾਂ ਦੇ ਪਾਪ ਢੱਕ ਲਏ ਅਤੇ ਉਨ੍ਹਾਂ ਨੂੰ ਪਵਿੱਤਰ ਬਣਾ ਦਿੱਤਾ। 22ਇਸ ਤੋਂ ਮਗਰੋਂ, ਲੇਵੀ ਲੋਕ ਆਪਣਾ ਕੰਮ ਕਰਨ ਲਈ ਮੰਡਲੀ ਵਾਲੇ ਤੰਬੂ ਵੱਲ ਆਏ। ਹਾਰੂਨ ਅਤੇ ਉਸ ਦੇ ਪੁੱਤਰਾਂ ਨੇ ਉਨ੍ਹਾਂ ਦੀ ਨਿਗਰਾਨੀ ਕੀਤੀ। ਉਹ ਇਨ੍ਹਾਂ ਲੇਵੀ ਲੋਕਾਂ ਦੇ ਕੰਮ ਲਈ ਜ਼ਿੰਮੇਵਾਰ ਸਨ। ਹਾਰੂਨ ਅਤੇ ਉਸ ਦੇ ਪੁੱਤਰਾਂ ਨੇ ਉਹੀ ਕੀਤਾ ਜਿਸ ਦਾ ਯਹੋਵਾਹ ਨੇ ਮੂਸਾ ਨੂੰ ਆਦੇਸ਼ ਦਿੱਤਾ ਸੀ।

23ਫ਼ੇਰ ਯਹੋਵਾਹ ਨੇ ਮੂਸਾ ਨੂੰ ਆਖਿਆ, 24"ਲੇਵੀ ਲੋਕਾਂ ਲਈ ਇਹ ਖਾਸ ਆਦੇਸ਼ ਹੈ: ਹਰੇਕ ਲੇਵੀ ਬੰਦਾ ਜਿਹੜਾ 25 ਵਰ੍ਹਿਆਂ ਦਾ ਜਾਂ ਇਸ ਤੋਂ ਵੱਡਾ ਹੈ। ਮੰਡਲੀ ਵਾਲੇ ਤੰਬੂ ਦੇ ਕੰਮ ਵਿੱਚ ਹਿੱਸਾ ਲੈਣ ਲਈ ਜ਼ਰੂਰ ਆਵੇ। 25ਪਰ ਜਦੋਂ ਕੋਈ ਆਦਮੀ 50 ਸਾਲ ਦਾ ਹੋ ਜਾਵੇ ਤਾਂ ਉਸ ਨੂੰ ਆਪਣੇ ਕੰਮ ਤੋਂ ਸੇਵਾ ਮੁਕਤ ਹੋ ਜਾਣਾ ਚਾਹੀਦਾ ਹੈ। ਉਸ ਨੂੰ ਫ਼ੇਰ ਕੰਮ ਕਰਨ ਦੀ ਲੋੜ ਨਹੀਂ ਹੋਵੇਗੀ। 26ਉਹ ਆਦਮੀ ਜਿਹੜੇ 50 ਸਾਲ ਜਾਂ ਇਸ ਤੋਂ ਵਡੇਰੀ ਉਮਰ ਦੇ ਹਨ ਆਪਣੇ ਭਰਾਵਾਂ ਦੀ ਮੰਡਲੀ ਵਾਲੇ ਤੰਬੂ ਵਿੱਚ ਕੰਮ ਕਰਨ ਵਿੱਚ ਸਹਾਇਤਾ ਕਰ ਸਕਦੇ ਹਨ। ਪਰ ਉਨ੍ਹਾਂ ਨੂੰ ਖੁਦ ਕੰਮ ਨਹੀਂ ਕਰਨਾ ਚਾਹੀਦਾ। ਇੰਝ ਤੁਹਾਨੂੰ ਲੇਵੀਆਂ ਨਾਲ ਉਨ੍ਹਾਂ ਦੇ ਕੰਮ ਬਾਰੇ ਪੇਸ਼ ਆਉਣਾ ਚਾਹੀਦਾ ਹੈ।"

## ਪਸਾਹ

9 1ਯਹੋਵਾਹ ਨੇ ਮੂਸਾ ਨਾਲ ਸੀਨਈ ਦੇ ਮਾਰੂਥਲ ਵਿੱਚ ਗੱਲ ਕੀਤੀ। ਇਹ ਇਸਰਾਏਲ ਦੇ ਲੋਕਾਂ ਦੇ ਮਿਸਰ ਵਿੱਚੋਂ ਬਾਹਰ ਆਉਣ ਦੇ ਦੂਸਰੇ ਵਰ੍ਹੇ ਦੇ ਪਹਿਲੇ ਮਹੀਨੇ ਦੇ ਦੌਰਾਨ ਦੀ ਗੱਲ ਹੈ। ਯਹੋਵਾਹ ਨੇ ਮੂਸਾ ਨੂੰ ਆਖਿਆ, 2"ਇਸਰਾਏਲ ਦੇ ਲੋਕਾਂ ਨੂੰ ਆਖੋ ਕਿ ਉਹ ਪਸਾਹ ਦਾ ਚੁਣੇ ਹੋਏ ਸਮੇਂ ਜਸ਼ਨ ਮਨਾਉਣ। 3ਉਨ੍ਹਾਂ ਨੂੰ ਚਾਹੀਦਾ ਹੈ ਕਿ ਉਹ ਇਸ ਮਹੀਨੇ ਦੀ 14 ਤਰੀਕ ਨੂੰ ਸ਼ਾਮ ਵੇਲੇ ਪਸਾਹ ਦੀ ਦਾਵਤ ਖਾਣ, ਉਨ੍ਹਾਂ ਨੂੰ ਚਾਹੀਦਾ ਹੈ ਕਿ ਉਹ ਅਜਿਹਾ ਚੁਣੇ ਹੋਏ ਸਮੇਂ ਕਰਨ, ਅਤੇ ਉਹ ਪਸਾਹ ਦੇ ਸਾਰੇ ਨੇਮਾਂ ਦੀ ਪਾਲਣਾ ਅਵੱਸ਼ ਕਰਨ।"

4ਇਸ ਲਈ ਮੂਸਾ ਨੇ ਇਸਰਾਏਲ ਦੇ ਲੋਕਾਂ ਨੂੰ ਪਸਾਹ ਦਾ ਜਸ਼ਨ ਮਨਾਉਣ ਲਈ ਆਖਿਆ। 5ਲੋਕਾਂ ਨੇ ਅਜਿਹਾ ਸੀਨਈ ਦੇ ਮਾਰੂਥਲ ਵਿਖੇ ਪਹਿਲੇ ਮਹੀਨੇ ਦੀ 14ਵੀਂ ਤਰੀਕ ਨੂੰ ਕੀਤਾ। ਇਸਰਾਏਲੀਆਂ ਨੇ ਸਾਰਾ ਕੁਝ ਉਵੇਂ ਹੀ ਕੀਤਾ ਜਿਵੇਂ ਯਹੋਵਾਹ ਨੇ ਮੂਸਾ ਨੂੰ ਆਦੇਸ਼ ਦਿੱਤਾ ਸੀ।

6ਪਰ ਕੁਝ ਲੋਕ ਪਸਾਹ ਦਾ ਜਸ਼ਨ ਉਸ ਦਿਨ ਨਹੀਂ ਮਨਾ ਸਕੇ। ਉਹ ਅਪਵਿੱਤਰ ਸਨ ਕਿਉਂਕਿ ਉਨ੍ਹਾਂ ਨੇ ਮੁਰਦਾ ਜਿਸਮ ਨੂੰ ਛੂਹ ਲਿਆ ਸੀ। ਇਸ ਲਈ ਉਹ ਉਸ ਦਿਨ ਮੂਸਾ ਅਤੇ ਹਾਰੂਨ ਕੋਲ ਗਏ। 7ਉਨ੍ਹਾਂ ਲੋਕਾਂ ਨੇ ਮੂਸਾ ਨੂੰ ਆਖਿਆ, "ਅਸੀਂ ਇੱਕ ਮੁਰਦਾ ਜਿਸਮ ਨੂੰ ਛੂਹ ਲਿਆ ਹੈ ਅਤੇ ਅਪਵਿੱਤਰ ਹੋ ਗਏ ਸਾਂ। ਜਾਜਕਾਂ ਨੇ ਸਾਨੂੰ ਚੁਣੇ ਹੋਏ ਸਮੇਂ ਯਹੋਵਾਹ ਨੂੰ ਸੁਗਾਤਾਂ ਦੇਣ ਤੋਂ ਰੋਕਿਆ। ਇਸ ਲਈ ਅਸੀਂ ਇਸਰਾਏਲ ਦੇ ਹੋਰਨਾਂ ਲੋਕਾਂ ਨਾਲ ਪਸਾਹ ਦਾ ਜਸ਼ਨ ਨਹੀਂ ਮਨਾ ਸਕਦੇ! ਸਾਨੂੰ ਕੀ ਕਰਨਾ ਚਾਹੀਦਾ ਹੈ?"

8ਮੂਸਾ ਨੇ ਉਨ੍ਹਾਂ ਨੂੰ ਆਖਿਆ, "ਇੱਥੇ ਠਹਿਰੋ ਅਤੇ ਮੈਂ ਯਹੋਵਾਹ ਨੂੰ ਪੁੱਛ ਕੇ ਵੇਖਦਾ ਹਾਂ ਕਿ ਉਹ ਇਸ ਬਾਰੇ ਕੀ ਆਖਣਾ ਚਾਹੁੰਦਾ ਹੈ।"

9ਤਾਂ ਯਹੋਵਾਹ ਨੇ ਮੂਸਾ ਨੂੰ ਆਖਿਆ, 10"ਇਸਰਾਏਲ ਦੇ ਲੋਕਾਂ ਨੂੰ ਇਹ ਗੱਲਾਂ ਆਖ: ਇਹ ਬਿਧੀ ਤੁਹਾਡੇ ਲਈ ਅਤੇ ਤੁਹਾਡੇ ਉੱਤਰਾਧਿਕਾਰੀਆਂ ਲਈ ਹੋਵੇਗੀ। ਸ਼ਾਇਦ ਕੋਈ ਬੰਦਾ ਸਹੀ ਸਮੇਂ ਪਸਾਹ ਦਾ ਜਸ਼ਨ ਮਨਾਉਣ ਦੇ ਯੋਗ ਨਾ ਹੋਵੇ। ਸ਼ਾਇਦ ਉਹ ਬੰਦਾ ਇਸ ਲਈ ਅਪਵਿੱਤਰ ਹੈ ਕਿਉਂਕਿ ਉਸ ਨੇ ਮੁਰਦਾ ਜਿਸਮ ਛੂਹ ਲਿਆ ਹੈ ਜਾਂ ਸ਼ਾਇਦ ਉਹ ਬੰਦਾ ਦੂਰ ਕਿਸੇ ਸਫ਼ਰ ਉੱਤੇ ਸੀ। 11ਉਹ ਬੰਦਾ ਫ਼ੇਰ ਵੀ ਕਿਸੇ ਹੋਰ ਸਮੇਂ ਪਸਾਹ ਦਾ ਜਸ਼ਨ ਮਨਾਉਣ ਦੇ ਯੋਗ ਹੋਵੇਗਾ। ਉਸ ਬੰਦੇ ਨੂੰ ਦੂਸਰੇ ਮਹੀਨੇ ਦੀ 14ਵੀ ਤਰੀਕ ਨੂੰ ਸ਼ਾਮ ਵੇਲੇ ਪਸਾਹ ਦਾ ਜਸ਼ਨ ਮਨਾਉਣਾ ਚਾਹੀਦਾ ਹੈ। ਉਸ ਸਮੇਂ ਉਸ ਨੂੰ ਲੇਲਾ, ਪਤੀਰੀ ਰੋਟੀ ਅਤੇ ਕੌੜੀਆਂ ਬੂਟੀਆਂ ਖਾਣੀਆਂ ਚਾਹੀਦੀਆਂ ਹਨ। 12ਉਸ ਬੰਦੇ ਨੂੰ ਚਾਹੀਦਾ ਹੈ ਕਿ ਉਹ ਉਸ ਭੋਜਨ ਵਿੱਚੋਂ ਕੁਝ ਵੀ ਅਗਲੀ ਸਵੇਰ ਲਈ ਨਾ ਛੱਡੇ ਅਤੇ ਉਸ ਬੰਦੇ ਨੂੰ ਲੇਲੇ ਦੀ ਕੋਈ ਵੀ ਹੱਡੀ ਤੋੜਨੀ ਨਹੀਂ ਚਾਹੀਦੀ ਪਸਾਹ ਬਾਰੇ ਸਾਰੀਆਂ ਬਿਧੀਆਂ ਦਾ ਪਾਲਣ ਕਰਨਾ ਚਾਹੀਦਾ ਹੈ। 13ਪਰ ਕੋਈ ਵੀ ਬੰਦਾ ਜਿਹੜਾ ਸਹੀ ਸਮੇਂ ਪਸਾਹ ਦਾ ਜਸ਼ਨ ਮਨਾ ਸਕਦਾ ਹੈ ਉਸ ਨੂੰ ਅਜਿਹਾ ਅਵੱਸ਼ ਕਰਨਾ ਚਾਹੀਦਾ ਹੈ। ਜੇ ਉਹ ਪਵਿੱਤਰ ਹੈ ਅਤੇ ਸਫ਼ਰ ਉੱਤੇ ਨਹੀਂ ਹੈ। ਤਾਂ ਉਸ ਲਈ ਕੋਈ ਬਹਾਨਾ ਨਹੀਂ ਹੈ ਜੇ ਉਹ ਬੰਦਾ ਸਹੀ ਸਮੇਂ ਪਸਾਹ ਦਾ ਜਸ਼ਨ ਨਹੀਂ ਮਨਾਉਂਦਾ ਤਾਂ ਉਸ ਨੂੰ ਉਸ ਦੇ ਲੋਕਾਂ ਨਾਲੋਂ ਅਵੱਸ਼ ਹੀ ਵੱਖ ਕਰ ਦੇਣਾ ਚਾਹੀਦਾ ਹੈ। ਉਹ ਦੋਸ਼ੀ ਹੈ। ਅਤੇ ਉਸ ਨੂੰ ਅਵੱਸ਼

ਸਜ਼ਾ ਮਿਲਣੀ ਚਾਹੀਦੀ ਹੈ! ਕਿਉਂਕਿ ਉਸ ਨੇ ਯਹੋਵਾਹ ਨੂੰ ਆਪਣੀ
ਸੁਗਾਤ ਸਹੀ ਸਮੇਂ ਨਹੀਂ ਦਿੱਤੀ।
14“ਹੋ ਸਕਦਾ ਹੈ ਕਿ ਤੁਹਾਡੇ ਦਰਮਿਆਨ ਰਹਿਣ ਵਾਲਾ ਕੋਈ
ਵਿਦੇਸ਼ੀ ਤੁਹਾਡੇ ਨਾਲ ਯਹੋਵਾਹ ਦੇ ਪਸਾਹ ਦੇ ਜਸ਼ਨ ਵਿੱਚ ਸ਼ਾਮਲ
ਹੋਣਾ ਚਾਹੁੰਦਾ ਹੋਵੇ। ਇਸ ਦੀ ਇਜਾਜ਼ਤ ਹੈ। ਪਰ ਉਸ ਬੰਦੇ ਨੂੰ
ਪਸਾਹ ਦੀਆਂ ਸਾਰੀਆਂ ਬਿਧੀਆ ਦਾ ਪਾਲਣ ਕਰਨਾ ਚਾਹੀਦਾ ਹੈ।
ਹਰ ਕਿਸੇ ਲਈ ਉਹੀ ਬਿਧੀਆਂ ਹਨ।”

## ਬੱਦਲ ਅਤੇ ਅੱਗ

15ਉਸ ਦਿਨ ਪਵਿੱਤਰ ਤੰਬੂ, ਇਕਰਾਰਨਾਮੇ ਵਾਲਾ ਤੰਬੂ ਸਥਾਪਿਤ
ਕੀਤਾ ਗਿਆ। ਯਹੋਵਾਹ ਦੇ ਬੱਦਲ ਨੇ ਇਸ ਨੂੰ ਕੱਜ ਲਿਆ। ਰਾਤ
ਵੇਲੇ ਪਵਿੱਤਰ ਤੰਬੂ ਉੱਪਰਲਾ ਬੱਦਲ ਅੱਗ ਵਾਂਗ ਦਿਸਦਾ ਸੀ।
16ਸਾਰਾ ਸਮਾਂ ਬੱਦਲ ਪਵਿੱਤਰ ਤੰਬੂ ਉੱਤੇ ਟਿਕਿਆ ਰਿਹਾ। ਅਤੇ
ਰਾਤ ਵੇਲੇ ਬੱਦਲ ਅੱਗ ਵਾਂਗ ਨਜ਼ਰ ਆਇਆ। 17ਜਦੋਂ ਬੱਦਲ
ਪਵਿੱਤਰ ਤੰਬੂ ਉੱਤੋਂ ਆਪਣੀ ਥਾਂ ਤੋਂ ਚੱਲਿਆ, ਇਸਰਾਏਲੀਆਂ ਨੇ
ਇਸ ਦਾ ਪਿੱਛਾ ਕੀਤਾ। ਜਦੋਂ ਬੱਦਲ ਠਹਿਰ ਗਿਆ, ਉਹੀ ਥਾਂ ਸੀ
ਜਿੱਥੇ ਇਸਰਾਏਲੀਆਂ ਨੇ ਡੇਰਾ ਲਾਇਆ। 18ਇਹੀ ਉਹ ਤਰੀਕਾ ਸੀ
ਜਿਸ ਰਾਹੀਂ ਯਹੋਵਾਹ ਨੇ ਇਸਰਾਏਲ ਦੇ ਲੋਕਾਂ ਨੂੰ ਇਹ ਵਿਖਾਇਆ
ਕਿ ਕਦੋਂ ਕੂਚ ਕਰਨਾ ਹੈ ਅਤੇ ਕਦੋਂ ਰੁਕਣਾ ਹੈ ਅਤੇ ਕਦੋਂ ਡੇਰਾ ਲਾਉਣਾ
ਹੈ। ਜਦੋਂ ਬੱਦਲ ਪਵਿੱਤਰ ਤੰਬੂ ਉੱਤੇ ਠਹਿਰਿਆ ਹੋਇਆ ਸੀ ਲੋਕਾਂ
ਨੇ ਉਸੇ ਥਾਂ ਉੱਤੇ ਡੇਰਾ ਲਾਈ ਰੱਖਿਆ। 19ਜਦੋਂ ਬੱਦਲ ਪਵਿੱਤਰ ਤੰਬੂ
ਉੱਤੇ ਬਹੁਤ ਦਿਨਾਂ ਤੱਕ ਠਹਿਰਿਆ ਰਹਿੰਦਾ ਸੀ। ਇਸਰਾਏਲੀਆਂ
ਨੇ ਯਹੋਵਾਹ ਦਾ ਹੁਕਮ ਮੰਨਿਆ ਅਤੇ ਕੂਚ ਨਹੀਂ ਕੀਤਾ। 20ਕਦੇ-
ਕਦੇ ਬੱਦਲ ਪਵਿੱਤਰ ਤੰਬੂ ਉੱਤੇ ਸਿਰਫ਼ ਕੁਝ ਦਿਨਾਂ ਲਈ ਹੀ
ਠਹਿਰਿਆ। ਇਸ ਲਈ ਲੋਕਾਂ ਨੇ ਯਹੋਵਾਹ ਦਾ ਆਦੇਸ਼ ਮੰਨਿਆ,
ਉਨ੍ਹਾਂ ਨੇ ਉਦੋਂ ਬੱਦਲ ਦਾ ਪਿੱਛਾ ਕੀਤਾ ਜਦੋਂ ਇਸ ਨੇ ਕੂਚ ਕੀਤਾ।
21ਕਦੇ-ਕਦੇ ਬੱਦਲ ਸਿਰਫ਼ ਰਾਤ ਦੌਰਾਨ ਹੀ ਠਹਿਰਿਆ ਅਗਲੀ
ਸਵੇਰ ਬੱਦਲ ਕੂਚ ਕਰ ਗਿਆ। ਇਸ ਲਈ ਲੋਕਾਂ ਨੇ ਆਪਣੀਆਂ
ਚੀਜ਼ਾਂ ਇਕੱਠੀਆਂ ਕੀਤੀਆਂ ਅਤੇ ਇਸ ਦਾ ਪਿੱਛਾ ਕੀਤਾ। ਜੇ ਬੱਦਲ
ਨੇ ਦਿਨ ਵੇਲੇ ਜਾਂ ਰਾਤ ਵੇਲੇ ਕੂਚ ਕੀਤਾ, ਤਾਂ ਲੋਕਾਂ ਨੇ ਇਸ ਦਾ ਪਿੱਛਾ
ਕੀਤਾ। 22ਜੇ ਬੱਦਲ ਪਵਿੱਤਰ ਤੰਬੂ ਉੱਤੇ ਦੋ ਦਿਨ ਜਾਂ ਇੱਕ ਮਹੀਨਾ
ਜਾਂ ਇੱਕ ਸਾਲ ਠਹਿਰਿਆ ਰਿਹਾ, ਲੋਕਾਂ ਨੇ ਯਹੋਵਾਹ ਦਾ ਹੁਕਮ
ਮੰਨਣਾ ਜਾਰੀ ਰੱਖਿਆ। ਉਹ ਉਸ ਥਾਂ ਰੁਕੇ ਰਹੇ ਅਤੇ ਉਦੋਂ ਤੀਕ
ਕੂਚ ਨਹੀਂ ਕੀਤਾ ਜਦੋਂ ਤੀਕ ਕਿ ਬੱਦਲ ਨੇ ਕੂਚ ਨਹੀਂ ਕੀਤਾ। ਫ਼ੇਰ
ਜਦੋਂ ਬੱਦਲ ਆਪਣੀ ਥਾਂ ਤੋਂ ਉੱਠਿਆ ਅਤੇ ਕੂਚ ਕੀਤਾ ਤਾਂ ਲੋਕਾਂ ਨੇ
ਵੀ ਕੂਚ ਕੀਤਾ। 23ਇਸ ਲਈ ਲੋਕਾਂ ਨੇ ਯਹੋਵਾਹ ਦੇ ਆਦੇਸ਼ਾਂ ਨੂੰ
ਮੰਨਿਆ। ਉਹ ਰੁਕੇ ਰਹੇ ਜਦੋਂ ਯਹੋਵਾਹ ਨੇ ਉਨ੍ਹਾਂ ਨੂੰ ਅਜਿਹਾ ਕਰਨ
ਲਈ ਆਖਿਆ। ਅਤੇ ਉਨ੍ਹਾਂ ਨੇ ਕੂਚ ਕੀਤਾ ਜਦੋਂ ਯਹੋਵਾਹ ਨੇ ਉਨ੍ਹਾਂ
ਨੂੰ ਅਜਿਹਾ ਕਰਨ ਲਈ ਆਖਿਆ। ਲੋਕਾਂ ਨੇ ਬਹੁਤ ਗੌਰ ਨਾਲ
ਦੇਖਿਆ ਅਤੇ ਯਹੋਵਾਹ ਵੱਲੋਂ ਮੂਸਾ ਨੂੰ ਦਿੱਤੇ ਆਦੇਸ਼ਾਂ ਨੂੰ ਮੰਨਿਆ।

## ਚਾਂਦੀ ਦੀਆਂ ਤੁਰ੍ਹੀਆਂ

10 1ਯਹੋਵਾਹ ਨੇ ਮੂਸਾ ਨੂੰ ਆਖਿਆ, 2“ਚਾਂਦੀ ਦੀ
ਵਰਤੋਂ ਕਰੋ ਇਸ ਨੂੰ ਹਥੌੜਿਆਂ ਨਾਲ ਚੰਡ ਕੇ ਦੋ
ਤੁਰ੍ਹੀਆਂ ਬਣਾਉ। ਇਹ ਤੁਰ੍ਹੀਆਂ ਲੋਕਾਂ ਨੂੰ ਇਕੱਠਿਆਂ ਕਰਨ ਲਈ
ਹੋਣਗੀਆਂ ਅਤੇ ਉਨ੍ਹਾਂ ਨੂੰ ਇਹ ਦੱਸਣ ਲਈ ਹੋਣਗੀਆਂ ਕਿ ਕੂਚ
ਦਾ ਸਮਾਂ ਆ ਚੁੱਕਿਆ ਹੈ। 3ਜੇ ਤੁਸੀਂ ਇਨ੍ਹਾਂ ਤੁਰ੍ਹੀਆਂ ਨੂੰ ਲੰਮੀ ਧੁਨ
ਵਿੱਚ ਵਜਾਵੋਗੇ ਤਾਂ ਸਮੂਹ ਲੋਕਾਂ ਨੂੰ ਮੰਡਲੀ ਵਾਲੇ ਤੰਬੂ ਦੇ ਪ੍ਰਵੇਸ਼
ਉੱਤੇ ਇਕੱਠੇ ਹੋ ਜਾਣਾ ਚਾਹੀਦਾ ਹੈ। 4ਜਦੋਂ ਤੁਸੀਂ ਲੰਮੀ ਧੁਨ ਵਿੱਚ
ਸਿਰਫ਼ ਇੱਕ ਤੁਰ੍ਹੀ ਨੂੰ ਵਜਾਵੋ, ਤਾਂ ਹੀ ਆਗੂਆਂ ਨੂੰ ਤੁਹਾਨੂੰ ਮਿਲਣ
ਲਈ ਆਉਣਾ ਚਾਹੀਦਾ ਹੈ। (ਇਹ ਆਗੂ ਇਸਰਾਏਲ ਦੇ 12
ਪਰਿਵਾਰ-ਸਮੂਹਾਂ ਵਿੱਚੋਂ ਹਨ।)
5“ਤੁਰ੍ਹੀ ਨਾਲ ਪੈਦਾ ਕੀਤੀਆਂ ਗਈਆਂ ਛੋਟੀਆਂ ਧੁਨਾਂ ਲੋਕਾਂ ਨੂੰ
ਡੇਰਾ ਉੱਠਾ ਲੈਣ ਦੀ ਸੂਚਨਾ ਹੋਵੇਗੀ। ਤੁਸੀਂ ਪਹਿਲੀ ਵਾਰ ਤੁਰ੍ਹੀਆਂ
ਉੱਤੇ ਛੋਟੀ ਧੁਨ ਪੈਦਾ ਕਰੋਗੇ ਤਾਂ ਮੰਡਲੀ ਵਾਲੇ ਤੰਬੂ ਦੇ ਪੂਰਬ ਵਾਲੇ
ਪਾਸੇ ਦੇ ਘਰਾਣੇ ਡੇਰੇ ਤੋਂ ਚੱਲਣਾ ਸ਼ੁਰੂ ਕਰ ਦੇਣਗੇ। 6ਦੂਜੀ ਵਾਰੀ
ਤੁਸੀਂ ਤੁਰ੍ਹੀਆਂ ਤੇ ਛੋਟੀ ਜਿਹੀ ਧੁਨ ਪੈਦਾ ਕਰੋਗੇ, ਮੰਡਲੀ ਵਾਲੇ ਤੰਬੂ
ਦੇ ਦੱਖਣੀ ਪਾਸੇ ਵਾਲੇ ਘਰਾਣੇ ਅੱਗੇ ਵੱਧਣਾ ਸ਼ੁਰੂ ਕਰਨਗੇ। 7ਪਰ ਜੇ
ਤੁਸੀਂ ਲੋਕਾਂ ਨੂੰ ਖਾਸ ਮੰਡਲੀ ਵਿੱਚ ਇਕੱਠਿਆ ਕਰਨਾ ਚਾਹੁੰਦੇ ਹੋ ਤਾਂ
ਤੁਰ੍ਹੀਆਂ ਨੂੰ ਵਖਰੇ ਢੰਗ ਨਾਲ ਵਜਾਉ, ਤੁਰ੍ਹੀ ਉੱਤੇ ਇੱਕ ਲੰਮੀ ਸਥਿਰ
ਧੁਨ ਪੈਦਾ ਕਰੋ। 8ਸਿਰਫ਼ ਹਾਰੂਨ ਦੇ ਪੁੱਤਰਾਂ, ਜਾਜਕਾਂ ਨੂੰ ਹੀ ਤੁਰ੍ਹੀਆਂ
ਵਜਾਉਣੀਆ ਚਾਹੀਦੀਆਂ ਹਨ। ਇਹ ਤੁਹਾਡੇ ਲਈ ਅਜਿਹੀ ਬਿਧੀ
ਹੈ ਜਿਹੜੀ ਆਉਣ ਵਾਲੀਆਂ ਪੀੜ੍ਹੀਆਂ ਤੀਕ ਸਦਾ ਜਾਰੀ ਰਹੇਗੀ।
9“ਜੇ ਤੁਸੀਂ ਆਪਣੀ ਜ਼ਮੀਨ ਉੱਤੇ ਦੁਸ਼ਮਣ ਨਾਲ ਲੜ ਰਹੇ
ਹੋ, ਤਾਂ ਉਨ੍ਹਾਂ ਨਾਲ ਜਾ ਕੇ ਲੜਨ ਤੋਂ ਪਹਿਲਾਂ ਉੱਚੀ ਅਵਾਜ਼ ਵਿੱਚ
ਤੁਰ੍ਹੀ ਵਜਾਉ। ਤੁਹਾਡਾ ਯਹੋਵਾਹ ਪਰਮੇਸ਼ੁਰ ਅਵਾਜ਼ ਸੁਣੇਗਾ ਅਤੇ
ਦੁਸ਼ਮਣਾ ਤੋਂ ਤੁਹਾਡੀ ਰੱਖਿਆ ਕਰੇਗਾ। 10ਤੁਹਾਨੂੰ ਇਨ੍ਹਾਂ ਤੁਰ੍ਹੀਆਂ ਨੂੰ
ਆਪਣੀਆਂ ਸਾਰੀਆਂ ਖਾਸ ਸਭਾਵਾਂ, ਮਹੀਨੇ ਦੇ ਪਹਿਲੇ ਦਿਨਾ ਉੱਤੇ
ਅਤੇ ਤੁਹਾਡੀ ਖੁਸ਼ੀ ਦੇ ਸਰਿਆਂ ਮੌਕਿਆਂ ਉੱਤੇ ਵਜਾਉਣਾ ਚਾਹੀਦਾ
ਹੈ। ਜਦੋਂ ਤੁਸੀਂ ਹੋਮ ਦੀਆਂ ਭੇਟਾ ਅਤੇ ਸੁੱਖ-ਸਾਂਦ ਦੀਆਂ ਭੇਟਾ
ਚੜ੍ਹਾਵੋ ਤਾਂ ਤੁਰ੍ਹੀਆਂ ਵਜਾਉ। ਇਹ ਤੁਹਾਡੇ ਯਹੋਵਾਹ ਲਈ ਤੁਹਾਡੇ
ਨਾਲ ਉਸ ਦੇ ਇਕਰਾਰਨਾਮੇ ਚੇਤੇ ਕਰਾਉਣ ਦਾ ਖਾਸ ਢੰਗ ਹੋਵੇਗਾ।
ਮੈਂ ਤੁਹਾਨੂੰ ਅਜਿਹਾ ਕਰਨ ਦਾ ਆਦੇਸ਼ ਦਿੰਦਾ ਹਾਂ, ਮੈਂ ਯਹੋਵਾਹ
ਤੁਹਾਡਾ ਪਰਮੇਸ਼ੁਰ ਹਾਂ।”

## ਇਸਰਾਏਲ ਦੇ ਲੋਕ ਆਪਣਾ ਡੇਰਾ ਅੱਗੇ ਵਧਾਉਂਦੇ ਹਨ

11ਇਸਰਾਏਲ ਦੇ ਲੋਕਾਂ ਦੇ ਮਿਸਰ ਛੱਡਣ ਤੋਂ ਮਗਰੋਂ ਦੂਸਰੇ ਵਰ੍ਹੇ ਦੇ
ਦੂਸਰੇ ਮਹੀਨੇ ਦੇ 20ਵੇਂ ਦਿਨ, ਇਕਰਾਰਨਾਮੇ ਵਾਲੇ ਤੰਬੂ ਤੋਂ ਬੱਦਲ
ਉੱਠਿਆ। 12ਇਸ ਲਈ ਇਸਰਾਏਲ ਦੇ ਲੋਕਾਂ ਨੇ ਆਪਣਾ ਸਫ਼ਰ
ਸ਼ੁਰੂ ਕੀਤਾ ਉਨ੍ਹਾਂ ਨੇ ਸੀਨਈ ਦਾ ਮਾਰੂਥਲ ਛੱਡ ਦਿੱਤਾ ਅਤੇ ਉਦੋਂ
ਤੱਕ ਸਫ਼ਰ ਕਰਦੇ ਰਹੇ ਜਦੋਂ ਤੱਕ ਕਿ ਬੱਦਲ ਪਾਰਾਨ ਦੇ ਮਾਰੂਥਲ
ਵਿੱਚ ਠਹਿਰ ਨਹੀਂ ਗਿਆ। 13ਇਹ ਪਹਿਲੀ ਵਾਰ ਸੀ ਜਦੋਂ ਲੋਕਾਂ ਨੇ
ਆਪਣਾ ਡੇਰਾ ਅੱਗੇ ਤੋਰਿਆ। ਉਨ੍ਹਾਂ ਨੇ ਇਸ ਨੂੰ ਉਸੇ ਤਰ੍ਹਾਂ ਅੱਗੇ
ਤੋਰਿਆ ਜਿਵੇਂ ਮੂਸਾ ਨੇ ਯਹੋਵਾਹ ਨੂੰ ਆਦੇਸ਼ ਦਿੱਤਾ ਸੀ।
14ਯਹੂਦਾਹ ਦੇ ਡੇਰੇ ਦੇ ਤਿੰਨ ਟੋਲੇ ਪਹਿਲਾਂ ਗਏ। ਉਨ੍ਹਾਂ ਨੇ ਆਪਣੇ
ਝੰਡੇ ਹੇਠਾਂ ਸਫ਼ਰ ਕੀਤਾ। ਪਹਿਲਾ ਟੋਲਾ ਯਹੂਦਾਹ ਦਾ ਘਰਾਣੇ ਸੀ।
ਅੰਮੀਨਾਦਾਬ ਦਾ ਪੁੱਤਰ ਨਹਸ਼ੋਨ ਉਸ ਟੋਲੇ ਦਾ ਆਗੂ ਸੀ। 15ਉਸ
ਤੋਂ ਮਗਰੋਂ ਯਿੱਸਾਕਾਰ ਦਾ ਘਰਾਣੇ ਆਇਆ। ਸੂਆਰ ਦਾ ਪੁੱਤਰ
ਨਥਨਿਏਲ ਉਸ ਟੋਲੇ ਦਾ ਆਗੂ ਸੀ। 16ਅਤੇ ਫ਼ੇਰ ਜ਼ਬੂਲੁਨ ਦੇ
ਘਰਾਣੇ ਦੀ ਵਾਰੀ ਆਈ। ਹੇਲੋਨ ਦਾ ਪੁੱਤਰ ਅਲੀਆਬ ਉਸ ਟੋਲੇ
ਦਾ ਆਗੂ ਸੀ।
17ਫ਼ੇਰ ਪਵਿੱਤਰ ਤੰਬੂ ਉਤਾਰਿਆ ਗਿਆ। ਅਤੇ ਗੇਰਸ਼ੋਨ ਅਤੇ
ਮਰਾਰੀ ਪਰਿਵਾਰਾਂ ਦੇ ਆਦਮੀਆਂ ਨੇ ਪਵਿੱਤਰ ਤੰਬੂ ਨੂੰ ਚੁੱਕਿਆ।
ਇਸ ਲਈ ਇਨ੍ਹਾਂ ਪਰਿਵਾਰਾਂ ਦੇ ਲੋਕ ਅਗਲੀ ਕਤਾਰ ਵਿੱਚ ਸਨ।

18ਫ਼ੇਰ ਰਊਬੇਨ ਦੇ ਡੇਰੇ ਦੇ ਤਿੰਨ ਟੋਲੇ ਆਏ। ਉਨ੍ਹਾਂ ਨੇ ਆਪਣੇ
ਝੰਡੇ ਹੇਠਾ ਸਫ਼ਰ ਕੀਤਾ। ਪਹਿਲਾ ਟੋਲਾ ਰਊਬੇਨ ਦਾ ਘਰਾਣੇ ਸੀ।
ਸ਼ਦੇਊਰ ਦਾ ਪੁੱਤਰ ਅਲੀਸੂਰ ਉਸ ਟੋਲੇ ਦਾ ਆਗੂ ਸੀ। 19ਫ਼ੇਰ
ਸ਼ਿਮਓਨ ਦੇ ਘਰਾਣੇ ਦੀ ਵਾਰੀ ਸੀ। ਸੂਰੀਸ਼ੱਦਾਈ ਦਾ ਪੁੱਤਰ
ਸ਼ਲੁਮੀਏਲ ਉਸ ਟੋਲੇ ਦਾ ਆਗੂ ਸੀ। 20ਅਤੇ ਫ਼ੇਰ ਗਾਦ ਦਾ
ਘਰਾਣਾ ਆਇਆ। ਦਊਏਲ ਦਾ ਪੁੱਤਰ ਅਲਯਾਸਾਫ਼ ਉਸ ਟੋਲੇ
ਦਾ ਆਗੂ ਸੀ। 21ਫ਼ੇਰ ਕਹਾਥ ਪਰਿਵਾਰ ਸਮੂਹ ਆਇਆ। ਉਨ੍ਹਾਂ
ਨੇ ਪਵਿੱਤਰ ਸਥਾਨ ਤੋਂ ਪਵਿੱਤਰ ਚੀਜ਼ਾਂ ਚੁੱਕੀਆਂ। ਉਹ ਇਸ ਸਮੇਂ
ਇਸ ਲਈ ਆਏ ਤਾਂ ਜੋ ਬਾਕੀ ਲੋਕ ਪਵਿੱਤਰ ਤੰਬੂ ਨੂੰ ਨਵੇਂ ਸਥਾਨ
ਉੱਤੇ ਸਥਾਪਿਤ ਕਰ ਸਕਣ ਅਤੇ ਉਨ੍ਹਾਂ ਦੇ ਉੱਥੇ ਆਉਣ ਤੋਂ ਪਹਿਲਾਂ
ਇਸ ਨੂੰ ਤਿਆਰ ਕਰ ਸਕਣ।

22ਇਸ ਤੋਂ ਅੱਗੇ ਅਫ਼ਰਈਮ ਦੇ ਡੇਰੇ ਵਿੱਚੋਂ ਤਿੰਨ ਟੋਲੇ ਆਏ।
ਉਨ੍ਹਾਂ ਨੇ ਆਪਣੇ ਝੰਡੇ ਹੇਠਾਂ ਸਫ਼ਰ ਕੀਤਾ। ਪਹਿਲਾ ਟੋਲਾ ਅਫ਼ਰਈਮ
ਦੇ ਪਰਿਵਾਰ ਵਿੱਚੋਂ ਸੀ। ਅੰਮੀਹੂਦ ਦਾ ਪੁੱਤਰ ਅਲੀਸ਼ਾਮਾ ਇਸ
ਟੋਲੇ ਦਾ ਆਗੂ ਸੀ। 23ਫ਼ੇਰ ਮਨੱਸ਼ਹ ਦਾ ਘਰਾਣੇ ਆਇਆ।
ਪਦਾਹਸੂਰ ਦਾ ਪੁੱਤਰ ਗਮਲੀਏਲ ਉਸ ਸਮੂਹ ਦਾ ਆਗੂ ਸੀ।
24ਫ਼ੇਰ ਬਿਨਯਾਮੀਨ ਦਾ ਘਰਾਣੇ ਆਇਆ। ਗਿਦਓਨੀ ਦਾ ਪੁੱਤਰ
ਅਬੀਦਾਨ ਇਸ ਟੋਲੇ ਦਾ ਆਗੂ ਸੀ।

25ਅਗਲੀ ਕਤਾਰ ਵਿੱਚਲੇ ਤਿੰਨ ਆਖਰੀ ਘਰਾਣੇ ਹੋਰ ਸਾਰੇ
ਪਰਿਵਾਰ-ਸਮੂਹਾਂ ਪਿੱਛਲੇ ਦਸਤੇ ਵਿੱਚ ਸਨ। ਇਹ ਸਮੂਹ ਦਾਨ
ਦੇ ਘਰਾਣੇ ਦੇ ਡੇਰੇ ਵਿੱਚੋਂ ਸਨ। ਉਨ੍ਹਾਂ ਨੇ ਆਪਣੇ ਝੰਡੇ ਹੇਠਾਂ ਸਫ਼ਰ
ਕੀਤਾ। ਪਹਿਲਾ ਸਮੂਹ ਦਾਨ ਦਾ ਘਰਾਣੇ ਸੀ। ਅੰਮੀਸ਼ਦਾਈ ਦਾ
ਪੁੱਤਰ ਅਹੀਅਜ਼ਰ ਉਨ੍ਹਾਂ ਦਾ ਆਗੂ ਸੀ। 26ਫ਼ੇਰ ਆਸ਼ੇਰ ਦਾ ਘਰਾਣੇ
ਆਇਆ। ਆਕਰਾਨ ਦਾ ਪੁੱਤਰ ਪਗੀਏਲ ਉਸ ਟੋਲੇ ਦਾ ਆਗੂ
ਸੀ। 27ਫ਼ੇਰ ਨਫ਼ਤਾਲੀ ਦਾ ਘਰਾਣੇ ਆਇਆ। ਏਨਾਨ ਦਾ ਪੁੱਤਰ
ਅਹੀਰਾ ਉਸ ਟੋਲੇ ਦਾ ਆਗੂ ਸੀ। 28ਇਹੀ ਉਹ ਢੰਗ ਸੀ ਜਦੋਂ
ਇਸਰਾਏਲ ਦੇ ਲੋਕ ਇੱਕ ਥਾਂ ਤੋਂ ਦੂਸਰੀ ਥਾ ਜਾਣ ਬਾਰੇ ਕੂਚ ਕਰਦੇ
ਸਨ।

29ਹੋਬਾਬ ਰਊਏਲ ਦਾ ਪੁੱਤਰ ਸੀ ਜਿਹੜਾ ਮਿਦਯਾਨੀ ਸੀ।
(ਰਊਏਲ ਮੂਸਾ ਦਾ ਸੌਹਰਾ ਸੀ।) ਮੂਸਾ ਨੇ ਹੋਬਾਬ ਨੂੰ ਆਖਿਆ,
“ਅਸੀਂ ਉਸ ਧਰਤੀ ਵੱਲ ਸਫ਼ਰ ਕਰ ਰਹੇ ਹਾਂ ਜਿਹੜੀ ਪਰਮੇਸ਼ੁਰ
ਨੇ ਸਾਨੂੰ ਦੇਣ ਦਾ ਇਕਰਾਰ ਕੀਤਾ ਸੀ। ਸਾਡੇ ਨਾਲ ਆ ਜਾਉ ਅਤੇ
ਅਸੀਂ ਤੁਹਾਡੇ ਨਾਲ ਚੰਗਾ ਸਲੂਕ ਕਰਾਂਗੇ। ਯਹੋਵਾਹ ਨੇ ਇਸਰਾਏਲ
ਦੇ ਲੋਕਾਂ ਨੂੰ ਚੰਗੀਆਂ ਚੀਜ਼ਾਂ ਦੇਣ ਦਾ ਇਕਰਾਰ ਕੀਤਾ ਹੈ।”

30ਪਰ ਹੋਬਾਬ ਨੇ ਜਵਾਬ ਦਿੱਤਾ, “ਨਹੀਂ ਮੈਂ ਤੇਰੇ ਨਾਲ ਨਹੀਂ
ਜਾਵਾਂਗਾ। ਮੈਂ ਆਪਣੀ ਮਾਤ੍ਰ ਭੂਮੀ ਵੱਲ ਜਾਵਾਂਗਾ ਅਤੇ ਆਪਣੇ
ਲੋਕਾਂ ਕੋਲ ਜਾਵਾਂਗਾ।”

31ਮੂਸਾ ਨੇ ਆਖਿਆ, “ਕਿਰਪਾ ਕਰਕੇ ਸਾਨੂੰ ਛੱਡ ਕੇ ਨਾ ਜਾਉ।
ਤੁਸੀਂ ਮਾਰੂਥਲ ਬਾਰੇ ਸਾਡੇ ਨਾਲੋਂ ਜ਼ਿਆਦਾ ਜਾਣਦੇ ਹੋ। ਤੁਸੀਂ ਸਾਡੇ
ਰਾਹਬਰ ਹੋ ਸਕਦੇ ਹੋ। 32ਜੇ ਤੁਸੀਂ ਸਾਡੇ ਨਾਲ ਆਵੋਗੇ, ਤਾਂ ਅਸੀਂ
ਤੁਹਾਡੇ ਨਾਲ ਉਨ੍ਹਾਂ ਸਾਰੀਆਂ ਚੀਜ਼ਾਂ ਨੂੰ ਸਾਂਝਿਆ ਕਰਾਂਗੇ, ਜਿਹੜੀਆਂ
ਯਹੋਵਾਹ ਸਾਨੂੰ ਦੇਵੇਗਾ।”

33ਇਸ ਲਈ ਹੋਬਾਬ ਮੰਨ ਗਿਆ ਅਤੇ ਉਨ੍ਹਾਂ ਨੇ ਯਹੋਵਾਹ ਦੇ
ਪਹਾੜ ਤੋਂ ਆਪਣੀ ਯਾਤਰਾ ਅਰੰਭ ਕੀਤੀ। ਜਾਜਕਾਂ ਨੇ ਯਹੋਵਾਹ ਦੇ
ਇਕਰਾਰਨਾਮੇ ਦਾ ਸੰਦੂਕ ਚੁੱਕਿਆ ਅਤੇ ਲੋਕਾਂ ਦੇ ਅੱਗੇ-ਅੱਗੇ ਤੁਰ
ਪਏ। ਉਨ੍ਹਾਂ ਨੇ ਡੇਰਾ ਸਥਾਪਿਤ ਕਰਨ ਵਾਲੀ ਥਾਂ ਨੂੰ ਲੱਭਦਿਆਂ ਸੰਦੂਕ
ਨੂੰ ਤਿੰਨਾਂ ਦਿਨਾਂ ਤੱਕ ਚੁੱਕੀ ਰੱਖਿਆ। 34ਯਹੋਵਾਹ ਦਾ ਬੱਦਲ ਉਨ੍ਹਾਂ
ਦੇ ਉੱਪਰ ਹਰ ਰੋਜ਼ ਸੀ। ਅਤੇ ਜਦੋਂ ਉਨ੍ਹਾਂ ਨੇ ਹਰ ਸਵੇਰੇ ਆਪਣਾ
ਡੇਰਾ ਛੱਡਿਆ, ਬੱਦਲ ਉਨ੍ਹਾਂ ਦੀ ਅਗਵਾਈ ਲਈ ਉੱਥੇ ਹੀ ਸੀ।

35ਜਦੋਂ ਲੋਕਾਂ ਨੇ ਪਵਿੱਤਰ ਸੰਦੂਕ ਨੂੰ ਡੇਰਾ ਚੁੱਕਣ ਲਈ
ਉਠਾਇਆ, ਮੂਸਾ ਨੇ ਹਮੇਸ਼ਾ ਆਖਿਆ,

“ਉੱਠ ਯਹੋਵਾਹ ਜੀ! ਸਾਰੇ ਤੁਹਾਡੇ ਦੁਸ਼ਮਣ ਖਿੰਡ ਜਾਣ।
ਸਾਰੇ ਤੁਹਾਡੇ ਦੁਸ਼ਮਣ ਤੁਹਾਡੇ ਕੋਲੋਂ ਦੂਰ ਭੱਜ ਜਾਣ।”

36ਅਤੇ ਜਦੋਂ ਪਵਿੱਤਰ ਸੰਦੂਕ ਨੂੰ ਉਸ ਦੀ ਥਾਵੇਂ ਰੱਖਿਆ ਗਿਆ
ਮੂਸਾ ਨੇ ਹਮੇਸ਼ਾ ਆਖਿਆ,

“ਵਾਪਸ ਆ ਜਾਉ, ਯਹੋਵਾਹ, ਇਸਰਾਏਲ ਦੇ ਲੱਖਾਂ ਲੋਕਾਂ
ਕੋਲ।”



## ਲੋਕ ਫ਼ੇਰ ਸ਼ਿਕਾਇਤ ਕਰਦੇ ਹਨ

11 1ਲੋਕਾਂ ਨੇ ਆਪਣੀ ਸਮੱਸਿਆਵਾਂ ਬਾਰੇ ਸ਼ਿਕਾਇਤਾਂ
ਕਰਨੀਆਂ ਸ਼ੁਰੂ ਕਰ ਦਿੱਤੀਆਂ, ਯਹੋਵਾਹ ਨੇ ਉਨ੍ਹਾਂ ਦੀਆਂ
ਸ਼ਿਕਾਇਤਾਂ ਸੁਣੀਆਂ ਅਤੇ ਬਹੁਤ ਕ੍ਰੋਧਵਾਨ ਹੋ ਗਿਆ। ਯਹੋਵਾਹ ਦੀ
ਅੱਗ ਲੋਕਾਂ ਦਰਮਿਆਨ ਅਤੇ ਡੇਰੇ ਦੀ ਨੁੱਕਰ ਤੇ ਵੀ ਬਲ ਉੱਠੀ।
2ਇਸ ਲਈ ਲੋਕਾਂ ਨੇ ਮੂਸਾ ਅੱਗੇ ਸਹਾਇਤਾ ਲਈ ਪੁਕਾਰ ਕੀਤੀ।
ਮੂਸਾ ਨੇ ਯਹੋਵਾਹ ਅੱਗੇ ਪ੍ਰਾਰਥਨਾ ਕੀਤੀ ਅਤੇ ਅੱਗ ਬਲਣੋ ਹਟ
ਗਈ। 3ਇਸ ਲਈ ਉਸ ਥਾਂ ਨੂੰ ਤਬਏਰਾਹ ਬੁਲਾਇਆ ਗਿਆ।
ਲੋਕਾਂ ਨੇ ਉਸ ਥਾਂ ਨੂੰ ਇਹ ਨਾਮ ਦਿੱਤਾ ਕਿਉਂਕਿ ਯਹੋਵਾਹ ਨੇ ਉਨ੍ਹਾਂ
ਦੇ ਡੇਰੇ ਨੂੰ ਸਾੜਨ ਲਈ ਅੱਗ ਲਾਈ।

## 70 ਵਡੇਰੇ ਆਗੂ

4ਉਹ ਵਿਦੇਸ਼ੀ ਜਿਹੜੇ ਇਸਰਾਏਲ ਦੇ ਲੋਕਾਂ ਨਾਲ ਰਲ ਗਏ ਸਨ,
ਉਨ੍ਹਾਂ ਨੇ ਖਾਣ ਲਈ ਹੋਰਨਾਂ ਚੀਜ਼ਾਂ ਦੀ ਆਪਣੀ ਇੱਛਾ ਦਰਸਾਈ।
ਛੇਤੀ ਹੀ ਇਸਰਾਏਲ ਦੇ ਸਮੂਹ ਲੋਕ ਫ਼ੇਰ ਸ਼ਿਕਾਇਤ ਕਰਨ ਲੱਗੇ
ਅਤੇ ਆਖਿਆ, “ਸਾਨੂੰ ਖਾਣ ਲਈ ਮਾਸ ਕੌਣ ਦੇਵੇਗਾ? 5ਸਾਨੂੰ ਉਹ
ਮੱਛੀਆਂ ਚੇਤੇ ਆਉਂਦੀਆਂ ਹਨ ਜਿਹੜੀ ਅਸੀਂ ਮਿਸਰ ਵਿੱਚ ਖਾਂਦੇ
ਸੀ। ਇਸ ਦੀ ਸਾਨੂੰ ਕੋਈ ਕੀਮਤ ਨਹੀਂ ਦੇਣੀ ਪੈਂਦੀ ਸੀ, ਅਤੇ ਸਾਡੇ
ਕੋਲ ਕੁਝ ਚੰਗੀਆਂ ਸਬਜ਼ੀਆਂ ਜਿਵੇਂ ਕੱਕੜੀਆਂ, ਖਰਬੂਜੇ, ਲੀਕਸ,
ਪਿਆਜ਼ ਅਤੇ ਲਸਣ ਸਨ। 6ਪਰ ਹੁਣ ਸਾਡੀ ਤਾਕਤ ਖਤਮ ਹੋ
ਗਈ ਹੈ। ਅਸੀਂ ਇਸ ਮੰਨਾ ਤੋਂ ਇਲਾਵਾ ਕਦੇ ਵੀ ਹੋਰ ਕੁਝ ਨਹੀਂ
ਖਾਂਦੇ!” 7(ਮੰਨਾ ਧਨੀਏ ਦੇ ਛੋਟੇ ਬੀਜ਼ਾਂ ਵਰਗਾ ਸੀ। ਅਤੇ ਇਹ
ਕਿਸੇ ਰੁੱਖ ਦੀ ਗੂੰਦ ਵਰਗਾ ਦਿਸਦਾ ਸੀ। 8ਲੋਕ ਮੰਨਾ ਇਕੱਠਾ
ਕਰਦੇ ਸਨ। ਫ਼ੇਰ ਉਹ ਪੱਥਰ ਨਾਲ ਇਸ ਨੂੰ ਤੋੜਦੇ ਸਨ ਅਤੇ ਇੱਕ
ਬਰਤਨ ਵਿੱਚ ਰਿੰਨ੍ਹਦੇ ਸਨ। ਜਾਂ ਉਹ ਇਸ ਨੂੰ ਪੀਹਕੇ ਆਟਾ ਬਣਾ
ਲੈਂਦੇ ਸਨ ਅਤੇ ਇਸ ਦੀਆਂ ਪਤਲੀਆਂ ਰੋਟੀਆਂ ਬਣਾ ਲੈਂਦੇ ਸਨ।
ਇਹ ਰੋਟੀਆਂ ਜ਼ੈਤੂਨ ਦੇ ਤੇਲ ਵਿੱਚ ਪਕਾਈਆਂ ਮਿੱਠੀਆਂ ਰੋਟੀਆਂ
ਵਰਗਾ ਸੁਆਦ ਦਿੰਦੀਆਂ ਸਨ। 9ਮੰਨਾ ਹਰ ਰਾਤ ਤਰੇਲ ਨਾਲ
ਭਿੱਜੀ ਧਰਤੀ ਉੱਤੇ ਡਿੱਗਦਾ ਸੀ।)

10ਮੂਸਾ ਨੇ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ। ਹਰ ਪਰਿਵਾਰ
ਦੇ ਲੋਕ ਆਪਣੇ ਤੰਬੂਆਂ ਕੋਲ ਬੈਠੇ ਸ਼ਿਕਾਇਤਾਂ ਕਰ ਰਹੇ ਸਨ।
ਯਹੋਵਾਹ ਬਹੁਤ ਕ੍ਰੋਧਵਾਨ ਹੋ ਗਿਆ, ਅਤੇ ਇਸ ਨੇ ਮੂਸਾ ਨੂੰ ਬਹੁਤ
ਬੇਚੈਨ ਕਰ ਦਿੱਤਾ। 11ਮੂਸਾ ਨੇ ਯਹੋਵਾਹ ਨੂੰ ਪੁੱਛਿਆ, “ਹੇ ਯਹੋਵਾਹ
ਤੁਸੀਂ ਮੇਰੇ ਉੱਤੇ ਇਹ ਮੁਸੀਬਤ ਕਿਉਂ ਪਾ ਦਿੱਤੀ ਹੈ? ਮੈਂ ਤੁਹਾਡਾ
ਸੇਵਕ ਹਾਂ। ਮੈਂ ਕੀ ਕਸੂਰ ਕੀਤਾ ਹੈ? ਮੈਂ ਤੁਹਾਨੂੰ ਬੇਚੈਨ ਕਰਨ ਵਾਲੀ

ਕਿਹੜੀ ਗੱਲ ਕੀਤੀ ਹੈ? ਤੁਸੀਂ ਮੈਨੂੰ ਇਨ੍ਹਾਂ ਸਾਰੇ ਲੋਕਾਂ ਦੀ ਜ਼ਿੰਮੇਵਾਰੀ
ਕਿਉਂ ਸੌਂਪੀ ਹੈ? 12ਤੁਸੀਂ ਜਾਣਦੇ ਹੋ ਕਿ ਮੈਂ ਇਨ੍ਹਾਂ ਸਮੂਹ ਲੋਕਾਂ ਦਾ
ਪਿਤਾ ਨਹੀਂ ਹਾਂ। ਤੁਸੀਂ ਜਾਣਦੇ ਹੋ ਕਿ ਮੈਂ ਇਨ੍ਹਾਂ ਨੂੰ ਜਨਮ ਨਹੀਂ
ਦਿੱਤਾ। ਪਰ ਮੈਨੂੰ ਇਨ੍ਹਾਂ ਦੀ ਦੇਖ-ਭਾਲ ਕਰਨੀ ਪੈਂਦੀ ਹੈ ਜਿਵੇਂ ਕੋਈ
ਦਾਈ ਬੱਚੇ ਨੂੰ ਆਪਣੀਆਂ ਬਾਹਾਂ ਵਿੱਚ ਚੁੱਕਦੀ ਹੈ। ਤੁਸੀਂ ਮੈਨੂੰ
ਅਜਿਹਾ ਕਰਨ ਲਈ ਕਿਉਂ ਮਜ਼ਬੂਰ ਕਰਦੇ ਹੋ? ਤੁਸੀਂ ਮੈਨੂੰ ਇਨ੍ਹਾਂ ਨੂੰ
ਉਸ ਧਰਤੀ ਉੱਤੇ ਲੈ ਜਾਣ ਲਈ ਕਿਉਂ ਮਜ਼ਬੂਰ ਕਰਦੇ ਹੋ ਜਿਸ ਦਾ
ਤੁਸੀਂ ਸਾਡੇ ਪੁਰਖਿਆਂ ਨਾਲ ਇਕਰਾਰ ਕੀਤਾ ਸੀ? 13ਮੇਰੇ ਕੋਲ ਇਨ੍ਹਾਂ
ਲੋਕਾਂ ਲਈ ਕਾਫ਼ੀ ਮਾਸ ਨਹੀਂ ਹੈ। ਅਤੇ ਇਹ ਮੇਰੇ ਕੋਲ ਸ਼ਿਕਾਇਤਾਂ
ਕਰੀ ਜਾ ਰਹੇ ਹਨ। ਇਹ ਆਖਦੇ ਹਨ, ਸਾਨੂੰ ਖਾਣ ਵਾਸਤੇ ਮਾਸ
ਦਿਉ। 14ਮੈਂ ਇਕੱਲਾ ਇਨ੍ਹਾਂ ਸਾਰੇ ਲੋਕਾਂ ਦਾ ਧਿਆਨ ਨਹੀਂ ਰੱਖ
ਸਕਦਾ। ਇਹ ਭਾਰ ਮੇਰੇ ਲਈ ਬਹੁਤ ਜ਼ਿਆਦਾ ਹੈ। 15ਜੇ ਤੁਸੀਂ ਮੈਨੂੰ
ਮੁਸੀਬਤਾਂ ਦਿੰਦੇ ਰਹਿਣ ਦੀ ਯੋਜਨਾ ਬਣਾਈ ਹੈ, ਤਾਂ ਮੈਨੂੰ ਹੁਣੇ ਮਰ
ਜਾਣ ਦਿਉ। ਜੇ ਤੁਸੀਂ ਮੈਨੂੰ ਆਪਣਾ ਸੇਵਕ ਪ੍ਰਵਾਨ ਕਰਦੇ ਹੋ, ਮੈਨੂੰ
ਹੁਣੇ ਮਾਰ ਦਿਓ। ਮੈਨੂੰ ਮੇਰੀ ਬਦਕਿਸਮਤੀ ਨੂੰ ਨਾ ਵੇਖਣ ਦਿਉ।”
16ਯਹੋਵਾਹ ਨੇ ਮੂਸਾ ਨੂੰ ਆਖਿਆ, “ਮੇਰੇ ਕੋਲ ਇਸਰਾਏਲ ਦੇ
70 ਬਜ਼ੁਰਗਾਂ ਨੂੰ ਲਿਆ। ਇਹ ਆਦਮੀ ਲੋਕਾਂ ਦੇ ਆਗੂ ਹਨ। ਉਨ੍ਹਾਂ
ਨੂੰ ਮੰਡਲੀ ਵਾਲੇ ਤੰਬੂ ਕੋਲ ਲਿਆ। ਉਨ੍ਹਾਂ ਨੂੰ ਆਪਣੇ ਨਾਲ ਉੱਥੇ ਖੜ੍ਹੇ
ਕਰੋ। 17ਫ਼ੇਰ ਮੈਂ ਹੇਠਾਂ ਆਵਾਂਗਾ ਅਤੇ ਉੱਥੇ ਤੇਰੇ ਨਾਲ ਗੱਲ ਕਰਾਂਗਾ।
ਆਤਮਾ ਹੁਣ ਤੇਰੇ ਉੱਪਰ ਹੈ ਪਰ ਮੈਂ ਉਸ ਆਤਮਾ ਦਾ ਕੁਝ ਹਿੱਸਾ
ਉਨ੍ਹਾਂ ਲੋਕਾਂ ਨੂੰ ਵੀ ਦੇਵਾਂਗਾ। ਫ਼ੇਰ ਉਹ ਲੋਕਾਂ ਦੀ ਦੇਖ-ਭਾਲ ਕਰਨ
ਵਿੱਚ ਤੇਰੀ ਸਹਾਇਤਾ ਕਰਨਗੇ ਅਤੇ ਤੈਨੂੰ ਇਕੱਲੇ ਨੂੰ ਸਾਰੇ ਲੋਕਾਂ ਦੀ
ਦੇਖ-ਭਾਲ ਦੀ ਜ਼ਿੰਮੇਵਾਰੀ ਨਹੀਂ ਚੁੱਕਣੀ ਪਵੇਗੀ।
18“ਇਹ ਗੱਲਾਂ ਲੋਕਾਂ ਨੂੰ ਦੱਸੋ: ਆਪਣੇ-ਆਪ ਨੂੰ ਕੱਲ੍ਹ ਵਾਸਤੇ
ਤਿਆਰ ਕਰੋ। ਕੱਲ੍ਹ ਨੂੰ ਤੁਸੀਂ ਮਾਸ ਖਾਵੋਗੇ। ਯਹੋਵਾਹ ਨੇ ਤੁਹਾਡੀ
ਪੁਕਾਰ ਸੁਣ ਲਈ ਹੈ। ਯਹੋਵਾਹ ਨੇ ਤੁਹਾਡੇ ਸ਼ਬਦ ਸੁਣ ਲਏ ਹਨ
ਜਦੋਂ ਤੁਸੀਂ ਆਖਿਆ ਸੀ, ‘ਸਾਨੂੰ ਖਾਣ ਵਾਸਤੇ ਮਾਸ ਚਾਹੀਦਾ ਹੈ!
ਅਸੀਂ ਮਿਸਰ ਵਿੱਚ ਚੰਗੇ ਸਾਂ!’ ਇਸ ਲਈ ਹੁਣ ਯਹੋਵਾਹ ਤੁਹਾਨੂੰ
ਮਾਸ ਦੇਵੇਗਾ। ਅਤੇ ਤੁਸੀਂ ਇਸ ਨੂੰ ਖਾਵੋਗੇ। 19ਤੁਸੀਂ ਇਸ ਨੂੰ
ਇੱਕ ਜਾਂ ਦੋ, ਪੰਜ ਜਾਂ ਦਸ, ਜਾਂ 20 ਦਿਨਾਂ ਤੱਕ ਹੀ ਨਹੀਂ ਖਾਵੋਗੇ!
20ਸਗੋਂ ਤੁਸੀਂ ਉਸ ਮਾਸ ਨੂੰ ਪੂਰੇ ਇੱਕ ਮਹੀਨੇ ਤੱਕ ਖਾਂਦੇ ਰਹੋਗੇ।
ਤੁਸੀਂ ਉਦੋਂ ਤੱਕ ਮਾਸ ਖਾਂਦੇ ਰਹੋਗੇ ਜਦੋਂ ਤੱਕ ਕਿ ਤੁਸੀਂ ਇਸ ਤੋਂ ਅੱਕ
ਨਹੀਂ ਜਾਂਦੇ ਤੁਹਾਡੇ ਨਾਲ ਇਵੇਂ ਵਾਪਰੇਗਾ ਕਿਉਂਕਿ ਤੁਸੀਂ ਯਹੋਵਾਹ ਦੇ
ਖਿਲਾਫ਼ ਸ਼ਿਕਾਇਤ ਕੀਤੀ ਸੀ। ਯਹੋਵਾਹ ਤੁਹਾਡੇ ਅੰਗ-ਸੰਗ ਰਹਿੰਦਾ
ਹੈ ਅਤੇ ਜਾਣਦਾ ਹੈ ਕਿ ਤੁਹਾਨੂੰ ਕਿਸ ਚੀਜ਼ ਦੀ ਲੋੜ ਹੈ। ਪਰ ਤੁਸੀਂ
ਰੋ-ਰੋ ਕੇ ਉਸ ਨੂੰ ਸ਼ਿਕਾਇਤ ਕੀਤੀ ਹੈ! ਤੁਸੀਂ ਆਖਿਆ ਸੀ। ‘ਅਸੀਂ
ਮਿਸਰ ਛੱਡਿਆ ਹੀ ਕਿਉਂ?’”
21ਮੂਸਾ ਨੇ ਆਖਿਆ, “ਯਹੋਵਾਹ ਇੱਥੇ ਆਲੇ-ਦੁਆਲੇ ਫ਼ਿਰਦੇ
6,00,000 ਆਦਮੀ ਹਨ। ਅਤੇ ਤੁਸੀਂ ਆਖਦੇ ਹੋ, ‘ਮੈਂ ਇਨ੍ਹਾਂ
ਨੂੰ ਮਹੀਨੇ ਭਰ ਲਈ ਖਾਣ ਵਾਸਤੇ ਮਾਸ ਦੇਵਾਂਗਾ।’ 22ਜੇ ਸਾਨੂੰ
ਸਾਰੀਆਂ ਭੇਡਾਂ ਅਤੇ ਜਾਨਵਰਾ ਨੂੰ ਵੀ ਮਾਰਨਾ ਪਵੇ। ਤਾਂ ਉਹ ਵੀ
ਇੰਨੇ ਸਾਰੇ ਲੋਕਾਂ ਨੂੰ ਮਹੀਨਾ ਭਰ ਭੋਜਨ ਕਰਨ ਲਈ ਕਾਫ਼ੀ ਨਹੀਂ
ਹੋਵੇਗਾ। ਅਤੇ ਜੇ ਅਸੀਂ ਸਮੁੰਦਰ ਦੀਆਂ ਸਾਰੀਆਂ ਮੱਛੀਆਂ ਨੂੰ ਵੀ
ਫ਼ੜ ਲਈਏ ਤਾਂ ਉਹ ਵੀ ਇਨ੍ਹਾਂ ਲਈ ਕਾਫ਼ੀ ਨਹੀਂ ਹੋਣਗੀਆਂ!”
23ਪਰ ਯਹੋਵਾਹ ਨੇ ਮੂਸਾ ਨੂੰ ਆਖਿਆ, “ਮੇਰੀ ਸ਼ਕਤੀ ਨੂੰ ਸੀਮਤ
ਨਾ ਕਰ, ਹੁਣ ਤੁਸੀਂ ਦੇਖੋਗੇ ਕਿ ਮੈਂ ਉਹ ਸਾਰੀਆਂ ਗੱਲਾਂ ਕਰ ਸਕਦਾ
ਹਾਂ ਜੋ ਮੈਂ ਆਖਦਾ ਹਾਂ।”
24ਇਸ ਲਈ ਮੂਸਾ ਲੋਕਾਂ ਨਾਲ ਗੱਲ ਕਰਨ ਲਈ ਗਿਆ।
ਮੂਸਾ ਨੇ ਉਨ੍ਹਾਂ ਨੂੰ ਦੱਸਿਆ ਕਿ ਯਹੋਵਾਹ ਨੇ ਕੀ ਆਖਿਆ ਸੀ। ਫ਼ੇਰ
ਮੂਸਾ ਨੇ 70 ਬਜ਼ੁਰਗਾਂ ਨੂੰ ਇਕੱਠਿਆ ਕੀਤਾ। ਮੂਸਾ ਨੇ ਉਨ੍ਹਾਂ ਨੂੰ ਤੰਬੂ
ਦੇ ਆਲੇ-ਦੁਆਲੇ ਖੜ੍ਹਾ ਹੋਣ ਲਈ ਆਖਿਆ। 25ਫ਼ੇਰ ਯਹੋਵਾਹ
ਬੱਦਲ ਵਿੱਚੋਂ ਹੇਠਾਂ ਉਤਰਿਆ ਅਤੇ ਮੂਸਾ ਨਾਲ ਗੱਲ ਕੀਤੀ। ਆਤਮਾ
ਮੂਸਾ ਦੇ ਉੱਪਰ ਸੀ। ਯਹੋਵਾਹ ਨੇ ਉਹੀ ਆਤਮਾ 70 ਬਜ਼ੁਰਗਾਂ ਦੇ
ਉੱਪਰ ਰੱਖ ਦਿੱਤਾ ਜਦੋਂ ਆਤਮਾ ਉਨ੍ਹਾਂ ਦੇ ਉੱਪਰ ਉਤਰਿਆ, ਉਨ੍ਹਾਂ
ਨੇ ਭਵਿੱਖਬਾਣੀ ਕਰਨੀ ਸ਼ੁਰੂ ਕਰ ਦਿੱਤੀ। ਪਰ ਇਹੀ ਇੱਕ ਮੌਕਾ ਸੀ
ਜਦੋਂ ਇਨ੍ਹਾਂ ਲੋਕਾਂ ਨੇ ਅਜਿਹਾ ਕੀਤਾ।
26ਬਜ਼ੁਰਗਾਂ ਵਿੱਚੋਂ ਦੋ ਜਣੇ ਅਲਦਾਦ ਅਤੇ ਮੇਦਾਦ ਤੰਬੂ ਕੋਲ
ਨਹੀਂ ਗਏ ਉਨ੍ਹਾਂ ਦੇ ਨਾਮ ਬਜ਼ੁਰਗਾ ਦੀ ਸੂਚੀ ਵਿੱਚ ਸਨ। ਪਰ
ਉਹ ਡੇਰੇ ਵਿੱਚ ਹੀ ਰੁਕੇ ਰਹੇ ਪਰ ਆਤਮਾ ਉਨ੍ਹਾਂ ਉੱਤੇ ਵੀ ਉਤਰਿਆ
ਅਤੇ ਉਨ੍ਹਾਂ ਨੇ ਡੇਰੇ ਵਿੱਚ ਭਵਿੱਖਬਾਣੀ ਕਰਨੀ ਸ਼ੁਰੂ ਕਰ ਦਿੱਤੀ।
27ਇੱਕ ਨੌਜਵਾਨ ਭੱਜ ਕੇ ਮੂਸਾ ਕੋਲ ਗਿਆ ਅਤੇ ਉਸ ਨੂੰ ਦੱਸਿਆ,
“ਅਲਦਾਦ ਅਤੇ ਮੇਦਾਦ ਡੇਰੇ ਵਿੱਚ ਭਵਿੱਖਬਾਣੀ ਕਰ ਰਹੇ ਹਨ।”
28ਨੂਨ ਦੇ ਪੁੱਤਰ ਯਹੋਸ਼ੁਆ ਨੇ ਮੂਸਾ ਨੂੰ ਆਖਿਆ, “ਸ੍ਰੀਮਾਨ
ਮੂਸਾ ਜੀ ਤੁਹਾਨੂੰ ਉਨ੍ਹਾਂ ਨੂੰ ਰੋਕਣਾ ਚਾਹੀਦਾ ਹੈ!” (ਯਹੋਸ਼ੁਆ ਉਦੋਂ ਤੋਂ
ਹੀ ਮੂਸਾ ਦਾ ਸਹਾਇਕ ਸੀ। ਜਦੋਂ ਉਹ ਹਾਲੇ ਮੁੰਡਾ ਹੀ ਸੀ।)
29ਪਰ ਮੂਸਾ ਨੇ ਜਵਾਬ ਦਿੱਤਾ, “ਕੀ ਤੂੰ ਇਸ ਗੱਲੋਂ ਡਰਦਾ ਹੈਂ ਕਿ
ਲੋਕ ਸੋਚਣਗੇ ਕਿ ਹੁਣ ਮੈਂ ਆਗੂ ਨਹੀਂ ਹਾਂ? ਮੈਂ ਚਾਹੁੰਦਾ ਹਾਂ ਕਿ ਯਹੋਵਾਹ
ਦੇ ਸਾਰੇ ਲੋਕ ਭਵਿੱਖਬਾਣੀ ਕਰਨ ਦੇ ਯੋਗ ਹੋਣ। ਮੈਂ ਚਾਹੁੰਦਾ ਹਾਂ ਕਿ
ਯਹੋਵਾਹ ਉਨ੍ਹਾਂ ਸਾਰਿਆਂ ਉੱਪਰ ਆਪਣਾ ਆਤਮਾ ਪਾਵੇ!” 30ਫ਼ੇਰ
ਮੂਸਾ ਅਤੇ ਇਸਰਾਏਲ ਦੇ ਆਗੂ ਡੇਰੇ ਵੱਲ ਵਾਪਸ ਚਲੇ ਗਏ।

## ਬਟੇਰ ਆਉਂਦੇ ਹਨ

31ਫ਼ੇਰ ਯਹੋਵਾਹ ਨੇ ਸਮੁੰਦਰ ਵੱਲੋਂ ਤੇਜ਼ ਹਵਾ ਵਗਾਈ। ਹਵਾ ਨੇ
ਬਟੇਰਾਂ ਨੂੰ ਉਸ ਇਲਾਕੇ ਵੱਲ ਵਹਾ ਦਿੱਤਾ ਬਟੇਰਾਂ ਨੇ ਡੇਰੇ ਦੇ ਸਾਰੇ
ਪਾਸੇ ਉਡਾਰੀ ਲਾਈ ਉੱਥੇ ਇੰਨੇ ਬਟੇਰ ਸਨ ਕਿ ਧਰਤੀ ਕੱਜੀ ਗਈ।
ਬਟੇਰ ਤਕਰੀਬਨ ਤਿੰਨ ਫ਼ੁੱਟ ਤਕ ਧਰਤੀ ਉੱਤੇ ਸਨ। ਉੱਥੇ ਹਰ
ਦਿਸ਼ਾ ਵਿੱਚ ਬਟੇਰ ਹੀ ਬਟੇਰ ਸਨ ਜਿੱਥੇ ਤੱਕ ਕਿ ਬੰਦਾ ਇੱਕ ਦਿਨ
ਵਿੱਚ ਚੱਲ ਸਕਦਾ ਸੀ। 32ਲੋਕ ਭੂਸਰ ਗਏ! ਉਹ ਬਾਹਰ ਗਏ
ਅਤੇ ਉਸ ਸਾਰੇ ਦਿਨ ਅਤੇ ਉਸ ਸਾਰੀ ਰਾਤ ਬਟੇਰ ਇਕੱਠੇ ਕਰਦੇ
ਰਹੇ। ਅਤੇ ਉਨ੍ਹਾਂ ਨੇ ਅਗਲੇ ਦਿਨ ਵੀ ਬਟੇਰ ਇਕੱਠੇ ਕੀਤੇ। ਛੋਟੀ
ਤੋਂ ਛੋਟੀ ਮਿਕਦਾਰ ਜਿਹੜੀ ਕੋਈ ਬੰਦਾ ਇਕੱਠੀ ਕਰ ਸਕਿਆ ਉਹ
60 ਬੁਸ਼ਲ ਸੀ। ਫ਼ੇਰ ਲੋਕਾਂ ਨੇ ਡੇਰੇ ਦੇ ਸਾਰੇ ਪਾਸੇ ਬਟੇਰ ਦੇ ਮਾਸ
ਨੂੰ ਧੁੱਪ ਵਿੱਚ ਸੁੱਕਣਾ ਪਾ ਦਿੱਤਾ।
33ਲੋਕਾਂ ਨੇ ਮਾਸ ਖਾਣਾ ਸ਼ੁਰੂ ਕਰ ਦਿੱਤਾ, ਪਰ ਯਹੋਵਾਹ ਬਹੁਤ
ਕ੍ਰੋਧਵਾਨ ਹੋ ਗਿਆ। ਜਦੋਂ ਹਾਲੇ ਮਾਸ ਉਨ੍ਹਾਂ ਦੇ ਮੂੰਹ ਵਿੱਚ ਹੀ ਸੀ।
ਇਸ ਤੋਂ ਪਹਿਲਾ ਕਿ ਲੋਕ ਇਸ ਨੂੰ ਮੁਕਾ ਸਕਣ, ਯਹੋਵਾਹ ਨੇ ਲੋਕਾਂ
ਨੂੰ ਬਹੁਤ ਬਿਮਾਰ ਕਰ ਦਿੱਤਾ। ਬਹੁਤ ਸਾਰੇ ਲੋਕ ਮਰ ਗਏ ਅਤੇ
ਉਨ੍ਹਾਂ ਨੂੰ ਉਸੇ ਥਾਂ ਦਫ਼ਨਾ ਦਿੱਤਾ ਗਿਆ। 34ਇਸ ਲਈ ਲੋਕਾਂ ਨੇ
ਉਸ ਥਾਂ ਦਾ ਨਾਮ ਕਿਬਰੋਥ-ਹੱਤਵਾਹ ਰੱਖ ਦਿੱਤਾ। ਉਨ੍ਹਾਂ ਨੇ ਉਸ ਥਾਂ
ਨੂੰ ਇਹ ਨਾਮ ਇਸ ਲਈ ਦਿੱਤਾ ਕਿਉਂਕਿ ਇਹੀ ਥਾਂ ਸੀ ਜਿੱਥੇ ਉਨ੍ਹਾਂ
ਨੇ ਉਨ੍ਹਾਂ ਲੋਕਾਂ ਨੂੰ ਦਫ਼ਨਾਇਆ ਜਿਨ੍ਹਾਂ ਨੂੰ ਮਾਸ ਖਾਣ ਦੀ ਤੀਬਰ
ਇੱਛਾ ਸੀ।
35ਲੋਕਾਂ ਨੇ ਕਿਬਰੋਥ-ਹੱਤਾਵਾਹ ਤੋਂ ਆਪਣੀ ਯਾਤਰਾ ਸ਼ੁਰੂ ਕੀਤੀ
ਅਤੇ ਹਸੇਰੋਥ ਪਹੁੰਚ ਕੇ ਉੱਥੇ ਠਹਿਰ ਗਏ।

### ਮਿਰਯਮ ਅਤੇ ਹਾਰੂਨ ਮੂਸਾ ਬਾਰੇ ਸ਼ਿਕਾਇਤ ਕਰਦੇ ਹਨ

**12** 1ਮਿਰਯਮ ਅਤੇ ਹਾਰੂਨ ਨੇ ਮੂਸਾ ਦੇ ਖਿਲਾਫ਼ ਬੋਲਣਾ
ਸ਼ੁਰੂ ਕਰ ਦਿੱਤਾ। ਉਨ੍ਹਾਂ ਨੇ ਉਸ ਦੀ ਆਲੋਚਨਾ ਕੀਤੀ
ਕਿਉਂਕਿ ਉਸ ਨੇ ਇੱਕ ਕੂਸ਼ੀ ਔਰਤ ਨਾਲ ਸ਼ਾਦੀ ਕੀਤੀ ਸੀ। ਉਨ੍ਹਾਂ
ਦਾ ਵਿਚਾਰ ਸੀ ਕਿ ਮੂਸਾ ਲਈ ਇਹ ਸਹੀ ਨਹੀਂ ਸੀ ਕਿ ਉਹ
ਕਿਸੇ ਕੂਸ਼ੀ ਔਰਤ ਨਾਲ ਸ਼ਾਦੀ ਕਰੇ। 2ਉਨ੍ਹਾਂ ਨੇ ਆਪਣੇ-ਆਪ 'ਚ
ਸੋਚਿਆ, "ਕੀ ਯਹੋਵਾਹ ਨੇ ਲੋਕਾਂ ਨਾਲ ਗੱਲ ਕਰਨ ਲਈ ਸਿਰਫ਼
ਮੂਸਾ ਨੂੰ ਹੀ ਇਸਤੇਮਾਲ ਕੀਤਾ ਹੈ? ਕੀ ਉਹ ਸਾਡੇ ਰਾਹੀਂ ਵੀ ਨਹੀਂ
ਬੋਲਿਆ?"

ਪਰ ਯਹੋਵਾਹ ਨੇ ਉਨ੍ਹਾਂ ਨੂੰ ਸੁਣ ਲਿਆ। 3(ਮੂਸਾ ਬਹੁਤ ਹਲੀਮ
ਬੰਦਾ ਸੀ ਉਹ ਕਦੇ ਵੀ ਪਾਪ ਨਹੀਂ ਕਰਦਾ ਸੀ ਅਤੇ ਨਾ ਹੀ ਫ਼ੜ੍ਹਾਂ
ਮਾਰਦਾ ਸੀ। ਉਹ ਧਰਤੀ ਉਤਲੇ ਕਿਸੇ ਵੀ ਮਨੁੱਖ ਨਾਲੋਂ ਵਧੇਰੇ
ਹਲੀਮ ਸੀ।) 4ਇਸ ਲਈ, ਅਚਾਨਕ ਯਹੋਵਾਹ ਆ ਗਿਆ
ਅਤੇ ਮੂਸਾ, ਹਾਰੂਨ ਅਤੇ ਮਿਰਯਮ ਨਾਲ ਗੱਲ ਕੀਤੀ ਯਹੋਵਾਹ ਨੇ
ਆਖਿਆ, "ਤੁਸੀਂ ਤਿੰਨੇ ਜਣੇ, ਹੁਣੇ ਮੰਡਲੀ ਵਾਲੇ ਤੰਬੂ ਕੋਲ ਆਉ।"

ਇਸ ਲਈ ਮੂਸਾ, ਹਾਰੂਨ ਅਤੇ ਮਿਰਯਮ ਤੰਬੂ ਕੋਲ ਚਲੇ ਗਏ।
5ਯਹੋਵਾਹ ਲੰਮੇ ਬੱਦਲ ਵਿੱਚੋਂ ਉਤਰਿਆ ਅਤੇ ਤੰਬੂ ਦੇ ਪ੍ਰਵੇਸ਼ ਉੱਤੇ
ਖਲੋ ਗਿਆ। ਯਹੋਵਾਹ ਨੇ ਅਵਾਜ਼ ਦਿੱਤੀ, "ਹਾਰੂਨ ਅਤੇ ਮਿਰਯਮ!"
ਹਾਰੂਨ ਅਤੇ ਮਿਰਯਮ ਉਸ ਕੋਲ ਚਲੇ ਗਏ। 6ਪਰਮੇਸ਼ੁਰ ਨੇ
ਆਖਿਆ, "ਮੇਰੀ ਗੱਲ ਸੁਣੋ! ਜੇਕਰ ਤੁਹਾਡੇ ਦਰਮਿਆਨ ਕੋਈ ਵੀ
ਨਬੀ ਹੈ, ਮੈਂ, ਯਹੋਵਾਹ, ਉਸ ਨੂੰ ਦਰਸ਼ਨ ਵਿੱਚ ਆਪਣੇ-ਆਪ ਨੂੰ
ਦਿਖਾਵਾਂਗਾ। ਮੈਂ ਉਸ ਨਾਲ ਸੁਫ਼ਨਿਆਂ ਵਿੱਚ ਗੱਲਾਂ ਕਰਾਂਗਾ। 7ਪਰ
ਮੂਸਾ ਉਸ ਤਰ੍ਹਾਂ ਦਾ ਨਹੀਂ ਹੈ। ਮੂਸਾ ਮੇਰਾ ਵਫ਼ਾਦਾਰ ਸੇਵਕ ਹੈ। ਮੈਂ
ਆਪਣੇ ਪੂਰੇ ਘਰ ਨਾਲ ਉਸ ਉੱਤੇ ਭਰੋਸਾ ਕਰਦਾ ਹਾਂ। 8ਜਦੋਂ ਮੈਂ
ਉਸ ਦੇ ਨਾਲ ਗੱਲ ਕਰਦਾ ਹਾਂ। ਮੈਂ ਉਸ ਦੇ ਨਾਲ ਆਮ੍ਹੋ-ਸਾਹਮਣੇ
ਗੱਲ ਕਰਦਾ ਹਾਂ। ਮੈਂ ਗੁੱਝੇ ਅਰਥਾਂ ਵਾਲੀਆਂ ਕਹਾਣੀਆ ਦੀ ਵਰਤੋਂ
ਨਹੀਂ ਕਰਦਾ ਮੈਂ ਉਹ ਗੱਲਾਂ ਉਸ ਨੂੰ ਸਾਫ਼-ਸਾਫ਼ ਦਿਖਾ ਦਿੰਦਾ ਹਾਂ
ਜਿਹੜੀਆਂ ਮੈਂ ਚਾਹੁੰਦਾ ਹਾਂ ਕਿ ਉਹ ਜਾਣੇ। ਮੂਸਾ ਯਹੋਵਾਹ ਦੇ ਬਿੰਬ
ਵੱਲ ਝਾਕ ਸਕਦਾ ਹੈ। ਇਸ ਲਈ ਤੁਸੀਂ ਮੇਰੇ ਸੇਵਕ ਮੂਸਾ ਦੇ
ਖਿਲਾਫ਼ ਬੋਲਣ ਲੱਗੇ ਕਿਉਂ ਨਹੀਂ ਡਰੇ?"

9ਯਹੋਵਾਹ ਉਨ੍ਹਾਂ ਉੱਤੇ ਬਹੁਤ ਖਫ਼ਾ ਸੀ। ਯਹੋਵਾਹ ਉਨ੍ਹਾਂ ਨੂੰ ਛੱਡ
ਗਿਆ। 10ਤੰਬੂ ਤੋਂ ਬੱਦਲ ਉੱਪਰ ਉੱਠਿਆ ਹਾਰੂਨ ਨੇ ਆਸੇ-ਪਾਸੇ
ਮੁੜ ਕੇ ਮਿਰਯਮ ਵੱਲ ਦੇਖਿਆ। ਉਸ ਦਾ ਰੰਗ ਬਰਫ਼ ਵਰਗਾ
ਸਫ਼ੇਦ ਸੀ ਉਸ ਨੂੰ ਚਮੜੀ ਦੀ ਭਿਆਨਕ ਬਿਮਾਰੀ ਸੀ।

11ਫ਼ੇਰ ਹਾਰੂਨ ਨੇ ਮੂਸਾ ਨੂੰ ਆਖਿਆ, "ਸ਼੍ਰੀਮਾਨ ਜੀ ਕਿਰਪਾ ਕਰਕੇ
ਸਾਨੂੰ ਸਾਡੇ ਮੂਰਖਤਾ ਭਰੇ ਪਾਪ ਲਈ ਮਾਫ਼ ਕਰ ਦਿਉ। 12ਉਸ ਦੇ
ਮਾਸ ਨੂੰ ਮੁਰਦਾ ਜਨਮੇ ਬੱਚੇ ਦੇ ਮਾਸ ਵਾਂਗ ਨਾ ਝੜਨ ਦਿਉ।"
(ਕਈ ਵਾਰੀ ਕੋਈ ਬੱਚਾ ਇਸੇ ਤਰ੍ਹਾਂ ਅੱਧੇ ਖਾਧੇ ਹੋਏ ਮਾਸ ਨਾਲ
ਪੈਦਾ ਹੁੰਦਾ ਹੈ।)

13ਇਸ ਲਈ ਮੂਸਾ ਨੇ ਯਹੋਵਾਹ ਅੱਗੇ ਪ੍ਰਾਰਥਨਾ ਕੀਤੀ,
"ਪਰਮੇਸ਼ੁਰ ਕਿਰਪਾ ਕਰਕੇ ਇਸ ਨੂੰ ਇਸ ਬਿਮਾਰੀ ਤੋਂ ਛੁਟਕਾਰਾ
ਦਿਵਾਉ।"

14ਯਹੋਵਾਹ ਨੇ ਮੂਸਾ ਨੂੰ ਜਵਾਬ ਦਿੱਤਾ, "ਜੇ ਉਸ ਦਾ ਪਿਤਾ ਉਸ
ਦੇ ਚਿਹਰੇ ਉੱਤੇ ਥੁੱਕੇ, ਕੀ ਉਹ ਸੱਤਾਂ ਦਿਨਾਂ ਤੀਕ ਸ਼ਰਮਿੰਦਾ ਹੀ ਬੈਠੀ
ਰਹੇਗੀ। ਇਸ ਲਈ ਉਸ ਨੂੰ ਸੱਤਾਂ ਦਿਨਾਂ ਲਈ ਡੇਰੇ ਤੋਂ ਬਾਹਰ
ਜਾਣ ਦਿਉ। ਫ਼ੇਰ ਬਿਮਾਰੀ ਠੀਕ ਹੋ ਜਾਵੇਗੀ ਅਤੇ ਉਹ ਡੇਰੇ ਵਿੱਚ
ਵਾਪਸ ਆ ਸਕੇਗੀ।"

15ਇਸ ਲਈ ਉਨ੍ਹਾਂ ਨੇ ਮਿਰਯਮ ਨੂੰ ਸੱਤ ਦਿਨਾਂ ਲਈ ਡੇਰੇ ਤੋਂ
ਬਾਹਰ ਕੱਢ ਦਿੱਤਾ। ਅਤੇ ਲੋਕਾਂ ਨੇ ਉਸ ਥਾਂ ਤੋਂ ਉਦੋਂ ਤੱਕ ਕੂਚ
ਨਹੀਂ ਕੀਤਾ ਜਦੋਂ ਤੱਕ ਕਿ ਉਸ ਨੂੰ ਵਾਪਸ ਨਹੀਂ ਲਿਆਂਦਾ ਗਿਆ।
16ਇਸ ਤੋਂ ਮਗਰੋਂ ਲੋਕ ਹਸੇਰੋਥ ਛੱਡ ਕੇ ਪਾਰਾਨ ਦੇ ਮਾਰੂਥਲ ਨੂੰ
ਚਲੇ ਗਏ। ਲੋਕਾਂ ਨੇ ਪਾਰਾਨ ਮਾਰੂਥਲ ਵਿੱਚ ਡੇਰਾ ਲਾ ਲਿਆ।

### ਜਾਸੂਸ ਕਨਾਨ ਨੂੰ ਜਾਂਦੇ ਹਨ

**13** 1ਯਹੋਵਾਹ ਨੇ ਮੂਸਾ ਨੂੰ ਆਖਿਆ, 2"ਕੁਝ ਲੋਕਾਂ ਨੂੰ
ਕਨਾਨ ਦੀ ਧਰਤੀ ਦੀ ਪੜਤਾਲ ਕਰਨ ਲਈ ਭੇਜੋ।
ਇਹੀ ਉਹ ਧਰਤੀ ਹੈ ਜਿਹੜੀ ਮੈਂ ਇਸਰਾਏਲ ਦੇ ਲੋਕਾਂ ਨੂੰ ਦੇਵਾਂਗਾ।
ਬਾਰ੍ਹਾਂ ਪਰਿਵਾਰ-ਸਮੂਹਾਂ, ਹਰੇਕ ਵਿੱਚੋਂ ਇੱਕ ਆਗੂ ਨੂੰ ਭੇਜੋ।"

3ਇਸ ਲਈ ਮੂਸਾ ਨੇ ਯਹੋਵਾਹ ਦਾ ਆਦੇਸ਼ ਮੰਨਿਆ। ਉਸ ਨੇ
ਇਨ੍ਹਾਂ ਆਗੂਆਂ ਨੂੰ ਭੇਜ ਦਿੱਤਾ ਜਦੋਂ ਕਿ ਲੋਕਾਂ ਨੇ ਪਾਰਾਨ ਦੇ ਮਾਰੂਥਲ
ਵਿੱਚ ਡੇਰਾ ਲਾਇਆ ਹੋਇਆ ਸੀ। ਇਹ ਇਸਰਾਏਲ ਦੇ ਲੋਕਾਂ ਦੇ
ਆਗੂ ਸਨ। 4ਇਨ੍ਹਾਂ ਆਗੂਆਂ ਦੇ ਨਾਮ ਸਨ:

ਰਊਬੇਨ ਦੇ ਘਰਾਣੇ ਵਿੱਚੋਂ, ਸ਼ੰਮੂਆ, ਜ਼ਕੂਰ ਦਾ ਪੁੱਤਰ;
5 ਸ਼ਿਮਓਨ ਦੇ ਘਰਾਣੇ ਵਿੱਚੋਂ, ਸ਼ਾਫ਼ਾਟ ਹੋਰੀ ਦਾ ਪੁੱਤਰ;
6 ਯਹੂਦਾਹ ਦੇ ਘਰਾਣੇ ਵਿੱਚੋਂ, ਕਾਲੇਬ, ਯਫ਼ੁੰਨਾਹ ਦਾ ਪੁੱਤਰ;
7 ਯਿੱਸਾਕਾਰ ਦੇ ਘਰਾਣੇ ਵਿੱਚੋਂ, ਯੂਸੁਫ਼ ਦਾ ਪੁੱਤਰ ਯਿਗਾਲ;
8 ਅਫ਼ਰਈਮ ਦੇ ਘਰਾਣੇ ਵਿੱਚੋਂ, ਨੂਨ ਦਾ ਪੁੱਤਰ ਹੋਸ਼ੇਆ;[a]
9 (ਯਹੋਸ਼ੂਆ) ਬਿਨਯਾਮੀਨ ਦੇ ਘਰਾਣੇ ਵਿੱਚੋਂ, ਰਾਫ਼ੂ ਦਾ ਪੁੱਤਰ
ਪਲਟੀ;
10 ਜ਼ਬੂਲੁਨ ਦੇ ਘਰਾਣੇ ਵਿੱਚੋਂ, ਸੋਦੀ ਦਾ ਪੁੱਤਰ ਗੱਦੀਏਲ;
11 (ਮਨੱਸ਼ਹ) ਯੂਸਫ਼ ਦੇ ਘਰਾਣੇ ਵਿੱਚੋਂ, ਸੂਸੀ ਦਾ ਪੁੱਤਰ ਗੱਦੀ;
12 ਦਾਨ ਦੇ ਘਰਾਣੇ ਵਿੱਚੋਂ, ਗਮਲੀ ਦਾ ਪੁੱਤਰ ਅੰਮੀਏਲ;
13 ਆਸ਼ੇਰ ਦੇ ਘਰਾਣੇ ਵਿੱਚੋਂ, ਮੀਕਾਏਲ ਦਾ ਪੁੱਤਰ ਸਥੂਰ;
14 ਨਫ਼ਤਾਲੀ ਦੇ ਘਰਾਣੇ ਵਿੱਚੋਂ, ਵਾਫ਼ਸੀ ਦਾ ਪੁੱਤਰ ਨਹਬੀ;
15 ਗਾਦ ਦੇ ਘਰਾਣੇ ਵਿੱਚੋਂ, ਮਾਕੀ ਦਾ ਪੁੱਤਰ ਗਊਏਲ;

16ਇਹ ਉਨ੍ਹਾਂ ਆਦਮੀਆਂ ਦੇ ਨਾਮ ਹਨ ਜੋ ਮੂਸਾ ਦੁਆਰਾ ਉਸ
ਧਰਤੀ ਦੀ ਪਰਖ ਕਰਨ ਲਈ ਘੱਲੇ ਗਏ ਸਨ। (ਮੂਸਾ ਨੇ ਨੂਨ ਦੇ
ਪੁੱਤਰ ਹੋਸ਼ੇਆ ਨੂੰ ਯਹੋਸ਼ੁਆ ਬੁਲਾਇਆ ਕਰਦਾ ਸੀ।)

17ਜਦੋਂ ਮੂਸਾ ਇਨ੍ਹਾਂ ਆਦਮੀਆਂ ਨੂੰ ਕਨਾਨ ਦੀ ਪਰਖ ਪੜਤਾਨਲ
ਲਈ ਭੇਜ ਰਿਹਾ ਸੀ ਤਾਂ ਉਸ ਨੇ ਆਖਿਆ, "ਨੇਗੇਵ ਵਿੱਚੋਂ ਲੰਘ
ਕੇ ਪਹਾੜੀ ਪ੍ਰਦੇਸ਼ ਵਿੱਚ ਜਾਉ। 18ਇਹ ਦੇਖੋ ਕਿ ਧਰਤੀ ਕਿਹੋ ਜਿਹੀ
ਲੱਗਦੀ ਹੈ। ਉੱਥੇ ਰਹਿਣ ਵਾਲੇ ਲੋਕਾਂ ਦੀ ਜਾਣਕਾਰੀ ਹਾਸਲ ਕਰੋ।
ਕੀ ਉਹ ਤਾਕਤਵਰ ਹਨ ਜਾਂ ਕਮਜ਼ੋਰ ਹਨ? ਕੀ ਉਹ ਬਹੁਤ ਸਾਰੇ
ਹਨ। ਜਾਂ ਥੋੜੀ ਗਿਣਤੀ ਵਿੱਚ ਹਨ? 19ਉਸ ਧਰਤੀ ਬਾਰੇ ਜਾਣਕਾਰੀ
ਹਾਸਲ ਕਰੋ ਜਿੱਥੇ ਉਹ ਰਹਿੰਦੇ ਹਨ। ਕੀ ਉਹ ਚੰਗੀ ਧਰਤੀ ਉੱਤੇ
ਰਹਿੰਦੇ ਹਨ ਜਾਂ ਬੁਰੀ ਉੱਤੇ? ਉਹ ਕਿਹੋ ਜਿਹੇ ਨਗਰਾਂ ਵਿੱਚ ਰਹਿੰਦੇ
ਹਨ? ਕੀ ਉਨ੍ਹਾਂ ਨਗਰਾਂ ਦੀ ਰਾਖੀ ਕਰਨ ਲਈ ਕੰਧਾਂ ਹਨ? ਕੀ ਉਹ
ਨਗਰ ਮਜ਼ਬੂਤੀ ਨਾਲ ਸੁਰੱਖਿਅਤ ਕੀਤੇ ਗਏ ਹਨ? 20ਅਤੇ ਉਸ
ਧਰਤੀ ਦੀਆਂ ਹੋਰਨਾਂ ਗੱਲਾਂ ਬਾਰੇ ਵੀ ਜਾਣਕਾਰੀ ਹਾਸਲ ਕਰੋ। ਕੀ
ਇਹ ਮਿੱਟੀ, ਪੌਦੇ ਉਗਾਉਣ ਵਾਸਤੇ ਚੰਗੀ ਉਪਜਾਊ ਹੈ। ਜਾਂ ਕੀ
ਇਹ ਘੱਟ ਉਪਜਾਊ ਹੈ। ਕੀ ਇਸ ਧਰਤੀ ਉੱਤੇ ਰੁੱਖ ਹਨ? ਅਤੇ,

[a] *13:8* **ਹੋਸ਼ੇਆ** ਜਾਂ "ਯਹੋਸ਼ੂਆ।"

ਉਸ ਧਰਤੀ ਤੋਂ ਕੁਝ ਫ਼ਲ ਵੀ ਲੈ ਕੇ ਆਉ।” (ਇਹ ਉਹ ਸਮਾਂ ਸੀ ਜਦੋਂ ਅੰਗੂਰਾਂ ਦੀ ਅਗੇਤੀ ਫ਼ਸਲ ਪੱਕ ਗਈ ਹੋਵੇਗੀ।)

**21**ਇਸ ਲਈ ਉਹ ਉਸ ਪ੍ਰਦੇਸ਼ ਦੀ ਪਰਖ ਪੜਤਾਲ ਕਰਨ ਲਈ ਚਲੇ ਗਏ। ਉਨ੍ਹਾਂ ਨੇ ਸੀਨ ਦੇ ਮਾਰੂਥਲ ਤੋਂ ਰੇਹੋਬ ਅਤੇ ਲੇਬੋ ਹਾਮਾਥ ਤੱਕ ਦੇ ਇਲਾਕੇ ਦੀ ਪਰਖ ਪੜਤਾਲ ਕੀਤੀ। **22**ਉਹ ਨੇਗੇਵ ਰਾਹੀਂ ਉਸ ਇਲਾਕੇ ਵਿੱਚ ਦਾਖਲ ਹੋਏ ਅਤੇ ਹਬਰੋਨ ਵੱਲ ਚਲੇ ਗਏ। (ਹਬਰੋਨ ਦਾ ਨਗਰ ਮਿਸਰ ਦੇ ਸੋਆਨ ਨਗਰ ਤੋਂ ਸੱਤ ਸਾਲ ਪਹਿਲਾਂ ਉਸਾਰਿਆ ਗਿਆ ਸੀ।) ਅਹਿਮਾਨ ਸ਼ੇਸ਼ਈ ਅਤੇ ਤਲਮਈ ਉੱਥੇ ਰਹਿੰਦੇ ਸਨ। ਇਹ ਆਦਮੀ ਅਨਾਕ ਦੇ ਉੱਤਰਾਧਿਕਾਰੀ ਸਨ। **23**ਫ਼ੇਰ ਉਹ ਆਦਮੀ ਅਸ਼ਕੋਲ ਵਾਦੀ ਵੱਲ ਚਲੇ ਗਏ। ਉੱਥੇ ਇਨ੍ਹਾਂ ਆਦਮੀਆਂ ਨੇ ਅੰਗੂਰਾਂ ਦੀ ਵੇਲ ਤੋਂ ਇੱਕ ਟਹਿਣੀ ਤੋੜ ਲਈ। ਟਹਿਣੀ ਉੱਤੇ ਅੰਗੂਰਾਂ ਦੇ ਗੁੱਛੇ ਲੱਗੇ ਹੋਏ ਸਨ। ਉਨ੍ਹਾਂ ਨੇ ਟਹਿਣੀ ਨੂੰ ਇੱਕ ਡੰਡੇ ਉੱਤੇ ਟੰਗ ਲਿਆ। ਅਤੇ ਦੋ ਆਦਮੀ ਇਸ ਨੂੰ ਚੁੱਕੇ ਤੁਰਨ ਲੱਗੇ ਉਨ੍ਹਾਂ ਨੇ ਕੁਝ ਅਨਾਰ ਅਤੇ ਅੰਜੀਰ ਵੀ ਚੁੱਕ ਲਈ। **24**ਇਸ ਥਾਂ ਨੂੰ ਅਸ਼ਕੋਲ ਵਾਦੀ ਸੱਦਿਆ ਜਾਂਦਾ ਸੀ। ਕਿਉਂਕਿ ਇਹੀ ਉਹ ਥਾਂ ਸੀ ਜਿੱਥੇ ਇਸਰਾਏਲ ਦੇ ਆਦਮੀਆਂ ਨੇ ਅੰਗੂਰਾ ਦਾ ਗੁੱਛਾ ਤੋੜਿਆ ਸੀ।

**25**ਉਨ੍ਹਾਂ ਆਦਮੀਆਂ ਨੇ ਉਸ ਪ੍ਰਦੇਸ਼ ਦੀ 40 ਦਿਨ ਤੱਕ ਪੜਤਾਲ ਕੀਤੀ। ਫ਼ੇਰ ਉਹ ਡੇਰੇ ਨੂੰ ਵਾਪਸ ਚਲੇ ਗਏ। **26**ਇਸਰਾਏਲ ਦੇ ਲੋਕਾਂ ਨੇ ਪਾਰਾਨ ਦੇ ਮਾਰੂਥਲ ਅੰਦਰ ਕਾਦੇਸ਼ ਦੇ ਨੇੜੇ ਡੇਰਾ ਲਾਇਆ ਹੋਇਆ ਸੀ। ਆਦਮੀ ਮੂਸਾ ਅਤੇ ਹਾਰੂਨ ਅਤੇ ਹੋਰ ਸਾਰੇ ਇਸਰਾਏਲੀ ਲੋਕਾਂ ਕੋਲ ਗਏ। ਆਦਮੀਆਂ ਨੇ ਮੂਸਾ ਨੂੰ, ਹਾਰੂਨ ਨੂੰ, ਅਤੇ ਸਾਰੇ ਲੋਕਾਂ ਨੂੰ ਉਨ੍ਹਾਂ ਗੱਲਾਂ ਬਾਰੇ ਦੱਸਿਆ ਜਿਹੜੀਆਂ ਉਨ੍ਹਾਂ ਨੇ ਦੇਖੀਆਂ ਸਨ। ਅਤੇ ਉਨ੍ਹਾਂ ਨੇ ਉਨ੍ਹਾਂ ਨੂੰ ਉਸ ਧਰਤੀ ਦੇ ਫ਼ਲ ਵੀ ਦਿਖਾਏ। **27**ਆਦਮੀਆਂ ਨੇ ਮੂਸਾ ਨੂੰ ਦੱਸਿਆ, “ਅਸੀਂ ਉਸ ਧਰਤੀ ਵੱਲ ਗਏ ਸਾਂ ਜਿੱਥੇ ਤੁਸੀਂ ਸਾਨੂੰ ਭੇਜਿਆ ਸੀ। ਉਹ ਧਰਤੀ ਬਹੁਤ ਸਾਰੀਆਂ ਚੰਗੀਆਂ ਚੀਜ਼ਾਂ ਨਾਲ ਭਰੀ ਹੋਈ ਹੈ। ਇਹ ਕੁਝ ਫ਼ਲ ਹਨ ਜਿਹੜੇ ਉੱਥੇ ਉੱਗਦੇ ਹਨ। **28**ਪਰ ਉੱਥੇ ਰਹਿਣੇ ਵਾਲੇ ਲੋਕ ਬਹੁਤ ਤਾਕਤਵਰ ਹਨ। ਸ਼ਹਿਰ ਬੜੇ ਵੱਡੇ ਹਨ। ਸ਼ਹਿਰ ਮਜ਼ਬੂਤੀ ਨਾਲ ਸੁਰੱਖਿਅਤ ਕੀਤੇ ਹੋਏ ਹਨ। ਅਸੀਂ ਉੱਥੇ ਰਹਿਣ ਵਾਲੇ ਕੁਝ ਅਨਾਕੀ ਲੋਕਾਂ ਨੂੰ ਵੀ ਦੇਖਿਆ। **29**ਅਮਾਲੇਕੀ ਲੋਕ ਨੇਗੇਵ ਵਿੱਚ ਰਹਿੰਦੇ ਹਨ। ਹਿੱਤੀ, ਯਬੂਸੀ ਅਤੇ ਅਮੋਰੀ ਪਹਾੜੀ ਪ੍ਰਦੇਸ਼ ਵਿੱਚ ਰਹਿੰਦੇ ਹਨ। ਕਨਾਨੀ ਯਰਦਨ ਨਦੀ ਅਤੇ ਸਮੁੰਦਰ ਦੇ ਨੇੜੇ ਰਹਿੰਦੇ ਹਨ।”

**30**ਕਾਲੇਬ ਨੇ ਮੂਸਾ ਦੇ ਨੇੜੇ ਬੈਠੇ ਲੋਕਾਂ ਨੂੰ ਸ਼ਾਂਤ ਹੋ ਜਾਣ ਲਈ ਆਖਿਆ, ਫ਼ੇਰ ਕਾਲੇਬ ਨੇ ਆਖਿਆ, “ਸਾਨੂੰ ਉੱਥੇ ਜਾਣਾ ਚਾਹੀਦਾ ਹੈ ਅਤੇ ਉਸ ਧਰਤੀ ਉੱਤੇ ਕਬਜ਼ਾ ਕਰ ਲੈਣਾ ਚਾਹੀਦਾ ਹੈ। ਅਸੀਂ ਬੜੀ ਆਸਾਨੀ ਨਾਲ ਉਸ ਧਰਤੀ ਉੱਤੇ ਕਬਜ਼ਾ ਕਰ ਸਕਦੇ ਹਾਂ।”

**31**ਪਰ ਉਨ੍ਹਾਂ ਆਦਮੀਆਂ ਨੇ, ਜਿਹੜੇ ਉਸ ਦੇ ਨਾਲ ਗਏ ਸਨ, ਆਖਿਆ, “ਅਸੀਂ ਉਨ੍ਹਾਂ ਲੋਕਾਂ ਨਾਲ ਨਹੀਂ ਲੜ ਸਕਦੇ! ਉਹ ਸਾਡੇ ਨਾਲੋਂ ਬਹੁਤ ਤਾਕਤਵਰ ਹਨ।” **32**ਅਤੇ ਉਨ੍ਹਾਂ ਲੋਕਾਂ ਨੇ ਇਸਰਾਏਲ ਦੇ ਸਾਰੇ ਲੋਕਾਂ ਨੂੰ ਦੱਸਿਆ ਕਿ ਉਹ ਉਸ ਧਰਤੀ ਦੇ ਲੋਕਾਂ ਨੂੰ ਹਰਾਉਣ ਦੇ ਸਮਰਥ ਨਹੀਂ ਹਨ। ਉਨ੍ਹਾਂ ਨੇ ਆਖਿਆ, ਉਹ ਧਰਤੀ ਜਿਹੜੀ ਅਸੀਂ ਦੇਖੀ ਹੈ, “ਤਾਕਤਵਰ ਲੋਕਾਂ ਨਾਲ ਭਰੀ ਪਈ ਹੈ। ਉਹ ਲੋਕ ਇੰਨੇ ਤਾਕਤਵਰ ਹਨ ਕਿ ਬੜੀ ਆਸਾਨੀ ਨਾਲ ਹਰ ਉਸ ਬੰਦੇ ਨੂੰ ਹਰਾ ਸਕਦੇ ਹਨ ਜਿਹੜਾ ਉੱਥੇ ਜਾਵੇਗਾ। **33**ਅਸੀਂ ਉੱਥੇ ਦੈਂਤਾਂ ਵਰਗੇ ਨਫ਼ੀਲੀਮ ਲੋਕਾਂ ਨੂੰ ਦੇਖਿਆ! (ਅਨਾਕ ਦੇ ਉੱਤਰਾਧਿਕਾਰੀ ਨਫ਼ੀਲੀਮ ਲੋਕਾਂ ਵਿੱਚੋਂ ਹਨ।) ਉਨ੍ਹਾ ਨੇ ਸਾਡੇ ਵੱਲ ਇਸ ਤਰ੍ਹਾਂ ਦੇਖਿਆ ਜਿਵੇਂ ਅਸੀਂ ਛੋਟੇ-ਛੋਟੇ ਟਿੱਡੇ ਹੋਈਏ। ਹਾਂ, ਅਸੀਂ ਉਨ੍ਹਾਂ ਦੇ ਸਾਹਮਣੇ ਟਿੱਡੀਆਂ ਵਰਗੇ ਹੀ ਸਾਂ!”

## ਲੋਕ ਫ਼ੇਰ ਸ਼ਿਕਾਇਤ ਕਰਦੇ ਹਨ

**14** **1**ਉਸ ਰਾਤ ਡੇਰੇ ਦੇ ਸਾਰੇ ਲੋਕਾਂ ਨੇ ਉੱਚੀ-ਉੱਚੀ ਚੀਕ ਚਿਹਾੜਾ ਪਾਇਆ। **2**ਇਸਰਾਏਲ ਦੇ ਲੋਕ ਮੂਸਾ ਅਤੇ ਹਾਰੂਨ ਦੇ ਵਿਰੁੱਧ ਬੋਲਣ ਲੱਗੇ। ਸਾਰੇ ਲੋਕ ਇਕੱਠੇ ਹੋ ਕੇ ਆਏ ਅਤੇ ਮੂਸਾ ਅਤੇ ਹਾਰੂਨ ਨੂੰ ਕਹਿਣ ਲੱਗੇ, “ਸਾਨੂੰ ਮਿਸਰ ਵਿੱਚ ਜਾਂ ਮਾਰੂਥਲ ਅੰਦਰ ਮਰ ਜਾਣਾ ਚਾਹੀਦਾ ਸੀ। ਇਹ ਗੱਲ ਇਸ ਨਵੀਂ ਧਰਤੀ ਵਿੱਚ ਮਾਰੇ ਜਾਣ ਨਾਲੋਂ ਬਿਹਤਰ ਹੋਣੀ ਸੀ। **3**ਕੀ ਸਾਨੂੰ ਯਹੋਵਾਹ ਨੇ ਇਸ ਨਵੀਂ ਧਰਤੀ ਉੱਤੇ ਜੰਗ ਵਿੱਚ ਮਾਰੇ ਜਾਣ ਲਈ ਲਿਆਂਦਾ ਸੀ? ਦੁਸ਼ਮਣ ਸਾਨੂੰ ਮਾਰ ਦੇਵੇਗਾ ਅਤੇ ਸਾਡੀਆਂ ਪਤਨੀਆਂ ਅਤੇ ਬੱਚਿਆਂ ਨੂੰ ਖੋਹ ਲਵੇਗਾ। ਸਾਡੇ ਲਈ ਮਿਸਰ ਨੂੰ ਵਾਪਸ ਜਾਣਾ ਵਧੇਰੇ ਚੰਗਾ ਹੋਵੇਗਾ।”

**4**ਫ਼ੇਰ ਲੋਕਾਂ ਨੇ ਇੱਕ ਦੂਜੇ ਨੂੰ ਆਖਿਆ, “ਆਉ ਆਪਾਂ ਕੋਈ ਹੋਰ ਆਗੂ ਚੁਣੀਏ ਅਤੇ ਮਿਸਰ ਨੂੰ ਵਾਪਸ ਚਲੇ ਜਾਈਏ।”

**5**ਮੂਸਾ ਅਤੇ ਹਾਰੂਨ ਉੱਥੇ ਜਮ੍ਹਾ ਹੋਏ ਸਾਰੇ ਲੋਕਾਂ ਸਾਹਮਣੇ ਧਰਤੀ ਉੱਤੇ ਝੁਕ ਗਏ। **6**ਯਹੋਸ਼ੁਆ ਅਤੇ ਕਾਲੇਬ ਨੇ ਆਪਣੇ ਕੱਪੜੇ ਪਾੜ ਲਏ। (ਨੂਨ ਦਾ ਪੁੱਤਰ ਯਹੋਸ਼ੁਆ ਅਤੇ ਯਫ਼ੁੰਨਹ ਦਾ ਪੁੱਤਰ ਕਾਲੇਬ ਉਨ੍ਹਾਂ ਆਦਮੀਆਂ ਵਿੱਚੋਂ ਦੋ ਅਜਿਹੇ ਸਨ ਜਿਨ੍ਹਾਂ ਨੇ ਉਸ ਧਰਤੀ ਦੀ ਖੋਜ-ਪੜਤਾਲ ਕੀਤੀ ਸੀ।) **7**ਇਨ੍ਹਾਂ ਦੋਹਾਂ ਆਦਮੀਆਂ ਨੇ ਉੱਥੇ ਜਮ੍ਹਾ ਹੋਏ ਸਮੂਹ ਲੋਕਾਂ ਨੂੰ ਆਖਿਆ, “ਜਿਹੜੀ ਧਰਤੀ ਅਸੀਂ ਦੇਖੀ ਸੀ ਉਹ ਬਹੁਤ ਚੰਗੀ ਹੈ। **8-9**ਉਹ ਧਰਤੀ ਬਹੁਤ ਸਾਰੀਆਂ ਚੰਗੀਆਂ ਚੀਜ਼ਾਂ ਨਾਲ ਭਰੀ ਹੋਈ ਹੈ। ਜੇ ਯਹੋਵਾਹ ਸਾਡੇ ਉੱਤੇ ਪ੍ਰਸੰਨ ਹੈ, ਉਹ ਸਾਨੂੰ ਉਸ ਧਰਤੀ ਵਿੱਚ ਲੈ ਜਾਵੇਗਾ ਅਤੇ ਉਸ ਨੂੰ ਸਾਨੂੰ ਦੇ ਦੇਵੇਗਾ! ਯਹੋਵਾਹ ਦੇ ਖਿਲਾਫ਼ ਵਿਦਰੋਹ ਨਾ ਕਰੋ ਅਤੇ ਉਸ ਧਰਤੀ ਦੇ ਲੋਕਾਂ ਕੋਲੋਂ ਭੈਭੀਤ ਨਾ ਹੋਵੋ। ਅਸੀਂ ਉਨ੍ਹਾਂ ਨੂੰ ਹਰਾ ਸਕਦੇ ਹਾਂ। ਉਨ੍ਹਾਂ ਦੀ ਸੁਰੱਖਿਆ ਚਲੀ ਗਈ ਹੈ, ਕਿਉਂਕਿ ਯਹੋਵਾਹ ਸਾਡੇ ਨਾਲ ਹੈ। ਇਸ ਲਈ ਉਨ੍ਹਾਂ ਤੋਂ ਭੈਭੀਤ ਨਾ ਹੋਵੋ!”

**10**ਸਾਰੇ ਲੋਕੀਂ ਯਹੋਸ਼ੁਆ ਅਤੇ ਕਾਲੇਬ ਨੂੰ ਪੱਥਰਾਂ ਨਾਲ ਮਾਰ ਮੁਕਾਉਣ ਦੀਆਂ ਗੱਲਾਂ ਕਰਨ ਲੱਗੇ। ਪਰ ਯਹੋਵਾਹ ਦਾ ਪਰਤਾਪ ਮੰਡਲੀ ਵਾਲੇ ਤੰਬੂ ਉੱਪਰ ਦਿਖਾਈ ਦਿੱਤਾ, ਜਿੱਥੇ ਸਮੂਹ ਲੋਕ ਉਸ ਨੂੰ ਦੇਖ ਸਕਦੇ ਸਨ। **11**ਯਹੋਵਾਹ ਨੇ ਮੂਸਾ ਨਾਲ ਗੱਲ ਕੀਤੀ। ਉਸ ਨੇ ਆਖਿਆ, “ਕਿੰਨਾ ਚਿਰ ਇਹ ਲੋਕ ਮੇਰੇ ਵਿਰੁੱਧ ਰਹਿਣਗੇ? ਉਹ ਦਰਸਾਉਂਦੇ ਹਨ ਕਿ ਉਨ੍ਹਾਂ ਨੂੰ ਮੇਰੇ ਉੱਤੇ ਕੋਈ ਭਰੋਸਾ ਨਹੀਂ ਹੈ। ਕਿੰਨਾ ਚਿਰ ਉਹ ਮੇਰੇ ਉੱਤੇ ਵਿਸ਼ਵਾਸ ਕਰਨ ਤੋਂ ਇਨਕਾਰੀ ਹੋਣਗੇ ਜਦ ਕਿ ਮੈਂ ਉਨ੍ਹਾਂ ਨੂੰ ਬਹੁਤ ਸ਼ਕਤੀਸ਼ਾਲੀ ਨਿਸ਼ਾਨ ਦਿਖਾਏ ਹਨ। **12**ਮੈਂ ਉਨ੍ਹਾਂ ਸਾਰਿਆਂ ਨੂੰ ਭਿਆਨਕ ਬਿਮਾਰੀ ਨਾਲ ਮਾਰ ਸੁੱਟਾਂਗਾ। ਮੈਂ ਉਨ੍ਹਾਂ ਨੂੰ ਤਬਾਹ ਕਰ ਦਿਆਂਗਾ, ਅਤੇ ਮੈਂ ਇੱਕ ਹੋਰ ਕੌਮ ਬਨਾਉਣ ਲਈ ਤੇਰੀ ਵਰਤੋਂ ਕਰਾਂਗਾ। ਅਤੇ ਤੇਰੀ ਕੌਮ ਇਨ੍ਹਾਂ ਲੋਕਾਂ ਨਾਲੋਂ ਵਧੇਰੇ ਤਾਕਤਵਰ ਅਤੇ ਮਹਾਨ ਹੋਵੇਗੀ।”

**13**ਫ਼ੇਰ ਮੂਸਾ ਨੇ ਯਹੋਵਾਹ ਨੂੰ ਆਖਿਆ, “ਜੇ ਤੂੰ ਅਜਿਹਾ ਕਰੇਂਗਾ, ਮਿਸਰੀ ਇਸ ਬਾਰੇ ਸੁਣਨਗੇ ਅਤੇ ਉਨ੍ਹਾਂ ਨੂੰ ਪਤਾ ਲੱਗ ਜਾਵੇਗਾ ਕਿ ਤੂੰ ਆਪਣੇ ਲੋਕਾਂ ਨੂੰ ਮਿਸਰ ਵਿੱਚੋਂ ਬਾਹਰ ਲਿਆਉਣ ਲਈ ਆਪਣੀ ਮਹਾਨ ਸ਼ਕਤੀ ਦੀ ਵਰਤੋਂ ਕੀਤੀ। **14**ਮਿਸਰ ਦੇ ਲੋਕਾਂ ਨੇ ਕਨਾਨ ਦੇ ਲੋਕਾਂ ਨੂੰ ਇਸ ਬਾਰੇ ਦੱਸਿਆ ਸੀ। ਉਹ ਪਹਿਲਾਂ ਹੀ ਜਾਣਦੇ ਹਨ ਕਿ ਤੂੰ ਯਹੋਵਾਹ ਹੈ ਅਤੇ ਤੂੰ ਆਪਣੇ ਲੋਕਾਂ ਦੇ ਨਾਲ ਹੈ। ਉਹ

ਜਾਣਦੇ ਹਨ ਕਿ ਲੋਕਾਂ ਨੇ ਤੈਨੂੰ ਦੇਖਿਆ ਹੈ। ਉਹ ਵਿਸ਼ੇਸ਼ ਬੱਦਲ ਬਾਰੇ
ਜਾਣਦੇ ਹਨ। ਉਹ ਜਾਣਦੇ ਹਨ ਕਿ ਤੂੰ ਦਿਨ ਵਿੱਚ ਆਪਣੇ ਲੋਕਾਂ ਦੀ
ਅਗਵਾਈ ਕਰਨ ਲਈ ਬੱਦਲ ਦੀ ਵਰਤੋਂ ਕਰਦਾ ਹੈਂ ਅਤੇ ਇਹ
ਕਿ ਬੱਦਲ ਰਾਤ ਵੇਲੇ ਉਨ੍ਹਾਂ ਦੀ ਅਗਵਾਈ ਕਰਨ ਲਈ ਅੱਗ ਬਣ
ਜਾਂਦਾ ਹੈ। **15**ਇਸ ਲਈ ਤੈਨੂੰ ਇਨ੍ਹਾਂ ਲੋਕਾਂ ਨੂੰ ਹੁਣ ਨਹੀਂ ਮਾਰਨਾ
ਚਾਹੀਦਾ। ਜੇ ਤੂੰ ਇਨ੍ਹਾਂ ਨੂੰ ਮਾਰ ਦੇਵੇਂਗਾ ਤਾਂ ਉਹ ਸਾਰੇ ਲੋਕ ਜਿਨ੍ਹਾਂ ਨੇ
ਤੇਰੀ ਸ਼ਕਤੀ ਬਾਰੇ ਸੁਣਿਆ ਹੈ, ਆਖਣਗੇ, **16**'ਯਹੋਵਾਹ ਇਨ੍ਹਾਂ ਲੋਕਾਂ
ਨੂੰ ਉਸ ਧਰਤੀ ਉੱਤੇ ਲੈ ਜਾਣ ਵਿੱਚ ਸਫ਼ਲ ਨਹੀਂ ਹੋ ਸਕਿਆ ਜਿਸ
ਦਾ ਉਸ ਨੇ ਇਨ੍ਹਾਂ ਨਾਲ ਇਕਰਾਰ ਕੀਤਾ ਸੀ। ਇਸ ਲਈ ਯਹੋਵਾਹ
ਨੇ ਇਨ੍ਹਾਂ ਨੂੰ ਮਾਰੂਥਲ ਵਿੱਚ ਮਾਰ ਮੁਕਾਇਆ।'

**17**"ਇਸ ਲਈ ਹੁਣ ਮਾਲਕ ਆਪਣੀ ਸ਼ਕਤੀ ਦਰਸਾ! ਇਸ ਨੂੰ
ਉਸੇ ਤਰ੍ਹਾਂ ਦਰਸਾ ਜਿਵੇਂ ਤੂੰ ਆਖਿਆ ਸੀ! **18**ਤੂੰ ਆਖਿਆ ਸੀ,
'ਯਹੋਵਾਹ ਗੁੱਸਾ ਕਰਨ ਵਿੱਚ ਦੇਰ ਲਾਉਂਦਾ ਹੈ। ਯਹੋਵਾਹ ਮਹਾਨ
ਪਿਆਰ ਨਾਲ ਭਰਿਆ ਹੋਇਆ ਹੈ। ਯਹੋਵਾਹ ਉਨ੍ਹਾਂ ਲੋਕਾਂ ਨੂੰ ਮਾਫ਼
ਕਰ ਦਿੰਦਾ ਹੈ ਜਿਹੜੇ ਦੋਸ਼ੀ ਹੁੰਦੇ ਹਨ ਅਤੇ ਬਿਧੀਆਂ ਨੂੰ ਤੋੜਦੇ
ਹਨ। ਪਰ ਯਹੋਵਾਹ ਉਨ੍ਹਾਂ ਲੋਕਾਂ ਨੂੰ ਹਮੇਸ਼ਾ ਸਜ਼ਾ ਦਿੰਦਾ ਹੈ ਜਿਹੜੇ
ਗੁਨਾਹਗਾਰ ਹੁੰਦੇ ਹਨ। ਯਹੋਵਾਹ ਉਨ੍ਹਾਂ ਲੋਕਾਂ ਨੂੰ ਸਜ਼ਾ ਦਿੰਦਾ ਹੈ,
ਅਤੇ ਉਹ ਉਨ੍ਹਾਂ ਦੇ ਬੱਚਿਆਂ ਨੂੰ ਵੀ ਸਜ਼ਾ ਦਿੰਦਾ ਹੈ, ਉਨ੍ਹਾਂ ਦੇ ਪੋਤਿਆਂ-
ਪੜਪੋਤਿਆਂ ਨੂੰ ਵੀ ਉਨ੍ਹਾਂ ਬੁਰੀਆਂ ਗੱਲਾਂ ਲਈ ਸਜ਼ਾ ਦਿੰਦਾ ਹੈ!'
**19**ਹੁਣ, ਆਪਣੇ ਮਹਾਨ ਪਿਆਰ ਕਾਰਣ, ਕਿਰਪਾ ਕਰਕੇ ਇਨ੍ਹਾਂ ਲੋਕਾਂ
ਦੇ ਪਾਪ ਮਾਫ ਕਰ ਦਿਹ। ਇਨ੍ਹਾਂ ਨੂੰ ਉਸੇ ਤਰ੍ਹਾਂ ਮਾਫ਼ ਕਰ ਦਿਹ ਜਿਵੇਂ
ਤੂੰ ਮਿਸਰ ਛੱਡਣ ਤੋਂ ਲੈ ਕੇ ਹੁਣ ਤੱਕ ਕਰਦਾ ਆਇਆ ਹੈਂ।"

**20**ਯਹੋਵਾਹ ਨੇ ਜਵਾਬ ਦਿੱਤਾ, "ਹਾਂ ਜਿਵੇਂ ਤੂੰ ਆਖਿਆ ਹੈ, ਮੈਂ
ਇਨ੍ਹਾਂ ਲੋਕਾਂ ਨੂੰ ਮਾਫ਼ ਕਰ ਦਿਆਂਗਾ। **21**ਪਰ ਮੈਂ ਤੈਨੂੰ ਸੱਚ ਦੱਸਦਾ
ਹਾਂ, ਯਹੋਵਾਹ ਦਾ ਪਰਤਾਪ ਧਰਤੀ ਨੂੰ ਭਰ ਦੇਵੇਗਾ। **22**ਉਨ੍ਹਾਂ ਲੋਕਾਂ
ਵਿੱਚੋਂ, ਜਿਨ੍ਹਾਂ ਨੂੰ ਮੈਂ ਮਿਸਰ ਵਿੱਚੋਂ ਲਿਆਂਦਾ ਸੀ, ਕੋਈ ਵੀ ਕਦੇ ਕਨਾਨ
ਦੀ ਧਰਤੀ ਨੂੰ ਨਹੀਂ ਦੇਖ ਸਕੇਗਾ। ਉਨ੍ਹਾਂ ਲੋਕਾਂ ਨੇ ਮੇਰਾ ਪਰਤਾਪ
ਦੇਖਿਆ ਸੀ ਅਤੇ ਉਹ ਸਾਰੇ ਮਹਾਨ ਨਿਸ਼ਾਨ ਦੇਖੇ ਸਨ ਜਿਹੜੇ ਮੈਂ
ਮਿਸਰ ਵਿੱਚ ਦਰਸਾਏ ਸਨ। ਅਤੇ ਉਨ੍ਹਾਂ ਨੇ ਉਹ ਸਾਰੀਆਂ ਮਹਾਨ
ਗੱਲਾਂ ਵੀ ਦੇਖੀਆਂ ਸਨ ਜਿਹੜੀਆਂ ਮੈਂ ਮਾਰੂਥਲ ਵਿੱਚ ਕੀਤੀਆਂ
ਸਨ। ਪਰ ਉਨ੍ਹਾਂ ਨੇ ਮੇਰੀ ਹੁਕਮ ਅਦੂਲੀ ਕੀਤੀ ਅਤੇ ਮੈਨੂੰ 10
ਵਾਰੀ ਪਰਖਿਆ। **23**ਉਹ ਉਸ ਧਰਤੀ ਨੂੰ ਨਹੀਂ ਵੇਖਣਗੇ ਜਿਸ ਦਾ
ਮੈਂ ਉਨ੍ਹਾਂ ਦੇ ਪੁਰਖਿਆਂ ਨਾਲ ਇਕਰਾਰ ਕੀਤਾ ਸੀ। ਉਨ੍ਹਾਂ ਲੋਕਾਂ ਵਿੱਚੋਂ
ਕੋਈ ਵੀ, ਜਿਹੜੇ ਮੇਰੇ ਵਿਰੁੱਧ ਹੋ ਗਏ ਸਨ, ਕਦੇ ਵੀ ਉਸ ਧਰਤੀ
ਵਿੱਚ ਦਾਖਲ ਹੋਣ ਦੇ ਕਾਬਲ ਨਹੀਂ ਹੋਵੇਗਾ। **24**ਪਰ ਮੇਰਾ ਸੇਵਕ
ਕਾਲੇਬ ਵੱਖਰਾ ਸੀ। ਉਹ ਪੂਰੀ ਤਰ੍ਹਾਂ ਮੇਰਾ ਅਨੁਯਾਈ ਹੈ। ਇਸ
ਲਈ ਮੈਂ ਉਸ ਨੂੰ ਉਸ ਧਰਤੀ ਉੱਤੇ ਲੈ ਜਾਵਾਂਗਾ, ਜਿਹੜੀ ਉਸ ਨੇ
ਪਹਿਲਾਂ ਹੀ ਦੇਖ ਲਈ ਹੈ। ਅਤੇ ਉਸ ਦੇ ਲੋਕ ਉਹ ਧਰਤੀ ਹਾਸਲ
ਕਰ ਲੈਣਗੇ। **25**ਉਸ ਵਾਦੀ ਵਿੱਚ ਅਮਾਲੇਕੀ ਅਤੇ ਕਨਾਨੀ ਲੋਕ
ਰਹਿੰਦੇ ਹਨ। ਇਸ ਲਈ ਕੱਲ੍ਹ ਨੂੰ ਤੂੰ ਇਹ ਥਾਂ ਛੱਡ ਕੇ ਲਾਲ ਸਾਗਰ
ਨੂੰ ਜਾਣ ਵਾਲੀ ਸੜਕ ਉੱਤੇ ਵਾਪਸ ਮਾਰੂਥਲ ਵੱਲ ਚਲਿਆ ਜਾਹ।"

## ਯਹੋਵਾਹ ਲੋਕਾਂ ਨੂੰ ਸਜ਼ਾ ਦਿੰਦਾ ਹੈ

**26**ਯਹੋਵਾਹ ਨੇ ਮੂਸਾ ਅਤੇ ਹਾਰੂਨ ਨੂੰ ਆਖਿਆ, **27**"ਹੋਰ ਕਿੰਨਾ ਚਿਰ
ਇਹ ਬੁਰੇ ਲੋਕ ਮੇਰੇ ਵਿਰੁੱਧ ਸ਼ਿਕਾਇਤਾਂ ਕਰਨਗੇ? ਮੈਂ ਉਨ੍ਹਾਂ ਦੀਆਂ
ਸ਼ਿਕਾਇਤਾਂ ਸੁਣ ਲਈਆਂ ਹਨ। **28**ਇਸ ਲਈ ਉਨ੍ਹਾਂ ਨੂੰ ਆਖ,
'ਯਹੋਵਾਹ ਆਖਦਾ ਹੈ ਕਿ ਯਹੋਵਾਹ ਅਵੱਸ਼ ਹੀ ਉਹ ਸਾਰੀਆਂ ਗੱਲਾਂ
ਤੁਹਾਡੇ ਨਾਲ ਕਰੇਗਾ ਜਿਨ੍ਹਾਂ ਬਾਰੇ ਤੁਸੀਂ ਸ਼ਿਕਾਇਤ ਕੀਤੀ ਹੈ। ਤੁਹਾਡੇ
ਨਾਲ ਇਹ ਕੁਝ ਵਾਪਰੇਗਾ: **29**ਤੁਸੀਂ ਇਸ ਮਾਰੂਥਲ ਅੰਦਰ ਮਾਰੇ
ਜਾਵੋਗੇ। ਹਰ ਵਿਅਕਤੀ, ਜਿਹੜਾ 20 ਸਾਲ ਜਾਂ ਇਸ ਤੋਂ ਵੱਡਾ
ਹੈ ਅਤੇ ਮੇਰੇ ਬੰਦਿਆਂ ਵਿੱਚ ਗਿਣਿਆ ਗਿਆ, ਮਾਰਿਆ ਜਾਵੇਗਾ
ਕਿਉਂਕਿ ਤੁਸੀਂ ਮੇਰੇ ਖਿਲਾਫ਼ ਸ਼ਿਕਾਇਤ ਕੀਤੀ। **30**ਇਸ ਲਈ
ਤੁਸੀਂ ਕਦੇ ਵੀ ਉਸ ਧਰਤੀ ਵਿੱਚ ਦਾਖਲ ਨਹੀਂ ਹੋਵੋਗੇ ਜਿਸ ਦਾ
ਮੈਂ ਤੁਹਾਡੇ ਨਾਲ ਇਕਰਾਰ ਕੀਤਾ ਸੀ। ਸਿਰਫ਼ ਯਫ਼ੁੰਨਹ ਦਾ ਪੁੱਤਰ
ਕਾਲੇਬ ਅਤੇ ਨੂਨ ਦਾ ਪੁੱਤਰ ਯਹੋਸ਼ੁਆ ਉਸ ਧਰਤੀ ਵਿੱਚ ਦਾਖਲ
ਹੋਣਗੇ। **31**ਤੁਸੀਂ ਡਰਦੇ ਸੀ ਅਤੇ ਸ਼ਿਕਾਇਤ ਕੀਤੀ ਕਿ ਉਹ ਧਰਤੀ
ਦੇ ਤੁਹਾਡੇ ਦੁਸ਼ਮਣ ਕੋਲੋਂ ਤੁਹਾਡੇ ਬੱਚੇ ਖੋਹ ਲੈਣਗੇ। ਪਰ ਮੈਂ ਤੁਹਾਨੂੰ
ਦੱਸਦਾ ਹਾਂ ਕਿ ਮੈਂ ਉਨ੍ਹਾਂ ਬੱਚਿਆਂ ਨੂੰ ਉਸ ਧਰਤੀ ਉੱਤੇ ਲਿਜਾਵਾਂਗਾ।
ਉਹ ਉਸ ਧਰਤੀ ਨੂੰ ਮਾਣਨਗੇ ਜਿਸ ਨੂੰ ਤੁਸੀਂ ਕਬੂਲਣ ਤੋਂ ਇਨਕਾਰ
ਕਰ ਦਿੱਤਾ ਸੀ। **32**ਜਿੱਥੇ ਤੀਕ ਤੁਸਾਂ ਲੋਕਾਂ ਦੀ ਗੱਲ ਹੈ, ਤੁਸੀਂ ਇਸ
ਮਾਰੂਥਲ ਅੰਦਰ ਮਾਰੇ ਜਾਵੋਗੇ।

**33**" 'ਤੁਹਾਡੇ ਬੱਚੇ ਇਸ ਮਾਰੂਥਲ ਵਿੱਚ 40 ਸਾਲਾਂ ਤੀਕ ਅਯਾਲੀ
ਰਹਿਣਗੇ। ਉਹ ਇਸ ਵਾਸਤੇ ਦੁੱਖ ਝੱਲਣਗੇ ਕਿਉਂਕਿ ਤੁਸੀਂ ਮੇਰੇ
ਨਾਲ ਵਫ਼ਾ ਨਹੀਂ ਕੀਤੀ। ਉਨ੍ਹਾਂ ਨੂੰ ਉਦੋਂ ਤੱਕ ਦੁੱਖ ਝੱਲਣਾ ਪਵੇਗਾ
ਜਦੋਂ ਤੀਕ ਕਿ ਤੁਸੀਂ ਸਾਰੇ ਮਾਰੂਥਲ ਵਿੱਚ ਮਰਕੇ ਦਫ਼ਨ ਨਹੀਂ ਹੋ
ਜਾਂਦੇ। **34**ਚਾਲੀ ਸਾਲਾਂ ਤੀਕ ਤੁਸੀਂ ਆਪਣੇ ਪਾਪਾਂ ਕਾਰਣ ਦੁੱਖ
ਭੋਗੋਗੇ। (ਮਤਲਬ ਇਹ ਕਿ ਉਨ੍ਹਾਂ 40 ਦਿਨਾਂ ਦੇ ਹਰੇਕ ਦਿਨ ਬਦਲੇ
ਇੱਕ ਸਾਲ, ਜਦੋਂ ਆਦਮੀਆਂ ਨੇ ਉਸ ਧਰਤੀ ਦੀ ਖੋਜ ਪੜਤਾਲ
ਕੀਤੀ ਸੀ।) ਤੁਸੀਂ ਜਾਣ ਜਾਵੋਗੇ ਕਿ ਮੇਰੇ ਲਈ ਤੁਹਾਡੇ ਵਿਰੁੱਧ ਹੋਣਾ
ਕਿੰਨੀ ਭਿਆਨਕ ਗੱਲ ਹੈ।'

**35**"ਮੈਂ ਯਹੋਵਾਹ ਹਾਂ, ਅਤੇ ਮੈਂ ਆਖ ਦਿੱਤਾ ਹੈ। ਅਤੇ ਮੈਂ ਇਕਰਾਰ
ਕਰਦਾ ਹਾਂ ਕਿ ਮੈਂ ਇਨ੍ਹਾਂ ਬੁਰੇ ਲੋਕਾਂ ਲਈ ਇਹ ਸਾਰੀਆਂ ਗੱਲਾਂ
ਕਰਾਂਗਾ। ਇਹ ਲੋਕ ਮੇਰੇ ਵਿਰੁੱਧ ਇਕੱਠੇ ਹੋ ਕੇ ਆਏ ਹਨ। ਇਸ
ਲਈ ਇਹ ਸਾਰੇ ਇਸ ਮਾਰੂਥਲ ਅੰਦਰ ਮਰਨਗੇ।"

**36**ਉਹ ਆਦਮੀ ਜਿਨ੍ਹਾਂ ਨੂੰ ਮੂਸਾ ਨੇ ਨਵੀਂ ਧਰਤੀ ਦੀ ਖੋਜ
ਲਈ ਭੇਜਿਆ ਸੀ ਉਹੋ ਹੀ ਸਨ ਜਿਨ੍ਹਾਂ ਨੇ ਵਾਪਸ ਆ ਕੇ ਸਾਰੇ
ਇਸਰਾਏਲੀ ਲੋਕਾਂ ਅੰਦਰ ਸ਼ਿਕਾਇਤਾਂ ਫ਼ੈਲਾਈਆਂ ਸਨ। ਉਨ੍ਹਾਂ
ਆਦਮੀਆਂ ਨੇ ਆਖਿਆ ਸੀ ਕਿ ਲੋਕ ਉਸ ਧਰਤੀ ਅੰਦਰ ਦਾਖਲ
ਹੋਣ ਦੇ ਸਮਰਥ ਨਹੀਂ ਸਨ। **37**ਉਹ ਆਦਮੀ ਇਸਰਾਏਲੀ ਲੋਕਾਂ
ਅੰਦਰ ਮੁਸ਼ਕਿਲਾਂ ਖੜੀਆਂ ਕਰਨ ਲਈ ਜ਼ਿੰਮੇਵਾਰ ਸਨ। ਇਸ
ਲਈ ਯਹੋਵਾਹ ਨੇ ਉਨ੍ਹਾਂ ਸਮੂਹ ਲੋਕਾਂ ਨੂੰ ਮਾਰਨ ਲਈ ਬਿਮਾਰੀ
ਭੇਜੀ। **38**ਪਰ ਨੂਨ ਦਾ ਪੁੱਤਰ ਯਹੋਸ਼ੁਆ ਅਤੇ ਯਫ਼ੁੰਨਹ ਦਾ ਪੁੱਤਰ
ਕਾਲੇਬ ਉਨ੍ਹਾਂ ਲੋਕਾਂ ਵਿੱਚੋਂ ਸਨ ਜਿਨ੍ਹਾਂ ਨੂੰ ਉਸ ਧਰਤੀ ਦੀ ਖੋਜ ਲਈ
ਭੇਜਿਆ ਗਿਆ ਸੀ। ਅਤੇ ਯਹੋਵਾਹ ਨੇ ਉਨ੍ਹਾਂ ਦੋਹਾਂ ਆਦਮੀਆਂ ਨੂੰ
ਬਚਾ ਲਿਆ। ਉਨ੍ਹਾਂ ਨੂੰ ਉਹ ਬਿਮਾਰੀ ਨਹੀਂ ਲੱਗੀ ਜਿਸ ਨੇ ਹੋਰਨਾਂ
ਦਸਾਂ ਆਦਮੀਆਂ ਨੂੰ ਮਾਰ ਦਿੱਤਾ ਸੀ।

## ਲੋਕ ਕਨਾਨ ਅੰਦਰ ਜਾਣ ਦੀ ਕੋਸ਼ਿਸ਼ ਕਰਦੇ ਹਨ

**39**ਮੂਸਾ ਨੇ ਇਸਰਾਏਲੀ ਲੋਕਾਂ ਨੂੰ ਇਹ ਸਾਰੀਆਂ ਗੱਲਾਂ ਆਖੀਆਂ।
ਲੋਕ ਬਹੁਤ ਉਦਾਸ ਹੋ ਗਏ। **40**ਦੂਸਰੇ ਦਿਨ ਸਵੇਰੇ-ਸਵੇਰੇ ਲੋਕਾਂ
ਨੇ ਪਹਾੜੀ ਪ੍ਰਦੇਸ਼ ਵੱਲ ਜਾਣ ਲਈ ਚਾਲੇ ਪਾ ਦਿੱਤੇ। ਲੋਕਾਂ ਨੇ
ਆਖਿਆ, "ਅਸੀਂ ਪਾਪ ਕੀਤਾ ਹੈ। ਸਾਨੂੰ ਅਫ਼ਸੋਸ ਹੈ ਕਿ ਅਸੀਂ
ਯਹੋਵਾਹ ਉੱਤੇ ਭਰੋਸਾ ਨਹੀਂ ਕੀਤਾ। ਅਸੀਂ ਉਸ ਥਾਂ ਜਾਵਾਂਗੇ ਜਿਸ
ਦਾ ਯਹੋਵਾਹ ਨੇ ਸਾਡੇ ਲਈ ਇਕਰਾਰ ਕੀਤਾ ਹੈ।"

**41**ਪਰ ਮੂਸਾ ਨੇ ਆਖਿਆ, "ਤੁਸੀਂ ਯਹੋਵਾਹ ਦਾ ਆਦੇਸ਼ ਕਿਉਂ
ਨਹੀਂ ਮੰਨ ਰਹੇ? ਤੁਸੀਂ ਸਫ਼ਲ ਨਹੀਂ ਹੋਵੋਂਗੇ! **42**ਉਸ ਧਰਤੀ ਉੱਤੇ ਨਾ
ਜਾਵੋ। ਯਹੋਵਾਹ ਤੁਹਾਡੇ ਨਾਲ ਨਹੀਂ ਹੈ ਇਸ ਲਈ ਤੁਹਾਡੇ ਦੁਸ਼ਮਣ
ਤੁਹਾਨੂੰ ਆਸਾਨੀ ਨਾਲ ਹਰਾ ਦੇਣਗੇ। **43**ਉੱਥੇ ਅਮਾਲੇਕੀ ਅਤੇ
ਕਨਾਨੀ ਤੁਹਾਡੇ ਵਿਰੁੱਧ ਲੜਨਗੇ। ਤੁਸੀਂ ਯਹੋਵਾਹ ਤੋਂ ਆਪਣਾ ਮੂੰਹ
ਫ਼ੇਰ ਲਿਆ ਹੈ। ਇਸ ਲਈ ਜਦੋਂ ਤੁਸੀਂ ਉਨ੍ਹਾਂ ਨਾਲ ਲੜੋਗੇ, ਉਹ
ਤੁਹਾਡੇ ਨਾਲ ਨਹੀਂ ਹੋਵੇਗਾ।"

**44**ਪਰ ਲੋਕਾਂ ਨੇ ਮੂਸਾ ਦੀ ਗੱਲ ਉੱਤੇ ਵਿਸ਼ਵਾਸ ਨਹੀਂ ਕੀਤਾ।
ਇਸ ਲਈ ਉਹ ਪਹਾੜੀ ਪ੍ਰਦੇਸ਼ ਵੱਲ ਚਲੇ ਗਏ। ਪਰ ਮੂਸਾ ਅਤੇ
ਯਹੋਵਾਹ ਦੇ ਇਕਰਾਰਨਾਮੇ ਵਾਲਾ ਸੰਦੂਕ ਲੋਕਾਂ ਦੇ ਨਾਲ ਨਹੀਂ ਗਏ।
**45**ਪਹਾੜੀ ਪ੍ਰਦੇਸ਼ ਵਿੱਚ ਰਹਿਣ ਵਾਲੇ ਅਮਾਲੇਕੀ ਲੋਕ ਅਤੇ ਕਨਾਨੀ
ਲੋਕ ਹੇਠਾਂ ਉੱਤਰ ਆਏ ਅਤੇ ਉਨ੍ਹਾਂ ਨੇ ਇਸਰਾਏਲ ਦੇ ਲੋਕਾਂ ਉੱਤੇ
ਹਮਲਾ ਕਰ ਦਿੱਤਾ। ਅਮਾਲੇਕੀਆਂ ਅਤੇ ਕਨਾਨੀਆਂ ਨੇ ਉਨ੍ਹਾਂ ਨੂੰ
ਆਸਾਨੀ ਨਾਲ ਹਰਾ ਦਿੱਤਾ ਅਤੇ ਉਨ੍ਹਾਂ ਨੂੰ ਹਾਰਮਾਹ ਤੱਕ ਭਜਾ
ਦਿੱਤਾ।



## ਬਲੀਆਂ ਬਾਰੇ ਬਿਧੀਆਂ

**15** **1**ਯਹੋਵਾਹ ਨੇ ਮੂਸਾ ਨੂੰ ਆਖਿਆ, **2**"ਇਸਰਾਏਲ ਦੇ
ਲੋਕਾਂ ਨਾਲ ਗੱਲ ਕਰ ਅਤੇ ਉਨ੍ਹਾਂ ਨੂੰ ਆਖ: ਮੈਂ ਤੁਹਾਨੂੰ
ਇੱਕ ਧਰਤੀ ਦੇ ਰਿਹਾ ਹਾਂ ਜਿਹੜੀ ਤੁਹਾਡਾ ਘਰ ਹੋਵੇਗੀ, ਜਦੋਂ ਤੁਸੀਂ
ਉਸ ਧਰਤੀ ਅੰਦਰ ਦਾਖਲ ਹੋਵੋ, **3**ਤੁਹਾਨੂੰ ਅਵੱਸ਼ ਹੀ ਯਹੋਵਾਹ
ਨੂੰ ਅੱਗ ਦੁਆਰਾ ਭੇਟਾ ਚੜ੍ਹਾਉਣੀਆਂ ਚਾਹੀਦੀਆਂ ਹਨ। ਉਨ੍ਹਾਂ ਦੀ
ਸੁਗੰਧੀ ਯਹੋਵਾਹ ਨੂੰ ਪ੍ਰਸੰਨ ਕਰੇਗੀ। ਤੁਸੀਂ ਹੋਮ ਦੀਆਂ ਭੇਟਾ, ਸੁੱਖ-
ਸਾਂਦ ਦੀਆਂ ਭੇਟਾ, ਖਾਸ ਇਕਰਾਰਾ, ਖਾਸ ਸੁਗਾਤਾਂ, ਅਤੇ ਆਪਣੇ
ਪਰਬਾਂ ਵਾਲੇ ਦਿਨਾ ਦੀਆਂ ਬਲੀਆਂ ਲਈ ਆਪਣੀਆਂ ਗਊਆਂ,
ਭੇਡਾਂ ਅਤੇ ਬੱਕਰੀਆਂ ਦੀ ਵਰਤੋਂ ਕਰੋਗੇ।

**4**"ਜਦੋਂ ਵੀ ਕੋਈ ਬੰਦਾ ਆਪਣੀ ਭੇਟ ਲੈ ਕੇ ਆਵੇ ਉਸ ਨੂੰ
ਯਹੋਵਾਹ ਅੱਗੇ ਅਨਾਜ ਦੀ ਭੇਟ ਵੀ ਚੜ੍ਹਾਉਣੀ ਚਾਹੀਦੀ ਹੈ। ਅਨਾਜ
ਦੀ ਭੇਟ ਜ਼ੈਤੂਨ ਦੇ ਤੇਲ ਦੇ ਇੱਕ ਕੁਆਟਰ ਨਾਲ ਗੁੰਨ੍ਹੇ ਹੋਏ 8 ਕੱਪ
ਮੈਦੇ ਦੇ ਰੂਪ ਵਿੱਚ ਹੋਵੇਗੀ। **5**ਹਰ ਵਾਰੀ ਜਦੋਂ ਤੁਸੀਂ ਹੋਮ ਦੀ ਭੇਟ
ਵਜੋਂ ਲੇਲਾ ਚੜ੍ਹਾਵੋ ਤਾ ਤੁਹਾਨੂੰ ਪੀਣ ਦੀ ਭੇਟ ਵਜੋਂ ਇੱਕ ਕੁਆਟਰ
ਮੈਅ ਵੀ ਤਿਆਰ ਕਰਨੀ ਚਾਹੀਦੀ ਹੈ।

**6**"ਜੇ ਤੁਸੀਂ ਭੇਡ ਦੇ ਰਹੇ ਹੋਵੋ ਤਾਂ ਤੁਹਾਨੂੰ ਇੱਕ ਤਿਆਰ ਅਨਾਜ
ਦੀ ਭੇਟ ਵੀ ਲਿਆਉਣੀ ਚਾਹੀਦੀ ਹੈ। ਇਹ ਅਨਾਜ ਦੀ ਭੇਟ 1 1/4
ਜ਼ੈਤੂਨ ਦੇ ਤੇਲ ਵਿੱਚ ਮਿਲੇ ਹੋਏ ਮੈਦੇ ਦੇ 16 ਕੱਪਾਂ ਦੇ ਰੂਪ ਵਿੱਚ
ਹੋਣੀ ਚਾਹੀਦੀ ਹੈ। **7**ਤੁਹਾਨੂੰ ਪੀਣ ਦੀ ਭੇਟ ਵਜੋਂ 1 1/4 ਕੁਆਟਰ
ਮੈਅ ਵੀ ਦੇਣੀ ਚਾਹੀਦੀ ਹੈ। ਇਸ ਦੀ ਸੁਗੰਧੀ ਯਹੋਵਾਹ ਨੂੰ ਪ੍ਰਸੰਨ
ਕਰੇਗੀ।

**8**"ਤੁਸੀਂ ਹੋਮ ਦੀ ਭੇਟ ਵਜੋਂ ਜਾਂ ਬਲੀ ਲਈ ਜਾਂ ਸੁੱਖ-ਸਾਂਦ ਦੀ
ਭੇਟ ਲਈ ਜਾਂ ਯਹੋਵਾਹ ਨਾਲ ਕੀਤੇ ਖਾਸ ਇਕਰਾਰ ਲਈ ਇੱਕ
ਜਵਾਨ ਬਲਦ ਲਿਆ ਸਕਦੇ ਹੋ। **9**ਉਸ ਵੇਲੇ, ਤੁਹਾਨੂੰ ਬਲਦ ਦੇ
ਨਾਲ ਇੱਕ ਅਨਾਜ ਦੀ ਭੇਟ ਵੀ ਦੇਣੀ ਚਾਹੀਦੀ ਹੈ। ਇਹ ਅਨਾਜ
ਦੀ ਭੇਟ ਦੋ ਕੁਆਟਰ ਜ਼ੈਤੂਨ ਦੇ ਤੇਲ ਵਿੱਚ ਮਿਲੇ ਹੋਏ 24 ਕੱਪ
ਮੈਦੇ ਦੇ ਰੂਪ ਵਿੱਚ ਹੋਣੀ ਚਾਹੀਦੀ ਹੈ। **10**ਅਤੇ ਇਸ ਦੇ ਨਾਲ ਹੀ
ਦੋ ਕੁਆਟਰ ਮੈਅ ਵੀ ਪੀਣ ਦੀ ਭੇਟ ਵਜੋਂ ਲੈ ਕੇ ਆਵੋ। ਇਹ ਭੇਟ
ਹੋਮ ਦੇ ਰੂਪ ਵਿੱਚ ਹੋਵੇਗੀ। ਇਸ ਦੀ ਸੁਗੰਧ ਯਹੋਵਾਹ ਨੂੰ ਪ੍ਰਸੰਨ
ਕਰੇਗੀ। **11**ਹਰੇਕ ਬਲਦ, ਭੇਡ, ਜਾਂ ਬੱਕਰੀ, ਜਿਸ ਨੂੰ ਤੁਸੀਂ ਸੁਗਾਤ
ਵਜੋਂ ਯਹੋਵਾਹ ਨੂੰ ਭੇਟ ਕਰੋ, ਇੰਝ ਤਿਆਰ ਕੀਤਾ ਜਾਣਾ ਚਾਹੀਦਾ
ਹੈ। **12**ਇਨ੍ਹਾਂ ਵਿੱਚੋਂ ਹਰੇਕ ਜਾਨਵਰ ਜਿਹੜਾ ਤੁਸੀਂ ਭੇਟ ਕਰੋ ਇਸੇ
ਢੰਗ ਨਾਲ ਹੋਣਾ ਚਾਹੀਦਾ ਹੈ।

**13**"ਇਹੀ ਉਹ ਢੰਗ ਹੈ ਜਿਹੜਾ ਹਰ ਇਸਰਾਏਲੀ ਨਾਗਰਿਕ ਨੂੰ
ਯਹੋਵਾਹ ਨੂੰ ਪ੍ਰਸੰਨ ਕਰਨ ਲਈ ਹੋਮ ਦੀ ਭੇਟ ਵਜੋਂ ਕਰਨਾ ਚਾਹੀਦਾ
ਹੈ। **14**ਤੁਹਾਡੇ ਦਰਮਿਆਨ ਵਿਦੇਸ਼ੀ ਵੀ ਰਹਿਣਗੇ। ਜੇ ਉਹ ਲੋਕ
ਯਹੋਵਾਹ ਨੂੰ ਪ੍ਰਸੰਨ ਕਰਨ ਲਈ ਹੋਮ ਦੀ ਭੇਟ ਦਿੰਦੇ ਹਨ ਤਾਂ ਉਨ੍ਹਾਂ ਨੂੰ
ਵੀ ਇਸੇ ਤਰ੍ਹਾਂ ਕਰਨਾ ਚਾਹੀਦਾ ਹੈ। **15**ਹਰ ਕਿਸੇ ਲਈ ਇੱਕੋ ਜਿਹੀਆਂ
ਬਿਧੀਆਂ ਹੋਣਗੀਆਂ-ਇਸਰਾਏਲ ਦੇ ਲੋਕਾਂ ਲਈ ਵੀ ਅਤੇ ਤੁਹਾਡੇ
ਦੇਸ ਵਿੱਚ ਰਹਿੰਦੇ ਵਿਦੇਸ਼ੀਆਂ ਲਈ ਵੀ। ਇਹ ਬਿਧੀ ਹਮੇਸ਼ਾ ਜਾਰੀ
ਰਹੇਗੀ। ਤੁਸੀਂ ਅਤੇ ਤੁਹਾਡੇ ਵਿੱਚਕਾਰ ਰਹਿਣ ਵਾਲੇ ਲੋਕ ਯਹੋਵਾਹ ਦੇ
ਸਾਹਮਣੇ ਇੱਕੋ ਜਿਹੇ ਹੋਣਗੇ। **16**ਇਸ ਦਾ ਅਰਥ ਇਹ ਹੈ ਕਿ ਤੁਹਾਨੂੰ
ਉਨ੍ਹਾਂ ਹੀ ਕਾਨੂੰਨਾ ਅਤੇ ਉਨ੍ਹਾਂ ਹੀ ਬਿਧੀਆਂ ਉੱਤੇ ਚੱਲਣਾ ਚਾਹੀਦਾ
ਹੈ। ਉਹੀ ਕਾਨੂੰਨ ਅਤੇ ਉਹੀ ਬਿਧੀਆਂ ਤੁਹਾਡੇ ਇਸਰਾਏਲ ਦੇ ਲੋਕਾਂ
ਲਈ ਅਤੇ ਤੁਹਾਡੇ ਵਿੱਚਕਾਰ ਰਹਿੰਦੇ ਹੋਰਨਾਂ ਲੋਕਾਂ ਲਈ ਵੀ ਹਨ।"

**17**ਯਹੋਵਾਹ ਨੇ ਮੂਸਾ ਨੂੰ ਆਖਿਆ, **18**"ਇਸਰਾਏਲ ਦੇ ਲੋਕਾਂ ਨੂੰ
ਇਹ ਗੱਲਾਂ ਦੱਸ: ਜਦੋਂ ਤੁਸੀਂ ਉਸ ਧਰਤੀ ਵਿੱਚ ਦਾਖਲ ਹੋਵੋ ਜਿੱਥੇ ਮੈਂ
ਤੁਹਾਨੂੰ ਲਿਜਾ ਰਿਹਾ ਹਾਂ, **19**ਅਤੇ ਉਹ ਅਨਾਜ ਖਾਵੋ ਜੋ ਉਸ ਧਰਤੀ
ਉੱਤੇ ਉੱਗਦਾ ਤੁਹਾਨੂੰ ਉਸ ਭੋਜਨ ਦਾ ਇੱਕ ਹਿੱਸਾ ਯਹੋਵਾਹ ਨੂੰ ਭੇਟ
ਵਜੋਂ ਚੜ੍ਹਾਉਣਾ ਚਾਹੀਦਾ ਹੈ। **20**ਤੁਸੀਂ ਅਨਾਜ ਇਕੱਠਾ ਕਰੋਗੇ ਅਤੇ
ਉਸ ਨੂੰ ਪੀਹਕੇ ਰੋਟੀ ਲਈ ਆਟੇ ਦੀ ਤੌਂਣ ਤਿਆਰ ਕਰੋਗੇ। ਤੁਹਾਨੂੰ
ਉਸ ਦੀ ਪਹਿਲੀ ਤੌਂਣ ਯਹੋਵਾਹ ਅੱਗੇ ਸੁਗਾਤ ਵਜੋਂ ਭੇਟ ਕਰਨੀ
ਚਾਹੀਦੀ ਹੈ ਇਹ ਖਲਵਾੜੇ ਵਿੱਚੋਂ ਨਿੱਕਲਣ ਵਾਲੇ ਅਨਾਜ ਵਰਗੀ
ਹੋਵੇਗੀ। **21**ਇਹ ਬਿਧੀ ਹਮੇਸ਼ਾ ਲਈ ਹੋਵਗੀ ਤੁਸੀਂ ਪਲੇਠੀ ਦੀ
ਤੌਂਣ ਯਹੋਵਾਹ ਅੱਗੇ ਸੁਗਾਤ ਵਜੋਂ ਭੇਟ ਕਰੋਗੇ।

**22**"ਹੁਣ ਤੁਹਾਨੂੰ ਉਸ ਹਾਲਤ ਵਿੱਚ ਕੀ ਕਰਨਾ ਚਾਹੀਦਾ ਹੈ ਜਦੋਂ
ਤੁਸੀਂ ਕੋਈ ਗਲਤੀ ਕਰ ਬੈਠੋ ਜਾਂ ਉਨ੍ਹਾਂ ਆਦੇਸ਼ਾ ਦੀ ਪਾਲਣਾ ਕਰਨੀ
ਭੁੱਲ ਜਾਵੋ ਜਿਹੜੇ ਯਹੋਵਾਹ ਨੇ ਮੂਸਾ ਨੂੰ ਦਿੱਤੇ ਸਨ? **23**ਯਹੋਵਾਹ ਨੇ
ਇਹ ਆਦੇਸ਼ ਮੂਸਾ ਦੇ ਰਾਹੀਂ ਤੁਹਾਨੂੰ ਦਿੱਤੇ ਸਨ। ਅਤੇ ਆਦੇਸ਼ ਸਦਾ
ਲਈ ਹੋਣਗੇ। **24**ਇਸ ਲਈ, ਜੇਕਰ ਕੋਈ ਅਣਜਾਣੇ ਹੀ ਗਲਤੀ
ਕਰਦਾ ਹੈ ਜਾਂ ਇਨ੍ਹਾਂ ਸਾਰੀਆਂ ਬਿਧੀਆਂ ਦੀ ਪਾਲਣਾ ਕਰਨੀ ਭੁੱਲ
ਜਾਂਦਾ, ਉਸ ਨੂੰ ਕੀ ਕਰਨਾ ਚਾਹੀਦਾ ਹੈ? ਜੇ ਇਸਰਾਏਲ ਦੇ ਸਾਰੇ
ਲੋਕਾਂ ਨੇ ਇਹ ਗਲਤੀ ਕੀਤੀ ਹੈ, ਤਾਂ ਉਨ੍ਹਾਂ ਸਾਰਿਆਂ ਨੂੰ ਇਕੱਠੇ ਹੋ ਕੇ
ਯਹੋਵਾਹ ਨੂੰ ਹੋਮ ਦੀ ਭੇਟ ਵਜੋਂ ਇੱਕ ਵਹਿੜਕਾ ਚੜ੍ਹਾਉਣਾ ਚਾਹੀਦਾ
ਹੈ। ਇਸ ਦੀ ਸੁਗੰਧੀ ਯਹੋਵਾਹ ਨੂੰ ਪ੍ਰਸੰਨ ਕਰੇਗੀ। ਇਹ ਵੀ ਚੇਤੇ
ਰੱਖੋ ਕਿ ਬਲਦ ਦੀ ਭੇਟ ਦੇ ਨਾਲ ਅਨਾਜ ਅਤੇ ਪੀਣ ਦੀ ਭੇਟ ਅਤੇ
ਪਾਪ ਦੀ ਭੇਟ ਵਜੋਂ ਇੱਕ ਬੱਕਰਾ ਵੀ ਦੇਣਾ ਹੈ।

**25**"ਇਸ ਲਈ ਜਾਜਕ ਨੂੰ ਉਹ ਗੱਲਾਂ ਕਰਨੀਆਂ ਚਾਹੀਦੀਆਂ
ਹਨ ਜਿਹੜੀਆਂ ਲੋਕਾਂ ਨੂੰ ਪਵਿੱਤਰ ਬਣਾਉਣ। ਉਸ ਨੂੰ ਇਹ ਗੱਲਾਂ
ਇਸਰਾਏਲ ਦੇ ਸਮੂਹ ਲੋਕਾਂ ਲਈ ਕਰਨੀਆਂ ਚਾਹੀਦੀਆਂ ਹਨ।
ਲੋਕਾਂ ਨੂੰ ਇਸ ਗੱਲ ਦਾ ਗਿਆਨ ਨਹੀਂ ਸੀ ਕਿ ਉਹ ਪਾਪ ਕਰ ਰਹੇ
ਸਨ। ਪਰ ਜਦੋਂ ਉਨ੍ਹਾਂ ਨੂੰ ਇਸ ਬਾਰੇ ਪਤਾ ਲੱਗਿਆ ਉਹ ਯਹੋਵਾਹ
ਲਈ ਸੁਗਾਤ ਲੈ ਕੇ ਆ ਗਏ। ਉਨ੍ਹਾਂ ਨੇ ਹੋਮ ਦੀ ਭੇਟ ਅਤੇ ਪਾਪ ਦੀ
ਭੇਟ ਲਿਆਂਦੀ। ਇਸ ਲਈ ਲੋਕ ਬਖਸ਼ੇ ਜਾਣਗੇ। **26**ਇਸਰਾਏਲ
ਦੇ ਸਮੂਹ ਲੋਕ ਅਤੇ ਹੋਰ ਸਾਰੇ ਲੋਕ ਜਿਹੜੇ ਉਨ੍ਹਾਂ ਦੇ ਦਰਮਿਆਨ
ਰਹਿੰਦੇ ਹਨ, ਬਖਸ਼ੇ ਜਾਣਗੇ। ਉਹ ਇਸ ਲਈ ਬਖਸ਼ੇ ਜਾਣਗੇ
ਕਿਉਂਕਿ ਉਨ੍ਹਾਂ ਨੂੰ ਪਤਾ ਨਹੀਂ ਸੀ ਕਿ ਉਹ ਪਾਪ ਕਰ ਰਹੇ ਸਨ।

27"ਪਰ ਜੇ ਸਿਰਫ਼ ਇੱਕ ਬੰਦਾ ਗਲਤੀ ਕਰਦਾ ਹੈ ਅਤੇ ਪਾਪ ਕਰਦਾ ਹੈ, ਤਾਂ ਉਸ ਨੂੰ ਇੱਕ ਸਾਲ ਦੀ ਬੱਕਰੀ ਲੈ ਕੇ ਆਉਣੀ ਚਾਹੀਦੀ ਹੈ। ਇਹ ਬੱਕਰੀ ਪਾਪ ਦੀ ਭੇਟ ਹੋਵੇਗੀ। 28ਜਾਜਕ ਨੂੰ ਉਹ ਗੱਲਾਂ ਕਰਨੀਆਂ ਚਾਹੀਦੀਆਂ ਹਨ, ਜਿਹੜੀਆਂ ਉਸ ਬੰਦੇ ਨੂੰ ਪਵਿੱਤਰ ਬਣਾਉਣ। ਉਸ ਬੰਦੇ ਨੇ ਗਲਤੀ ਕੀਤੀ ਅਤੇ ਯਹੋਵਾਹ ਅੱਗੇ ਪਾਪ ਕੀਤਾ। ਪਰ ਜਾਜਕ ਨੇ ਉਸ ਨੂੰ ਪਵਿੱਤਰ ਬਣਾ ਦਿੱਤਾ, ਅਤੇ ਉਹ ਬਖਸ਼ਿਆ ਜਾਵੇਗਾ। 29ਇਹ ਬਿਧੀ ਹਰ ਉਸ ਬੰਦੇ ਲਈ ਸੀ, ਜਿਹੜਾ ਅਚਨਚੇਤ ਹੀ ਗਲਤੀ ਕਰਦਾ ਹੈ ਅਤੇ ਪਾਪ ਕਰਦਾ ਹੈ। ਇਸ ਬਿਧੀ ਉਨ੍ਹਾਂ ਲੋਕਾਂ ਲਈ ਹੈ ਜਿਹੜੇ ਇਸਰਾਏਲੀ ਦੇ ਪਰਿਵਾਰ ਵਿੱਚ ਜਨਮੇ ਹਨ ਅਤੇ ਉਨ੍ਹਾਂ ਵਿਦੇਸ਼ੀਆਂ ਲਈ ਵੀ ਜਿਹੜੇ ਉਨ੍ਹਾਂ ਦਰਮਿਆਨ ਰਹਿੰਦੇ ਹਨ।

30"ਪਰ ਜੇ ਕੋਈ ਬੰਦਾ ਪਾਪ ਕਰਦਾ ਹੈ ਅਤੇ ਇਹ ਵੀ ਜਾਣਦਾ ਹੈ ਕਿ ਉਹ ਗਲਤ ਕੰਮ ਕਰ ਰਿਹਾ ਹੈ, ਤਾਂ ਉਹ ਬੰਦਾ ਯਹੋਵਾਹ ਦੇ ਵਿਰੁੱਧ ਹੈ। ਉਸ ਬੰਦੇ ਨੂੰ ਉਸ ਦੇ ਲੋਕਾਂ ਨਾਲੋਂ ਵੱਖ ਕਰ ਦੇਣਾ ਚਾਹੀਦਾ ਹੈ। ਇਹ ਗੱਲ ਇਸਰਾਏਲ ਦੇ ਪਰਿਵਾਰ ਵਿੱਚ ਜੰਮੇ ਬੰਦੇ ਲਈ ਜਾਂ ਤੁਹਾਡੇ ਦਰਮਿਆਨ ਰਹਿਣ ਵਾਲੇ ਵਿਦੇਸ਼ੀ ਲਈ ਇੱਕੋ ਜਿਹੀ ਹੈ। 31ਉਸ ਬੰਦੇ ਨੇ ਇਹ ਨਹੀਂ ਸੋਚਿਆ ਕਿ ਯਹੋਵਾਹ ਦਾ ਬਚਨ ਮਹੱਤਵਪੂਰਨ ਹੈ। ਉਸ ਨੇ ਯਹੋਵਾਹ ਦੇ ਆਦੇਸ਼ਾਂ ਨੂੰ ਤੋੜਿਆ ਹੈ। ਉਸ ਬੰਦੇ ਨੂੰ ਤੁਹਾਡੇ ਸਮੂਹ ਵਿੱਚੋਂ ਜ਼ਰੂਰ ਹੀ ਵੱਖ ਕਰ ਦੇਣਾ ਚਾਹੀਦਾ ਹੈ। ਉਹ ਬੰਦਾ ਦੋਸ਼ੀ ਹੈ ਅਤੇ ਉਸ ਨੂੰ ਸਜ਼ਾ ਜ਼ਰੂਰ ਮਿਲਣੀ ਚਾਹੀਦੀ ਹੈ

## ਇੱਕ ਬੰਦਾ ਸਬਤ ਵਾਲੇ ਦਿਨ ਕੰਮ ਕਰਦਾ ਹੈ

32ਜਦੋਂ ਇਸਰਾਏਲੀ ਹਾਲੇ ਮਾਰੂਥਲ ਵਿੱਚ ਸਨ, ਉਨ੍ਹਾਂ ਨੇ ਇੱਕ ਆਦਮੀ ਨੂੰ ਬਾਲਣ ਲਈ ਕੁਝ ਲੱਕੜੀਆਂ ਚੁਗਦਿਆਂ ਦੇਖਿਆ। 33ਜਿਹੜੇ ਲੋਕਾਂ ਨੇ ਉਸ ਨੂੰ ਲੱਕੜਾਂ ਇਕੱਠੀਆਂ ਕਰਦਿਆਂ ਦੇਖਿਆ ਸੀ ਉਹ ਉਸ ਨੂੰ ਮੂਸਾ ਅਤੇ ਹਾਰੂਨ ਕੋਲ ਲੈ ਆਏ। ਅਤੇ ਸਾਰੇ ਲੋਕ ਆਲੇ-ਦੁਆਲੇ ਇੱਕਠੇ ਹੋ ਗਏ। 34ਉਨ੍ਹਾਂ ਨੇ ਉਸ ਆਦਮੀ ਨੂੰ ਉੱਥੇ ਰੋਕ ਲਿਆ ਕਿਉਂਕਿ ਉਨ੍ਹਾਂ ਨੂੰ ਪਤਾ ਨਹੀਂ ਲੱਗ ਰਿਹਾ ਸੀ, ਕਿ ਉਹ ਉਸ ਨੂੰ ਸਜ਼ਾ ਕਿਵੇਂ ਦੇਣ।

35ਤਾਂ ਯਹੋਵਾਹ ਨੇ ਮੂਸਾ ਨੂੰ ਆਖਿਆ, "ਉਸ ਆਦਮੀ ਨੂੰ ਮਰਨਾ ਚਾਹੀਦਾ ਹੈ। ਡੇਰੇ ਦੇ ਸਾਰਿਆਂ ਲੋਕਾਂ ਨੂੰ ਡੇਰੇ ਤੋਂ ਬਾਹਰ ਉਸ ਨੂੰ ਪੱਥਰ ਮਾਰਨੇ ਚਾਹੀਦੇ ਹਨ।" 36ਇਸ ਲਈ ਲੋਕ ਉਸ ਨੂੰ ਡੇਰੇ ਤੋਂ ਬਾਹਰ ਲੈ ਆਏ ਅਤੇ ਪੱਥਰਾਂ ਨਾਲ ਉਸ ਨੂੰ ਮਾਰ ਦਿੱਤਾ। ਉਨ੍ਹਾਂ ਨੇ ਉਸੇ ਤਰ੍ਹਾਂ ਕੀਤਾ ਜਿਵੇਂ ਯਹੋਵਾਹ ਨੇ ਮੂਸਾ ਨੂੰ ਆਦੇਸ਼ ਦਿੱਤਾ ਸੀ।

## ਪਰਮੇਸ਼ੁਰ ਆਪਣੇ ਲੋਕਾਂ ਨੂੰ ਬਿਧੀਆਂ ਚੇਤੇ ਰੱਖਣ ਵਿੱਚ ਸਹਾਇਤਾ ਕਰਦਾ ਹੈ

37ਯਹੋਵਾਹ ਨੇ ਮੂਸਾ ਨੂੰ ਆਖਿਆ, 38"ਇਸਰਾਏਲ ਦੇ ਲੋਕਾਂ ਨਾਲ ਗੱਲ ਕਰ ਅਤੇ ਉਨ੍ਹਾਂ ਨੂੰ ਦੱਸ: ਮੈਂ ਤੁਹਾਨੂੰ ਆਪਣੀਆਂ ਬਿਧੀਆਂ ਨੂੰ ਚੇਤੇ ਰੱਖਣ ਲਈ ਕੁਝ ਦੇਵਾਂਗਾ। ਕੁਝ ਧਾਗਿਆਂ ਨੂੰ ਇਕੱਠਿਆਂ ਬੰਨ੍ਹੋ ਅਤੇ ਇਸ ਨੂੰ ਆਪਣੇ ਵਸਤਰਾਂ ਦੀਆਂ ਨੁੱਕਰਾਂ ਨਾਲ ਬੰਨ੍ਹ ਲਵੋ। ਇਨ੍ਹਾਂ ਵਿੱਚੋਂ ਹਰੇਕ ਝਾਲਰ ਉੱਤੇ ਇੱਕ ਨੀਲਾ ਧਾਗਾ ਬੰਨ੍ਹੋ। ਤੁਹਾਨੂੰ ਉਹ ਚੀਜ਼ਾਂ ਹੁਣੇ ਤੋਂ ਪਹਿਨਣੀਆਂ ਚਾਹੀਦੀਆਂ ਹਨ। 39ਤੁਸੀਂ ਇਨ੍ਹਾਂ ਝਾਲਰਾਂ ਵੱਲ ਵੇਖਕੇ ਉਨ੍ਹਾਂ ਸਮੂਹ ਬਿਧੀਆਂ ਨੂੰ ਚੇਤੇ ਕਰੋਗੇ ਜਿਹੜੀਆਂ ਯਹੋਵਾਹ ਨੇ ਤੁਹਾਨੂੰ ਦਿੱਤੀਆਂ ਹਨ। ਤੁਸੀਂ ਉਨ੍ਹਾਂ ਬਿਧੀਆਂ ਦੀ ਪਾਲਣਾ ਕਰੋਗੇ। ਅਤੇ ਤੁਸੀਂ ਆਪਣੇ ਦਿਲ ਜਾਂ ਆਪਣੀਆਂ ਅੱਖਾਂ ਨੂੰ ਮੰਨ ਕੇ ਭਟਕੋਗੇ ਨਹੀਂ, ਜੋ ਤੁਹਾਥੋਂ ਬੇਵਫ਼ਾਈ ਦਾ ਵਿਖਾਵਾ ਕਰਵਾਉਂਦੇ ਹਨ। 40ਤੁਸੀਂ ਮੇਰੀਆਂ ਸਾਰੀਆਂ ਬਿਧੀਆਂ ਨੂੰ ਮੰਨਣਾ ਚੇਤੇ ਰੱਖੋਂਗੇ, ਫ਼ੇਰ ਤੁਸੀਂ ਪਰਮੇਸ਼ੁਰ ਵਾਸਤੇ ਪਵਿੱਤਰ ਬਣ ਜਾਵੋਗੇ। 41ਮੈਂ ਯਹੋਵਾਹ, ਤੁਹਾਡਾ ਪਰਮੇਸ਼ੁਰ, ਹਾਂ। ਮੈਂ ਹੀ ਹਾਂ, ਜਿਹੜਾ ਤੁਹਾਨੂੰ ਮਿਸਰ ਵਿੱਚੋਂ ਬਾਹਰ ਲੈ ਕੇ ਆਇਆ ਸੀ। ਮੈਂ ਅਜਿਹਾ ਤੁਹਾਡਾ ਪਰਮੇਸ਼ੁਰ ਬਣਨ ਵਾਸਤੇ ਕੀਤਾ ਸੀ। ਮੈਂ ਯਹੋਵਾਹ, ਤੁਹਾਡਾ ਪਰਮੇਸ਼ੁਰ, ਹਾਂ।"

## ਕੁਝ ਆਗੂ ਮੂਸਾ ਦੇ ਖਿਲਾਫ਼ ਹੋ ਜਾਂਦੇ ਹਨ

16 1ਕੋਰਹ, ਦਾਥਾਨ, ਅਬੀਰਾਮ ਅਤੇ ਓਨ ਮੂਸਾ ਦੇ ਵਿਰੁੱਧ ਹੋ ਗਏ। (ਕੋਰਹ ਯਿਸਹਾਰ ਦਾ ਪੁੱਤਰ ਸੀ। ਯਿਸਹਾਰ ਕਹਾਥ ਦਾ ਪੁੱਤਰ ਸੀ। ਅਤੇ ਕਹਾਥ ਲੇਵੀ ਦਾ ਪੁੱਤਰ ਸੀ। ਦਾਥਾਨ ਅਤੇ ਅਬੀਰਾਮ, ਅਲੀਆਬ ਦੇ ਪੁੱਤਰ ਭਰਾ ਸਨ। ਅਤੇ ਓਨ, ਪਲਤ ਦਾ ਪੁੱਤਰ ਸੀ। ਦਾਥਾਨ, ਅਬੀਰਾਮ ਅਤੇ ਓਨ ਰਊਬੇਨ ਦੇ ਉੱਤਰਾਧਿਕਾਰੀ ਸਨ।) 2ਉਨ੍ਹਾਂ ਚਹੁੰਆਂ ਆਦਮੀਆਂ ਨੇ ਇਸਰਾਏਲ ਦੇ 250 ਹੋਰ ਆਦਮੀ ਇਕੱਠੇ ਕਰ ਲਏ ਅਤੇ ਮੂਸਾ ਦੇ ਵਿਰੁੱਧ ਹੋ ਕੇ ਆ ਗਏ। ਉਹ ਲੋਕਾਂ ਵੱਲੋਂ ਚੁਣੇ ਹੋਏ ਆਗੂ ਸਨ। ਸਾਰੇ ਲੋਕ ਉਨ੍ਹਾਂ ਨੂੰ ਜਾਣਦੇ ਸਨ। 3ਉਹ ਮੂਸਾ ਅਤੇ ਹਾਰੂਨ ਦੇ ਵਿਰੁੱਧ ਬੋਲਣ ਲਈ ਇੱਕ ਟੋਲੇ ਵਿੱਚ ਆਏ ਅਤੇ ਉਨ੍ਹਾਂ ਨੂੰ ਆਖਿਆ, "ਤੁਸੀਂ ਬਹੁਤ ਦੂਰ ਚਲੇ ਗਏ ਹੋ! ਇਸਰਾਏਲ ਦੇ ਸਾਰੇ ਲੋਕ ਪਵਿੱਤਰ ਹਨ ਅਤੇ ਯਹੋਵਾਹ ਉਨ੍ਹਾਂ ਦੇ ਦਰਮਿਆਨ ਹੈ! ਤੁਸੀਂ ਆਪਣੇ-ਆਪ ਨੂੰ ਯਹੋਵਾਹ ਦੇ ਹੋਰਨਾਂ ਲੋਕਾਂ ਨਾਲੋਂ ਵਧੇਰੇ ਮਹੱਤਵਪੂਰਨ ਬਣਾ ਰਹੇ ਹੋ।"

4ਜਦੋਂ ਮੂਸਾ ਨੇ ਇਹ ਗੱਲਾਂ ਸੁਣੀਆ, ਉਸ ਨੇ ਆਪਣਾ ਸਿਰ ਧਰਤੀ ਵੱਲ ਝੁਕਾ ਦਿੱਤਾ, ਇਹ ਵਿਖਾਉਣ ਲਈ ਕਿ ਉਹ ਗੁਮਾਨੀ ਨਹੀਂ ਸੀ। 5ਫ਼ੇਰ ਮੂਸਾ ਨੇ ਕੋਰਹ ਅਤੇ ਉਸ ਦੇ ਸਾਰੇ ਅਨੁਯਾਈਆਂ ਨੂੰ ਆਖਿਆ, "ਕੱਲ੍ਹ ਸਵੇਰੇ ਯਹੋਵਾਹ ਦਰਸਾ ਦੇਵੇਗਾ ਕਿ ਕਿਹੜਾ ਬੰਦਾ ਸੱਚ ਮੁੱਚ ਉਸ ਦਾ ਹੈ। ਯਹੋਵਾਹ ਦਰਸਾ ਦੇਵੇਗਾ ਕਿ ਕਿਹੜਾ ਬੰਦਾ ਸੱਚ ਮੁੱਚ ਪਵਿੱਤਰ ਹੈ। ਅਤੇ ਯਹੋਵਾਹ ਉਸ ਬੰਦੇ ਨੂੰ ਆਪਣੇ ਨੇੜੇ ਲੈ ਆਵੇਗਾ। ਯਹੋਵਾਹ ਉਸ ਬੰਦੇ ਨੂੰ ਚੁਣ ਲਵੇਗਾ, ਅਤੇ ਯਹੋਵਾਹ ਉਸ ਬੰਦੇ ਨੂੰ ਆਪਣੇ ਨੇੜੇ ਲੈ ਆਵੇਗਾ। 6ਇਸ ਲਈ ਕੋਰਹ, ਤੁਹਾਨੂੰ ਅਤੇ ਤੁਹਾਡੇ ਸਾਰੇ ਅਨੁਯਾਈਆਂ ਨੂੰ ਇਹ ਗੱਲ ਕਰਨੀ ਚਾਹੀਦੀ ਹੈ: 7ਕੁਝ ਖਾਸ ਭਾਂਡਿਆਂ ਵਿੱਚ ਧੂਫ਼ ਅਤੇ ਅੱਗ ਪਾਉ ਅਤੇ ਉਨ੍ਹਾਂ ਨੂੰ ਯਹੋਵਾਹ ਦੇ ਸਾਹਮਣੇ ਲਿਆਉ। ਯਹੋਵਾਹ ਉਸ ਬੰਦੇ ਦੀ ਚੋਣ ਕਰ ਲਵੇਗਾ ਜਿਹੜਾ ਸੱਚ ਮੁੱਚ ਹੀ ਪਵਿੱਤਰ ਹੈ। ਤੁਸੀਂ ਲੇਵੀ ਲੋਕ ਬਹੁਤ ਦੂਰ ਜਾ ਚੁੱਕੇ ਹੋ।"

8ਮੂਸਾ ਨੇ ਕੋਰਹ ਨੂੰ ਇਹ ਵੀ ਆਖਿਆ, "ਲੇਵੀਓ, ਤੁਸੀਂ ਮੇਰੀ ਗੱਲ ਸੁਣੋ। 9ਤੁਹਾਨੂੰ ਖੁਸ਼ ਹੋਣਾ ਚਾਹੀਦਾ ਹੈ ਕਿ ਇਸਰਾਏਲ ਦੇ ਪਰਮੇਸ਼ੁਰ ਨੇ ਤੁਹਾਨੂੰ ਚੁਣਿਆ ਅਤੇ ਤੁਹਾਨੂੰ ਇਸਰਾਏਲ ਦੇ ਹੋਰਨਾਂ ਲੋਕਾਂ ਨਾਲੋਂ ਵੱਖ ਰੱਖਿਆ। ਯਹੋਵਾਹ, ਤੁਹਾਨੂੰ ਆਪਣੇ ਕੋਲ, ਆਪਣੇ ਪਵਿੱਤਰ ਤੰਬੂ ਵਿੱਚ ਕੰਮ ਕਰਾਉਣ ਲਈ ਅਤੇ ਇਸਰਾਏਲ ਦੇ ਲੋਕਾਂ ਦੀ, ਉਸ ਦੀ ਉਪਾਸਨਾ ਕਰਨ ਵਿੱਚ ਮਦਦ ਕਰਨ ਲਈ ਲੈ ਕੇ ਆਇਆ। 10ਯਹੋਵਾਹ ਨੇ ਤੁਹਾਨੂੰ ਲੇਵੀਆਂ ਨੂੰ, ਆਪਣੇ ਨੇੜੇ ਲਿਆਂਦਾ ਜਾਜਕਾਂ ਦੀ ਸਹਾਇਤਾ ਲਈ। ਪਰ ਹੁਣ ਤੁਸੀਂ ਜਾਜਕ ਬਣਨ ਦੀ ਕੋਸ਼ਿਸ਼ ਵੀ ਕਰ ਰਹੇ ਹੋ। 11ਤੁਸੀਂ ਅਤੇ ਤੁਹਾਡੇ ਅਨੁਯਾਈ ਯਹੋਵਾਹ ਦੇ ਵਿਰੁੱਧ ਇਕੱਠੇ ਹੋ ਗਏ ਹੋ! ਕੀ ਹਾਰੂਨ ਨੇ ਕੋਈ ਗਲਤ ਗੱਲ ਕੀਤੀ ਹੈ? ਨਹੀਂ! ਇਸ ਲਈ ਤੁਸੀਂ ਹਾਰੂਨ ਦੇ ਵਿਰੁੱਧ ਸ਼ਿਕਾਇਤ ਕਿਉਂ ਕਰ ਰਹੇ ਹੋ।"

12ਫ਼ੇਰ ਮੂਸਾ ਨੇ ਅਲੀਆਬ ਦੇ ਪੁੱਤਰਾਂ, ਦਾਥਾਨ ਅਤੇ ਅਬੀਰਾਮ ਨੂੰ ਸੱਦਿਆ। ਪਰ ਉਨ੍ਹਾਂ ਦੋਹਾਂ ਆਦਮੀਆਂ ਨੇ ਆਖਿਆ, "ਅਸੀਂ ਨਹੀਂ ਆਵਾਂਗੇ! 13ਤੂੰ ਸਾਨੂੰ ਬਹੁਤ ਚੰਗੀਆਂ ਚੀਜ਼ਾਂ ਨਾਲ ਭਰੀ ਹੋਈ ਧਰਤੀ ਤੋਂ ਬਾਹਰ ਲੈ ਕੇ ਆਇਆ। ਤੂੰ ਸਾਨੂੰ ਮਾਰਨ ਲਈ ਮਾਰੂਥਲ ਵਿੱਚ ਲੈ ਆਂਦਾ ਹੈ। ਅਤੇ ਹੁਣ ਤੂੰ ਇਹ ਵਿਖਾਉਣਾ ਚਾਹੁੰਦਾ ਹੈ ਕਿ ਤੇਰੇ ਕੋਲ ਸਾਨੂੰ ਕਾਬੂ ਕਰਨ ਲਈ ਵਧੇਰੇ ਤਾਕਤ ਹੈ। 14ਅਸੀਂ ਕਿਉਂ ਤੇਰੇ ਪਿੱਛੇ ਲੱਗੀਏ? ਤੂੰ ਸਾਨੂੰ ਬਹੁਤ ਸਾਰੀਆਂ ਚੰਗੀਆਂ ਚੀਜ਼ਾਂ ਨਾਲ ਭਰੀ ਹੋਈ ਧਰਤੀ ਉੱਤੇ ਨਹੀਂ ਲਿਆਂਦਾ। ਤੂੰ ਸਾਨੂੰ ਉਹ ਧਰਤੀ ਨਹੀਂ ਦਿੱਤੀ ਜਿਸ ਦਾ ਪਰਮੇਸ਼ੁਰ ਨੇ ਇਕਰਾਰ ਕੀਤਾ ਸੀ। ਤੂੰ ਸਾਨੂੰ ਖੇਤ ਜਾਂ ਅੰਗੂਰਾਂ ਦੇ ਬਗੀਚੇ ਨਹੀਂ ਦਿੱਤੇ। ਕੀ ਤੂੰ ਇਨ੍ਹਾਂ ਆਦਮੀਆਂ ਨੂੰ ਆਪਣੇ ਗੁਲਾਮ ਬਣਾ ਲਵੇਂਗਾ ਨਹੀਂ, ਅਸੀਂ ਨਹੀਂ ਆਵਾਂਗੇ।"



15ਇਸ ਲਈ ਮੂਸਾ ਬਹੁਤ ਕ੍ਰੋਧਵਾਨ ਹੋ ਗਿਆ। ਉਸ ਨੇ ਯਹੋਵਾਹ ਨੂੰ ਆਖਿਆ, "ਮੈਂ ਇਨ੍ਹਾਂ ਲੋਕਾਂ ਨਾਲ ਕੋਈ ਬੁਰਾ ਨਹੀਂ ਕੀਤਾ। ਮੈਂ ਕਦੇ ਵੀ ਇਨ੍ਹਾਂ ਪਾਸੋਂ ਕੁਝ ਨਹੀਂ ਲਿਆ-ਇੱਕ ਖੋਤਾ ਵੀ ਨਹੀਂ! ਯਹੋਵਾਹ, ਇਨ੍ਹਾਂ ਦੀਆਂ ਸੁਗਾਤਾਂ ਪ੍ਰਵਾਨ ਨਾ ਕਰ।"

16ਫ਼ੇਰ ਮੂਸਾ ਨੇ ਕੋਰਹ ਨੂੰ ਆਖਿਆ, "ਤੂੰ ਅਤੇ ਤੇਰੇ ਸਾਰੇ ਅਨੁਯਾਈ ਕੱਲ੍ਹ ਨੂੰ ਯਹੋਵਾਹ ਅੱਗੇ ਖੜ੍ਹੇ ਹੋਵੋਗੇ। ਉੱਥੇ ਹਾਰੂਨ ਅਤੇ ਤੂੰ ਅਤੇ ਤੇਰੇ ਅਨੁਯਾਈ ਹੋਣਗੇ। 17ਤੁਹਾਡੇ ਵਿੱਚੋਂ ਹਰੇਕ ਨੂੰ ਇੱਕ ਭਾਂਡਾ ਲਿਆਉਣਾ ਚਾਹੀਦਾ ਹੈ, ਇਸ ਵਿੱਚ ਧੂਫ਼ ਪਾ ਕੇ ਯਹੋਵਾਹ ਨੂੰ ਚੜ੍ਹਾਵੇ। ਇੱਥੇ ਆਗੂਆਂ ਲਈ 250 ਭਾਂਡੇ ਹੋਣਗੇ ਅਤੇ ਇੱਕ ਭਾਂਡਾ ਤੁਹਾਡੇ ਲਈ ਅਤੇ ਇੱਕ ਭਾਂਡਾ ਹਾਰੂਨ ਲਈ।"

18ਇਸ ਲਈ ਹਰੇਕ ਆਦਮੀ ਇੱਕ-ਇੱਕ ਭਾਂਡਾ ਲਿਆਇਆ ਅਤੇ ਇਸ ਵਿੱਚ ਧੂਫ਼ ਧੁਖਦੀ ਰੱਖੀ। ਫ਼ੇਰ ਉਹ ਜਾ ਕੇ ਮੰਡਲੀ ਵਾਲੇ ਤੰਬੂ ਦੇ ਪ੍ਰਵੇਸ਼ ਉੱਤੇ ਖਲੋ ਗਏ। ਮੂਸਾ ਅਤੇ ਹਾਰੂਨ ਵੀ ਉੱਥੇ ਖਲੋਤੇ ਸਨ। 19ਕੋਰਹ ਨੇ ਸਾਰੇ ਲੋਕਾਂ ਨੂੰ ਵੀ ਮੰਡਲੀ ਵਾਲੇ ਤੰਬੂ ਦੇ ਪ੍ਰਵੇਸ਼ ਉੱਤੇ ਇਕੱਠਾ ਕਰ ਲਿਆ। ਫ਼ੇਰ ਉੱਥੋਂ ਦੇ ਹਰ ਬੰਦੇ ਨੂੰ ਪਰਮੇਸ਼ੁਰ ਦਾ ਪਰਤਾਪ ਦਿਖਾਈ ਦਿੱਤਾ।

20ਯਹੋਵਾਹ ਨੇ ਮੂਸਾ ਅਤੇ ਹਾਰੂਨ ਨੂੰ ਆਖਿਆ, 21"ਇਨ੍ਹਾਂ ਲੋਕਾਂ ਪਾਸੋਂ ਦੂਰ ਚਲੇ ਜਾਵੋ! ਮੈਂ ਇਨ੍ਹਾਂ ਨੂੰ ਹੁਣੇ ਤਬਾਹ ਕਰਨਾ ਚਾਹੁੰਦਾ ਹਾਂ।"

22ਪਰ ਮੂਸਾ ਅਤੇ ਹਾਰੂਨ ਨੇ ਝੁਕ ਕੇ ਸਿਜਦਾ ਕੀਤਾ ਅਤੇ ਉੱਚੀ ਅਵਾਜ਼ ਵਿੱਚ ਆਖਿਆ, "ਪਰਮੇਸ਼ੁਰ, ਤੂੰ ਜਾਣਦਾ ਹੈ ਕਿ ਲੋਕ ਕੀ ਸੋਚ ਰਹੇ ਹਨ[a] ਕਿਰਪਾ ਕਰਕੇ ਇਨ੍ਹਾਂ ਸਾਰੇ ਲੋਕਾਂ ਉੱਤੇ ਕ੍ਰੋਧਵਾਨ ਨਾ ਹੋ। ਅਸਲ ਵਿੱਚ ਸਿਰਫ਼ ਇੱਕ ਆਦਮੀ ਨੇ ਹੀ ਪਾਪ ਕੀਤਾ ਹੈ।"

23ਫ਼ੇਰ ਯਹੋਵਾਹ ਨੇ ਮੂਸਾ ਨੂੰ ਆਖਿਆ, 24"ਲੋਕਾਂ ਨੂੰ ਆਖ ਕਿ ਉਹ ਕੋਰਹ, ਦਾਥਾਨ ਅਤੇ ਅਬੀਰਾਮ ਦੇ ਤੰਬੂਆਂ ਤੋਂ ਦੂਰ ਹੋ ਜਾਣ।"

25ਮੂਸਾ ਖੜ੍ਹਾ ਹੋ ਗਿਆ ਅਤੇ ਦਾਥਾਨ ਅਤੇ ਅਬੀਰਾਮ ਕੋਲ ਚਲਾ ਗਿਆ। ਇਸਰਾਏਲ ਦੇ ਸਾਰੇ ਬਜ਼ੁਰਗ ਉਸ ਦੇ ਪਿੱਛੇ ਚਲੇ ਗਏ। 26ਮੂਸਾ ਨੇ ਲੋਕਾਂ ਨੂੰ ਚੇਤਾਵਨੀ ਦਿੱਤੀ, "ਇਨ੍ਹਾਂ ਬੁਰੇ ਆਦਮੀਆਂ ਦੇ ਤੰਬੂਆਂ ਤੋਂ ਦੂਰ ਹਟ ਜਾਵੋ। ਇਨ੍ਹਾਂ ਦੀ ਕਿਸੇ ਚੀਜ਼ ਨੂੰ ਨਾ ਛੂਹੋ। ਜੇ ਤੁਸੀਂ ਅਜਿਹਾ ਕਰੋਗੇ, ਤਾਂ ਤੁਸੀਂ ਇਨ੍ਹਾਂ ਦੇ ਪਾਪਾਂ ਕਰਕੇ ਤਬਾਹ ਹੋ ਜਾਵੋਂਗੇ।"

27ਇਸ ਲਈ ਲੋਕ ਕੋਰਹ, ਦਾਥਾਨ ਅਤੇ ਅਬੀਰਾਮ ਦੇ ਤੰਬੂਆਂ ਤੋਂ ਦੂਰ ਹਟ ਗਏ। ਦਾਥਾਨ ਅਤੇ ਅਬੀਰਾਮ ਆਪਣੇ ਤੰਬੂਆਂ ਵੱਲ ਚਲੇ ਗਏ। ਉਹ ਆਪਣੀਆਂ ਪਤਨੀਆਂ, ਬੱਚਿਆਂ ਅਤੇ ਛੋਟੇ ਨਿਆਣੀਆਂ ਸਮੇਤ ਆਪਣੇ ਤੰਬੂਆਂ ਦੇ ਬਾਹਰ ਖੜ੍ਹੇ ਹੋ ਗਏ।

28ਫ਼ੇਰ ਮੂਸਾ ਨੇ ਆਖਿਆ, "ਮੈਂ ਤੁਹਾਨੂੰ ਸਬੂਤ ਦਿਆਂਗਾ ਕਿ ਯਹੋਵਾਹ ਨੇ ਮੈਨੂੰ ਇਹ ਸਾਰੀਆਂ ਗੱਲਾਂ, ਜਿਹੜੀਆਂ ਮੈਂ ਤੁਹਾਨੂੰ ਦੱਸੀਆਂ ਹਨ, ਕਰਨ ਲਈ ਭੇਜਿਆ ਹੈ। ਮੈਂ ਤੁਹਾਨੂੰ ਦਰਸਾ ਦਿਆਂਗਾ ਕਿ ਇਹ ਸਾਰੀਆਂ ਗੱਲਾਂ ਸਿਰਫ਼ ਮੇਰਾ ਵਿਚਾਰ ਨਹੀਂ ਸਨ। 29ਇੱਥੇ ਇਹ ਆਦਮੀ ਮਾਰੇ ਜਾਣਗੇ। ਪਰ ਜੇ ਇਹ ਆਮ ਢੰਗ ਨਾਲ ਮਾਰੇ ਜਾਂਦੇ ਹਨ-ਜਿਵੇਂ ਸਾਰੇ ਆਦਮੀ ਮਰਦੇ ਹਨ-ਤਾਂ ਇਸ ਤੋਂ ਪਤਾ ਲੱਗੇਗਾ ਕਿ ਯਹੋਵਾਹ ਨੇ ਸੱਚ ਮੁੱਚ ਵਿੱਚ ਮੈਨੂੰ ਨਹੀਂ ਸੀ ਭੇਜਿਆ। 30ਪਰ ਜੇ ਯਹੋਵਾਹ ਇਨ੍ਹਾਂ ਨੂੰ ਵਖਰੇ ਢੰਗ ਨਾਲ ਮਾਰ ਦਿੰਦਾ ਹੈ-ਕਿਸੇ ਨਵੇਂ ਢੰਗ ਨਾਲ-ਤਾਂ ਤੁਹਾਨੂੰ ਪਤਾ ਲੱਗ ਜਾਵੇਗਾ ਕਿ ਇਨ੍ਹਾਂ ਲੋਕਾਂ ਨੇ ਸੱਚ ਮੁੱਚ ਯਹੋਵਾਹ ਦੇ ਵਿਰੁੱਧ ਪਾਪ ਕੀਤਾ ਹੈ। ਇਹੀ ਸਬੂਤ ਹੈ: ਧਰਤੀ ਪਾਟ ਜਾਵੇਗੀ ਅਤੇ ਇਨ੍ਹਾਂ ਆਦਮੀਆਂ ਨੂੰ ਨਿਗਲ ਜਾਵੇਗੀ। ਉਹ ਜੀਉਂਦੇ ਜੀਅ ਆਪਣੀਆਂ ਕਬਰਾਂ ਵਿੱਚ ਪੈ ਜਾਣਗੇ। ਅਤੇ ਇਨ੍ਹਾਂ ਦੀ ਹਰ ਸ਼ੈਅ ਇਨ੍ਹਾਂ ਦੇ ਨਾਲ ਹੀ ਹੀ ਚਲੀ ਜਾਵੇਗੀ।"

31ਜਦੋਂ ਮੂਸਾ ਇਹ ਗੱਲਾਂ ਆਖ ਹਟਿਆ ਉਨ੍ਹਾਂ ਆਦਮੀਆਂ ਦੇ ਪੈਰਾਂ ਹੇਠਾਂ ਧਰਤੀ ਪਾਟ ਗਈ। 32ਲੱਗਦਾ ਸੀ ਜਿਵੇਂ ਧਰਤੀ ਨੇ ਆਪਣਾ ਮੂੰਹ ਖੋਲ੍ਹ ਕੇ ਉਨ੍ਹਾਂ ਨੂੰ ਨਿਗਲ ਲਿਆ ਹੋਵੇ। ਕੋਰਹ ਦੇ ਸਾਰੇ ਬੰਦੇ, ਉਨ੍ਹਾਂ ਦੇ ਪਰਿਵਾਰ ਅਤੇ ਉਨ੍ਹਾਂ ਦੀ ਹਰ ਸ਼ੈਅ ਧਰਤੀ ਅੰਦਰ ਸਮਾ ਗਈ। 33ਇਹ ਲੋਕ ਜੀਉਂਦੇ ਜੀਅ ਆਪਣੀਆਂ ਕਬਰਾਂ ਵਿੱਚ ਅੰਦਰ ਚਲੇ ਗਏ। ਉਨ੍ਹਾਂ ਦੀਆਂ ਸਾਰੀਆਂ ਚੀਜ਼ਾਂ ਉਨ੍ਹਾਂ ਦੇ ਨਾਲ ਗਈਆਂ। ਫ਼ੇਰ ਧਰਤੀ ਨੇ ਉਨ੍ਹਾਂ ਨੂੰ ਢੱਕ ਲਿਆ। ਉਹ ਆਪਣੇ ਡੇਰਿਆਂ ਵਿੱਚੋਂ ਫ਼ਨਾਹ ਹੋ ਗਏ ਸਨ।

34ਇਸਰਾਏਲ ਦੇ ਲੋਕਾਂ ਨੇ ਉਨ੍ਹਾਂ ਲੋਕਾਂ ਦੇ ਤਬਾਹ ਹੋਣ ਦੀਆਂ ਚੀਕਾਂ ਸੁਣੀਆਂ ਇਸ ਲਈ ਉਹ ਸਾਰੇ ਇਹ ਆਖਦਿਆਂ ਹੋਇਆ ਸ਼ਰਣ ਲਈ ਭੱਜੇ, "ਭਈ ਧਰਤੀ ਸਾਨੂੰ ਵੀ ਨਿਗਲ ਜਾਵੇਗੀ।"

35ਫ਼ੇਰ ਯਹੋਵਾਹ ਵੱਲੋਂ ਇੱਕ ਅੱਗ ਆਈ ਅਤੇ ਉਸ ਨੇ ਧੂਫ਼ ਚੜ੍ਹਾਉਣ ਵਾਲੇ 250 ਆਦਮੀਆਂ ਨੂੰ ਤਬਾਹ ਕਰ ਦਿੱਤਾ।

36ਯਹੋਵਾਹ ਨੇ ਮੂਸਾ ਨੂੰ ਆਖਿਆ, 37-38"ਜਾਜਕ ਹਾਰੂਨ ਦੇ ਪੁੱਤਰ ਅਲਾਜ਼ਾਰ ਨੂੰ ਅੱਗ ਵਿੱਚੋਂ ਸਾਰੇ ਧੂਫ਼ਦਾਨ ਲਿਆਉਣ ਅਤੇ ਕੋਲਿਆਂ ਅਤੇ ਰਾਖ ਨੂੰ ਖਿੰਡਾਉਣ ਲਈ ਆਖ। ਉਨ੍ਹਾਂ ਲੋਕਾਂ ਨੇ ਮੇਰੇ ਵਿਰੁੱਧ ਪਾਪ ਕੀਤਾ ਹੈ, ਅਤੇ ਉਨ੍ਹਾਂ ਦੇ ਪਾਪ ਨੇ ਉਨ੍ਹਾਂ ਦੀਆਂ ਜਾਨਾ ਲੈ ਲਈਆਂ। ਪਰ ਧੂਫ਼ਦਾਨ ਹਾਲੇ ਵੀ ਪਵਿੱਤਰ ਹਨ ਕਿਉਂਕਿ ਇਹ ਉਨ੍ਹਾਂ ਨੇ ਯਹੋਵਾਹ ਨੂੰ ਦਿੱਤੇ ਸਨ। ਧੂਫ਼ਦਾਨਾ ਨੂੰ ਚੰਡ ਕੇ ਪੱਤਰ ਬਣਾ ਲੈ। ਇਨ੍ਹਾਂ ਧਾਤ ਦੀਆਂ ਚਾਦਰਾਂ ਨੂੰ ਜਗਵੇਦੀ ਨੂੰ ਢੱਕਣ ਲਈ ਵਰਤ। ਇਹ ਇਸਰਾਏਲ ਦੇ ਸਮੂਹ ਲੋਕਾਂ ਲਈ ਇੱਕ ਚੇਤਾਵਨੀ ਹੋਵੇਗੀ।"

39ਇਸ ਲਈ ਅਲਆਜ਼ਾਰ ਜਾਜਕ ਨੇ ਤਾਂਬੇ ਦੇ ਸਾਰੇ ਧੂਫ਼ਦਾਨ ਇਕੱਠੇ ਕੀਤੇ ਜਿਹੜੇ ਉਨ੍ਹਾਂ ਆਦਮੀਆਂ ਨੇ ਲਿਆਂਦੇ ਸਨ। ਉਹ ਸਾਰੇ ਆਦਮੀ ਸੜ ਚੁੱਕੇ ਸਨ ਪਰ ਧੂਫ਼ਦਾਨ ਬਚ ਗਏ ਸਨ। ਫ਼ੇਰ ਅਲਆਜ਼ਾਰ ਨੇ ਕੁਝ ਆਦਮੀਆਂ ਨੂੰ ਆਖਿਆ ਕਿ ਇਨ੍ਹਾਂ ਧੂਫ਼ਦਾਨਾ ਨੂੰ ਚੰਡ ਕੇ ਚਪਟਾ ਕਰ ਦੇਣ। ਫ਼ੇਰ ਉਸ ਨੇ ਉਹ ਧਾਤ ਦੇ ਪੱਤਰੇ ਜਗਵੇਦੀ ਉੱਤੇ ਰੱਖ ਦਿੱਤੇ। 40ਉਸ ਨੇ ਅਜਿਹਾ ਉਸੇ ਤਰ੍ਹਾਂ ਕੀਤਾ ਜਿਵੇਂ ਯਹੋਵਾਹ ਨੇ ਮੂਸਾ ਰਾਹੀਂ ਉਸ ਨੂੰ ਆਦੇਸ਼ ਦਿੱਤਾ ਸੀ। ਇਹ ਇਸਰਾਏਲ ਦੇ ਲੋਕਾਂ ਨੂੰ ਚੇਤੇ ਰੱਖਣ ਵਿੱਚ ਸਹਾਇਤਾ ਕਰਨ ਵਾਲਾ ਸੰਕੇਤ ਸੀ ਕਿ ਸਿਰਫ਼ ਹਾਰੂਨ ਦੇ ਪਰਿਵਾਰ ਦੇ ਬੰਦਿਆਂ ਨੂੰ ਹੀ ਯਹੋਵਾਹ ਅੱਗੇ ਧੂਫ਼ ਧੁਖਾਉਣੀ ਚਾਹੀਦੀ ਸੀ। ਅਤੇ ਓਪਰਾ ਆਦਮੀ ਜਿਹੜਾ ਯਹੋਵਾਹ ਅੱਗੇ ਧੂਫ਼ ਧੁਖਾਵੇਗਾ ਉਹ ਕੋਰਹ ਅਤੇ ਉਸ ਦੇ ਅਨੁਯਾਈਆਂ ਵਾਂਗ ਮਾਰਿਆ ਜਾਵੇਗਾ।

[a] ***16:22 ਪਰਮੇਸ਼ੁਰ...ਰਹੇ ਹਨ*** ਮੂਲ ਅਰਥ, "ਪਰਮੇਸ਼ੁਰ ਸਾਰੇ ਲੋਕਾਂ ਦੇ ਆਤਮਿਆਂ ਦਾ ਪਰਮੇਸ਼ੁਰ।"

### ਹਾਰੂਨ ਲੋਕਾਂ ਦੀ ਰੱਖਿਆ ਕਰਦਾ ਹੈ

41ਅਗਲੇ ਦਿਨ ਇਸਰਾਏਲ ਦੇ ਸਮੂਹ ਲੋਕਾਂ ਨੇ ਮੂਸਾ ਅਤੇ ਹਾਰੂਨ
ਦੇ ਵਿਰੁੱਧ ਸ਼ਿਕਾਇਤ ਕੀਤੀ। ਉਨ੍ਹਾਂ ਨੇ ਆਖਿਆ, “ਤੁਸੀਂ ਯਹੋਵਾਹ
ਦੇ ਬੰਦਿਆਂ ਨੂੰ ਮਾਰ ਦਿੱਤਾ ਹੈ।”
42ਮੂਸਾ ਅਤੇ ਹਾਰੂਨ ਮੰਡਲੀ ਵਾਲੇ ਤੰਬੂ ਦੇ ਪ੍ਰਵੇਸ਼ ਉੱਤੇ ਖਲੋਤੇ
ਹੋਏ ਸਨ। ਲੋਕ ਉੱਥੇ ਉਨ੍ਹਾਂ ਦੇ ਵਿਰੁੱਧ ਸ਼ਿਕਾਇਤ ਕਰਨ ਲਈ ਜਮ੍ਹਾ
ਹੋ ਗਏ। ਪਰ ਜਦੋਂ ਉਨ੍ਹਾਂ ਨੇ ਤੰਬੂ ਵੱਲ ਦੇਖਿਆ, ਇਸ ਨੂੰ ਬੱਦਲ ਨੇ
ਕਜਿਆ ਹੋਇਆ ਸੀ ਅਤੇ ਉਨ੍ਹਾਂ ਨੇ ਉੱਥੇ ਯਹੋਵਾਹ ਦੇ ਪਰਤਾਪ ਦੀ
ਮੌਜੂਦਗੀ ਵੇਖੀ। 43ਫ਼ੇਰ ਮੂਸਾ ਅਤੇ ਹਾਰੂਨ ਮੰਡਲੀ ਵਾਲੇ ਤੰਬੂ ਦੇ
ਸਾਹਮਣੇ ਚਲੇ ਗਏ।
44ਯਹੋਵਾਹ ਨੇ ਮੂਸਾ ਨੂੰ ਆਖਿਆ, 45“ਉਨ੍ਹਾਂ ਲੋਕਾਂ ਕੋਲੋਂ ਦੂਰ
ਹਟ ਜਾਹ ਤਾਂ ਜੋ ਮੈਂ ਉਨ੍ਹਾਂ ਨੂੰ ਹੁਣ ਤਬਾਹ ਕਰ ਸਕਾਂ।” ਇਸ ਲਈ
ਮੂਸਾ ਅਤੇ ਹਾਰੂਨ ਨੇ ਧਰਤੀ ਵੱਲ ਝੁਕ ਕੇ ਸਿਜਦਾ ਕੀਤਾ।
46ਫ਼ੇਰ ਮੂਸਾ ਨੇ ਹਾਰੂਨ ਨੂੰ ਆਖਿਆ, “ਜਗਵੇਦੀ ਤੋਂ ਆਪਣਾ
ਕਾਂਸੇ ਦਾ ਧੂਫ਼ਦਾਨ ਅਤੇ ਕੁਝ ਅੱਗ ਵੀ ਲੈ ਕੇ ਆ। ਫ਼ੇਰ ਇਸ
ਵਿੱਚ ਧੂਫ਼ ਪਾ। ਜਲਦੀ ਲੋਕਾਂ ਦੇ ਇਕੱਠ ਵੱਲ ਜਾਹ ਅਤੇ ਉਨ੍ਹਾਂ
ਲਈ ਪਰਾਸਚਿਤ ਕਰਨ ਵਾਲੀਆਂ ਗੱਲਾਂ ਕਰ। ਯਹੋਵਾਹ ਉਨ੍ਹਾਂ ਉੱਤੇ
ਕ੍ਰੋਧਵਾਨ ਹੈ ਅਤੇ ਬਿਮਾਰੀ ਪਹਿਲਾਂ ਹੀ ਸ਼ੁਰੂ ਹੋ ਚੁੱਕੀ ਹੈ।”
47-48ਇਸ ਲਈ ਹਾਰੂਨ ਨੇ ਉਹੀ ਕੀਤਾ ਜੋ ਮੂਸਾ ਨੇ ਆਖਿਆ
ਸੀ। ਹਾਰੂਨ ਨੇ ਧੂਫ਼ ਅਤੇ ਅੱਗ ਲਿਆਂਦੀ ਅਤੇ ਲੋਕਾਂ ਦੇ ਵਿੱਚਕਾਰ
ਭੱਜ ਕੇ ਚਲਾ ਗਿਆ। ਪਰ ਲੋਕਾਂ ਅੰਦਰ ਬਿਮਾਰੀ ਪਹਿਲਾਂ ਹੀ
ਫ਼ੈਲ ਚੁੱਕੀ ਸੀ। ਇਸ ਲਈ ਹਾਰੂਨ ਜਿਉਂਦਿਆਂ ਅਤੇ ਮੁਰਦਿਆਂ
ਵਿੱਚਕਾਰ ਖਲੋ ਗਿਆ। ਹਾਰੂਨ ਨੇ ਲੋਕਾਂ ਨੂੰ ਪਵਿੱਤਰ ਬਣਾਉਣ
ਵਾਲੀਆਂ ਗੱਲਾਂ ਆਖੀਆਂ ਅਤੇ ਬਿਮਾਰੀ ਉੱਥੇ ਹੀ ਰੁਕ ਗਈ।
49ਪਰ ਉਸ ਬਿਮਾਰੀ ਨਾਲ 14,700 ਆਦਮੀ ਮਾਰੇ ਗਏ-ਇਨ੍ਹਾਂ
ਵਿੱਚ ਉਨ੍ਹਾਂ ਆਦਮੀਆਂ ਦੀ ਗਿਣਤੀ ਸ਼ਾਮਲ ਨਹੀਂ ਜਿਹੜੇ ਕੋਰਹ
ਦੇ ਕਾਰਣ ਮਰੇ। 50ਇਸ ਲਈ ਭਿਆਨਕ ਬਿਮਾਰੀ ਨੂੰ ਰੋਕ ਲਿਆ
ਗਿਆ ਅਤੇ ਹਾਰੂਨ ਮੰਡਲੀ ਵਾਲੇ ਤੰਬੂ ਦੇ ਪ੍ਰਵੇਸ਼ ਉੱਤੇ ਮੂਸਾ ਵੱਲ
ਚਲਾ ਗਿਆ।

### ਪਰਮੇਸ਼ੁਰ ਵੱਲੋਂ ਸਿੱਧ ਕਰਨਾ ਕਿ ਹਾਰੂਨ ਪਰਧਾਨ ਜਾਜਕ ਹੈ

**17** 1ਯਹੋਵਾਹ ਨੇ ਮੂਸਾ ਨੂੰ ਆਖਿਆ, 2“ਇਸਰਾਏਲ ਦੇ
ਲੋਕਾਂ ਨਾਲ ਗੱਲ ਕਰ। ਉਨ੍ਹਾਂ ਪਾਸੋਂ ਲੱਕੜ ਦੀਆਂ ਬਾਰ੍ਹਾਂ
ਸੋਟੀਆਂ ਲੈ ਕੇ ਆ। ਬਾਰ੍ਹਾਂ ਪਰਿਵਾਰ-ਸਮੂਹਾਂ ਵਿੱਚੋਂ ਹਰੇਕ ਆਗੂ
ਪਾਸੋਂ ਇੱਕ-ਇੱਕ ਲੈ। ਹਰੇਕ ਆਦਮੀ ਦੀ ਸੋਟੀ ਉੱਤੇ ਉਸ ਦਾ ਨਾਮ
ਲਿਖ ਦਿਹ। 3ਲੇਵੀ ਦੀ ਸੋਟੀ ਉੱਤੇ ਹਾਰੂਨ ਦਾ ਨਾਮ ਲਿਖ। ਬਾਰ੍ਹਾਂ
ਪਰਿਵਾਰਾਂ ਦੇ ਮੁਖੀਆਂ ਵਿੱਚੋਂ ਹਰੇਕ ਦੀ ਇੱਕ ਸੋਟੀ ਹੋਣੀ ਚਾਹੀਦੀ
ਹੈ। 4ਇਨ੍ਹਾਂ ਸੋਟੀਆਂ ਨੂੰ ਨੇਮ ਦੇ ਸੰਦੂਕ ਦੇ ਸਾਹਮਣੇ ਮੰਡਲੀ ਵਾਲੇ
ਤੰਬੂ ਵਿੱਚ ਰੱਖ ਦਿਉ। ਇਹੀ ਉਹ ਥਾਂ ਹੈ ਜਿੱਥੇ ਮੈਂ ਤੁਹਾਨੂੰ ਮਿਲਦਾ
ਹਾਂ। 5ਮੈਂ ਇੱਕ ਆਦਮੀ ਨੂੰ ਸੱਚੇ ਜਾਜਕ ਵਜੋਂ ਚੁਣਾਂਗਾ। ਤੁਹਾਨੂੰ ਪਤਾ
ਲੱਗ ਜਾਵੇਗਾ ਕਿ ਮੈਂ ਕਿਸ ਆਦਮੀ ਦੀ ਚੋਣ ਕੀਤੀ ਹੈ ਕਿਉਂਕਿ ਉਸ
ਦੀ ਸੋਟੀ ਉੱਤੇ ਨਵੇਂ ਪੱਤੇ ਪੁੰਗਰਨ ਲੱਗ ਪੈਣਗੇ। ਇਸ ਤਰ੍ਹਾਂ, ਮੈਂ ਲੋਕਾਂ
ਨੂੰ ਤੁਹਾਡੇ ਵਿਰੁੱਧ ਸ਼ਿਕਾਇਤਾਂ ਕਰਨੋ ਰੋਕ ਦਿਆਂਗਾ।”
6ਇਸ ਤਰ੍ਹਾਂ ਮੂਸਾ ਨੇ ਇਸਰਾਏਲ ਦੇ ਲੋਕਾਂ ਨਾਲ ਗੱਲ ਕੀਤੀ।
ਹਰੇਕ ਆਗੂ ਨੇ ਉਸ ਨੂੰ ਆਪਣੀ ਚੱਲਣ ਵਾਲੀ ਸੋਟੀ ਦੇ ਦਿੱਤੀ।
ਉੱਥੇ ਬਾਰ੍ਹਾਂ ਸੋਟੀਆਂ ਸਨ। ਹਰੇਕ ਘਰਾਣੇ ਦੇ ਆਗੂ ਦੀ ਇੱਕ ਸੋਟੀ।
ਇਨ੍ਹਾਂ ਸੋਟੀਆਂ ਵਿੱਚ ਇੱਕ ਸੋਟੀ ਹਾਰੂਨ ਦੀ ਵੀ ਸੀ। 7ਮੂਸਾ ਨੇ
ਇਹ ਸੋਟੀਆਂ ਇਕਰਾਰਨਾਮੇ ਵਲੇ ਤੰਬੂ ਵਿੱਚ ਯਹੋਵਾਹ ਦੇ ਸਾਹਮਣੇ
ਧਰ ਦਿੱਤੀਆਂ।
8ਅਗਲੇ ਦਿਨ, ਮੂਸਾ ਮੰਡਲੀ ਵਾਲੇ ਤੰਬੂ ਵਿੱਚ ਦਾਖਲ ਹੋਇਆ।
ਉਸ ਨੇ ਦੇਖਿਆ ਕਿ ਲੇਵੀ ਦੇ ਪਰਿਵਾਰ ਦੀ ਸੋਟੀ, ਹਾਰੂਨ ਦੀ
ਸੋਟੀ, ਹੀ ਸੀ ਜਿਸ ਉੱਤੇ ਨਵੇਂ ਪੱਤੇ ਪੁੰਗਰ ਆਏ ਸਨ। ਇਸ ਉੱਤੇ
ਟਹਿਣੀਆਂ ਉੱਗ ਆਈਆਂ ਸਨ ਅਤੇ ਬਦਾਮ ਲੱਗੇ ਹੋਏ ਸਨ।
9ਇਸ ਲਈ ਮੂਸਾ ਨੇ ਯਹੋਵਾਹ ਦੇ ਸਥਾਨ ਤੋਂ ਸਾਰੀਆਂ ਸੋਟੀਆਂ
ਲੈ ਆਈਆਂ। ਮੂਸਾ ਨੇ ਇਹ ਸੋਟੀਆਂ ਇਸਰਾਏਲ ਦੇ ਲੋਕਾਂ ਨੂੰ
ਦਿਖਾਈਆਂ। ਉਨ੍ਹਾਂ ਸਾਰਿਆਂ ਨੇ ਸੋਟੀਆਂ ਵੱਲ ਦੇਖਿਆ ਅਤੇ ਹਰੇਕ
ਆਦਮੀ ਨੇ ਆਪੋ-ਆਪਣੀ ਸੋਟੀ ਲੈ ਲਈ।
10ਤਾਂ ਯਹੋਵਾਹ ਨੇ ਮੂਸਾ ਨੂੰ ਆਖਿਆ, “ਹਾਰੂਨ ਦੀ ਸੋਟੀ
ਇਕਰਾਰਨਾਮੇ ਦੇ ਸਾਹਮਣੇ ਵਾਲੇ ਤੰਬੂ ਵਿੱਚ ਵਾਪਸ ਰੱਖ ਦਿਹ। ਇਹ
ਇਨ੍ਹਾਂ ਸਮੂਹ ਲੋਕਾਂ ਲਈ ਚੇਤਾਵਨੀ ਹੋਵੇਗੀ ਜਿਹੜੇ ਹਮੇਸ਼ਾ ਮੇਰੇ
ਵਿਰੁੱਧ ਹੁੰਦੇ ਰਹਿੰਦੇ ਹਨ। ਇਹ ਇਨ੍ਹਾਂ ਨੂੰ ਮੇਰੇ ਵਿਰੁੱਧ ਸ਼ਿਕਾਇਤਾਂ
ਕਰਨ ਤੋਂ ਰੋਕ ਦੇਵੇਗੀ ਤਾਂ ਜੋ ਮੈਂ ਇਨ੍ਹਾਂ ਨੂੰ ਤਬਾਹ ਨਾ ਕਰਾਂ।” 11ਇਸ
ਤਰ੍ਹਾਂ ਮੂਸਾ ਨੇ ਉਹੀ ਕੁਝ ਕੀਤਾ ਜਿਸ ਦਾ ਯਹੋਵਾਹ ਨੇ ਉਸ ਨੂੰ
ਆਦੇਸ਼ ਦਿੱਤਾ ਸੀ।
12ਇਸਰਾਏਲ ਦੇ ਲੋਕਾਂ ਨੇ ਮੂਸਾ ਨੂੰ ਆਖਿਆ, “ਅਸੀਂ ਜਾਣਦੇ
ਹਾਂ ਕਿ ਅਸੀਂ ਮਾਰੇ ਜਾਵਾਂਗੇ! ਅਸੀਂ ਬਰਬਾਦ ਹੋਣ ਵਾਲੇ ਹਾਂ! ਅਸੀਂ
ਸਾਰੇ ਹੀ ਤਬਾਹ ਹੋ ਜਾਵਾਂਗੇ। 13ਕੋਈ ਵੀ ਬੰਦਾ ਜਿਹੜਾ ਯਹੋਵਾਹ
ਦੇ ਪਵਿੱਤਰ ਸਥਾਨ ਦੇ ਨੇੜੇ ਆਵੇਗਾ, ਮਾਰਿਆ ਜਾਵੇਗਾ। ਕੀ ਇਹ
ਸੱਚ ਹੈ ਕਿ ਅਸੀਂ ਸਾਰੇ ਹੀ ਮਾਰੇ ਜਾਵਾਂਗੇ?”

### ਜਾਜਕਾਂ ਅਤੇ ਲੇਵੀਆਂ ਦਾ ਕਾਰਜ

**18** 1ਯਹੋਵਾਹ ਨੇ ਹਾਰੂਨ ਨੂੰ ਆਖਿਆ, “ਤੂੰ, ਅਤੇ ਤੇਰੇ
ਪੁੱਤਰ, ਅਤੇ ਤੇਰੇ ਪਿਤਾ ਦੇ ਪਰਿਵਾਰ ਦੇ ਸਮੂਹ ਦੇ
ਬੰਦੇ, ਹੁਣ ਕਿਸੇ ਵੀ ਉਨ੍ਹਾਂ ਗਲਤ ਕੰਮਾਂ ਲਈ ਜ਼ਿੰਮੇਵਾਰ ਹੋ, ਜਿਹੜੇ
ਪਵਿੱਤਰ ਸਥਾਨ ਦੇ ਵਿਰੁੱਧ ਕੀਤੇ ਜਾਂਦੇ ਹਨ। 2ਆਪਣੇ ਘਰਾਣੇ
ਵਿੱਚੋਂ ਹੋਰਨਾ ਲੇਵੀਆਂ, ਆਪਣੇ ਭਰਾਵਾਂ ਨੂੰ ਵੀ ਆਪਣੇ ਨਾਲ ਸ਼ਾਮਲ
ਕਰ ਲੈ। ਉਹ ਮੰਡਲੀ ਵਾਲੇ ਤੰਬੂ ਵਿੱਚ ਤੇਰੇ ਅਤੇ ਤੇਰੇ ਪੁੱਤਰਾਂ ਦੇ
ਕੰਮ ਵਿੱਚ ਸਹਾਇਤਾ ਕਰਨਗੇ। 3ਲੇਵੀ ਦੇ ਪਰਿਵਾਰ ਦੇ ਉਹ ਲੋਕ
ਤੇਰੇ ਸਪੁਰਦ ਹਨ। ਉਹ ਤੰਬੂ ਵਿੱਚ ਕੀਤੇ ਜਾਣ ਵਾਲੇ ਸਮੂਹ ਕੰਮਾਂ
ਨੂੰ ਕਰਨਗੇ। ਪਰ ਉਨ੍ਹਾਂ ਨੂੰ ਪਵਿੱਤਰ ਸਥਾਨ ਦੀਆਂ ਵਸਤਾਂ ਜਾਂ
ਜਗਵੇਦੀ ਦੇ ਨੇੜੇ ਨਹੀਂ ਜਾਣਾ ਚਾਹੀਦਾ। ਜੇ ਉਹ ਜਾਣਗੇ ਤਾਂ ਮਾਰੇ
ਜਾਣਗੇ-ਅਤੇ ਤੁਸੀਂ ਵੀ ਮਾਰੇ ਜਾਵੋਗੇ। 4ਉਹ ਤੁਹਾਡੇ ਵਿੱਚ ਸ਼ਾਮਲ
ਹੋਣਗੇ ਅਤੇ ਤੁਹਾਡੇ ਨਾਲ ਕੰਮ ਕਰਨਗੇ। ਉਹ ਮੰਡਲੀ ਵਾਲੇ ਤੰਬੂ
ਦੀ ਸਾਂਭ-ਸੰਭਾਲ ਲਈ ਜ਼ਿੰਮੇਵਾਰ ਹੋਣਗੇ। ਜਿਹੜਾ ਵੀ ਕੰਮ ਤੰਬੂ
ਵਿੱਚ ਕਰਨ ਵਾਲਾ ਹੋਵੇਗਾ ਉਹ ਉਨ੍ਹਾਂ ਰਾਹੀ ਹੀ ਕੀਤਾ ਜਾਵੇਗਾ। ਹੋਰ
ਕੋਈ ਵੀ ਉੱਥੇ ਨਾ ਆਵੇ ਜਿੱਥੇ ਤੁਸੀਂ ਹੋ।
5“ਤੁਸੀਂ ਪਵਿੱਤਰ ਸਥਾਨ ਅਤੇ ਜਗਵੇਦੀ ਦੀ ਸੇਵਾ ਸੰਭਾਲ ਲਈ
ਜ਼ਿੰਮੇਵਾਰ ਹੋ। ਮੈਂ ਇਸਰਾਏਲ ਦੇ ਲੋਕਾਂ ਨਾਲ ਫ਼ੇਰ ਕ੍ਰੋਧਵਾਨ ਨਹੀਂ
ਹੋਣਾ ਚਾਹੁੰਦਾ। 6ਮੈਂ ਖੁਦ ਲੇਵੀਆਂ ਨੂੰ ਇਸਰਾਏਲੀਆਂ ਵਿੱਚੋਂ ਚੁਣਿਆ
ਸੀ। ਮੈਂ ਉਨ੍ਹਾਂ ਨੂੰ ਯਹੋਵਾਹ ਦੀ ਸੇਵਾ ਕਰਨ ਅਤੇ ਮੰਡਲੀ ਵਾਲੇ ਤੰਬੂ
ਵਿੱਚ ਕੰਮ ਕਰਨ ਵਾਸਤੇ ਤੁਹਾਨੂੰ ਦਿੱਤਾ ਹੈ। 7ਪਰ, ਹਾਰੂਨ ਸਿਰਫ਼
ਤੂੰ ਅਤੇ ਤੇਰੇ ਪੁੱਤਰ ਹੀ ਜਾਜਕ ਵਜੋਂ ਸੇਵਾ ਕਰਨ। ਸਿਰਫ਼ ਤੁਸੀਂ ਹੀ
ਹੋ ਜਿਹੜੇ ਜਗਵੇਦੀ ਦੇ ਨੇੜੇ ਜਾ ਸਕਦੇ ਹੋ। ਸਿਰਫ਼ ਤੁਸੀਂ ਹੀ ਹੋ
ਜਿਹੜੇ ਪਰਦੇ ਅੰਦਰ ਅੱਤ ਪਵਿੱਤਰ ਸਥਾਨ ਵਿੱਚ ਜਾ ਸਕਦੇ ਹੋ।

ਮੈਂ ਤੁਹਾਨੂੰ ਇੱਕ ਸੁਗਾਤ ਦੇ ਰਿਹਾ ਹਾਂ-ਤੁਹਾਡੀ ਜਾਜਕ ਵਜੋਂ ਸੇਵਾ
ਨੂੰ। ਹੋਰ ਕੋਈ ਵੀ ਜਿਹੜਾ ਮੇਰੇ ਪਵਿੱਤਰ ਸਥਾਨ ਦੇ ਨੇੜੇ ਆਵੇਗਾ,
ਅਵੱਸ਼ ਮਾਰਿਆ ਜਾਏਗਾ।"
**8**ਫ਼ੇਰ ਯਹੋਵਾਹ ਨੇ ਹਾਰੂਨ ਨੂੰ ਆਖਿਆ, "ਮੈਂ ਖੁਦ ਉਨ੍ਹਾਂ ਖਾਸ
ਸੁਗਾਤਾਂ ਦੀ ਜ਼ਿੰਮੇਵਾਰੀ ਤੈਨੂੰ ਦਿੱਤੀ ਸੀ ਜਿਹੜੀਆਂ ਲੋਕ ਮੈਨੂੰ ਦਿੰਦੇ
ਹਨ। ਉਹ ਸਾਰੀਆਂ ਪਵਿੱਤਰ ਸੁਗਾਤਾਂ ਜਿਹੜੀਆਂ ਇਸਰਾਏਲ ਦੇ
ਲੋਕ ਮੈਨੂੰ ਦਿੰਦੇ ਹਨ, ਮੈਂ ਤੈਨੂੰ ਦਿੰਦਾ ਹਾਂ। ਤੂੰ ਅਤੇ ਤੇਰੇ ਪੁੱਤਰ ਇਨ੍ਹਾਂ
ਸੁਗਾਤਾਂ ਵਿੱਚੋਂ ਹਿੱਸਾ ਲੈ ਸਕਦੇ ਹੋ। ਉਹ ਹਮੇਸ਼ਾ ਤੁਹਾਡੀਆਂ ਹੀ
ਰਹਿਣਗੀਆਂ। **9**ਲੋਕੀ ਬਲੀਆਂ, ਅਨਾਜ ਦੀਆਂ ਭੇਟਾ, ਪਾਪ ਦੀਆਂ
ਭੇਟਾ ਅਤੇ ਦੋਸ਼ ਦੀਆਂ ਭੇਟਾ ਲੈ ਕੇ ਆਉਣਗੇ। ਇਹ ਭੇਟਾ ਅੱਤ
ਪਵਿੱਤਰ ਹਨ। ਇਨ੍ਹਾਂ ਸਾਰੀਆਂ ਪਵਿੱਤਰ ਭੇਟਾ ਵਿੱਚੋਂ ਤੁਹਾਡਾ ਹਿੱਸਾ
ਅੱਗ ਵਿੱਚ ਨਾ ਪਾਏ ਹੋਏ ਹਿੱਸੇ ਹੋਣਗੇ। ਇਹ ਸਾਰੀਆਂ ਵਸਤਾਂ
ਤੇਰੇ ਅਤੇ ਤੇਰੇ ਪੁੱਤਰਾਂ ਲਈ ਹੋਣਗੀਆਂ। **10**ਅੱਤ ਪਵਿੱਤਰ ਸਥਾਨ
ਉੱਤੇ ਸਿਰਫ਼ ਉਹੀ ਚੀਜ਼ਾਂ ਖਾਧੀਆਂ ਜਾਣ। ਤੁਹਾਡੇ ਪਰਿਵਾਰ ਦਾ ਹਰ
ਮਰਦ ਉਨ੍ਹਾਂ ਨੂੰ ਖਾਵੇਗਾ ਪਰ ਤੁਹਾਨੂੰ ਚੇਤੇ ਰੱਖਣਾ ਚਾਹੀਦਾ ਹੈ ਕਿ
ਉਹ ਭੇਟਾ ਪਵਿੱਤਰ ਹਨ।
**11**"ਅਤੇ ਉਸ ਸਾਰੀਆਂ ਸੁਗਾਤਾਂ ਜਿਹੜੀਆਂ ਇਸਰਾਏਲ ਦੇ
ਲੋਕ, ਹਿਲਾਉਣ ਦੀ ਭੇਟ ਵਜੋਂ ਦਿੰਦੇ ਹਨ, ਉਹ ਵੀ ਤੁਹਾਡੀਆਂ
ਹੋਣਗੀਆਂ। ਇਹ ਮੈਂ ਤੈਨੂੰ ਤੇਰੇ ਧੀਆਂ-ਪੁੱਤਰਾਂ ਨੂੰ ਦਿੰਦਾ ਹਾਂ। ਇਹ
ਤੁਹਾਡਾ ਹਿੱਸਾ ਹੈ। ਤੁਹਾਡੇ ਪਰਿਵਾਰ ਦਾ ਹਰ ਉਹ ਜੀਅ ਜਿਹੜਾ ਸ਼ੁੱਧ
ਹੋਵੇ, ਇਸ ਨੂੰ ਖਾ ਸਕੇਗਾ।
**12**"ਅਤੇ ਮੈਂ ਤੁਹਾਨੂੰ ਸਭ ਤੋਂ ਉੱਤਮ ਜ਼ੈਤੂਨ ਦਾ ਤੇਲ ਅਤੇ ਸਭ ਤੋਂ
ਚੰਗੀ ਨਵੀਂ ਮੈਅ ਅਤੇ ਅਨਾਜ ਤੁਹਾਨੂੰ ਦਿੰਦਾ ਹਾਂ। ਇਹ ਉਹ ਚੀਜ਼ਾਂ
ਹਨ ਜਿਹੜੀਆਂ ਇਸਰਾਏਲੀ ਲੋਕ ਮੈਨੂੰ, ਯਹੋਵਾਹ ਨੂੰ ਦਿੰਦੇ ਹਨ।
ਇਹ ਉਨ੍ਹਾਂ ਦੀ ਫ਼ਸਲ ਦੀਆਂ ਸਭ ਤੋਂ ਪਹਿਲੀਆਂ ਚੀਜ਼ਾਂ ਹਨ।
**13**ਜਦੋਂ ਵੀ ਲੋਕ ਆਪਣੀ ਫ਼ਸਲ ਵਢਦੇ ਹਨ, ਉਹ ਪਹਿਲੀਆਂ ਚੀਜ਼ਾਂ
ਯਹੋਵਾਹ ਨੂੰ ਚੜ੍ਹਾਉਂਦੇ ਹਨ। ਇਸ ਲਈ ਇਹ ਚੀਜ਼ਾਂ ਮੈਂ ਤੁਹਾਨੂੰ
ਦੇਵਾਂਗਾ। ਤੁਹਾਡੇ ਪਰਿਵਾਰ ਦਾ ਹਰ ਸਦੱਸ ਜਿਹੜਾ ਪਵਿੱਤਰ ਹੈ,
ਇਸ ਨੂੰ ਖਾ ਸਕਦਾ ਹੈ।
**14**"ਇਸਰਾਏਲ ਦੀ ਹਰ ਉਹ ਚੀਜ਼ ਜਿਹੜੀ ਯਹੋਵਾਹ ਨੂੰ ਚੜ੍ਹਾਈ
ਜਾਵੇਗੀ ਉਹ ਤੁਹਾਡੀ ਹੋਵੇਗੀ।
**15**"ਯਹੋਵਾਹ ਨੂੰ ਦਿੱਤਾ ਹੋਇਆ ਕਿਸੇ ਔਰਤ ਅਤੇ ਕਿਸੇ ਜਾਨਵਰ
ਦਾ ਪਲੋਠਾ ਤੁਹਾਡਾ ਹੈ। ਜੇਕਰ ਪਲੋਠਾ ਪਸ਼ੂ ਨਾਪਾਕ ਹੈ, ਤਾਂ ਇਸ ਨੂੰ
ਛੁਡਾ ਕੇ ਵਾਪਸ ਲਿਆ ਜਾਣਾ ਚਾਹੀਦਾ ਹੈ। ਜੇਕਰ ਪਲੋਠਾ ਮਨੁੱਖ ਦਾ
ਬੱਚਾ ਹੈ, ਇਸ ਨੂੰ ਛੁਡਾ ਕੇ ਵਾਪਸ ਲਿਆ ਜਾਣਾ ਚਾਹੀਦਾ ਹੈ। **16**ਜਦੋਂ
ਬੱਚਾ ਇੱਕ ਮਹੀਨੇ ਦਾ ਹੋਵੇ, ਉਨ੍ਹਾਂ ਨੂੰ ਮੁੱਲ ਜ਼ਰੂਰ ਤਾਰਨਾ ਚਾਹੀਦਾ
ਹੈ। ਮੁੱਲ, ਦੋ ਔਂਸ ਚਾਂਦੀ ਹੋਵੇਗੀ ਅਤੇ ਇਹ ਤੁਹਾਡੇ ਦੁਆਰਾ
ਸਰਕਾਰੀ ਨਾਪ ਅਨੁਸਾਰ ਤੋਲੀ ਜਾਣੀ ਚਾਹੀਦੀ ਹੈ। ਸਰਕਾਰੀ ਨਾਪ
ਅਨੁਸਾਰ, ਇੱਕ ਸ਼ੈਕਲ 20 ਗੇਰਾਹ ਦਾ ਹੁੰਦਾ ਹੈ।
**17**"ਪਰ ਤੁਹਾਨੂੰ ਪਲੋਠੇ ਗਊ, ਭੇਡ ਜਾਂ ਬੱਕਰੀ ਲਈ ਕੀਮਤ ਅਦਾ
ਨਹੀਂ ਕਰਨੀ ਚਾਹੀਦੀ। ਇਹ ਜਾਨਵਰ ਪਵਿੱਤਰ ਹਨ। ਉਨ੍ਹਾਂ ਦਾ ਖੂਨ
ਜਗਵੇਦੀ ਉੱਤੇ ਛਿੜਕੋ ਅਤੇ ਉਨ੍ਹਾਂ ਦੀ ਚਰਬੀ ਨੂੰ ਸਾੜੋ ਇਹ ਹੋਮ ਦੀ
ਭੇਟ ਹੈ। ਇਸ ਦੀ ਸੁਗੰਧੀ ਯਹੋਵਾਹ ਨੂੰ ਪ੍ਰਸੰਨ ਕਰਦੀ ਹੈ। **18**ਪਰ
ਇਨ੍ਹਾਂ ਜਾਨਵਰਾਂ ਦਾ ਮਾਸ ਤੁਹਾਡਾ ਹੋਵੇਗਾ। ਅਤੇ ਹਿਲਾਉਣ ਦੇ
ਭੇਟ ਦਾ ਸੀਨਾ ਤੁਹਾਡਾ ਹੋਵੇਗਾ। ਅਤੇ ਹੋਰਨਾ ਭੇਟਾ ਵਿੱਚੋਂ ਸੱਜਾ ਪੱਟ
ਤੁਹਾਡਾ ਹੋਵੇਗਾ। **19**ਉਹ ਸਾਰੀਆਂ ਚੀਜ਼ਾਂ ਜਿਹੜੀਆਂ ਲੋਕ ਪਵਿੱਤਰ
ਭੇਟਾ ਵਜੋਂ ਚੜ੍ਹਾਉਂਦੇ ਹਨ, ਮੈਂ, ਯਹੋਵਾਹ, ਉਹ ਤੁਹਾਨੂੰ, ਤੁਹਾਡੇ ਪੁੱਤਰਾਂ
ਅਤੇ ਤੁਹਾਡੀਆਂ ਧੀਆਂ ਨੂੰ ਦਿੰਦਾ ਹਾਂ। ਇਹ ਤੁਹਾਡਾ ਹਿੱਸਾ ਹੈ। ਇਹ
ਬਿਧੀ ਸਦਾ ਜਾਰੀ ਰਹੇਗੀ। ਇਹ ਯਹੋਵਾਹ ਨਾਲ ਕੀਤਾ ਹੋਇਆ
ਇਕਰਾਰਨਾਮਾ ਹੈ ਜਿਹੜਾ ਤੋੜਿਆ ਨਹੀਂ ਜਾ ਸਕਦਾ। ਇਹ
ਇਕਰਾਰ ਮੈਂ ਤੇਰੇ ਅਤੇ ਤੇਰੇ ਉੱਤਰਾਧਿਕਾਰੀਆਂ ਨਾਲ ਕਰਦਾ ਹਾਂ।"
**20**ਯਹੋਵਾਹ ਨੇ ਹਾਰੂਨ ਨੂੰ ਇਹ ਵੀ ਆਖਿਆ, "ਤੁਹਾਨੂੰ ਕੋਈ
ਜ਼ਮੀਨ ਨਹੀਂ ਮਿਲੇਗੀ। ਅਤੇ ਕੋਈ ਵੀ ਚੀਜ਼ ਜਿਹੜੀ ਲੋਕਾਂ ਦੀ
ਮਲਕੀਅਤ ਹੈ ਉਹ ਤੁਹਾਡੀ ਮਲਕੀਅਤ ਨਹੀਂ ਹੋਵੇਗੀ। ਮੈਂ,
ਯਹੋਵਾਹ, ਤੁਹਾਡਾ ਮਲਕੀਅਤ ਹੋਵਾਂਗਾ। ਇਸਰਾਏਲ ਦੇ ਲੋਕਾਂ ਨੂੰ
ਉਹ ਜ਼ਮੀਨ ਮਿਲੇਗੀ ਜਿਸ ਦਾ ਮੈਂ ਇਕਰਾਰ ਕੀਤਾ ਹੈ। ਪਰ ਤੁਹਾਡੇ
ਲਈ ਮੈਂ, ਖੁਦ ਹੀ ਇੱਕ ਸੁਗਾਤ ਹਾਂ।
**21**"ਇਸਰਾਏਲ ਦੇ ਲੋਕ ਆਪਣੇ ਹਰੇਕ ਧਨ ਦਾ ਦਸਵੰਧ ਦੇਣਗੇ।
ਇਸ ਲਈ ਉਹ ਦਸਵੰਧ ਮੈਂ ਲੇਵੀ ਦੇ ਸਮੂਹ ਉੱਤਰਾਧਿਕਾਰੀਆਂ
ਨੂੰ ਦਿੰਦਾ ਹਾਂ। ਇਹ ਉਨ੍ਹਾਂ ਦੇ ਮੰਡਲੀ ਵਾਲੇ ਤੰਬੂ ਵਿੱਚ ਕੀਤੇ ਕੰਮ
ਦੀ ਤਨਖਾਹ ਹੈ। **22**ਪਰ ਇਸਰਾਏਲ ਦੇ ਹੋਰਨਾਂ ਲੋਕਾਂ ਵਿੱਚੋਂ ਕਿਸੇ
ਨੂੰ ਵੀ ਮੰਡਲੀ ਵਾਲੇ ਤੰਬੂ ਦੇ ਨੇੜੇ ਨਹੀਂ ਜਾਣਾ ਚਾਹੀਦਾ। ਜੇ ਉਹ
ਜਾਣਗੇ, ਤਾਂ ਉਨ੍ਹਾਂ ਨੂੰ ਅਵੱਸ਼ ਹੀ ਮਾਰ ਦਿੱਤਾ ਜਾਵੇ! **23**ਉਹ ਲੇਵੀ
ਜਿਹੜੇ ਮੰਡਲੀ ਵਾਲੇ ਤੰਬੂ ਵਿੱਚ ਕੰਮ ਕਰਦੇ ਹਨ, ਉਨ੍ਹਾਂ ਨੂੰ ਇਸ
ਦੇ ਵਿਰੁੱਧ ਕੀਤੇ ਗਏ ਕਿਸੇ ਵੀ ਪਾਪ ਦੀ ਸਜ਼ਾ ਭੁਗਤਣੀ ਚਾਹੀਦੀ
ਹੈ। ਇਹ ਉਹ ਬਿਧੀ ਹੈ ਜਿਹੜੀ ਹਮੇਸ਼ਾ ਲਈ ਜਾਰੀ ਰਹੇਗੀ।
ਲੇਵੀਆਂ ਨੂੰ ਕੋਈ ਜ਼ਮੀਨ ਨਹੀਂ ਮਿਲੇਗੀ ਜਿਸ ਦਾ ਮੈਂ ਇਸਰਾਏਲ
ਦੇ ਹੋਰਨਾਂ ਲੋਕਾਂ ਨਾਲ ਇਕਰਾਰ ਕੀਤਾ ਸੀ। **24**ਪਰ ਇਸਰਾਏਲ ਦੇ
ਲੋਕ ਆਪਣੀ ਹਰ ਚੀਜ਼ ਵਿੱਚੋਂ ਦਸਵੰਧ ਕੱਢ ਕੇ ਮੈਨੂੰ ਦੇਣਗੇ। ਅਤੇ
ਮੈਂ ਉਹ ਦਸਵੰਧ ਲੇਵੀਆਂ ਨੂੰ ਦੇ ਦੇਵਾਂਗਾ। ਇਹੀ ਕਾਰਣ ਹੈ ਕਿ ਮੈਂ
ਲੇਵੀਆਂ ਬਾਰੇ ਇਹ ਸ਼ਬਦ ਆਖੇ ਹਨ: ਉਨ੍ਹਾਂ ਲੋਕਾਂ ਨੂੰ ਉਸ ਧਰਤੀ
ਦਾ ਕੋਈ ਹਿੱਸਾ ਨਹੀਂ ਮਿਲੇਗਾ ਜਿਸ ਦਾ ਮੈਂ ਇਸਰਾਏਲ ਦੇ ਲੋਕਾਂ
ਨਾਲ ਇਕਰਾਰ ਕੀਤਾ ਸੀ।"
**25**ਯਹੋਵਾਹ ਨੇ ਮੂਸਾ ਨੂੰ ਆਖਿਆ, **26**"ਲੇਵੀ ਲੋਕਾਂ ਨਾਲ ਗੱਲ
ਕਰ ਅਤੇ ਉਨ੍ਹਾਂ ਨੂੰ ਦੱਸ: ਇਸਰਾਏਲ ਦੇ ਲੋਕ ਆਪਣੀ ਹਰ ਚੀਜ਼
ਵਿੱਚੋਂ ਦਸਵੰਧ ਕੱਢ ਕੇ ਯਹੋਵਾਹ ਨੂੰ ਦੇਣਗੇ। ਉਹ ਦਸਵੰਧ ਲੇਵੀ
ਲੋਕਾਂ ਦਾ ਹੋਵੇਗਾ। ਪਰ ਤੁਹਾਨੂੰ ਉਸ ਦਾ ਦਸਵਾਂ ਹਿੱਸਾ ਯਹੋਵਾਹ
ਨੂੰ ਭੇਟ ਵਜੋਂ ਦੇਣਾ ਚਾਹੀਦਾ। **27**ਜਦੋਂ ਫ਼ਸਲਾਂ ਦੀ ਵਾਢੀ ਹੋਵੇਗੀ,
ਤੁਹਾਨੂੰ ਪੀਸੇ ਹੋਏ ਦਾਣਿਆ ਤੋਂ ਅਨਾਜ ਅਤੇ ਕੋਹਲੂ ਤੋਂ ਨਵੀਂ ਮੈਅ
ਵੀ ਮਿਲੇਗੀ। ਫ਼ੇਰ ਇਹ ਵੀ ਤੁਹਾਡੀ ਯਹੋਵਾਹ ਨੂੰ ਭੇਟ ਹੋਵੇਗੀ।
**28**ਇਸ ਤਰ੍ਹਾਂ ਤੁਸੀਂ ਵੀ ਇਸਰਾਏਲ ਦੇ ਹੋਰਨਾਂ ਲੋਕਾਂ ਵਾਂਗ ਯਹੋਵਾਹ
ਨੂੰ ਭੇਟ ਚੜ੍ਹਾਉਗੇ। ਤੁਸੀਂ ਇਸਰਾਏਲ ਦੇ ਲੋਕਾਂ ਵੱਲੋਂ ਯਹੋਵਾਹ
ਨੂੰ ਦਿੱਤੇ ਦਸਵੰਧ ਨੂੰ ਪ੍ਰਾਪਤ ਕਰੋਗੇ। ਫ਼ੇਰ ਤੁਸੀਂ ਉਸ ਦਾ ਦਸਵਾਂ
ਹਿੱਸਾ ਜਾਜਕ ਹਾਰੂਨ ਨੂੰ ਦੇਵੋਗੇ। **29**ਜਦੋਂ ਤੁਹਾਨੂੰ ਇਸਰਾਏਲ ਦੇ
ਲੋਕ ਆਪਣੀ ਹਰ ਚੀਜ਼ ਵਿੱਚੋਂ ਦਸਵੰਧ ਕੱਢ ਕੇ ਦੇਣ, ਤਾਂ ਤੁਹਾਨੂੰ
ਉਨ੍ਹਾਂ ਚੀਜ਼ਾਂ ਵਿੱਚੋਂ ਸਭ ਤੋਂ ਉੱਤਮ ਅਤੇ ਪਵਿੱਤਰ ਹਿੱਸੇ ਦੀ ਚੋਣ
ਕਰਨੀ ਚਾਹੀਦੀ ਹੈ। ਇਹ ਉਹ ਦਸਵੰਧ ਹੈ ਜਿਹੜਾ ਤੁਸੀਂ ਯਹੋਵਾਹ
ਨੂੰ ਦਿੰਦੇ ਹੋ।
**30**"ਮੂਸਾ, ਲੇਵੀ ਲੋਕਾਂ ਨੂੰ ਆਖ; ਇਸਰਾਏਲ ਦੇ ਲੋਕ ਤੁਹਾਨੂੰ
ਆਪਣੀ ਫ਼ਸਲ ਅਤੇ ਆਪਣੀ ਮੈਅ ਵਿੱਚੋਂ ਦਸਵੰਧ ਕੱਢ ਕੇ ਦੇਣਗੇ।
ਫ਼ੇਰ ਤੁਸੀਂ ਉਸ ਦਾ ਸਭ ਤੋਂ ਚੰਗਾ ਹਿੱਸਾ ਯਹੋਵਾਹ ਨੂੰ ਦੇਵੋਗੇ।
**31**ਬਾਕੀ ਜੋ ਵੀ ਬਚੇ ਤੁਸੀਂ ਅਤੇ ਤੁਹਾਡੇ ਪਰਿਵਾਰ ਖਾ ਸਕਦੇ ਹਨ।
ਇਹ ਤੁਹਾਡੀ ਮੰਡਲੀ ਵਾਲੇ ਤੰਬੂ ਵਿੱਚ ਕੀਤੀ ਸੇਵਾ ਦਾ ਫ਼ਲ ਹੈ।
**32**ਤੇ ਜੇ ਤੁਸੀਂ ਹਮੇਸ਼ਾ ਇਸ ਦਾ ਸਭ ਤੋਂ ਚੰਗਾ ਹਿੱਸਾ ਯਹੋਵਾਹ ਨੂੰ

ਭੇਟ ਕਰੋਗੇ ਤਾਂ ਤੁਸੀਂ ਕਦੇ ਵੀ ਦੋਸ਼ੀ ਨਹੀਂ ਹੋ ਸਕਦੇ। ਤੁਸੀਂ ਹਮੇਸ਼ਾ
ਚੇਤੇ ਰੱਖੋਗੇ ਕਿ ਇਹ ਸੁਗਾਤਾਂ ਇਸਰਾਏਲ ਦੇ ਲੋਕਾਂ ਵੱਲੋਂ ਪਵਿੱਤਰ
ਭੇਟਾ ਹਨ। ਅਤੇ ਤੁਸੀਂ ਮਾਰੇ ਨਹੀਂ ਜਾਵੋਗੇ।”

## ਲਾਲ ਗਊ ਦੀ ਰਾਖ

**19** 1ਯਹੋਵਾਹ ਨੇ ਮੂਸਾ ਅਤੇ ਹਾਰੂਨ ਨਾਲ ਗੱਲ
ਕੀਤੀ। ਉਸ ਨੇ ਆਖਿਆ, 2“ਇਹ ਬਿਧੀ ਉਨ੍ਹਾਂ
ਬਿਵਸਥਾਵਾਂ ਵਿੱਚੋਂ ਹਨ ਜਿਹੜੀਆਂ ਯਹੋਵਾਹ ਨੇ ਇਸਰਾਏਲ ਦੇ
ਲੋਕਾਂ ਨੂੰ ਦਿੱਤੀਆਂ ਸਨ। ਇੱਕ ਲਾਲ ਰੰਗ ਦੀ ਗਊ ਲਵੋ ਜਿਹੜੀ
ਦੋਸ਼ ਰਹਿਤ ਹੋਵੇ। ਉਸ ਗਊ ਦੇ ਕੋਈ ਝਰੀਟਾ ਨਹੀਂ ਹੋਣੀਆਂ
ਚਾਹੀਦੀਆਂ। ਅਤੇ ਉਸ ਗਊ ਉੱਤੇ ਕਦੇ ਵੀ ਪੰਜਾਲੀ ਨਹੀਂ ਪਾਈ
ਹੋਣੀ ਚਾਹੀਦੀ। 3ਉਹ ਗਊ ਅਲਆਜ਼ਾਰ ਜਾਜਕ ਨੂੰ ਦੇ ਦੇਵੋ।
ਅਲਆਜ਼ਾਰ ਉਸ ਗਊ ਨੂੰ ਡੇਰੇ ਤੋਂ ਬਾਹਰ ਲੈ ਜਾਵੇਗਾ ਅਤੇ ਉੱਥੇ
ਉਸ ਨੂੰ ਜ਼ਿਬਾਹ ਕਰ ਦੇਵੇਗਾ। 4ਫ਼ੇਰ ਅਲਆਜ਼ਾਰ, ਜਾਜਕ ਨੂੰ
ਇਸ ਦਾ ਕੁਝ ਖੂਨ ਆਪਣੀ ਉਂਗਲੀ ਉੱਤੇ ਲਾਉਣਾ ਚਾਹੀਦਾ ਹੈ
ਅਤੇ ਇਸ ਨੂੰ ਮੰਡਲੀ ਵਾਲੇ ਤੰਬੂ ਵੱਲ ਛਿੜਕਣਾ ਚਾਹੀਦਾ ਹੈ।
ਉਸ ਨੂੰ ਇਹ ਸੱਤ ਵਾਰੀ ਕਰਨਾ ਚਾਹੀਦਾ ਹੈ। 5ਫ਼ੇਰ ਉਸ ਪੂਰੀ ਦੀ
ਪੂਰੀ ਗਊ ਨੂੰ ਉਸ ਦੇ ਸਾਹਮਣੇ ਸਾੜ ਦੇਣਾ ਚਾਹੀਦਾ ਹੈ। ਚਮੜੀ,
ਮਾਸ, ਖੂਨ ਅਤੇ ਅੰਤੜੀਆਂ ਸਭ ਸੜ ਜਾਣੀਆਂ ਚਾਹੀਦੀਆਂ
ਹਨ। 6ਫ਼ੇਰ ਜਾਜਕ ਨੂੰ ਇੱਕ ਦਿਆਰ ਦੇ ਰੁੱਖ ਦੀ ਸੋਟੀ, ਇੱਕ ਜ਼ੂਫ਼ੇ
ਦੀ ਟਹਿਣੀ ਅਤੇ ਕੁਝ ਲਾਲ ਧਾਗਾ ਲੈਣਾ ਚਾਹੀਦਾ ਹੈ। ਜਾਜਕ
ਨੂੰ ਚਾਹੀਦਾ ਹੈ ਕਿ ਜਦੋਂ ਗਊ ਸੜ ਰਹੀ ਹੋਵੇ ਤਾਂ ਇਨ੍ਹਾਂ ਚੀਜ਼ਾਂ ਨੂੰ
ਅੱਗ ਵਿੱਚ ਸੁੱਟ ਦੇਵੇ। 7ਫ਼ੇਰ ਜਾਜਕ ਨੂੰ ਆਪਣੇ ਸਰੀਰ ਨੂੰ ਪਾਣੀ
ਨਾਲ ਧੋਣਾ ਚਾਹੀਦਾ ਹੈ, ਆਪਣੇ ਵਸਤਰ ਧੋ ਲੈਣੇ ਚਾਹੀਦੇ ਹਨ,
ਅਤੇ ਆਪਣੇ ਡੇਰੇ ਅੰਦਰ ਵਾਪਸ ਆ ਜਾਣਾ ਚਾਹੀਦਾ ਹੈ। ਉਹ
ਸ਼ਾਮ ਤੱਕ ਅਪਵਿੱਤਰ ਰਹੇਗਾ। 8ਜਿਹੜਾ ਬੰਦਾ ਉਸ ਗਊ ਨੂੰ
ਸਾੜਦਾ ਹੈ ਉਸ ਨੂੰ ਵੀ ਪਾਣੀ ਨਾਲ ਇਸ਼ਨਾਨ ਕਰ ਲੈਣਾ ਚਾਹੀਦਾ
ਹੈ ਅਤੇ ਆਪਣੇ ਕੱਪੜੇ ਧੋ ਲੈਣੇ ਚਾਹੀਦੇ ਹਨ। ਉਹ ਵੀ ਸ਼ਾਮ ਤੱਕ
ਅਪਵਿੱਤਰ ਰਹੇਗਾ।

9“ਫ਼ੇਰ ਉਹ ਆਦਮੀ ਜਿਹੜਾ ਪਵਿੱਤਰ ਹੈ, ਗਊ ਦੀ ਰਾਖ
ਇਕੱਠੀ ਕਰੇਗਾ। ਉਹ ਇਸ ਰਾਖ ਨੂੰ ਡੇਰੇ ਤੋਂ ਬਾਹਰ ਕਿਸੇ ਸਾਫ਼ ਥਾਂ
ਉੱਤੇ ਰੱਖ ਦੇਵੇਗਾ। ਇਸ ਰਾਖ ਦੀ ਵਰਤੋਂ ਉਦੋਂ ਕੀਤੀ ਜਾਵੇਗੀ ਜਦੋਂ
ਲੋਕਾਂ ਨੂੰ ਪਵਿੱਤਰ ਹੋਣ ਲਈ ਖਾਸ ਰਸਮ ਕਰਨ ਦੀ ਲੋੜ ਪਵੇਗੀ।
ਇਸ ਰਾਖ ਦੀ ਵਰਤੋਂ ਕਿਸੇ ਬੰਦੇ ਦੇ ਪਾਪ ਦੂਰ ਕਰਨ ਲਈ ਵੀ
ਕੀਤੀ ਜਾਵੇਗੀ।

10“ਜਿਸ ਬੰਦੇ ਨੇ ਗਊ ਦੀ ਰਾਖ ਇਕੱਠੀ ਕੀਤੀ ਸੀ ਉਸ ਨੂੰ
ਆਪਣੇ ਕੱਪੜੇ ਜ਼ਰੂਰ ਧੋ ਲੈਣੇ ਚਾਹੀਦੇ ਹਨ। ਉਹ ਸ਼ਾਮ ਤੱਕ
ਅਪਵਿੱਤਰ ਰਹੇਗਾ।

“ਇਹ ਬਿਧੀ ਹਮੇਸ਼ਾ ਜਾਰੀ ਰਹੇਗੀ ਇਹ ਬਿਧੀ ਇਸਰਾਏਲ ਦੇ
ਨਾਗਰਿਕਾਂ ਲਈ ਹੈ। ਅਤੇ ਇਹ ਬਿਧੀ ਤੁਹਾਡੇ ਵਿੱਚਕਾਰ ਰਹਿਣ
ਵਾਲੇ ਵਿਦੇਸ਼ੀਆਂ ਲਈ ਵੀ ਹੈ। 11ਜੇ ਕੋਈ ਬੰਦਾ ਕਿਸੇ ਲੋਥ ਨੂੰ ਛੂਹ
ਲੈਂਦਾ ਹੈ ਤਾਂ ਉਹ ਸੱਤਾਂ ਦਿਨਾਂ ਤੱਕ ਅਪਵਿੱਤਰ ਰਹੇਗਾ। 12ਉਸ ਨੂੰ
ਖਾਸ ਜਲ ਨਾਲ ਤੀਜੇ ਦਿਨ ਇਸ਼ਨਾਨ ਕਰਨਾ ਚਾਹੀਦਾ ਹੈ ਅਤੇ ਫ਼ੇਰ
ਸੱਤਵੇਂ ਦਿਨ ਵੀ। ਜੇ ਉਹ ਅਜਿਹਾ ਨਹੀਂ ਕਰਦਾ ਤਾਂ ਉਹ ਅਪਵਿੱਤਰ
ਰਹੇਗਾ। 13ਜੇ ਕੋਈ ਬੰਦਾ ਕਿਸੇ ਮੁਰਦਾ ਸਰੀਰ ਨੂੰ ਛੂਹ ਲੈਂਦਾ ਹੈ
ਤਾਂ ਉਹ ਬੰਦਾ ਅਪਵਿੱਤਰ ਹੋ ਜਾਂਦਾ ਹੈ। ਜੇ ਉਹ ਬੰਦਾ ਅਪਵਿੱਤਰ
ਬਣਿਆ ਰਹਿੰਦਾ ਹੈ ਅਤੇ ਫ਼ੇਰ ਪਵਿੱਤਰ ਤੰਬੂ ਵਿੱਚ ਚਲਿਆ ਜਾਂਦਾ
ਹੈ ਤਾਂ ਪਵਿੱਤਰ ਤੰਬੂ ਵੀ ਅਪਵਿੱਤਰ ਹੋ ਜਾਂਦਾ ਹੈ। ਇਸ ਲਈ ਉਸ
ਬੰਦੇ ਨੂੰ ਇਸਰਾਏਲ ਦੇ ਲੋਕਾਂ ਨਾਲੋਂ ਵੱਖ ਕਰ ਦੇਣਾ ਚਾਹੀਦਾ ਹੈ। ਜੇ
ਕਿਸੇ ਅਪਵਿੱਤਰ ਬੰਦੇ ਉੱਤੇ ਖਾਸ ਜਲ ਨਹੀਂ ਛਿੜਕਿਆ ਜਾਂਦਾ ਤਾਂ
ਉਹ ਬੰਦਾ ਅਪਵਿੱਤਰ ਹੀ ਰਹੇਗਾ।

14“ਇਹ ਬਿਧੀ ਉਨ੍ਹਾਂ ਲੋਕਾਂ ਲਈ ਹੈ ਜਿਹੜੇ ਆਪਣੇ ਤੰਬੂਆਂ
ਅੰਦਰ ਮਾਰੇ ਜਾਂਦੇ ਹਨ। ਜੇ ਕੋਈ ਬੰਦਾ ਆਪਣੇ ਤੰਬੂ ਅੰਦਰ ਮਰ
ਜਾਂਦਾ ਹੈ, ਤਾਂ ਉਸ ਤੰਬੂ ਦਾ ਹਰ ਬੰਦਾ ਅਪਵਿੱਤਰ ਹੋ ਜਾਵੇਗਾ। ਉਹ
ਸੱਤਾਂ ਦਿਨਾ ਤੱਕ ਅਪਵਿੱਤਰ ਰਹਿਣਗੇ। 15ਅਤੇ ਹਰ ਢੱਕਣ ਰਹਿਤ
ਭਾਂਡਾ ਅਪਵਿੱਤਰ ਹੋ ਜਾਵੇਗਾ। 16ਜੇ ਕੋਈ ਬੰਦਾ ਮੁਰਦਾ ਸਰੀਰ ਨੂੰ
ਛੂਹ ਲੈਂਦਾ ਹੈ ਤਾਂ ਉਹ ਬੰਦਾ ਸੱਤਾਂ ਦਿਨਾਂ ਤੱਕ ਅਪਵਿੱਤਰ ਰਹੇਗਾ।
ਇਹ ਬਿਧੀ ਲਾਗੂ ਹੋਵੇਗੀ ਜੇ ਮੁਰਦਾ ਸਰੀਰ ਬਾਹਰ ਖੇਤ ਵਿੱਚ
ਪਿਆ ਹੋਇਆ ਹੈ ਜਾਂ ਜੇ ਉਹ ਬੰਦਾ ਜੰਗ ਵਿੱਚ ਮਰਿਆ ਹੈ। ਇਹ
ਵੀ ਕਿ ਜੇ ਕੋਈ ਕਿਸੇ ਮੁਰਦੇ ਦੀਆਂ ਹੱਡੀਆਂ ਨੂੰ ਹੱਥ ਲਾਉਂਦਾ ਹੈ ਤਾਂ
ਉਹ ਬੰਦਾ ਅਪਵਿੱਤਰ ਹੋ ਜਾਂਦਾ ਹੈ।

17“ਇਸ ਲਈ ਤੁਹਾਨੂੰ ਸੜੀ ਹੋਈ ਗਊ ਦੀ ਰਾਖ ਵਰਤ ਕੇ ਉਸ
ਬੰਦੇ ਨੂੰ ਫ਼ੇਰ ਤੋਂ ਪਵਿੱਤਰ ਕਰਨਾ ਚਾਹੀਦਾ ਹੈ। ਕਿਸੇ ਮਰਤਬਾਨ ਵਿੱਚ
ਰਾਖ ਪਾ ਕੇ ਉਸ ਉੱਤੇ ਤਾਜ਼ਾ ਪਾਣੀ ਪਾਓ। 18ਕਿਸੇ ਪਵਿੱਤਰ ਬੰਦੇ
ਨੂੰ ਜ਼ੂਫ਼ੇ ਦੀ ਟਹਿਣੀ ਪਾਣੀ ਵਿੱਚ ਡੁਬੋਣੀ ਚਾਹੀਦੀ ਹੈ। ਫ਼ੇਰ ਉਸ ਨੂੰ
ਇਸ ਰਾਹੀਂ ਤੰਬੂ, ਪਲੇਟਾਂ ਅਤੇ ਉਨ੍ਹਾਂ ਬੰਦਿਆਂ ਉੱਤੇ ਪਾਣੀ ਛਿੜਕਣਾ
ਚਾਹੀਦਾ ਹੈ ਜਿਹੜੇ ਤੰਬੂ ਵਿੱਚ ਸਨ। ਤੁਹਾਨੂੰ ਅਜਿਹਾ ਹਰ ਕਿਸੇ ਉਸ
ਬੰਦੇ ਨਾਲ ਵੀ ਕਰਨਾ ਚਾਹੀਦਾ ਹੈ ਜਿਹੜਾ ਕਿਸੇ ਮੁਰਦਾ ਸਰੀਰ ਨੂੰ
ਛੂਹ ਲੈਂਦਾ ਹੈ। ਤੁਹਾਨੂੰ ਅਜਿਹਾ ਉਸ ਬੰਦੇ ਨਾਲ ਵੀ ਕਰਨਾ ਚਾਹੀਦਾ
ਹੈ ਜਿਹੜਾ ਕਿਸੇ ਜੰਗ ਵਿੱਚ ਮਰੇ ਹੋਏ ਬੰਦੇ ਨੂੰ ਛੂੰਹਦਾ ਹੈ ਅਤੇ ਉਸ
ਨਾਲ ਵੀ, ਜਿਹੜਾ ਕਿਸੇ ਕਬਰ ਜਾਂ ਮੁਰਦਾ ਸਰੀਰ ਦੀਆਂ ਹੱਡੀਆਂ
ਨੂੰ ਛੂੰਹਦਾ ਹੈ।

19“ਫ਼ੇਰ ਕਿਸੇ ਪਵਿੱਤਰ ਬੰਦੇ ਨੂੰ ਇਹ ਪਾਣੀ, ਉਸ ਅਪਵਿੱਤਰ
ਬੰਦੇ ਉੱਤੇ, ਤੀਸਰੇ ਦਿਨ ਅਤੇ ਫ਼ੇਰ ਸੱਤਵੇਂ ਦਿਨ ਜ਼ਰੂਰ ਛਿੜਕਨਾ
ਚਾਹੀਦਾ ਹੈ। ਸੱਤਵੇਂ ਦਿਨ ਉਹ ਬੰਦਾ ਪਵਿੱਤਰ ਹੋ ਜਾਵੇਗਾ। ਉਸ
ਨੂੰ ਆਪਣੇ ਵਸਤਰ ਪਾਣੀ ਨਾਲ ਧੋਣੇ ਚਾਹੀਦੇ ਹਨ। ਉਹ ਸ਼ਾਮ ਨੂੰ
ਪਵਿੱਤਰ ਹੋ ਜਾਣਗੇ।

20“ਜੇ ਕੋਈ ਬੰਦਾ ਅਪਵਿੱਤਰ ਹੋ ਜਾਂਦਾ ਹੈ ਅਤੇ ਪਵਿੱਤਰ ਨਹੀਂ
ਕੀਤਾ ਜਾਂਦਾ, ਤਾਂ ਉਸ ਬੰਦੇ ਨੂੰ ਇਸਰਾਏਲ ਦੇ ਲੋਕਾਂ ਨਾਲੋਂ ਵੱਖ ਕਰ
ਦੇਣਾ ਚਾਹੀਦਾ ਹੈ। ਉਸ ਬੰਦੇ ਉੱਤੇ ਖਾਸ ਜਲ ਨਹੀਂ ਛਿੜਕਿਆ
ਗਿਆ ਸੀ। ਉਹ ਪਵਿੱਤਰ ਨਹੀਂ ਹੋਇਆ ਸੀ। ਇਸ ਲਈ ਹੋ
ਸਕਦਾ ਹੈ ਕਿ ਉਹ ਪਵਿੱਤਰ ਤੰਬੂ ਨੂੰ ਹੀ ਅਪਵਿੱਤਰ ਕਰ ਦੇਵੇ।
21ਇਹ ਬਿਧੀ ਤੁਹਾਡੇ ਲਈ ਸਦਾ ਵਾਸਤੇ ਹੋਵੇਗੀ। ਜੇ ਕਿਸੇ ਬੰਦੇ
ਉੱਤੇ ਖਾਸ ਜਲ ਛਿੜਕਿਆ ਜਾਂਦਾ ਹੈ ਤਾਂ ਉਸ ਨੂੰ ਆਪਣੇ ਵਸਤਰ
ਵੀ ਧੋ ਲੈਣੇ ਚਾਹੀਦੇ ਹਨ। ਜਿਹੜਾ ਵੀ ਕੋਈ ਬੰਦਾ ਖਾਸ ਜਲ
ਨੂੰ ਛੂੰਹਦਾ ਹੈ ਉਹ ਸ਼ਾਮ ਤੱਕ ਅਪਵਿੱਤਰ ਰਹੇਗਾ। 22ਜੇ ਕੋਈ
ਅਪਵਿੱਤਰ ਬੰਦਾ ਕਿਸੇ ਪਵਿੱਤਰ ਬੰਦੇ ਨੂੰ ਛੂਹ ਲੈਂਦਾ ਹੈ ਤਾਂ ਉਹ
ਦੂਸਰਾ ਬੰਦਾ ਵੀ ਅਪਵਿੱਤਰ ਹੋ ਜਾਂਦਾ ਹੈ। ਉਹ ਬੰਦਾ ਸ਼ਾਮ ਤੱਕ
ਅਪਵਿੱਤਰ ਰਹੇਗਾ।”

## ਮਿਰਯਮ ਦੀ ਮੌਤ

**20** 1ਪਹਿਲੇ ਮਹੀਨੇ ਵਿੱਚ ਇਸਰਾਏਲ ਦੇ ਸਾਰੇ ਲੋਕ
ਸੀਨਈ ਮਾਰੂਥਲ ਪਹੁੰਚ ਗਏ। ਉਹ ਕਾਦੇਸ਼ ਵਿੱਚ
ਠਹਿਰੇ। ਮਿਰਯਮ ਮਰ ਗਈ ਅਤੇ ਉੱਥੇ ਦਫ਼ਨਾਈ ਗਈ।

## ਮੂਸਾ ਇੱਕ ਗਲਤੀ ਕਰਦਾ ਹੈ

2ਉਸ ਥਾਂ ਲੋਕਾਂ ਲਈ ਪੀਣ ਵਾਸਤੇ ਕਾਫ਼ੀ ਪਾਣੀ ਨਹੀਂ ਸੀ। ਇਸ
ਲਈ ਲੋਕ ਇਕੱਠੇ ਹੋ ਕੇ ਮੂਸਾ ਅਤੇ ਹਾਰੂਨ ਕੋਲ ਸ਼ਿਕਾਇਤਾਂ ਲੈ
ਕੇ ਆ ਗਏ। 3ਲੋਕਾਂ ਨੇ ਮੂਸਾ ਨਾਲ ਝਗੜਾ ਕੀਤਾ। ਉਨ੍ਹਾਂ ਨੇ
ਆਖਿਆ, "ਸ਼ਾਇਦ ਸਾਨੂੰ ਵੀ ਆਪਣੇ ਹੋਰਨਾਂ ਭਰਾਵਾਂ ਵਾਂਗ
ਯਹੋਵਾਹ ਦੇ ਸਾਹਮਣੇ ਮਰ ਜਾਣਾ ਚਾਹੀਦਾ ਹੈ। 4ਤੁਸੀਂ ਯਹੋਵਾਹ ਦੇ
ਬੰਦਿਆਂ ਨੂੰ ਇਸ ਮਾਰੂਥਲ ਅੰਦਰ ਕਿਉਂ ਲੈ ਕੇ ਆਏ ਹੋ? ਕੀ ਤੁਸੀਂ
ਚਾਹੁੰਦੇ ਹੋ ਕਿ ਅਸੀਂ ਅਤੇ ਸਾਡੇ ਪਸ਼ੂ ਇੱਥੇ ਮਰ ਜਾਈਏ? 5ਤੁਸੀਂ
ਸਾਨੂੰ ਮਿਸਰ ਵਿੱਚੋਂ ਕਿਉਂ ਲੈ ਕੇ ਆਏ? ਤੁਸੀਂ ਸਾਨੂੰ ਇੱਥੇ ਭੈੜੀ ਥਾਂ
ਉੱਤੇ ਕਿਉਂ ਲੈ ਕੇ ਆਏ। ਇੱਥੇ ਕੋਈ ਅਨਾਜ ਨਹੀਂ। ਇੱਥੇ ਕੋਈ
ਅੰਜੀਰ ਨਹੀਂ ਅਤੇ ਨਾ ਕੋਈ ਅੰਗੂਰ ਜਾਂ ਅਨਾਰ ਹਨ। ਅਤੇ ਇੱਥੇ
ਪੀਣ ਲਈ ਪਾਣੀ ਵੀ ਨਹੀਂ।"

6ਇਸ ਲਈ ਮੂਸਾ ਅਤੇ ਹਾਰੂਨ ਲੋਕਾਂ ਦੀ ਭੀੜ ਨੂੰ ਛੱਡ ਕੇ ਮੰਡਲੀ
ਵਾਲੇ ਤੰਬੂ ਵੱਲ ਚਲੇ ਗਏ। ਉਹ ਆਪਣੇ ਮੂੰਹ ਹੇਠਾਂ ਜ਼ਮੀਨ ਵੱਲ
ਕਰਕੇ ਝੁਕ ਗਏ ਅਤੇ ਉਨ੍ਹਾਂ ਨੇ ਯਹੋਵਾਹ ਦਾ ਪਰਤਾਪ ਵੇਖਿਆ।

7ਯਹੋਵਾਹ ਨੇ ਮੂਸਾ ਨਾਲ ਗੱਲ ਕੀਤੀ। ਉਸ ਨੇ ਆਖਿਆ,
8"ਚੱਲਣ ਵਾਲੀ ਖਾਸ ਸੋਟੀ ਲੈ ਆ। ਆਪਣੇ ਭਰਾ ਹਾਰੂਨ ਨੂੰ ਅਤੇ
ਲੋਕਾਂ ਦੀ ਭੀੜ ਨੂੰ ਨਾਲ ਲੈ ਕੇ ਉਸ ਚਟਾਨ ਵੱਲ ਜਾਹ। ਲੋਕਾਂ ਦੇ
ਸਾਹਮਣੇ ਚਟਾਨ ਨਾਲ ਗੱਲ ਕਰ, ਫ਼ੇਰ ਇਸ ਵਿੱਚੋਂ ਪਾਣੀ ਵਗ
ਤੁਰੇਗਾ। ਤੂੰ ਉਹ ਪਾਣੀ ਲੋਕਾਂ ਨੂੰ ਅਤੇ ਉਨ੍ਹਾਂ ਦੇ ਪਸ਼ੂਆਂ ਨੂੰ ਦੇ
ਸਕਦਾ ਹੈ।"

9ਚੱਲਣ ਵਾਲੀ ਸੋਟੀ ਯਹੋਵਾਹ ਦੇ ਸਾਹਮਣੇ ਪਵਿੱਤਰ ਤੰਬੂ
ਵਿੱਚ ਸੀ। ਮੂਸਾ ਨੇ ਯਹੋਵਾਹ ਦੇ ਕਹੇ ਅਨੁਸਾਰ ਸੋਟੀ ਚੁੱਕ ਲਈ।
10ਮੂਸਾ ਅਤੇ ਹਾਰੂਨ ਨੇ ਲੋਕਾਂ ਨੂੰ ਚੱਟਾਨ ਦੇ ਸਾਹਮਣੇ ਇਕੱਠੇ ਹੋਣ
ਲਈ ਆਖਿਆ। ਫ਼ੇਰ ਮੂਸਾ ਨੇ ਆਖਿਆ, "ਤੁਸੀਂ ਲੋਕ ਹਮੇਸ਼ਾ
ਸ਼ਿਕਾਇਤਾਂ ਕਰਦੇ ਰਹਿੰਦੇ ਹੋ। ਹੁਣ ਮੇਰੀ ਗੱਲ ਸੁਣੋ। ਮੈਂ ਇਸ ਚਟਾਨ
ਅੰਦਰੋਂ ਪਾਣੀ ਵਗਾਵਾਂਗਾ।" 11ਮੂਸਾ ਨੇ ਆਪਣੀ ਬਾਂਹ ਚੁੱਕੀ ਅਤੇ
ਦੋ ਵਾਰ ਚਟਾਨ ਉੱਤੇ ਚੋਟ ਕੀਤੀ। ਚਟਾਨ ਵਿੱਚੋਂ ਪਾਣੀ ਵਗਣ ਲੱਗ
ਪਿਆ। ਅਤੇ ਲੋਕਾਂ ਨੇ ਅਤੇ ਲੋਕਾਂ ਦੇ ਪਸ਼ੂਆਂ ਨੇ ਉਹ ਪਾਣੀ ਪੀਤਾ।

12ਪਰ ਯਹੋਵਾਹ ਨੇ ਮੂਸਾ ਅਤੇ ਹਾਰੂਨ ਨੂੰ ਆਖਿਆ, "ਸਾਰੇ
ਇਸਰਾਏਲ ਦੇ ਲੋਕ ਜਮ੍ਹਾ ਸਨ। ਪਰ ਤੁਸੀਂ ਮੇਰੇ ਲਈ ਆਦਰ
ਨਹੀਂ ਪ੍ਰਗਟ ਕੀਤਾ। ਤੁਸੀਂ ਇਸਰਾਏਲ ਦੇ ਲੋਕਾਂ ਨੂੰ ਇਹ ਨਹੀਂ
ਵਿਖਾਇਆ ਕਿ ਪਾਣੀ ਪੈਦਾ ਕਰਨ ਦੀ ਸ਼ਕਤੀ ਮੇਰੇ ਅੰਦਰ ਸੀ।
ਤੁਸੀਂ ਲੋਕਾਂ ਨੂੰ ਇਹ ਨਹੀਂ ਵਿਖਾਇਆ ਕਿ ਤੁਹਾਨੂੰ ਮੇਰੇ ਉੱਤੇ ਭਰੋਸਾ
ਸੀ। ਮੈਂ ਉਨ੍ਹਾਂ ਲੋਕਾਂ ਨੂੰ ਇਹ ਨਹੀਂ ਵਿਖਾਇਆ ਕਿ ਤੁਹਾਨੂੰ ਤੇਰੇ ਉੱਤੇ
ਭਰੋਸਾ ਸੀ। ਮੈਂ ਉਨ੍ਹਾਂ ਲੋਕਾਂ ਨੂੰ ਉਹ ਧਰਤੀ ਦੇਵਾਂਗਾ ਜਿਸ ਦਾ ਮੈਂ
ਉਨ੍ਹਾਂ ਨਾਲ ਇਕਰਾਰ ਕੀਤਾ ਸੀ। ਪਰ ਤੁਸੀਂ ਉਨ੍ਹਾਂ ਦੀ ਉਸ ਧਰਤੀ
ਉੱਤੇ ਅਗਵਾਈ ਨਹੀਂ ਕਰੋਂਗੇ।"

13ਇਸ ਸਥਾਨ ਦਾ ਨਾਮ ਮਰੀਬਾਹ ਦੇ ਪਾਣੀ ਸੀ। ਇਹੀ ਉਹ ਥਾਂ
ਸੀ ਜਿੱਥੇ ਇਸਰਾਏਲ ਦੇ ਲੋਕਾਂ ਨੇ ਯਹੋਵਾਹ ਨਾਲ ਝਗੜਾ ਕੀਤਾ
ਸੀ। ਅਤੇ ਇਹੀ ਉਹ ਥਾਂ ਸੀ ਜਿੱਥੇ ਯਹੋਵਾਹ ਨੇ ਉਨ੍ਹਾਂ ਨੂੰ ਦਰਸਾ
ਦਿੱਤਾ ਸੀ ਕਿ ਉਹ ਪਵਿੱਤਰ ਸੀ।

## ਅਦੋਮ ਇਸਰਾਏਲ ਨੂੰ ਲੰਘਣ ਨਹੀਂ ਦਿੰਦਾ

14ਜਦੋਂ ਮੂਸਾ ਕਾਦੇਸ਼ ਵਿੱਚ ਸੀ ਉਸ ਨੇ ਕੁਝ ਆਦਮੀਆਂ ਨੂੰ ਸੰਦੇਸ਼
ਦੇ ਕੇ ਅਦੋਮ ਦੇ ਰਾਜੇ ਵੱਲ ਭੇਜਿਆ। ਸੰਦੇਸ਼ ਵਿੱਚ ਆਖਿਆ ਗਿਆ
ਸੀ:

"ਤੁਹਾਡੇ ਭਰਾ, ਇਸਰਾਏਲ ਦੇ ਲੋਕ ਤੁਹਾਨੂੰ ਆਖਦੇ
ਹਨ: ਤੁਸੀਂ ਜਾਣਦੇ ਹੋ ਕਿ ਅਸੀਂ ਕੀ-ਕੀ ਮੁਸੀਬਤਾਂ
ਝੱਲੀਆਂ ਹਨ। 15ਬਹੁਤ ਵਰ੍ਹੇ ਪਹਿਲਾਂ, ਸਾਡੇ ਪੁਰਖੇ ਮਿਸਰ
ਨੂੰ ਗਏ ਸਨ ਅਤੇ ਅਸੀਂ ਉੱਥੇ ਕਾਫ਼ੀ ਵਰ੍ਹੇ ਰਹੇ। ਮਿਸਰੀ
ਸਾਡੇ ਨਾਲ ਅਤੇ ਸਾਡੇ ਪੁਰਖਿਆਂ ਨਾਲ ਬੁਰਾ ਵਿਹਾਰ ਕਰ
ਰਹੇ ਸਨ। 16ਪਰ ਅਸੀਂ ਯਹੋਵਾਹ ਪਾਸੋਂ ਸਹਾਇਤਾ ਮੰਗੀ
ਯਹੋਵਾਹ ਨੇ ਸਾਡੀ ਫ਼ਰਿਆਦ ਸੁਣੀ ਅਤੇ ਸਾਡੀ ਸਹਾਇਤਾ
ਲਈ ਇੱਕ ਦੂਤ ਨੂੰ ਭੇਜਿਆ। ਯਹੋਵਾਹ ਸਾਨੂੰ ਮਿਸਰ ਵਿੱਚੋਂ
ਬਾਹਰ ਲੈ ਆਇਆ ਹੈ।

"ਹੁਣ ਅਸੀਂ ਕਾਦੇਸ਼ ਵਿੱਚ ਹਾਂ ਜਿੱਥੇ ਤੁਹਾਡੀ ਧਰਤੀ ਸ਼ੁਰੂ
ਹੁੰਦੀ ਹੈ। 17ਕਿਰਪਾ ਕਰਕੇ ਸਾਨੂੰ ਆਪਣੀ ਧਰਤੀ ਵਿੱਚੋਂ
ਲੰਘ ਲੈਣ ਦਿਉ। ਅਸੀਂ ਖੇਤਾਂ ਜਾਂ ਅੰਗੂਰਾਂ ਦੇ ਬਗੀਚਿਆਂ
ਵਿੱਚੋਂ ਨਹੀਂ ਲੰਘਾਂਗੇ। ਅਸੀਂ ਤੁਹਾਡੇ ਕਿਸੇ ਵੀ ਖੂਹ ਦਾ
ਪਾਣੀ ਨਹੀਂ ਪੀਵਾਂਗੇ। ਅਸੀਂ ਸਿਰਫ਼ ਸ਼ਾਹੀ ਸੜਕ ਉੱਤੋਂ ਦੀ
ਲੰਘਾਗੇ। ਅਸੀਂ ਇਹ ਸੜਕ ਛੱਡ ਕੇ ਸੱਜੇ ਜਾਂ ਖੱਬੇ ਨਹੀਂ
ਹੋਵਾਂਗੇ। ਤੁਹਾਡੇ ਦੇਸ ਵਿੱਚੋਂ ਗੁਜ਼ਰਦੇ ਹੋਏ ਇਸ ਨੂੰ ਪਾਰ
ਕਰ ਜਾਣ ਤੀਕ ਸੜਕ ਉੱਤੇ ਹੀ ਚੱਲਾਂਗੇ।"

18ਪਰ ਅਦੋਮ ਦੇ ਰਾਜੇ ਨੇ ਜਵਾਬ ਦਿੱਤਾ, "ਤੁਸੀਂ ਸਾਡੇ ਦੇਸ ਵਿੱਚੋਂ
ਨਾ ਲੰਘੋਗੇ। ਜੇ ਤੁਸੀਂ ਸਾਡੇ ਦੇਸ ਵਿੱਚੋਂ ਹੋ ਕੇ ਜਾਵੋਂਗੇ, ਤਾਂ ਅਸੀਂ ਆ
ਕੇ ਤੁਹਾਡੇ ਨਾਲ ਤਲਵਾਰਾਂ ਨਾਲ ਜੰਗ ਕਰਾਂਗੇ।"

19ਇਸਰਾਏਲ ਦੇ ਲੋਕਾਂ ਨੇ ਜਵਾਬ ਦਿੱਤਾ, "ਅਸੀਂ ਮੁੱਖ ਸੜਕ
ਉੱਤੋਂ ਦੀ ਲੰਘਾਂਗੇ। ਜੇਕਰ ਅਸੀਂ ਜਾਂ ਸਾਡੇ ਪਸ਼ੂ ਤੁਹਾਡਾ ਪਾਣੀ
ਪੀਣਗੇ ਤਾਂ ਅਸੀਂ ਇਸ ਦਾ ਮੁੱਲ ਤਾਰਾਂਗੇ। ਅਸੀਂ ਸਿਰਫ਼ ਤੁਹਾਡੇ
ਦੇਸ ਵਿੱਚੋਂ ਲੰਘਣਾ ਚਾਹੁੰਦੇ ਹਾਂ ਅਤੇ ਇਸ ਨੂੰ ਆਪਣੇ ਲਈ ਜਿੱਤਣਾ
ਨਹੀਂ ਚਾਹੁੰਦੇ।"

20ਪਰ ਅਦੋਮ ਨੇ ਫ਼ੇਰ ਜਵਾਬ ਦਿੱਤਾ, "ਅਸੀਂ ਤੁਹਾਨੂੰ ਆਪਣੇ
ਦੇਸ ਵਿੱਚ ਨਹੀਂ ਵੜਨ ਦਿਆਂਗੇ।"

ਫ਼ੇਰ ਅਦੋਮ ਦੇ ਰਾਜੇ ਨੇ ਬਹੁਤ ਸ਼ਕਤੀਸ਼ਾਲੀ ਫ਼ੌਜ ਇਕੱਠੀ ਕੀਤੀ
ਅਤੇ ਇਸਰਾਏਲ ਦੇ ਲੋਕਾਂ ਨਾਲ ਲੜਨ ਲਈ ਚਲਾ ਗਿਆ।
21ਅਦੋਮ ਦੇ ਰਾਜੇ ਨੇ ਇਸਰਾਏਲ ਦੇ ਲੋਕਾਂ ਨੂੰ ਆਪਣੇ ਦੇਸ ਵਿੱਚੋਂ
ਲੰਘਣ ਤੋਂ ਇਨਕਾਰ ਕਰ ਦਿੱਤਾ। ਅਤੇ ਇਸਰਾਏਲ ਦੇ ਲੋਕ ਹੋਰ
ਪਾਸੇ ਮੁੜ ਪਏ ਅਤੇ ਹੋਰ ਰਾਹ ਚਲੇ ਗਏ।

## ਹਾਰੂਨ ਦੀ ਮੌਤ

22ਇਸਰਾਏਲ ਦੇ ਸਾਰੇ ਲੋਕ ਕਾਦੇਸ਼ ਤੋਂ ਚੱਲ ਕੇ "ਹੋਰ ਨਾਮੀ
ਪਹਾੜੀ" ਵੱਲ ਚਲੇ ਗਏ। 23"ਹੋਰ ਪਹਾੜੀ" ਅਦੋਮ ਦੀ ਸੀਮਾ
ਲਾਗੇ ਸੀ। ਯਹੋਵਾਹ ਨੇ ਮੂਸਾ ਅਤੇ ਹਾਰੂਨ ਨੂੰ ਆਖਿਆ, 24"ਹੁਣ
ਹਾਰੂਨ ਦੇ ਦੇਹਾਂਤ ਦਾ ਸਮਾਂ ਆ ਗਿਆ ਹੈ ਅਤੇ ਉਸ ਦੇ ਪੁਰਖਿਆਂ
ਕੋਲ ਪਹੁੰਚਣ ਦਾ ਵੇਲਾ ਆ ਗਿਆ ਹੈ। ਹਾਰੂਨ ਉਸ ਧਰਤੀ ਵਿੱਚ
ਦਾਖਲ ਨਹੀਂ ਹੋਵੇਗਾ ਜਿਸ ਦਾ ਮੈਂ ਇਸਰਾਏਲ ਦੇ ਲੋਕਾਂ ਨਾਲ
ਇਕਰਾਰ ਕੀਤਾ ਹੈ। ਮੂਸਾ, ਇਹ ਗੱਲ ਮੈਂ ਤੈਨੂੰ ਆਖਦਾ ਹਾਂ ਕਿਉਂਕਿ
ਤੂੰ ਅਤੇ ਹਾਰੂਨ ਦੋਹਾਂ ਨੇ ਮੇਰੇ ਉਸ ਆਦੇਸ਼ ਦੀ ਪੂਰੀ ਤਰ੍ਹਾਂ ਪਾਲਣਾ
ਨਹੀਂ ਕੀਤੀ ਸੀ ਜਿਹੜਾ ਮੈਂ ਤੁਹਾਨੂੰ ਮਰੀਬਾਹ ਦੇ ਪਾਣੀਆਂ ਕੰਢੇ
ਦਿੱਤਾ ਸੀ।

25"ਹੁਣ, ਹਾਰੂਨ ਅਤੇ ਉਸ ਦੇ ਪੁੱਤਰ ਅਲਆਜ਼ਾਰ ਨੂੰ 'ਹੋਰ
ਪਹਾੜੀ' ਉੱਪਰ ਲੈ ਆ। 26ਹਾਰੂਨ ਦੇ ਖਾਸ ਵਸਤਰ ਉਸ ਕੋਲੋਂ ਲੈ

ਅਤੇ ਇਨ੍ਹਾਂ ਨੂੰ ਉਸ ਦੇ ਪੁੱਤਰ ਅਲਆਜ਼ਾਰ ਨੂੰ ਪਹਿਨਾ ਦੇ, ਹਾਰੂਨ
ਉੱਥੇ ਪਹਾੜੀ ਉੱਤੇ ਮਰ ਜਾਵੇਗਾ। ਅਤੇ ਉਹ ਆਪਣੇ ਪੁਰਖਿਆਂ
ਕੋਲ ਚਲਾ ਜਾਵੇਗਾ।”
27ਮੂਸਾ ਨੇ ਯਹੋਵਾਹ ਦਾ ਆਦੇਸ਼ ਮੰਨ ਲਿਆ। ਮੂਸਾ, ਹਾਰੂਨ ਅਤੇ
ਅਲਆਜ਼ਾਰ ਹੋਰ ਨਾਮੀ ਪਹਾੜੀ ਉੱਪਰ ਚਲੇ ਗਏ। ਇਸਰਾਏਲ ਦੇ
ਸਮੂਹ ਲੋਕਾਂ ਨੇ ਉਨ੍ਹਾਂ ਨੂੰ ਜਾਂਦਿਆ ਦੇਖਿਆ। 28ਮੂਸਾ ਨੇ ਹਾਰੂਨ ਦੇ
ਖਾਸ ਵਸਤਰ ਉਤਾਰ ਲਏ ਅਤੇ ਇਹ ਵਸਤਰ ਹਾਰੂਨ ਦੇ ਪੁੱਤਰ
ਅਲਆਜ਼ਾਰ ਨੂੰ ਪਹਿਨਾ ਦਿੱਤੇ। ਫ਼ੇਰ ਹਾਰੂਨ ਪਹਾੜੀ ਦੀ ਚੋਟੀ ਉੱਤੇ
ਜਾ ਕੇ ਮਰ ਗਿਆ। ਮੂਸਾ ਅਤੇ ਅਲਆਜ਼ਾਰ ਪਹਾੜੀ ਤੋਂ ਹੇਠਾਂ ਉੱਤਰ
ਆਏ। 29ਇਸਰਾਏਲ ਦੇ ਸਮੂਹ ਲੋਕਾਂ ਨੂੰ ਪਤਾ ਲੱਗ ਗਿਆ ਕਿ
ਹਾਰੂਨ ਮਰ ਚੁੱਕਿਆ ਹੈ। ਇਸ ਲਈ ਇਸਰਾਏਲ ਦੇ ਹਰ ਬੰਦੇ ਨੇ
30 ਦਿਨਾਂ ਦਾ ਸੋਗ ਮਨਾਇਆ।

## ਕਨਾਨੀਆਂ ਨਾਲ ਯੁੱਧ

**21** 1ਆਰਾਦ ਦਾ ਕਨਾਨੀ ਰਾਜਾ ਨੇਗੇਵ ਵਿੱਚ ਰਹਿੰਦਾ ਸੀ।
ਉਸ ਨੇ ਸੁਣਿਆ ਕਿ ਇਸਰਾਏਲ ਦੇ ਲੋਕ ਅਥਾਰੀਮ ਨੂੰ
ਜਾਣ ਵਾਲੀ ਸੜਕ ਉੱਤੇ ਆ ਰਹੇ ਸਨ। ਇਸ ਲਈ ਰਾਜੇ ਨੇ ਬਾਹਰ
ਆ ਕੇ ਇਸਰਾਏਲ ਦੇ ਲੋਕਾਂ ਉੱਤੇ ਹਮਲਾ ਕਰ ਦਿੱਤਾ। ਉਸ ਨੇ ਕੁਝ
ਲੋਕਾਂ ਨੂੰ ਫ਼ੜ ਕੇ ਬੰਦੀ ਬਣਾ ਲਿਆ। 2ਤਾਂ ਇਸਰਾਏਲ ਦੇ ਲੋਕਾਂ ਨੇ
ਯਹੋਵਾਹ ਨਾਲ ਇੱਕ ਖਾਸ ਇਕਰਾਰ ਕੀਤਾ: “ਯਹੋਵਾਹ, ਇਨ੍ਹਾਂ ਲੋਕਾਂ
ਨੂੰ ਹਰਾਉਣ ਵਿੱਚ ਸਾਡੀ ਸਹਾਇਤਾ ਕਰ। ਜੇ ਤੂੰ ਅਜਿਹਾ ਕੀਤਾ, ਤਾਂ
ਅਸੀਂ ਉਨ੍ਹਾਂ ਦੇ ਸ਼ਹਿਰ ਤੈਨੂੰ ਅਰਪਣ ਕਰ ਦਿਆਂਗੇ। ਅਸੀਂ ਉਨ੍ਹਾਂ ਨੂੰ
ਪੂਰੀ ਤਰ੍ਹਾਂ ਬਰਬਾਦ ਕਰ ਦਿਆਂਗੇ।”
3ਯਹੋਵਾਹ ਨੇ ਇਸਰਾਏਲ ਦੇ ਲੋਕਾਂ ਦੀ ਗੱਲ ਸੁਣੀ। ਅਤੇ
ਯਹੋਵਾਹ ਨੇ ਇਸਰਾਏਲ ਦੇ ਲੋਕਾਂ ਦੀ ਕਨਾਨੀ ਲੋਕਾਂ ਨੂੰ ਹਰਾਉਣ
ਵਿੱਚ ਮਦਦ ਕੀਤੀ। ਇਸਰਾਏਲ ਦੇ ਲੋਕਾਂ ਨੇ ਕਨਾਨੀ ਲੋਕਾਂ ਅਤੇ
ਉਨ੍ਹਾਂ ਦੇ ਸ਼ਹਿਰਾਂ ਨੂੰ ਪੂਰੀ ਤਰ੍ਹਾਂ ਤਬਾਹ ਕਰ ਦਿੱਤਾ। ਇਸ ਲਈ ਉਸ
ਸਥਾਨ ਦਾ ਨਾਮ ਹਾਰਮਾਹ ਰੱਖ ਦਿੱਤਾ ਗਿਆ।

## ਕਾਂਸੇ ਦਾ ਸੱਪ

4ਇਸਰਾਏਲ ਦੇ ਲੋਕ ਹੋਰ ਪਰਬਤ ਨੂੰ ਛੱਡ ਕੇ ਲਾਲ ਸਾਗਰ ਵੱਲ
ਜਾਂਦੀ ਸੜਕ ਉੱਤੇ ਚੱਲ ਪਏ। ਉਨ੍ਹਾਂ ਨੇ ਅਜਿਹਾ ਅਦੋਮ ਦੇ ਦੇਸ ਦੇ
ਆਲੇ-ਦੁਆਲੇ ਜਾਣ ਲਈ ਕੀਤਾ। ਪਰ ਲੋਕ ਅਧੀਰ ਹੋ ਉੱਠੇ। 5ਲੋਕਾਂ
ਨੇ ਮੂਸਾ ਅਤੇ ਪਰਮੇਸ਼ੁਰ ਦੇ ਖਿਲਾਫ਼ ਬੋਲਣਾ ਸ਼ੁਰੂ ਕਰ ਦਿੱਤਾ। ਉਨ੍ਹਾਂ ਨੇ
ਆਖਿਆ, “ਤੁਸੀਂ ਸਾਨੂੰ ਇੱਥੇ ਮਾਰੂਥਲ ਵਿੱਚ ਮਰਨ ਵਾਸਤੇ ਮਿਸਰ
ਵਿੱਚੋਂ ਬਾਹਰ ਕਿਉਂ ਲੈ ਕੇ ਆਏ ਹੋ? ਇੱਥੇ ਕੋਈ ਰੋਟੀ, ਕੋਈ ਪਾਣੀ
ਨਹੀਂ ਹੈ ਅਤੇ ਅਸੀਂ ਇਸ ਭਿਆਨਕ ਭੋਜਨ ਨੂੰ ਨਫ਼ਰਤ ਕਰਦੇ ਹਾਂ!”
6ਇਸ ਲਈ ਯਹੋਵਾਹ ਨੇ ਲੋਕਾਂ ਦਰਮਿਆਨ ਜ਼ਹਿਰੀਲੇ ਸੱਪ ਭੇਜ
ਦਿੱਤੇ। ਸੱਪਾਂ ਨੇ ਲੋਕਾਂ ਨੂੰ ਡਸਿਆ, ਅਤੇ ਬਹੁਤ ਸਾਰੇ ਇਸਰਾਏਲੀ
ਮਾਰੇ ਗਏ। 7ਲੋਕ ਮੂਸਾ ਕੋਲ ਆਏ ਅਤੇ ਆਖਿਆ, “ਅਸੀਂ ਜਾਣਦੇ
ਹਾਂ ਕਿ ਜਦੋਂ ਅਸੀਂ ਯਹੋਵਾਹ ਦੇ ਅਤੇ ਤੇਰੇ ਵਿਰੁੱਧ ਬੋਲਿਆ ਤਾਂ ਅਸੀਂ
ਪਾਪ ਕੀਤਾ। ਯਹੋਵਾਹ ਅੱਗੇ ਪ੍ਰਾਰਥਨਾ ਕਰ। ਉਸ ਨੂੰ ਆਖ ਕਿ
ਇਨ੍ਹਾਂ ਸੱਪਾਂ ਨੂੰ ਦੂਰ ਹਟਾ ਲਵੇ।” ਇਸ ਲਈ ਮੂਸਾ ਨੇ ਲੋਕਾਂ ਲਈ
ਪ੍ਰਾਰਥਨਾ ਕੀਤੀ।
8ਯਹੋਵਾਹ ਨੇ ਮੂਸਾ ਨੂੰ ਆਖਿਆ, “ਇੱਕ ਕਾਂਸੇ ਦਾ ਸੱਪ ਬਣਾ
ਅਤੇ ਇਸ ਨੂੰ ਸੋਟੀ ਉੱਤੇ ਟੰਗ ਦਿਹ। ਜੇ ਕਿਸੇ ਬੰਦੇ ਨੂੰ ਸੱਪ ਡਸ
ਲਵੇ, ਤਾਂ ਉਸ ਬੰਦੇ ਨੂੰ ਚਾਹੀਦਾ ਹੈ ਕਿ ਉਹ ਸੋਟੇ ਉੱਤੇ ਟੰਗੇ ਸੱਪ
ਵੱਲ ਦੇਖੇ। ਤਾਂ ਉਹ ਬੰਦਾ ਨਹੀਂ ਮਰੇਗਾ।” 9ਇਸ ਲਈ ਮੂਸਾ
ਨੇ ਯਹੋਵਾਹ ਦਾ ਆਦੇਸ਼ ਮੰਨਿਆ। ਉਸ ਨੇ ਕਾਂਸੇ ਦਾ ਇੱਕ ਸੱਪ
ਬਣਾਇਆ ਅਤੇ ਇਸ ਨੂੰ ਸੋਟੀ ਉੱਤੇ ਟੰਗ ਦਿੱਤਾ। ਫ਼ੇਰ ਜਦੋਂ ਵੀ
ਕਿਸੇ ਬੰਦੇ ਨੂੰ ਸੱਪ ਲੜਿਆ, ਉਸ ਵਿਅਕਤੀ ਨੇ ਸੋਟੀ ਉੱਤੇ ਟੰਗੇ
ਸੱਪ ਵੱਲ ਦੇਖਿਆ ਅਤੇ ਜੀਉਂਦਾ ਰਿਹਾ।

## ਮੋਆਬ ਦੀ ਯਾਤਰਾ

10ਇਸਰਾਏਲ ਦੇ ਲੋਕ ਉੱਥੋਂ ਚੱਲ ਪਏ ਅਤੇ ਓਬੋਥ ਵਿਖੇ ਡੇਰਾ ਲਾ
ਲਿਆ। 11ਫ਼ੇਰ ਉਨ੍ਹਾਂ ਨੇ ਓਬੋਥ ਨੂੰ ਛੱਡ ਕੇ ਮੋਆਬ ਦੇ ਪੂਰਬ ਵੱਲ
ਮਾਰੂਥਲ ਅੰਦਰ ਆਏ ਉਨ੍ਹਾਂ ਅਬਾਰੀਮ ਵਿਖੇ ਡੇਰਾ ਲਾਇਆ।
12ਉਨ੍ਹਾਂ ਨੇ ਉਹ ਥਾਂ ਛੱਡ ਕੇ ਜ਼ਰਦ ਵਾਦੀ ਅੰਦਰ ਡੇਰਾ ਲਾਇਆ।
13ਫ਼ੇਰ ਉਨ੍ਹਾਂ ਨੇ ਉਹ ਥਾਂ ਛੱਡ ਕੇ ਮਾਰੂਥਲ ਵਿੱਚ ਅਰਨੋਨ ਨਦੀ ਦੇ
ਪਰਲੇ ਪਾਸੇ ਡੇਰਾ ਲਾਇਆ। ਇਹ ਨਦੀ ਅਮੋਰੀਆਂ ਦੀ ਸਰਹੱਦ ਤੋਂ
ਸ਼ੁਰੂ ਹੁੰਦੀ ਸੀ। ਵਾਦੀ, ਮੋਆਬ ਅਤੇ ਅਮੋਰੀਆਂ ਦੀਆਂ ਸਰਹੱਦਾਂ ਦੇ
ਵਿਚਾਲੇ ਸੀ। 14ਇਸੇ ਲਈ ***ਯਹੋਵਾਹ ਦੇ ਯੁੱਧਾਂ ਦੀ ਪੋਥੀ*** ਵਿੱਚ
ਨਿਮਨਲਿਖਤ ਸ਼ਬਦ ਲਿਖੇ ਹੋਏ ਹਨ:

“ਅਤੇ ਸੂਫ਼ਾਹ ਵਿੱਚਲੇ ਵਾਹੇਬ, ਅਤੇ ਅਰਨੋਨ ਦੀਆਂ
ਵਾਦੀਆਂ, 15ਅਤੇ ਉਹ ਪਹਾੜੀਆਂ ਅਤੇ ਵਾਦੀਆਂ
ਜਿਹੜੀਆਂ ਆਰ ਸ਼ਹਿਰ ਵੱਲ ਜਾਂਦੀਆਂ ਹਨ। ਇਹ
ਸਥਾਨ ਮੋਆਬ ਦੀ ਸਰਹੱਦ ਉੱਤੇ ਸਨ।”

16ਇਸਰਾਏਲ ਦੇ ਲੋਕਾਂ ਨੇ ਉਹ ਥਾਂ ਛੱਡ ਦਿੱਤੀ ਅਤੇ ਬਏਰ ਵੱਲ
ਚਲੇ ਗਏ। ਇਹ ਖੂਹ ਵਾਲੀ ਥਾਂ ਸੀ। ਇਹੀ ਉਹ ਥਾਂ ਸੀ ਜਿੱਥੇ ਮੂਸਾ
ਨੂੰ ਯਹੋਵਾਹ ਨੇ ਆਖਿਆ ਸੀ, “ਲੋਕਾਂ ਨੂੰ ਇਕੱਠੇ ਕਰਕੇ ਇੱਥੇ ਲਿਆ
ਅਤੇ ਮੈਂ ਉਨ੍ਹਾਂ ਨੂੰ ਪਾਣੀ ਦਿਆਂਗਾ।” 17ਫ਼ੇਰ ਇਸਰਾਏਲ ਦੇ ਲੋਕਾਂ
ਨੇ ਇਹ ਗੀਤ ਗਾਇਆ:

“ਖੂਹੀਏ, ਪਾਣੀ ਨਾਲ ਭਰ ਜਾ। ਇਸ, ਲਈ ਗੀਤ ਗਾਵੋ!
18 ਮਹਾਨ ਆਦਮੀਆਂ ਨੇ ਆਪਣੀਆਂ ਸੋਟੀਆਂ ਅਤੇ ਸੱਬਲਾਂ
ਦੀ ਮਦਦ ਨਾਲ ਉਹ ਖੂਹ ਪੁੱਟਿਆ ਸੀ। ਇਹ ਮਾਰੂਥਲ
ਵਿੱਚ ਇੱਕ ਸੁਗਾਤ ਹੈ। ਇਸ ਲਈ ਲੋਕਾਂ ਨੇ ਉਸ ਖੂਹ ਨੂੰ
‘ਮੱਤਾਨਾਹ’ ਬੁਲਾਇਆ।”

19ਲੋਕ ਮੱਤਾਨਾਹ ਤੋਂ ਚੱਲ ਕੇ ਨਹਲੀਏਲ ਵੱਲ ਗਏ। ਫ਼ੇਰ
ਨਹਲੀਏਲ ਤੋਂ ਚੱਲ ਕੇ ਬਾਮੋਥ ਵੱਲ ਗਏ। 20ਲੋਕਾਂ ਨੇ ਬਾਮੋਥ
ਛੱਡ ਦਿੱਤਾ ਅਤੇ ਮੋਆਬ ਦੇ ਖੇਤਰ ਵਿੱਚਲੀ ਇੱਕ ਵਾਦੀ ਵੱਲ ਗਏ।
ਇਸ ਥਾਂ ਤੋਂ ਪਿਸਗਾਹ ਪਹਾੜ ਦੀ ਚੋਟੀ ਤੋਂ, ਤੁਸੀਂ ਮਾਰੂਥਲ ਵੱਲ
ਵੇਖ ਸਕਦੇ ਹੋ।

## ਸੀਹੋਨ ਅਤੇ ਓਗ

21ਇਸਰਾਏਲ ਦੇ ਲੋਕਾਂ ਨੇ ਕੁਝ ਆਦਮੀਆਂ ਨੂੰ ਸੀਹੋਨ, ਅਮੋਰੀਆਂ
ਦੇ ਰਾਜੇ ਵੱਲ ਭੇਜਿਆ। ਉਨ੍ਹਾਂ ਨੇ ਰਾਜੇ ਨੂੰ ਆਖਿਆ,

22“ਕਿਰਪਾ ਕਰਕੇ ਸਾਨੂੰ ਆਪਣੇ ਦੇਸ ਵਿੱਚੋਂ ਦੀ ਲੰਘ
ਲੈਣ ਦਿਉ। ਅਸੀਂ ਕਿਸੇ ਖੇਤ ਜਾਂ ਅੰਗੂਰਾਂ ਦੇ ਬਾਗ
ਵਿੱਚੋਂ ਹੋ ਕੇ ਨਹੀਂ ਲੰਘਾਂਗੇ ਜਾਂ ਤੁਹਾਡੇ ਕਿਸੇ ਵੀ ਖੂਹ ਦਾ
ਪਾਣੀ ਨਹੀਂ ਪੀਵਾਂਗੇ। ਅਸੀਂ ਸਿਰਫ਼ ਮੁਖ ਸੜਕ ਤੋਂ ਦੀ
ਲੰਘਾਂਗੇ। ਤੁਹਾਡੇ ਦੇਸ ਵਿੱਚੋਂ ਲੰਘ ਜਾਣ ਤੱਕ ਅਸੀਂ ਸੜਕ
ਉੱਤੇ ਹੀ ਰਹਾਂਗੇ।”

23ਪਰ ਰਾਜੇ ਸੀਹੋਨ ਨੇ ਇਸਰਾਏਲ ਦੇ ਲੋਕਾਂ ਨੂੰ ਆਪਣੇ ਦੇਸ
ਵਿੱਚੋਂ ਨਹੀਂ ਜਾਣ ਦਿੱਤਾ। ਰਾਜੇ ਨੇ ਆਪਣੀ ਫ਼ੌਜ ਇਕੱਠੀ ਕੀਤੀ
ਅਤੇ ਮਾਰੂਥਲ ਵੱਲ ਕੂਚ ਕਰ ਦਿੱਤਾ। ਉਹ ਇਸਰਾਏਲ ਦੇ ਲੋਕਾਂ
ਵਿਰੁੱਧ ਲੜਨ ਲਈ ਪੇਸ਼ ਕਦਮੀ ਕਰ ਰਿਹਾ ਸੀ। ਯਹਸ ਦੇ ਸਥਾਨ
ਉੱਤੇ ਰਾਜੇ ਦੀ ਫ਼ੌਜ ਨੇ ਇਸਰਾਏਲ ਦੇ ਲੋਕਾਂ ਵਿਰੁੱਧ ਲੜਾਈ
ਕੀਤੀ।
24ਪਰ ਇਸਰਾਏਲ ਦੇ ਲੋਕ ਅਮੋਰੀਆਂ ਨਾਲ ਲੜੇ ਅਤੇ ਅਰਨੋਨ
ਨਦੀ ਤੋਂ ਲੈ ਕੇ ਯੱਬੋਕ ਨਦੀ ਤੱਕ, ਉਨ੍ਹਾਂ ਦੀ ਜ਼ਮੀਨ ਲੈ ਲਈ। ਉਨ੍ਹਾਂ
ਨੇ ਅੰਮੋਨ ਸਰਹੱਦ ਤੱਕ ਦੀ ਜ਼ਮੀਨ ਲੈ ਲਈ। ਸਰਹੱਦ ਉੱਤੇ ਪਹੁੰਚ
ਕੇ ਉਹ ਰੁਕ ਗਏ ਕਿਉਂਕਿ ਇੱਥੇ ਅੰਮੋਨੀਆ ਦਾ ਸਖਤ ਪਹਿਰਾ ਸੀ।
25ਇਸਰਾਏਲ ਨੇ ਅਮੋਰੀਆਂ ਦੇ ਸਮੂਹ ਸ਼ਹਿਰਾਂ ਉੱਤੇ ਕਬਜ਼ਾ ਕਰ
ਲਿਆ ਅਤੇ ਉੱਥੇ ਰਹਿਣ ਲੱਗੇ। ਉਨ੍ਹਾਂ ਨੇ ਹਸ਼ਬੋਨ ਸ਼ਹਿਰ ਅਤੇ ਉਸ
ਦੇ ਇਰਦ-ਗਿਰਦ ਦੇ ਕਸਬਿਆਂ ਨੂੰ ਵੀ ਹਰਾ ਦਿੱਤਾ। 26ਹਸ਼ਬੋਨ
ਉਹ ਸ਼ਹਿਰ ਸੀ ਜਿੱਥੇ ਅਮੋਰੀਆਂ ਦਾ ਰਾਜਾ ਸੀਹੋਨ ਰਹਿੰਦਾ ਸੀ।
ਅਤੀਤ ਵਿੱਚ, ਸੀਹੋਨ ਨੇ ਮੋਆਬ ਦੇ ਰਾਜੇ ਵਿਰੁੱਧ ਲੜਾਈ ਕੀਤੀ
ਸੀ। ਸੀਹੋਨ ਨੇ ਅਰਨੋਨ ਨਦੀ ਤੱਕ ਦਾ ਇਲਾਕਾ ਜਿੱਤ ਲਿਆ ਸੀ।
27ਇਹੀ ਕਾਰਣ ਹੈ ਕਿ ਗਾਇਕ, ਇਹ ਗੀਤ ਗਾਉਂਦੇ ਹਨ:

"ਜਾਉ, ਜਾ ਕੇ ਹਸ਼ਬੋਨ ਨੂੰ ਫ਼ੇਰ ਉਸਾਰੋ! ਸੀਹੋਨ ਦੇ ਸ਼ਹਿਰ
ਨੂੰ ਮਜ਼ਬੂਤ ਬਣਾਉ।
28 ਅੱਗ ਹਸ਼ਬੋਨ ਵਿੱਚ ਲੱਗੀ ਅੱਗ ਉਸ ਸੀਹੋਨ ਦੇ ਸ਼ਹਿਰ
ਅੰਦਰ ਲੱਗੀ ਅੱਗ ਨੇ ਆਰ, ਮੋਆਬ ਨੂੰ ਤਬਾਹ ਕੀਤਾ।
ਇਸ ਨੇ ਅਰਨੋਨ ਨਦੀ ਦੇ ਉਤਲੀਆਂ ਪਹਾੜੀਆਂ ਸਾੜ
ਦਿੱਤੀਆਂ।
29 ਤੇਰੇ ਉੱਤੇ ਹਾਏ, ਮੋਆਬ। ਤੂੰ ਕਮੋਸ਼ ਦੇ ਲੋਕ ਗਵਾ ਲਏ
ਹਨ। ਉਸ ਦੇ ਪੁੱਤਰ ਭਗੌੜੇ ਹਨ। ਉਸ ਦੀਆਂ ਧੀਆਂ,
ਅਮੋਰੀਆਂ ਦੇ ਰਾਜੇ ਸੀਹੋਨ ਦੁਆਰਾ ਕੈਦੀ ਬਣਾ ਲਈਆਂ
ਗਈਆਂ ਹਨ।
30 ਪਰ ਅਸੀਂ ਉਨ੍ਹਾਂ ਅਮੋਰੀਆਂ ਨੂੰ ਹਰਾ ਦਿੱਤਾ ਅਤੇ ਹਸ਼ਬੋਨ
ਤੋਂ ਦੀਬੋਨ ਤੱਕ, ਮੇਦਬਾ ਦੇ ਨੇੜੇ ਨਾਸ਼ੀਮ ਤੋਂ ਨੋਫ਼ਾਹ ਤੀਕ,
ਉਨ੍ਹਾਂ ਦੇ ਨਗਰਾਂ ਨੂੰ ਤਬਾਹ ਕਰ ਦਿੱਤਾ।"

31ਇਸਰਾਏਲੀ ਅਮੋਰੀਆਂ ਦੀ ਧਰਤੀ ਅੰਦਰ ਵਸ ਗਏ।
32ਮੂਸਾ ਨੇ ਕੁਝ ਆਦਮੀਆਂ ਨੂੰ ਯਾਜ਼ੇਰ ਦਾ ਨਗਰ ਦੇਖਣ ਲਈ
ਭੇਜਿਆ। ਜਦੋਂ ਮੂਸਾ ਨੇ ਅਜਿਹਾ ਕੀਤਾ, ਇਸਰਾਏਲ ਦੇ ਲੋਕਾਂ ਨੇ
ਨਗਰ ਉੱਤੇ ਕਬਜ਼ਾ ਕਰ ਲਿਆ। ਇਸਰਾਏਲ ਦੇ ਲੋਕਾਂ ਨੇ ਉੱਥੇ
ਰਹਿਣ ਵਾਲੇ ਅਮੋਰੀ ਲੋਕਾਂ ਨੂੰ ਭਜਾ ਦਿੱਤਾ।
33ਫ਼ੇਰ ਇਸਰਾਏਲੀ ਲੋਕ ਬਾਸ਼ਾਨ ਨੂੰ ਜਾਣ ਵਾਲੀ ਸੜਕ ਉੱਤੇ
ਤੁਰ ਪਏ। ਬਾਸ਼ਾਨ ਦੇ ਰਾਜੇ ਓਗ ਨੇ ਆਪਣੀਆਂ ਫ਼ੌਜਾਂ ਇਸਰਾਏਲ
ਦੇ ਲੋਕਾਂ ਉੱਤੇ ਚੜ੍ਹਾ ਲਿਆਂਦੀਆਂ। ਉਸ ਨੇ ਉਨ੍ਹਾਂ ਨਾਲ ਅਦਰਈ
ਵਿਖੇ ਲੜਾਈ ਕੀਤੀ।
34ਪਰ ਯਹੋਵਾਹ ਨੇ ਮੂਸਾ ਨੂੰ ਆਖਿਆ, "ਉਸ ਰਾਜੇ ਕੋਲੋਂ ਨਾ
ਡਰੋ। ਉਸ ਨੂੰ ਹਰਾਉਣ ਲਈ ਮੈਂ ਉਸ ਨੂੰ ਤੁਹਾਨੂੰ ਦਿੰਦਾ ਹਾਂ। ਤੁਸੀਂ
ਉਸ ਦੀ ਸਾਰੀ ਫ਼ੌਜ ਅਤੇ ਉਸ ਦੀ ਸਾਰੀ ਧਰਤੀ ਉੱਤੇ ਕਬਜ਼ਾ ਕਰ
ਲਵੋਂਗੇ। ਉਸ ਨਾਲ ਉਹੀ ਸਲੂਕ ਕਰੋ ਜਿਹੜਾ ਤੁਸੀਂ ਹਸ਼ਬੋਨ ਵਿੱਚ
ਅਮੋਰੀਆਂ ਦੇ ਰਾਜੇ ਸੀਹੋਨ ਨਾਲ ਕੀਤਾ ਸੀ।"
35ਇਸ ਤਰ੍ਹਾਂ ਇਸਰਾਏਲ ਦੇ ਲੋਕਾਂ ਨੇ ਓਗ ਅਤੇ ਉਸ ਦੀ ਫ਼ੌਜ
ਨੂੰ ਹਰਾ ਦਿੱਤਾ। ਉਨ੍ਹਾਂ ਨੇ ਉਸ ਨੂੰ ਅਤੇ ਉਸ ਦੇ ਪੁੱਤਰਾਂ ਨੂੰ ਅਤੇ ਉਸ
ਦੀ ਸਾਰੀ ਫ਼ੌਜ ਨੂੰ ਮਾਰ ਮੁਕਾਇਆ। ਫ਼ੇਰ ਇਸਰਾਏਲ ਦੇ ਲੋਕਾਂ ਨੇ
ਉਸ ਦੀ ਸਾਰੀ ਧਰਤੀ ਉੱਤੇ ਕਬਜ਼ਾ ਕਰ ਲਿਆ।

## ਬਿਲਆਮ ਅਤੇ ਮੋਆਬ ਦਾ ਰਾਜਾ

22 1ਫ਼ੇਰ ਇਸਰਾਏਲ ਦੇ ਲੋਕ ਮੋਆਬ ਵਿੱਚਲੀ ਯਰਦਨ
ਵਾਦੀ ਵੱਲ ਚਲੇ ਗਏ। ਉਨ੍ਹਾਂ ਨੇ ਯਰੀਹੋ ਦੇ ਸਾਹਮਣੇ
ਯਰਦਨ ਨਦੀ ਨੇੜੇ ਡੇਰਾ ਲਾਇਆ।
2-3ਸਿੱਪੋਰ ਦੇ ਪੁੱਤਰ ਬਾਲਾਕ ਨੇ ਉਹ ਸਾਰੀਆਂ ਚੀਜ਼ਾਂ ਦੇਖੀਆਂ
ਜਿਹੜੀਆਂ ਇਸਰਾਏਲ ਦੇ ਲੋਕਾਂ ਨੇ ਅਮੋਰੀ ਲੋਕਾਂ ਨਾਲ ਕੀਤੀਆਂ
ਸਨ। ਮੋਆਬ ਦਾ ਰਾਜਾ ਬਹੁਤ ਭੈਭੀਤ ਸੀ, ਕਿਉਂਕਿ ਉੱਥੇ
ਇਸਰਾਏਲ ਦੇ ਬਹੁਤ ਜ਼ਿਆਦਾ ਲੋਕ ਸਨ। ਮੋਆਬ ਸੱਚ ਮੁੱਚ
ਉਨ੍ਹਾਂ ਪਾਸੋਂ ਡਰਦਾ ਸੀ।
4ਮੋਆਬ ਦੇ ਰਾਜੇ ਨੇ ਮਿਦਯਾਨ ਦੇ ਆਗੂਆਂ ਨੂੰ ਆਖਿਆ,
"ਲੋਕਾਂ ਦੀ ਐਡੀ ਵੱਡੀ ਭੀੜ, ਸਾਡੇ ਆਲੇ-ਦੁਆਲੇ ਦੀ ਹਰ ਸ਼ੈਅ ਨੂੰ
ਨਸ਼ਟ ਕਰ ਦੇਵੇਗੀ, ਜਿਵੇਂ ਕੋਈ ਬਲਦ ਕਿਸੇ ਖੇਤ ਦੇ ਸਾਰੇ ਘਾਹ
ਨੂੰ ਚਰ ਜਾਂਦਾ ਹੈ।"
ਉਸ ਸਮੇਂ ਸਿੱਪੋਰ ਦਾ ਪੁੱਤਰ ਬਾਲਾਕ ਮੋਆਬ ਦਾ ਰਾਜਾ ਸੀ।
5ਉਸ ਨੇ ਕੁਝ ਲੋਕਾਂ ਨੂੰ ਬਓਰ ਦੇ ਪੁੱਤਰ ਬਿਲਆਮ ਨੂੰ ਸੱਦਣ
ਲਈ ਭੇਜਿਆ। ਬਿਲਆਮ, ਫ਼ਰਾਤ ਨਦੀ ਦੇ ਨੇੜੇ ਪਥੋਰ ਵਿਖੇ
ਸੀ। ਇੱਥੇ ਸਿਰਫ਼ ਬਿਲਆਮ ਦੇ ਲੋਕ ਰਹਿੰਦੇ ਸਨ। ਬਾਲਾਕ ਦਾ
ਸੰਦੇਸ਼ ਇਹ ਸੀ:

"ਲੋਕਾਂ ਦੀ ਇੱਕ ਨਵੀਂ ਕੌਮ ਮਿਸਰ ਵਿੱਚੋਂ ਆਈ ਹੈ।
ਉਹ ਗਿਣਤੀ ਵਿੱਚ ਇੰਨੇ ਹਨ ਕਿ ਉਨ੍ਹਾਂ ਨੇ ਸਾਰੀ ਧਰਤੀ
ਨੂੰ ਕੱਜ ਲਿਆ ਹੈ। ਉਨ੍ਹਾਂ ਨੇ ਮੈਥੋਂ ਅੱਗੇ ਡੇਰਾ ਲਾਇਆ
ਹੋਇਆ ਹੈ। 6ਆ ਕੇ ਮੇਰੇ ਲਈ ਇਨ੍ਹਾਂ ਲੋਕਾਂ ਨੂੰ ਸਰਾਪ
ਦੇਹ। ਇਹ ਲੋਕ ਮੇਰੇ ਨਾਲੋਂ ਵੱਧ ਤਾਕਤਵਰ ਹਨ। ਮੈਨੂੰ
ਪਤਾ ਹੈ ਕਿ ਤੇਰੇ ਕੋਲ ਬਹੁਤ ਤਾਕਤ ਹੈ। ਜੇ ਤੂੰ ਕਿਸੇ
ਵਿਅਕਤੀ ਨੂੰ ਅਸੀਸ ਦੇ ਦੇਵੇਂ ਤਾਂ ਉਸ ਦੀ ਕਿਸਮਤ ਖੁਲ੍ਹ
ਜਾਂਦੀ ਹੈ ਅਤੇ ਜੇ ਤੂੰ ਕਿਸੇ ਨੂੰ ਸਰਾਪ ਦੇਵੇਂ, ਉਸ ਨਾਲ
ਬੁਰੀਆਂ ਗੱਲਾਂ ਵਾਪਰਨਗੀਆਂ। ਇਸ ਲਈ ਆ ਕੇ ਇਨ੍ਹਾਂ
ਲੋਕਾਂ ਨੂੰ ਸਰਾਪ ਦੇਹ। ਸ਼ਾਇਦ ਫ਼ੇਰ ਮੈਂ ਇਨ੍ਹਾਂ ਨੂੰ ਹਰਾ
ਸਕਾਂ।"

7ਮੋਆਬ ਅਤੇ ਮਿਦਯਾਨ ਦੇ ਆਗੂ ਬਿਲਆਮ ਨਾਲ ਗੱਲ ਕਰਨ
ਲਈ ਚਲੇ ਗਏ। ਉਨ੍ਹਾਂ ਕੋਲ ਉਸ ਨੂੰ ਦੇਣ ਲਈ ਪੈਸੇ ਸਨ ਅਤੇ
ਉਨ੍ਹਾਂ ਨੇ ਉਸ ਨੂੰ ਬਾਲਾਕ ਦੀ ਆਖੀ ਹੋਈ ਹਰ ਗੱਲ ਦੱਸੀ।
8ਬਿਲਆਮ ਨੇ ਉਨ੍ਹਾਂ ਨੂੰ ਆਖਿਆ, "ਰਾਤ ਨੂੰ ਇੱਥੇ ਹੀ ਠਹਿਰੋ।
ਮੈਂ ਯਹੋਵਾਹ ਨਾਲ ਗੱਲ ਕਰਾਂਗਾ ਅਤੇ ਤੁਹਾਨੂੰ ਦੱਸਾਂਗਾ ਕਿ ਉਹ ਕੀ
ਆਖਦਾ ਹੈ।" ਇਸ ਲਈ ਮੋਆਬ ਦੇ ਆਗੂ ਉਸ ਰਾਤ ਬਿਲਆਮ
ਦੇ ਨਾਲ ਉੱਥੇ ਹੀ ਠਹਿਰ ਗਏ।
9ਪਰਮੇਸ਼ੁਰ ਬਿਲਆਮ ਕੋਲ ਆਇਆ ਅਤੇ ਪੁੱਛਿਆ, "ਤੇਰੇ
ਨਾਲ ਇਹ ਕੌਣ ਲੋਕ ਹਨ?"
10ਬਿਲਆਮ ਨੇ ਪਰਮੇਸ਼ੁਰ ਨੂੰ ਆਖਿਆ, "ਸਿੱਪੋਰ ਦੇ ਪੁੱਤਰ
ਬਾਲਾਕ, ਮੋਆਬ ਦੇ ਰਾਜੇ ਨੇ ਇਨ੍ਹਾਂ ਨੂੰ ਮੇਰੇ ਕੋਲ ਇੱਕ ਸੁਨੇਹਾ ਦੇ ਕੇ
ਘੱਲਿਆ ਹੈ। 11ਸੁਨੇਹਾ ਇਹ ਹੈ: ਲੋਕਾਂ ਦੀ ਇੱਕ ਨਵੀਂ ਕੌਮ ਮਿਸਰ
ਤੋਂ ਬਾਹਰ ਆ ਗਈ ਹੈ। ਇਹ ਲੋਕ ਇੰਨੇ ਜ਼ਿਆਦਾ ਹਨ ਕਿ ਸਾਰੀ
ਧਰਤੀ ਕੱਜੀ ਹੋਈ ਹੈ। ਇਸ ਲਈ ਆ ਅਤੇ ਇਨ੍ਹਾਂ ਨੂੰ ਸਰਾਪ ਦੇਹ।

ਤਾਂ ਸ਼ਾਇਦ ਮੈਂ ਇਨ੍ਹਾਂ ਨਾਲ ਲੜ ਸਕਾਂ ਅਤੇ ਇਨ੍ਹਾਂ ਨੂੰ ਆਪਣੇ ਦੇਸ
ਵਿੱਚੋਂ ਬਾਹਰ ਕੱਢ ਸਕਾਂ।”
12ਪਰ ਪਰਮੇਸ਼ੁਰ ਨੇ ਬਿਲਆਮ ਨੂੰ ਆਖਿਆ, “ਉਨ੍ਹਾਂ ਦੇ ਨਾਲ
ਨਾ ਜਾਵੀਂ। ਤੈਨੂੰ ਇਨ੍ਹਾਂ ਲੋਕਾਂ ਨੂੰ ਸਰਾਪ ਨਹੀਂ ਦੇਣਾ ਚਾਹੀਦਾ। ਉਹ
ਮੇਰੇ ਲੋਕ ਹਨ।”
13ਅਗਲੀ ਸਵੇਰ ਬਿਲਆਮ ਉੱਠਿਆ ਅਤੇ ਉਸ ਨੇ ਬਾਲਾਕ
ਦੇ ਆਗੂਆਂ ਨੂੰ ਆਖਿਆ, “ਆਪਣੇ ਦੇਸ ਵਾਪਸ ਮੁੜ ਜਾਉ।
ਯਹੋਵਾਹ ਮੈਨੂੰ ਤੁਹਾਡੇ ਨਾਲ ਜਾਣ ਦੀ ਆਗਿਆ ਨਹੀਂ ਦਿੰਦਾ।”
14ਇਸ ਲਈ ਮੋਆਬ ਦੇ ਆਗੂ ਬਾਲਾਕ ਕੋਲ ਵਾਪਸ ਚਲੇ ਗਏ
ਅਤੇ ਉਸ ਨੂੰ ਇਹ ਗੱਲ ਦੱਸੀ। ਉਨ੍ਹਾਂ ਨੇ ਆਖਿਆ, “ਬਿਲਆਮ ਨੇ
ਸਾਡੇ ਨਾਲ ਆਉਣ ਤੋਂ ਇਨਕਾਰ ਕਰ ਦਿੱਤਾ ਹੈ।”
15ਇਸ ਲਈ ਬਾਲਾਕ ਨੇ ਹੋਰਨਾਂ ਆਗੂਆਂ ਨੂੰ ਬਿਲਆਮ
ਵੱਲ ਭੇਜਿਆ। ਇਸ ਵਾਰ ਉਸ ਨੇ ਪਹਿਲਾਂ ਨਾਲੋਂ ਵਧੇਰੇ ਗਿਣਤੀ
ਵਿੱਚ ਬੰਦੇ ਭੇਜੇ। ਅਤੇ ਇਹ ਆਗੂ ਪਹਿਲੇ ਆਗੂਆਂ ਨਾਲੋਂ ਵਧੇਰੇ
ਮਹੱਤਵਪੂਰਨ ਸਨ। 16ਉਹ ਬਿਲਆਮ ਕੋਲ ਗਏ ਅਤੇ ਆਖਿਆ:
“ਸਿੱਪੋਰ ਦਾ ਪੁੱਤਰ ਬਾਲਾਕ ਤੁਹਾਨੂੰ ਆਖਦਾ ਹੈ: ਕਿਰਪਾ ਕਰਕੇ ਕਿਸੇ
ਵੀ ਕਾਰਣ ਮੇਰੇ ਕੋਲ ਆਉਣ ਤੋਂ ਇਨਕਾਰ ਨਾ ਕਰੋ। 17ਜੇ ਤੁਸੀਂ ਮੇਰੇ
ਕਹੇ ਅਨੁਸਾਰ ਕਰੋਂਗੇ ਤਾਂ ਮੈਂ ਤੁਹਾਨੂੰ ਬਹੁਤ ਕੁਝ ਦੇਵਾਂਗਾ। ਆਉ
ਅਤੇ ਮੇਰੀ ਖ਼ਾਤਰ ਇਨ੍ਹਾਂ ਲੋਕਾਂ ਨੂੰ ਸਰਾਪ ਦਿਉ।”
18ਬਿਲਆਮ ਨੇ ਬਾਲਾਕ ਦੇ ਅਧਿਕਾਰੀਆਂ ਨੂੰ ਜਵਾਬ ਦਿੱਤਾ:
ਉਸ ਨੇ ਆਖਿਆ, “ਮੈਨੂੰ ਯਹੋਵਾਹ ਮੇਰੇ ਪਰਮੇਸ਼ੁਰ ਦਾ ਹੁਕਮ ਮੰਨਣਾ
ਪੈਂਦਾ ਹੈ। ਮੈਂ ਉਸ ਦੇ ਆਦੇਸ਼ ਦੇ ਵਿਰੁੱਧ ਕੁਝ ਵੀ ਨਹੀਂ ਕਰ ਸਕਦਾ।
ਜਿੰਨਾ ਚਿਰ ਯਹੋਵਾਹ ਇਹ ਨਾ ਆਖੇ ਕਿ ਮੈਂ ਕਰ ਸਕਦਾ ਹਾਂ, ਮੈਂ ਕੁਝ
ਵੀ ਨਹੀਂ ਕਰ ਸਕਦਾ, ਨਾ ਨਿੱਕੀ ਗੱਲ ਅਤੇ ਨਾ ਵੱਡੀ ਗੱਲ। ਭਾਵੇਂ
ਰਾਜਾ ਬਾਲਾਕ ਮੈਨੂੰ ਆਪਣਾ ਸੋਨੇ ਚਾਂਦੀ ਨਾਲ ਭਰਿਆ ਹੋਇਆ
ਖੂਬਸੂਰਤ ਘਰ ਹੀ ਕਿਉਂ ਨਾ ਦੇ ਦੇਵੇ, ਮੈਂ ਯਹੋਵਾਹ ਦੇ ਆਦੇਸ਼ ਦੇ
ਵਿਰੁੱਧ ਕੁਝ ਵੀ ਨਹੀਂ ਕਰਾਂਗਾ। 19ਪਰ ਤੁਸੀਂ ਰਾਤ ਇੱਥੇ ਠਹਿਰ
ਸਕਦੇ ਹੋ ਜਿਵੇਂ ਦੂਸਰੇ ਲੋਕ ਠਹਿਰੇ ਸਨ। ਅਤੇ ਰਾਤ ਵੇਲੇ ਮੈਨੂੰ ਪਤਾ
ਲੱਗ ਜਾਵੇਗਾ ਕਿ ਯਹੋਵਾਹ ਮੈਨੂੰ ਕੀ ਆਖਣਾ ਚਾਹੁੰਦਾ ਹੈ।”
20ਉਸ ਰਾਤ, ਪਰਮੇਸ਼ੁਰ ਬਿਲਆਮ ਕੋਲ ਆਇਆ। ਪਰਮੇਸ਼ੁਰ
ਨੇ ਆਖਿਆ, “ਇਹ ਲੋਕ ਤੈਨੂੰ ਆਪਣੇ ਨਾਲ ਲਿਜਾਣ ਲਈ ਫ਼ੇਰ
ਆ ਗਏ ਹਨ। ਇਸ ਲਈ ਤੂੰ ਇਨ੍ਹਾਂ ਨਾਲ ਜਾ ਸਕਦਾ ਹੈ। ਪਰ
ਸਿਰਫ਼ ਉਹੀ ਗੱਲਾਂ ਕਰਨੀਆਂ ਜਿਹੜੀਆਂ ਮੈਂ ਤੈਨੂੰ ਕਰਨ ਲਈ
ਆਖਾਂ।”

## ਬਿਲਆਮ ਅਤੇ ਉਸ ਦੀ ਗਧੀ

21ਅਗਲੀ ਸਵੇਰ, ਬਿਲਆਮ ਉੱਠਿਆ ਅਤੇ ਆਪਣੀ ਗਧੀ ਉੱਤੇ
ਕਾਠੀ ਪਾ ਲਈ। ਫ਼ੇਰ ਉਹ ਮੋਆਬ ਦੇ ਆਗੂਆਂ ਨਾਲ ਤੁਰ ਪਿਆ।
22ਬਿਲਆਮ ਆਪਣੀ ਗਧੀ ਉੱਤੇ ਸਵਾਰ ਹੋਇਆ। ਉਸ ਦੇ ਨਾਲ
ਉਸ ਦੇ ਦੋ ਸੇਵਾਦਾਰ ਵੀ ਸਨ। ਜਦੋਂ ਬਿਲਆਮ ਸਫ਼ਰ ਕਰ ਰਿਹਾ
ਸੀ ਤਾਂ ਪਰਮੇਸ਼ੁਰ ਗੁੱਸੇ ਵਿੱਚ ਆ ਗਿਆ। ਇਸ ਲਈ ਯਹੋਵਾਹ
ਦਾ ਦੂਤ ਬਿਲਆਮ ਦੇ ਸਾਹਮਣੇ ਸੜਕ ਉੱਤੇ ਖਲੋ ਗਿਆ। ਦੂਤ
ਬਿਲਆਮ ਨੂੰ ਰੋਕਣਾ ਚਾਹੁੰਦਾ ਸੀ।
23ਬਿਲਆਮ ਦੀ ਗਧੀ ਨੇ ਯਹੋਵਾਹ ਦੇ ਦੂਤ ਨੂੰ ਸੜਕ ਉੱਤੇ
ਖਲੋਤਿਆ ਦੇਖਿਆ, ਦੂਤ ਦੇ ਹੱਥ ਵਿੱਚ ਤਲਵਾਰ ਸੀ। ਇਸ ਲਈ
ਗਧੀ ਸੜਕ ਤੋਂ ਮੁੜ ਪਈ ਅਤੇ ਖੇਤ ਵਿੱਚ ਚਲੀ ਗਈ। ਬਿਲਆਮ
ਨੂੰ ਦੂਤ ਦਿਖਾਈ ਨਹੀਂ ਦਿੱਤਾ ਇਸ ਲਈ ਉਹ ਗਧੀ ਉੱਤੇ ਬਹੁਤ
ਕ੍ਰੋਧਵਾਨ ਹੋਇਆ ਉਸ ਨੇ ਗਧੀ ਨੂੰ ਕੁੱਟਿਆ ਅਤੇ ਇਸ ਨੂੰ ਸੜਕ
ਉੱਤੇ ਵਾਪਸ ਜਾਣ ਲਈ ਮਜ਼ਬੂਰ ਕਰ ਦਿੱਤਾ।
24ਬਾਦ ਵਿੱਚ, ਯਹੋਵਾਹ ਦਾ ਦੂਤ ਉਸ ਥਾਂ ਖਲੋ ਗਿਆ ਜਿੱਥੇ
ਸੜਕ ਤੰਗ ਹੋ ਗਈ ਸੀ। ਇਹ ਦੋ ਅੰਗੂਰਾਂ ਦੇ ਬਾਗਾਂ ਦੇ ਵਿੱਚਕਾਰ
ਸੀ। ਸੜਕ ਦੇ ਦੋਹੀ ਪਾਸੀਂ ਕੰਧਾਂ ਸਨ। 25ਇੱਕ ਵਾਰੀ ਫ਼ੇਰ ਗਧੀ ਨੂੰ
ਯਹੋਵਾਹ ਦਾ ਦੂਤ ਦਿਖਾਈ ਦਿੱਤਾ ਇਸ ਲਈ ਗਧੀ ਇੱਕ ਕੰਧ ਨਾਲ
ਖਹਿ ਕੇ ਲੰਘੀ। ਇਸ ਨਾਲ ਬਿਲਆਮ ਦਾ ਪੈਰ ਕੰਧ ਨਾਲ ਰਗੜ ਖਾ
ਗਿਆ ਇਸ ਲਈ ਬਿਲਆਮ ਨੇ ਫ਼ੇਰ ਆਪਣੇ ਗਧੀ ਨੂੰ ਕੁੱਟਿਆ।
26ਬਾਦ ਵਿੱਚ ਯਹੋਵਾਹ ਦਾ ਦੂਤ ਇੱਕ ਹੋਰ ਥਾਂ ਖਲੋ ਗਿਆ।
ਇਹ ਇੱਕ ਹੋਰ ਅਜਿਹੀ ਥਾਂ ਸੀ ਜਿੱਥੇ ਰਸਤਾ ਤੰਗ ਸੀ। ਗਧੀ ਦੇ
ਇਧਰ-ਉਧਰ ਹੋਣ ਦਾ ਕੋਈ ਰਸਤਾ ਨਹੀਂ ਸੀ। ਗਧੀ ਨਾ ਖੱਬੇ ਮੁੜ
ਸਕਦੀ ਸੀ ਨਾ ਸੱਜੇ। 27ਗਧੀ ਨੇ ਯਹੋਵਾਹ ਦੇ ਦੂਤ ਨੂੰ ਦੇਖਿਆ।
ਇਸ ਲਈ ਗਧੀ ਬਿਲਆਮ ਸਣੇ ਹੇਠਾਂ ਬੈਠ ਗਈ। ਬਿਲਆਮ ਨੂੰ
ਗਧੀ ਉੱਤੇ ਬਹੁਤ ਗੁੱਸਾ ਆਇਆ। ਇਸ ਲਈ ਉਸ ਨੇ ਆਪਣੀ
ਸੋਟੀ ਨਾਲ ਉਸ ਨੂੰ ਕੁੱਟਿਆ।
28ਤਾਂ ਯਹੋਵਾਹ ਨੇ ਗਧੀ ਨੂੰ ਬੋਲਣ ਦੀ ਸ਼ਕਤੀ ਦੇ ਦਿੱਤੀ। ਗਧੀ
ਨੇ ਬਿਲਆਮ ਨੂੰ ਆਖਿਆ, “ਤੂੰ ਮੇਰੇ ਉੱਤੇ ਕਿਉਂ ਗੁੱਸਾ ਕੱਢਦਾ ਹੈਂ?
ਮੈਂ ਤੇਰਾ ਕੀ ਵਿਗਾੜਿਆ ਹੈ? ਤੂੰ ਮੈਨੂੰ ਤਿੰਨ ਵਾਰੀ ਮਾਰ ਚੁੱਕਿਆ ਹੈਂ!”
29ਬਿਲਆਮ ਨੇ ਗਧੀ ਨੂੰ ਜਵਾਬ ਦਿੱਤਾ, “ਤੂੰ ਤਾਂ ਮੈਨੂੰ ਮੂਰਖ
ਬਣਾ ਦਿੱਤਾ ਹੈ। ਜੇ ਮੇਰੇ ਕੋਲ ਤਲਵਾਰ ਹੁੰਦੀ ਤਾਂ ਮੈਂ ਤੈਨੂੰ ਹੁਣੇ ਮਾਰ
ਦੇਣਾ ਸੀ!”
30ਪਰ ਗਧੀ ਨੇ ਬਿਲਆਮ ਨੂੰ ਆਖਿਆ, “ਦੇਖ, ਮੈਂ ਤੇਰੀ
ਆਪਣੀ ਗਧੀ ਹਾਂ! ਤੂੰ ਮੇਰੇ ਉੱਤੇ ਬਹੁਤ ਵਰ੍ਹੇ ਸਵਾਰੀ ਕੀਤੀ ਹੈ।
ਅਤੇ ਤੂੰ ਜਾਣਦਾ ਹੈਂ ਕਿ ਮੈਂ ਤੇਰੇ ਨਾਲ ਪਹਿਲਾ ਕਦੇ ਵੀ ਅਜਿਹਾ
ਨਹੀਂ ਕੀਤਾ।”
“ਇਹ ਗੱਲ ਠੀਕ ਹੈ”, ਬਿਲਆਮ ਨੇ ਆਖਿਆ।
31ਫ਼ੇਰ ਯਹੋਵਾਹ ਨੇ ਦੂਤ ਨੂੰ ਵੇਖਣ ਲਈ ਬਿਲਆਮ ਦੀਆਂ
ਅੱਖਾਂ ਖੋਲ੍ਹ ਦਿੱਤੀਆਂ। ਯਹੋਵਾਹ ਦਾ ਦੂਤ ਹੱਥ ਵਿੱਚ ਤਲਵਾਰ
ਫ਼ੜ ਕੇ ਰਾਹ ਵਿੱਚ ਖਲੋਤਾ ਹੋਇਆ ਸੀ। ਫ਼ੇਰ ਬਿਲਆਮ ਉਸ ਦੇ
ਸਾਹਮਣੇ ਧਰਤੀ ਉੱਤੇ ਝੁਕ ਗਿਆ।
32ਤਾਂ ਯਹੋਵਾਹ ਦੇ ਦੂਤ ਨੇ ਬਿਲਆਮ ਨੂੰ ਪੁੱਛਿਆ, “ਤੂੰ ਆਪਣੀ
ਗਧੀ ਨੂੰ ਤਿੰਨ ਵਾਰੀ ਕਿਉਂ ਮਾਰਿਆ ਹੈ? ਮੈਂ ਹੀ ਹਾਂ ਜਿਹੜਾ ਤੈਨੂੰ
ਰੋਕਣ ਲਈ ਆਇਆ ਹਾਂ। ਪਰ ਠੀਕ ਸਮੇਂ ਸਿਰ 33ਤੇਰੀ ਗਧੀ ਨੇ
ਮੈਨੂੰ ਦੇਖ ਲਿਆ ਅਤੇ ਮੇਰੇ ਤੋਂ ਦੂਰ ਮੁੜ ਗਿਆ। ਇਹ ਗੱਲ ਤਿੰਨ
ਵਾਰੀ ਹੋਈ। ਜੇ ਗਧੀ ਨਾ ਮੁੜੀ ਹੁੰਦੀ ਤਾਂ ਮੈਂ ਸ਼ਾਇਦ ਤੈਨੂੰ ਮਾਰ
ਚੁੱਕਿਆ ਹੁੰਦਾ। ਅਤੇ ਮੈਂ ਤੇਰੀ ਗਧੀ ਨੂੰ ਜੀਉਂਦਾ ਛੱਡ ਦਿੰਦਾ।”
34ਤਾਂ ਬਿਲਆਮ ਨੇ ਯਹੋਵਾਹ ਦੇ ਦੂਤ ਨੂੰ ਆਖਿਆ, “ਮੈਂ ਪਾਪ
ਕੀਤਾ ਹੈ। ਮੈਂ ਦੇਖ ਨਹੀਂ ਸਕਿਆ ਕਿ ਤੁਸੀਂ ਰਸਤੇ ਵਿੱਚ ਖਲੋਤੇ ਹੋਏ
ਸੀ। ਜੇ ਮੈਂ ਕੋਈ ਗਲਤੀ ਕਰ ਰਿਹਾ ਹਾਂ ਤਾਂ ਮੈਂ ਘਰ ਵਾਪਸ ਚਲਾ
ਜਾਂਦਾ ਹਾਂ।”
35ਤਾਂ ਯਹੋਵਾਹ ਦੇ ਦੂਤ ਨੇ ਬਿਲਆਮ ਨੂੰ ਆਖਿਆ, “ਨਹੀਂ!
ਤੂੰ ਇਨ੍ਹਾਂ ਆਦਮੀਆਂ ਨਾਲ ਜਾ ਸਕਦਾ ਹੈ। ਪਰ ਹੁਸ਼ਿਆਰ ਰਹੀਂ।
ਸਿਰਫ਼ ਉਹੀ ਸ਼ਬਦ ਬੋਲੀਂ ਜਿਹੜੇ ਮੈਂ ਤੈਨੂੰ ਬੋਲਣ ਲਈ ਆਖਾਂ।”
ਇਸ ਲਈ ਬਿਲਆਮ ਉਨ੍ਹਾਂ ਆਗੂਆਂ ਨਾਲ ਚਲਾ ਗਿਆ ਜਿਨ੍ਹਾਂ
ਨੂੰ ਬਾਲਾਕ ਨੇ ਭੇਜਿਆ ਸੀ।
36ਬਾਲਾਕ ਨੇ ਸੁਣਿਆ ਕਿ ਬਿਲਆਮ ਆ ਰਿਹਾ ਸੀ। ਇਸ
ਲਈ ਬਾਲਾਕ ਉਸ ਨੂੰ ਅਰਨੋਨ ਨਦੀ ਕੰਢੇ ਵਸੇ ਮੋਆਬੀ ਸ਼ਹਿਰ

ਵਿਖੇ ਮਿਲਣ ਲਈ ਬਾਹਰ ਆ ਗਿਆ। ਇਹ ਥਾਂ ਉਸ ਦੇ ਦੇਸ
ਦੀ ਉੱਤਰੀ ਸੀਮਾ ਉੱਤੇ ਸੀ। 37ਜਦੋਂ ਬਾਲਾਕ ਨੇ ਬਿਲਆਮ ਨੂੰ
ਦੇਖਿਆ, ਉਸ ਨੇ ਉਸ ਨੂੰ ਆਖਿਆ, "ਮੈਂ ਪਹਿਲਾਂ ਵੀ ਤੈਨੂੰ ਆਉਣ
ਲਈ ਆਖਿਆ ਸੀ। ਮੈਂ ਤੈਨੂੰ ਦੱਸਿਆ ਸੀ ਕਿ ਇਹ ਬਹੁਤ ਜ਼ਰੂਰੀ
ਸੀ। ਤੂੰ ਮੇਰੇ ਕੋਲ ਕਿਉਂ ਨਹੀਂ ਆਇਆ? ਕੀ ਮੈਂ ਤੈਨੂੰ ਆਦਰ ਦੇਣ
ਦੇ ਯੋਗ ਨਹੀਂ ਹਾਂ।"

38ਬਿਲਆਮ ਨੇ ਜਵਾਬ ਦਿੱਤਾ, "ਪਰ ਮੈਂ ਹੁਣ ਇੱਥੇ ਹਾਂ। ਮੈਂ
ਆਇਆ ਹਾਂ ਪਰ ਸ਼ਾਇਦ ਮੈਂ ਉਹ ਗੱਲ ਨਾ ਕਰ ਸਕਾਂ ਜੋ ਤੁਸੀਂ
ਚਾਹੁੰਦੇ ਸੀ। ਮੈਂ ਸਿਰਫ਼ ਉਹੀ ਸ਼ਬਦ ਬੋਲ ਸਕਦਾ ਹਾਂ ਜਿਹੜੇ
ਯਹੋਵਾਹ ਪਰਮੇਸ਼ੁਰ ਮੇਰੇ ਕੋਲੋਂ ਅਖਵਾਉਣਾ ਚਾਹੁੰਦਾ ਹੈ।"

39ਫ਼ੇਰ ਬਿਲਆਮ ਬਾਲਾਕ ਨਾਲ ਕਿਰਯਥ-ਹੁਸੋਥ ਨੂੰ ਚਲਾ
ਗਿਆ। 40ਬਾਲਾਕ ਨੇ ਕੁਝ ਪਸ਼ੂ ਅਤੇ ਕੁਝ ਭੇਡਾਂ ਬਲੀ ਦੇ ਤੌਰ ਤੇ
ਜ਼ਿਬਾਹ ਕੀਤੇ। ਉਸ ਨੇ ਕੁਝ ਮਾਸ ਬਿਲਆਮ ਨੂੰ ਅਤੇ ਕੁਝ ਉਨ੍ਹਾਂ
ਆਗੂਆਂ ਨੂੰ ਦਿੱਤਾ ਜੋ ਉਸ ਦੇ ਨਾਲ ਸਨ।

41ਅਗਲੀ ਸਵੇਰ ਬਾਲਾਕ ਬਿਲਆਮ ਨੂੰ ਬਮੋਥ ਬਆਲ ਦੇ
ਕਸਬੇ ਅੰਦਰ ਲੈ ਗਿਆ। ਉੱਥੋਂ ਉਹ ਇਸਰਾਏਲੀ ਡੇਰੇ ਦਾ ਕੁਝ
ਹਿੱਸਾ ਦੇਖ ਸਕਦੇ ਸਨ।

## ਬਿਲਆਮ ਦਾ ਪਹਿਲਾ ਸੰਦੇਸ਼

**23** 1ਬਿਲਆਮ ਨੇ ਬਾਲਾਕ ਨੂੰ ਆਖਿਆ, "ਇੱਥੇ ਸੱਤ
ਜਗਵੇਦੀਆਂ ਉਸਾਰ ਅਤੇ ਮੇਰੇ ਲਈ ਸੱਤ ਵਹਿੜਕੇ
ਅਤੇ ਸੱਤ ਭੇਡੂ ਤਿਆਰ ਕਰਵਾ।" 2ਬਾਲਾਕ ਨੇ ਬਿਲਆਮ ਦੇ
ਆਖੇ ਅਨੁਸਾਰ ਕੀਤਾ ਅਤੇ ਉਸ ਨੇ ਅਤੇ ਬਿਲਆਮ ਨੇ ਇੱਕ-
ਇੱਕ ਵਹਿੜਕਾ ਅਤੇ ਇੱਕ-ਇੱਕ ਭੇਡੂ ਦੀ ਬਲੀ ਹਰੇਕ ਜਗਵੇਦੀ
ਉੱਤੇ ਚੜ੍ਹਾਈ।

3ਫ਼ੇਰ ਬਿਲਆਮ ਨੇ ਬਾਲਾਕ ਨੂੰ ਆਖਿਆ, "ਇਸ ਜਗਵੇਦੀ ਦੇ
ਨੇੜੇ, ਇੱਥੇ ਖਲੋ ਜਾਹ। ਮੈਂ ਕਿਸੇ ਦੂਸਰੇ ਸਥਾਨ ਤੇ ਜਾਵਾਂਗਾ। ਫ਼ੇਰ
ਯਹੋਵਾਹ ਮੇਰੇ ਕੋਲ ਆਵੇਗਾ ਅਤੇ ਮੈਨੂੰ ਦੱਸੇਗਾ ਕਿ ਮੈਂ ਕੀ ਆਖਣਾ
ਹੈ।" ਫ਼ੇਰ ਬਿਲਆਮ ਇੱਕ ਉੱਚੇ ਸਥਾਨ ਉੱਤੇ ਚਲਿਆ ਗਿਆ।

4ਉਸ ਥਾਂ ਉੱਤੇ ਪਰਮੇਸ਼ੁਰ ਬਿਲਆਮ ਨੂੰ ਮਿਲਿਆ। ਬਿਲਆਮ
ਨੇ ਆਖਿਆ, "ਮੈਂ ਸੱਤ ਜਗਵੇਦੀਆਂ ਤਿਆਰ ਕਰ ਦਿੱਤੀਆਂ ਹਨ
ਅਤੇ ਮੈਂ ਹਰੇਕ ਜਗਵੇਦੀ ਉੱਤੇ ਇੱਕ-ਇੱਕ ਵਹਿੜਕਾ ਅਤੇ ਇੱਕ-
ਇੱਕ ਭੇਡੂ ਬਲੀ ਚੜ੍ਹਾ ਦਿੱਤਾ ਹੈ।"

5ਤਾਂ ਯਹੋਵਾਹ ਨੇ ਬਿਲਆਮ ਨੂੰ ਦੱਸਿਆ ਕਿ ਉਸ ਨੂੰ ਕੀ ਆਖਣਾ
ਚਾਹੀਦਾ ਹੈ। ਫ਼ੇਰ ਯਹੋਵਾਹ ਨੇ ਆਖਿਆ, "ਬਾਲਾਕ ਕੋਲ ਵਾਪਸ
ਜਾਹ ਅਤੇ ਉਸ ਨੂੰ ਇਹ ਗੱਲਾਂ ਆਖ ਜਿਹੜੀਆਂ ਮੈਂ ਤੈਨੂੰ ਆਖਣ
ਲਈ ਦੱਸੀਆਂ ਹਨ।"

6ਇਸ ਲਈ ਬਿਲਆਮ ਬਾਲਾਕ ਕੋਲ ਵਾਪਸ ਚੱਲਿਆ ਗਿਆ।
ਬਾਲਾਕ ਹਾਲੇ ਵੀ ਜਗਵੇਦੀ ਦੇ ਨੇੜੇ ਖਲੋਤਾ ਸੀ। ਅਤੇ ਮੋਆਬ ਦੇ
ਸਾਰੇ ਆਗੂ ਉਨ੍ਹਾਂ ਦੇ ਨਾਲ ਖਲੋਤੇ ਸਨ। 7ਤਾਂ ਬਿਲਆਮ ਨੇ ਇਹ
ਗੱਲਾਂ ਆਖੀਆਂ:

"ਮੋਆਬ ਦੇ ਰਾਜੇ ਬਾਲਾਕ ਨੇ ਮੈਨੂੰ ਇੱਥੇ ਆਰਾਮ ਦੇ
ਪੂਰਬੀ ਪਹਾੜਾਂ ਤੋਂ ਲਿਆਂਦਾ, ਮੈਨੂੰ ਬਾਲਾਕ ਨੇ ਆਖਿਆ
ਸੀ। 'ਆ, ਮੇਰੇ ਲਈ ਯਾਕੂਬ ਨੂੰ ਸਰਾਪ ਦੇਹ, ਆ,
ਇਸਰਾਏਲ ਦੇ ਲੋਕਾਂ ਨੂੰ ਸਰਾਪ ਦੇਹ।'

8 ਪਰ ਪਰਮੇਸ਼ੁਰ ਉਨ੍ਹਾਂ ਲੋਕਾਂ ਦੇ ਖਿਲਾਫ਼ ਨਹੀਂ ਹੈ,
ਇਸ ਲਈ ਮੈਂ ਵੀ ਉਨ੍ਹਾਂ ਨੂੰ ਸਰਾਪ ਨਹੀਂ ਦੇ ਸਕਦਾ।
ਯਹੋਵਾਹ ਨੇ ਉਨ੍ਹਾਂ ਲੋਕਾਂ ਲਈ ਬੁਰੀਆਂ ਗੱਲਾਂ ਹੋਣੀਆਂ
ਨਹੀਂ ਮੰਗੀਆਂ। ਇਸ ਲਈ ਮੈਂ ਵੀ ਅਜਿਹਾ ਨਹੀਂ ਕਰ
ਸਕਦਾ।

9 ਮੈਂ ਉਨ੍ਹਾਂ ਲੋਕਾਂ ਨੂੰ ਪਰਬਤ ਉੱਤੋਂ ਦੇਖ ਰਿਹਾ ਹਾਂ। ਮੈਂ ਉਨ੍ਹਾਂ
ਨੂੰ ਉੱਚੀਆਂ ਪਹਾੜੀਆਂ ਤੋਂ ਦੇਖਦਾ ਹਾਂ। ਉਹ ਲੋਕ, ਇਕੱਲੇ
ਰਹਿੰਦੇ ਹਨ। ਉਹ ਕਿਸੇ ਹੋਰ ਕੌਮ ਦਾ ਹਿੱਸਾ ਨਹੀਂ ਹੈ।

10 ਕੌਣ ਯਾਕੂਬ ਦੇ ਲੋਕਾਂ ਨੂੰ ਗਿਣ ਸਕਦਾ ਹੈ? ਉਹ ਰੇਤ ਦੇ
ਕਿਣਕਿਆਂ ਵਾਂਗ ਅਣਗਿਣਤ ਹਨ। ਕੋਈ ਇਸਰਾਏਲ
ਦੇ ਇੱਕ ਚੁਥਾਈ ਲੋਕਾਂ ਦੀ ਵੀ ਗਿਣਤੀ ਨਹੀਂ ਕਰ
ਸਕਦਾ। ਮੈਨੂੰ ਇੱਕ ਨੇਕ ਇਨਸਾਨ ਵਾਂਗੂ ਮਰਨ ਦਿਉ।
ਮੇਰੀ ਜ਼ਿੰਦਗੀ ਨੂੰ ਉਨ੍ਹਾਂ ਵਾਂਗ ਖੁਸ਼ੀ ਨਾਲ ਭਰੀ ਹੋਈ ਨੂੰ
ਖਤਮ ਹੋਣ ਦਿਉ।"

11ਬਾਲਾਕ ਨੇ ਬਿਲਆਮ ਨੂੰ ਆਖਿਆ, "ਤੂੰ ਮੇਰੇ ਨਾਲ ਕੀ ਕੀਤਾ?
ਮੈਂ ਤੈਨੂੰ ਆਪਣੇ ਦੁਸ਼ਮਣਾਂ ਨੂੰ ਸਰਾਪ ਦੇਣ ਲਈ ਸੱਦਿਆ ਸੀ। ਪਰ
ਤੂੰ ਤਾਂ ਸਿਰਫ਼ ਉਨ੍ਹਾਂ ਨੂੰ ਅਸੀਸ ਦਿੱਤੀ ਹੈ।"

12ਪਰ ਬਿਲਆਮ ਨੇ ਜਵਾਬ ਦਿੱਤਾ, "ਮੈਨੂੰ ਉਹੀ ਗੱਲਾਂ
ਆਖਣੀਆਂ ਪੈਂਦੀਆਂ ਹਨ ਜਿਹੜੀਆਂ ਉਹ ਮੇਰੇ ਪਾਸੋਂ ਅਖਵਾਉਂਦਾ
ਹੈ।"

13ਫ਼ੇਰ ਬਾਲਾਕ ਨੇ ਉਸ ਨੂੰ ਆਖਿਆ, "ਇਸ ਲਈ ਮੇਰੇ ਨਾਲ
ਕਿਸੇ ਹੋਰ ਥਾਂ ਉੱਤੇ ਆ। ਇਸ ਥਾਂ ਤੋਂ ਤੂੰ ਉਨ੍ਹਾਂ ਸਾਰਿਆਂ ਨੂੰ ਨਹੀਂ
ਵੇਖ ਸਕਦਾ, ਤੂੰ ਸਿਰਫ਼ ਉਨ੍ਹਾਂ ਲੋਕਾਂ ਦੇ ਇੱਕ ਹਿੱਸੇ ਨੂੰ ਹੀ ਦੇਖ ਸਕਦਾ
ਹੈ। ਹੋ ਸਕਦਾ ਹੈ ਕਿ ਉਸ ਥਾਂ ਤੋਂ ਤੂੰ ਮੇਰੇ ਲਈ ਉਨ੍ਹਾਂ ਦੇ ਵਿਰੁੱਧ ਬੋਲ
ਸਕੇ।" 14ਇਸ ਲਈ ਬਾਲਾਕ ਬਿਲਆਮ ਨੂੰ ਸੋਫ਼ੀਮ ਦੇ ਖੇਤਾਂ ਨੂੰ ਲੈ
ਗਿਆ। ਇਹ ਥਾਂ ਪਿਸਗਾਹ ਪਰਬਤ ਦੀ ਚੋਟੀ ਉੱਤੇ ਸੀ। ਉਸ ਥਾਂ
ਉੱਤੇ, ਬਾਲਾਕ ਨੇ ਸੱਤ ਜਗਵੇਦੀਆਂ ਬਣਾਈਆ ਅਤੇ ਫ਼ੇਰ ਤੋਂ ਹਰੇਕ
ਜਗਵੇਦੀ ਉੱਤੇ ਉਸ ਨੇ ਇੱਕ-ਇੱਕ ਵਹਿੜਕਾ ਅਤੇ ਇੱਕ-ਇੱਕ ਭੇਡੂ
ਬਲੀ ਚੜ੍ਹਾਇਆ।

15ਇਸ ਲਈ ਬਿਲਆਮ ਨੇ ਬਾਲਾਕ ਨੂੰ ਆਖਿਆ, "ਆਪਣੀ
ਬਲੀ ਦੇ ਕੋਲ ਖਲੋ ਜਾਹ। ਮੈਂ ਉਸ ਥਾਂ ਉੱਤੇ ਜਾ ਕੇ ਯਹੋਵਾਹ ਨੂੰ
ਮਿਲਾਂਗਾ।"

16ਇਸ ਤਰ੍ਹਾਂ ਯਹੋਵਾਹ ਬਿਲਆਮ ਨੂੰ ਮਿਲਣ ਲਈ ਆਇਆ
ਅਤੇ ਬਿਲਆਮ ਨੂੰ ਦੱਸਿਆ ਕਿ ਉਸ ਨੇ ਕੀ ਆਖਣਾ ਹੈ। ਫ਼ੇਰ
ਯਹੋਵਾਹ ਨੇ ਬਿਲਆਮ ਨੂੰ ਬਾਲਾਕ ਕੋਲ ਵਾਪਸ ਜਾਣ ਅਤੇ ਇਹ
ਗੱਲਾਂ ਦੱਸਣ ਲਈ ਆਖਿਆ। 17ਇਸ ਤਰ੍ਹਾਂ ਬਿਲਆਮ ਬਾਲਾਕ
ਕੋਲ ਗਿਆ। ਬਾਲਾਕ ਹਾਲੇ ਵੀ ਜਗਵੇਦੀ ਦੇ ਨੇੜੇ ਖਲੋਤਾ ਸੀ।
ਮੋਆਬ ਦੇ ਆਗੂ ਉਸ ਦੇ ਨਾਲ ਸਨ। ਅਤੇ ਬਾਲਾਕ ਨੇ ਬਿਲਆਮ
ਨੂੰ ਆਉਂਦਿਆ ਦੇਖਿਆ ਅਤੇ ਆਖਿਆ, "ਯਹੋਵਾਹ ਨੇ ਕੀ
ਆਖਿਆ ਹੈ?"

## ਬਿਲਆਮ ਦਾ ਦੂਸਰਾ ਸੰਦੇਸ਼

18ਫ਼ੇਰ ਬਿਲਆਮ ਨੇ ਇਹ ਗੱਲਾਂ ਆਖੀਆਂ:

"ਬਾਲਾਕ, ਖੜ੍ਹਾ ਹੋ ਜਾਹ ਅਤੇ ਜੋ ਮੈਂ ਆਖਦਾ ਹਾਂ ਸੁਣ।
ਸਿੱਪੋਰ ਦੇ ਪੁੱਤਰ, ਮੇਰੀ ਗੱਲ ਸੁਣ।

19 ਪਰਮੇਸ਼ੁਰ ਕੋਈ ਮਨੁੱਖ ਨਹੀਂ ਹੈ ਅਤੇ ਉਹ ਝੂਠ ਨਹੀਂ
ਬੋਲਦਾ। ਪਰਮੇਸ਼ੁਰ ਇਨਸਾਨ ਨਹੀਂ ਹੈ। ਉਸ ਦੇ ਨਿਆਂ
ਕਦੇ ਵੀ ਨਹੀ ਬਦਲਣਗੇ। ਜਦੋਂ ਯਹੋਵਾਹ ਕੁਝ ਆਖਦਾ,

ਉਹ ਇਸ ਨੂੰ ਕਰੇਗਾ। ਜੇਕਰ ਯਹੋਵਾਹ ਕੋਈ ਇਕਰਾਰ
ਕਰਦਾ, ਉਹ ਉਹੀ ਕਰੇਗਾ ਜਿਸ ਦਾ ਉਸ ਨੇ ਇਕਰਾਰ
ਕੀਤਾ।
20 ਯਹੋਵਾਹ ਨੇ ਮੈਨੂੰ ਉਨ੍ਹਾਂ ਲੋਕਾਂ ਨੂੰ ਅਸੀਸ ਦੇਣ ਲਈ
ਆਖਿਆ ਸੀ, ਯਹੋਵਾਹ ਨੇ ਉਨ੍ਹਾਂ ਨੂੰ ਅਸੀਸ ਦਿਤੀ, ਇਸ
ਵਾਸਤੇ ਮੈਂ ਇਸ ਨੂੰ ਬਦਲ ਨਹੀਂ ਸਕਦਾ।
21 ਪਰਮੇਸ਼ੁਰ, ਨੂੰ ਯਾਕੂਬ ਦੇ ਲੋਕਾਂ ਅੰਦਰ ਕੁਝ ਵੀ ਗਲਤ
ਨਹੀਂ ਦਿੱਸਿਆ। ਪਰਮੇਸ਼ੁਰ ਨੂੰ, ਇਸਰਾਏਲ ਦੇ ਲੋਕਾਂ ਵਿੱਚ
ਕੋਈ ਪਾਪ ਨਹੀਂ ਦਿੱਸਿਆ। ਯਹੋਵਾਹ ਉਨ੍ਹਾਂ ਦਾ ਪਰਮੇਸ਼ੁਰ
ਹੈ ਅਤੇ ਉਹ ਉਨ੍ਹਾਂ ਦੇ ਨਾਲ ਹੈ। ਉਹ ਉਸ ਨੂੰ ਆਪਣਾ
ਰਾਜਾ ਹੋਣ ਦਾ ਐਲਾਨ ਕਰਦੇ ਹਨ!
22 ਪਰਮੇਸ਼ੁਰ ਉਨ੍ਹਾਂ ਲੋਕਾਂ ਨੂੰ ਮਿਸਰ ਤੋਂ ਬਾਹਰ ਲਿਆਇਆ।
ਉਹ ਜੰਗਲੀ ਸਾਨ੍ਹ ਵਰਗੇ ਤਾਕਤਵਰ ਹਨ।
23 ਯਾਕੂਬ ਦੇ ਲੋਕਾਂ ਦੇ ਖਿਲਾਫ਼ ਕੋਈ ਜਾਦੂਗਰੀ ਨਹੀਂ ਹੈ।
ਅਜਿਹਾ ਕੋਈ ਜਾਦੂ ਨਹੀਂ ਜੋ ਇਸਰਾਏਲ ਦੇ ਲੋਕਾਂ ਨੂੰ ਰੋਕ
ਸਕੇ। ਸਹੀ ਸਮੇਂ ਤੇ, ਲੋਕ ਯਾਕੂਬ ਦੇ ਆਦਮੀਆਂ ਅਤੇ
ਇਸਰਾਏਲ ਦੇ ਲੋਕਾਂ ਲਈ ਇਹੀ ਆਖਣਗੇ। 'ਉਨ੍ਹਾਂ
ਮਹਾਨ ਕਰਿਸ਼ਮਿਆਂ ਵੱਲ ਦੇਖੋ, ਜੋ ਪਰਮੇਸ਼ੁਰ ਨੇ ਕੀਤੇ
ਹਨ!'
24 ਲੋਕ ਸ਼ੇਰ ਵਾਂਗ ਮਜ਼ਬੂਤ ਨੇ। ਉਹ ਸ਼ੇਰ ਆਰਾਮ ਨਹੀਂ
ਕਰੇਗਾ ਜਦੋਂ ਤੱਕ ਉਹ ਆਪਣੇ ਦੁਸ਼ਮਣ ਨੂੰ ਖਾ ਨਹੀਂ
ਲੈਂਦਾ। ਅਤੇ ਜਦੋਂ ਤੱਕ ਉਹ ਆਪਣੇ ਸ਼ਿਕਾਰ ਦਾ ਖੂਨ
ਨਹੀਂ ਪੀ ਲੈਂਦਾ।"

25ਫ਼ੇਰ ਬਾਲਾਕ ਨੇ ਬਿਲਆਮ ਨੂੰ ਆਖਿਆ, "ਉਨ੍ਹਾਂ ਨੂੰ ਨਾ ਸਰਾਪ
ਦੇਹ ਅਤੇ ਨਾ ਹੀ ਉਨ੍ਹਾ ਨੂੰ ਅਸੀਸ ਦੇਹ।"
26ਬਿਲਆਮ ਨੇ ਜਵਾਬ ਦਿੱਤਾ, "ਮੈਂ ਤੈਨੂੰ ਪਹਿਲਾਂ ਹੀ ਦੱਸਿਆ
ਸੀ ਕਿ ਮੈਂ ਤਾਂ ਸਿਰਫ਼ ਉਹੀ ਗੱਲਾਂ ਆਖ ਸਕਦਾ ਹਾਂ ਜਿਹੜੀਆਂ
ਯਹੋਵਾਹ ਮੇਰੇ ਕੋਲੋਂ ਅਖਵਾਉਂਦਾ ਹੈ।"
27ਫ਼ੇਰ ਬਾਲਾਕ ਨੇ ਬਿਲਆਮ ਨੂੰ ਆਖਿਆ, "ਤਾਂ ਮੇਰੇ ਨਾਲ
ਕਿਸੇ ਹੋਰ ਥਾਂ ਆ। ਸ਼ਾਇਦ ਪਰਮੇਸ਼ੁਰ ਪ੍ਰਸੰਨ ਹੋ ਜਾਵੇ ਅਤੇ ਤੇਰੇ
ਕੋਲੋਂ ਉਨ੍ਹਾਂ ਨੂੰ ਉਸ ਥਾਂ ਤੋਂ ਸਰਾਪ ਦੇ ਦੇਵੇਂ।" 28ਇਸ ਲਈ ਬਾਲਾਕ
ਬਿਲਆਮ ਨੂੰ ਪਓਰ ਪਰਬਤ ਦੀ ਚੋਟੀ ਉੱਤੇ ਲੈ ਗਿਆ। ਇਸ
ਪਰਬਤ ਦਾ ਰੁੱਖ ਮਾਰੂਥਲ ਵੱਲ ਹੈ।
29ਬਿਲਆਮ ਨੇ ਆਖਿਆ, "ਇੱਥੇ ਸੱਤ ਜਗਵੇਦੀਆਂ ਉਸਾਰ।
ਫ਼ੇਰ ਸੱਤ ਵਹਿੜਕੇ ਅਤੇ ਸੱਤ ਭੇਡੂ ਤਿਆਰ ਕਰਵਾ।" 30ਬਾਲਾਕ
ਨੇ ਉਹੀ ਕੀਤਾ ਜੋ ਬਿਲਆਮ ਨੇ ਆਖਿਆ ਸੀ। ਬਾਲਾਕ ਨੇ ਇੱਕ
ਬਲਦ ਅਤੇ ਇੱਕ ਭੇਡੂ ਹਰੇਕ ਜਗਵੇਦੀ ਉੱਤੇ ਬਲੀ ਚੜ੍ਹਾਇਆ।

### ਬਿਲਆਮ ਦਾ ਤੀਸਰਾ ਸੰਦੇਸ਼

**24** 1ਬਿਲਆਮ ਨੇ ਦੇਖਿਆ ਕਿ ਯਹੋਵਾਹ ਇਸਰਾਏਲ ਨੂੰ
ਅਸੀਸ ਦੇਣਾ ਚਾਹੁੰਦਾ ਸੀ। ਇਸ ਲਈ ਬਿਲਆਮ ਨੇ
ਇਸ ਨੂੰ ਕਿਸੇ ਵੀ ਤਰ੍ਹਾਂ ਕਾਲੇ ਇਲਮ ਰਾਹੀਂ ਬਦਲਣ ਦੀ ਕੋਸ਼ਿਸ਼
ਨਹੀਂ ਕੀਤੀ। ਪਰ ਬਿਲਆਮ ਨੇ ਆਪਣਾ ਮੂੰਹ ਮੋੜ ਕੇ ਮਾਰੂਥਲ
ਵੱਲ ਦੇਖਿਆ। 2ਬਿਲਆਮ ਨੇ ਮਾਰੂਥਲ ਵੱਲ ਤੱਕਿਆ ਅਤੇ
ਇਸਰਾਏਲ ਦੇ ਲੋਕਾਂ ਨੂੰ ਵੇਖਿਆ। ਉਨ੍ਹਾਂ ਨੇ ਆਪਣੇ ਘਰਾਣੇ ਨਾਲ
ਵੱਖ-ਵੱਖ ਥਾਵਾਂ ਤੇ ਡੇਰਾ ਲਾਇਆ ਹੋਇਆ ਸੀ। ਫ਼ੇਰ ਪਰਮੇਸ਼ੁਰ
ਦਾ ਆਤਮਾ ਬਿਲਆਮ ਉੱਤੇ ਆਇਆ। 3ਬਿਲਆਮ ਨੇ ਇਹ
ਸ਼ਬਦ ਆਖੇ:
"ਇਹ ਸੰਦੇਸ਼ ਬਓਰ ਦੇ ਪੁੱਤਰ ਬਿਲਆਮ ਵੱਲੋਂ ਹੈ। ਮੈਂ
ਉਨ੍ਹਾਂ ਗੱਲਾਂ ਬਾਰੇ ਦੱਸ ਰਿਹਾ ਹਾਂ ਜੋ ਮੈਂ ਸਾਫ਼ ਤੌਰ ਤੇ
ਦੇਖੀਆਂ ਹਨ।
4 ਮੈਂ ਪਰਮੇਸ਼ੁਰ ਕੋਲੋਂ ਇਹ ਸੰਦੇਸ਼ ਸੁਣਿਆ ਸੀ। ਮੈਂ
ਉਹੀ ਦੇਖਿਆ ਜੋ ਪਰਮੇਸ਼ੁਰ ਸਰਬ-ਸ਼ਕਤੀਮਾਨ ਨੇ
ਦਿਖਾਇਆ। ਮੈਂ ਨਿਮਰਤਾ ਨਾਲ ਆਖਦਾ ਹਾਂ, ਜੋ ਮੈਂ ਸਾਫ਼
ਤੌਰ ਤੇ ਦੇਖਿਆ।
5 ਯਾਕੂਬ ਦੇ ਲੋਕੋ, ਤੁਹਾਡੇ ਤੰਬੂ ਸੁੰਦਰ ਨੇ। ਇਸਰਾਏਲ ਦੇ
ਲੋਕੋ, ਤੁਹਾਡੇ ਘਰ ਸੁੰਦਰ ਨੇ।
6 ਤੁਸੀਂ ਉਨ੍ਹਾਂ ਬਾਗਾਂ ਵਰਗੇ ਹੋ ਜਿਹੜੇ ਨਹਿਰਾਂ ਨੇ ਸਿੰਜੇ ਨੇ।
ਤੁਸੀਂ ਉਨ੍ਹਾਂ ਬਾਗਾਂ ਵਰਗੇ ਹੋ ਜਿਹੜੇ ਨਦੀਆਂ ਕੰਢੇ ਉੱਗਦੇ
ਨੇ। ਤੁਸੀਂ ਉਨ੍ਹਾਂ ਸੁਗੰਧਿਤ ਝਾੜੀਆਂ ਵਰਗੇ ਹੋ ਜਿਹੜੀਆਂ
ਯਹੋਵਾਹ ਨੇ ਬੀਜੀਆਂ ਨੇ। ਤੁਸੀਂ ਉਨ੍ਹਾਂ ਸੁੰਦਰ ਰੁੱਖਾਂ ਵਰਗੇ
ਹੋ ਜਿਹੜੇ ਪਾਣੀ ਕੰਢੇ ਉੱਗਦੇ ਨੇ।
7 ਤੁਹਾਨੂੰ ਹਮੇਸ਼ਾ ਹੀ ਕਾਫ਼ੀ ਪਾਣੀ ਮਿਲੇਗਾ, ਤੁਹਾਡੇ ਬੀਜ਼ਾਂ
ਲਈ ਵੀ ਕਾਫ਼ੀ ਪਾਣੀ। ਤੁਹਾਡਾ ਰਾਜਾ ਅਗਾਗ ਰਾਜੇ
ਨਾਲੋਂ ਵੀ ਵਧੇਰੇ ਮਹਾਨ ਹੋਵੇਗਾ। ਤੁਹਾਡੀ ਸਲਤਨਤ
ਬਹੁਤ ਮਹਾਨ ਹੋਵੇਗੀ।
8 ਪਰਮੇਸ਼ੁਰ ਨੇ ਇਨ੍ਹਾਂ ਲੋਕਾਂ ਨੂੰ ਮਿਸਰ ਤੋਂ ਬਾਹਰ ਲਿਆਂਦਾ।
ਉਹ ਜੰਗਲੀ ਸਾਨ੍ਹ ਵਾਂਗ ਮਜ਼ਬੂਤ ਹਨ ਅਤੇ ਉਹ ਆਪਣੇ
ਸਾਰੇ ਦੁਸ਼ਮਣਾ ਨੂੰ ਹਰਾ ਦੇਣਗੇ। ਉਹ ਉਨ੍ਹਾਂ ਦੀਆਂ
ਹੱਡੀਆਂ ਤੋੜ ਦੇਣਗੇ ਅਤੇ ਉਨ੍ਹਾਂ ਨੂੰ, ਉਨ੍ਹਾਂ ਦੇ ਤੀਰਾਂ ਨਾਲ
ਕੁਚਲ ਦੇਣਗੇ।
9 ਇਸਰਾਏਲ ਹਲੀਮ ਅਤੇ ਲੰਮੇ ਪਏ ਹੋਏ ਸ਼ੇਰ ਵਾਂਗ ਹੈ।
ਹਾਂ ਉਹ ਇੱਕ ਜਵਾਨ ਸ਼ੇਰ ਵਰਗੇ ਹਨ ਅਤੇ ਕੋਈ ਵੀ
ਉਨ੍ਹਾਂ ਨੂੰ ਜਗਾਉਣਾ ਨਹੀਂ ਚਾਹੁੰਦਾ। ਉਨ੍ਹਾਂ ਨੂੰ ਅਸੀਸ ਮਿਲੇ
ਜੋ ਉਨ੍ਹਾਂ ਨੂੰ ਅਸੀਸ ਦੇਣ ਅਤੇ ਉਹ ਸਰਾਪੇ ਜਾਣ ਜੋ ਉਨ੍ਹਾਂ
ਨੂੰ ਸਰਾਪਣ।"

10ਬਾਲਾਕ ਬਿਲਆਮ ਉੱਤੇ ਬਹੁਤ ਕ੍ਰੋਧਵਾਨ ਹੋ ਗਿਆ ਅਤੇ
ਉਸ ਨੇ ਆਪਣੇ ਹੱਥ ਇਕੱਠੇ ਵਜਾ ਕੇ ਉਸ ਨੂੰ ਆਖਿਆ, "ਮੈਂ ਤੈਨੂੰ
ਆਪਣੇ ਦੁਸ਼ਮਣਾਂ ਨੂੰ ਸਰਾਪ ਦੇਣ ਲਈ ਬੁਲਾਇਆ ਸੀ ਪਰ ਤੂੰ
ਉਨ੍ਹਾਂ ਨੂੰ ਤਿੰਨ ਵਾਰੀ ਅਸੀਸ ਦੇ ਦਿੱਤੀ। 11ਹੁਣ ਇੱਥੋਂ ਚਲਾ ਜਾਹ
ਅਤੇ ਘਰ ਨੂੰ ਮੁੜ ਜਾਹ। ਮੈਂ ਤੈਨੂੰ ਆਖਿਆ ਸੀ ਕਿ ਮੈਂ ਤੈਨੂੰ ਬਹੁਤ
ਚੰਗਾ ਇਨਾਮ ਦਿਆਂਗਾ। ਪਰ ਯਹੋਵਾਹ ਨੇ ਤੇਰੇ ਕੋਲੋਂ ਤੇਰਾ ਇਨਾਮ
ਖੋਹ ਲਿਆ ਹੈ।"
12ਬਿਲਆਮ ਨੇ ਬਾਲਾਕ ਨੂੰ ਆਖਿਆ, "ਕੀ ਮੈਂ, ਮੇਰੇ ਕੋਲ ਭੇਜੇ
ਤੇਰੇ ਸੰਦੇਸ਼ਵਾਹਕਾਂ ਨੂੰ ਨਹੀਂ ਆਖਿਆ ਸੀ, 13'ਭਾਵੇਂ ਜੇ ਬਾਲਾਕ
ਆਪਣਾ ਖੂਬਸੂਰਤ ਮਹਿਲ ਸੋਨੇ ਅਤੇ ਚਾਂਦੀ ਨਾਲ ਭਰਕੇ ਮੈਨੂੰ ਦੇਵੇ।
ਮੈਂ ਖੁਦ ਕੁਝ ਵੀ ਚੰਗਾ ਜਾਂ ਮਾੜਾ ਨਹੀਂ ਕਰ ਸਕਦਾ ਅਤੇ ਯਹੋਵਾਹ
ਦੇ ਹੁਕਮ ਦੇ ਖਿਲਾਫ਼ ਨਹੀਂ ਜਾ ਸਕਦਾ।' ਮੈਨੂੰ ਉਹੀ ਆਖਣਾ ਪੈਂਦਾ ਹੈ
ਜੋ ਯਹੋਵਾਹ ਆਖਦਾ ਹੈ। 14ਹੁਣ ਮੈਂ ਆਪਣੇ ਲੋਕਾਂ ਕੋਲ ਵਾਪਸ ਜਾ
ਰਿਹਾ ਹਾਂ। ਪਰ ਮੈਂ ਤੈਨੂੰ ਇਹ ਚੇਤਾਵਨੀ ਦਿੰਦਾ ਹਾਂ। ਮੈਂ ਤੈਨੂੰ ਦੱਸਾਂਗਾ
ਕਿ ਆਉਣ ਵਾਲੇ ਸਮੇਂ ਵਿੱਚ ਇਸਰਾਏਲ ਦੇ ਇਹ ਲੋਕ ਤੇਰੇ ਨਾਲ
ਅਤੇ ਤੇਰੇ ਲੋਕਾਂ ਨਾਲ ਕੀ ਕਰਨਗੇ।"

## ਬਿਲਆਮ ਦਾ ਆਖਰੀ ਸੰਦੇਸ਼

15ਫ਼ੇਰ ਬਿਲਆਮ ਨੇ ਇਹ ਗੱਲਾਂ ਆਖੀਆਂ:
ਇਹ ਸੰਦੇਸ਼ ਬਓਰ ਦੇ ਪੁੱਤਰ, ਬਿਲਆਮ ਵੱਲੋਂ ਹੈ। ਮੈਂ
ਆਖਦਾ ਹਾਂ, ਜੋ ਮੈਂ ਸਾਫ਼-ਸਾਫ਼ ਦੇਖਦਾ ਹਾਂ।
16 ਮੈਂ ਪਰਮੇਸ਼ੁਰ ਕੋਲੋਂ ਇਹ ਸੰਦੇਸ਼ ਸੁਣਿਆ। ਮੈਂ ਉਹੀ
ਸਿੱਖਿਆ ਜੋ ਮੈਨੂੰ ਪਰਮੇਸ਼ੁਰ ਸਰਬ-ਉੱਚ ਨੇ ਸਿਖਾਇਆ।
ਮੈਂ ਦੇਖਿਆ, ਜੋ ਵੀ ਮੈਨੂੰ ਪਰਮੇਸ਼ੁਰ ਸਰਬ-ਸ਼ਕਤੀਮਾਨ ਨੇ
ਦਿਖਾਇਆ। ਮੈਂ ਹਲੀਮ ਹੋ ਕੇ ਦੱਸਦਾ ਹਾਂ ਜੋ ਵੀ ਮੈਂ ਸਾਫ਼-
ਸਾਫ਼ ਦੇਖਦਾ ਹਾਂ।
17 ਮੈਂ ਯਹੋਵਾਹ ਨੂੰ ਆਉਂਦਿਆ ਦੇਖਦਾ ਹਾਂ, ਪਰ ਛੇਤੀ
ਨਹੀਂ। ਯਾਕੂਬ ਦੇ ਘਰਾਣੇ ਵਿੱਚੋਂ ਇੱਕ ਤਾਰਾ ਆਵੇਗਾ।
ਇਸਰਾਏਲ ਦੇ ਲੋਕਾਂ ਵਿੱਚੋਂ ਇੱਕ ਨਵਾਂ ਹਾਕਮ ਆਵੇਗਾ।
ਉਹ ਹਾਕਮ, ਮੋਆਬੀ ਲੋਕਾਂ ਦੇ ਸਿਰ ਭੰਨੇਗਾ। ਉਹ
ਹਾਕਮ, ਸੇਥ ਦੇ ਸਮੂਹ ਪੁੱਤਰਾਂ ਦੇ ਸਿਰ ਭੰਨ ਦੇਵੇਗਾ।
18 ਇਸਰਾਏਲ ਮਜ਼ਬੂਤ ਹੋ ਜਾਵੇਗਾ ਅਤੇ ਅਦੋਮ ਦੀ ਧਰਤੀ
ਉੱਤੇ ਕਬਜ਼ਾ ਕਰ ਲਵੇਗਾ! ਉਹ ਆਪਣੇ ਦੁਸ਼ਮਣ ਸੇਈਰ
ਦੀ ਧਰਤੀ ਉੱਤੇ ਕਬਜ਼ਾ ਕਰ ਲੈਣਗੇ।
19 ਯਾਕੂਬ ਦੇ ਪਰਿਵਾਰ ਵਿੱਚੋਂ ਇੱਕ ਨਵਾਂ ਹਾਕਮ ਆਵੇਗਾ,
ਉਹ ਹਾਕਮ, ਉਸ ਸ਼ਹਿਰ ਵਿੱਚ ਜੀਉਂਦੇ ਬਚੇ ਲੋਕਾਂ ਨੂੰ
ਤਬਾਹ ਕਰ ਦੇਵੇਗਾ।"

20ਫ਼ੇਰ ਬਿਲਆਮ ਨੇ ਅਮਾਲੇਕੀ ਲੋਕਾਂ ਨੂੰ ਦੇਖਿਆ ਅਤੇ ਇਹ
ਸ਼ਬਦ ਉਚਾਰੇ:
"ਅਮਾਲੇਕ ਸਮੂਹ ਕੌਮਾਂ ਨਾਲੋਂ ਤਾਕਤਵਰ ਹੈ। ਪਰ
ਅਮਾਲੇਕ ਵੀ ਤਬਾਹ ਹੋ ਜਾਏਗਾ!"

21ਫ਼ੇਰ ਬਿਲਆਮ ਨੇ ਕੇਨੀ ਲੋਕਾਂ ਵੱਲ ਦੇਖਿਆ ਅਤੇ ਇਹ ਸ਼ਬਦ
ਉੱਚਾਰੇ:
"ਤੁਹਾਨੂੰ ਵਿਸ਼ਵਾਸ ਹੈ ਕਿ ਤੁਹਾਡਾ ਦੇਸ ਸੁਰੱਖਿਅਤ ਹੈ
ਜਿਵੇਂ ਪੰਛੀ ਉੱਚੇ ਪਰਬਤ ਉੱਤੇ ਬਣਾਏ ਹੋਏ ਆਲ੍ਹਣੇ
ਅੰਦਰ ਬੈਠਾ ਹੋਵੇ।
22 ਪਰ ਤੁਸੀਂ ਕੇਨੀ ਲੋਕ ਤਬਾਹ ਕੀਤੇ ਜਾਵੋਗੇ ਜਦੋਂ ਅੱਸ਼ੂਰ
ਤੁਹਾਨੂੰ ਕੈਦੀ ਬਣਾ ਕੇ ਲੈ ਜਾਵੇਗਾ।"

23ਫ਼ੇਰ ਬਿਲਆਮ ਨੇ ਇਹ ਸ਼ਬਦ ਆਖੇ:
"ਹਾਏ! ਕੌਣ ਜੀਉਂਦਾ ਰਹਿ ਸਕਦਾ ਹੈ ਜਦੋਂ ਪਰਮੇਸ਼ੁਰ
ਅਜਿਹਾ ਕਰੇ?
24 ਆਉਣਗੇ ਜਹਾਜ਼ ਕਿੱਤੀਮ ਵਲੋ, ਹਰਾ ਦੇਣਗੇ ਉਹ ਅੱਸ਼ੂਰ
ਅਤੇ ਏਬਰ ਨੂੰ ਪਰ ਤਬਾਹ ਹੋ ਜਾਵੇਗਾ ਉਹ ਜਹਾਜ਼ ਵੀ।"

25ਫ਼ੇਰ ਬਿਲਆਮ ਉੱਠ ਖਲੋਇਆ ਅਤੇ ਵਾਪਸ ਘਰ ਨੂੰ ਮੁੜ
ਪਿਆ। ਬਾਲਾਕ ਵੀ ਆਪਣੇ ਰਾਹ ਚਲਿਆ ਗਿਆ।

## ਪਓਰ ਵਿਖੇ ਇਸਰਾਏਲ

**25** 1ਇਸਰਾਏਲ ਦੇ ਲੋਕਾਂ ਨੇ ਸ਼ਿੱਟੀਮ ਲਾਗੇ ਡੇਰਾ ਲਾਇਆ
ਹੋਇਆ ਸੀ। ਉਸ ਸਮੇਂ, ਉਨ੍ਹਾਂ ਨੇ ਮੋਆਬੀ ਔਰਤਾਂ
ਨਾਲ ਜਿਨਸੀ ਪਾਪ ਕਰਨੇ ਸ਼ੁਰੂ ਕਰ ਦਿੱਤੇ। 2-3ਮੋਆਬੀ ਔਰਤਾਂ ਨੇ
ਉਨ੍ਹਾਂ ਨੂੰ ਆਪਣੇ ਦੇਵਤਿਆ ਅੱਗੇ ਬਲੀਆਂ ਚੜ੍ਹਾਉਣ ਵਿੱਚ ਸ਼ਾਮਲ
ਹੋਣ ਲਈ ਸੱਦਾ ਦਿੱਤਾ। ਇਸਰਾਏਲੀਆਂ ਨੇ ਉਨ੍ਹਾਂ ਦੇਵਤਿਆਂ ਦੀ
ਉਪਾਸਨਾ ਕੀਤੀ ਅਤੇ ਬਲੀਆਂ ਦਾ ਭੋਜਨ ਖਾਧਾ। ਉਹ ਪਓਰ
ਬਆਲ ਦੇਵਤੇ ਦੀ ਉਪਾਸਨਾ ਕਰਨ ਲੱਗ ਪਏ। ਇਸ ਲਈ
ਯਹੋਵਾਹ ਉਨ੍ਹਾਂ ਦੇ ਨਾਲ ਬਹੁਤ ਗੁੱਸੇ ਹੋ ਗਿਆ।
4ਯਹੋਵਾਹ ਨੇ ਮੂਸਾ ਨੂੰ ਆਖਿਆ, "ਸਾਰੇ ਲੋਕਾਂ ਦੇ ਮੁਖੀਆਂ ਨੂੰ
ਆਪਣੇ ਨਾਲ ਲੈ। ਫ਼ੇਰ ਉਨ੍ਹਾਂ ਨੂੰ ਧੁੱਪੇ ਯਹੋਵਾਹ ਦੇ ਸਾਹਮਣੇ ਫ਼ਾਂਸੀ
ਦੇ ਦੇਵੀਂ ਤਾਂ ਜੋ ਹਰ ਕੋਈ ਵੇਖ ਸਕੇ। ਫ਼ੇਰ ਯਹੋਵਾਹ ਇਸਰਾਏਲ ਦੇ
ਸਮੂਹ ਲੋਕਾਂ ਨੂੰ ਆਪਣਾ ਗੁੱਸਾ ਨਹੀਂ ਦਰਸਾਵੇਗਾ।"
5ਇਸ ਲਈ ਮੂਸਾ ਨੇ ਇਸਰਾਏਲ ਦੇ ਨਿਆਂਕਾਰਾਂ ਨੂੰ ਆਖਿਆ,
"ਤੁਹਾਡੇ ਵਿੱਚੋਂ ਹਰੇਕ ਨੂੰ ਆਪੋ-ਆਪਣੇ ਘਰਾਣੇ ਵਿੱਚੋਂ ਅਜਿਹੇ
ਬੰਦਿਆਂ ਦੀ ਤਲਾਸ਼ ਕਰਨੀ ਚਾਹੀਦੀ ਹੈ ਜਿਨ੍ਹਾਂ ਨੇ ਲੋਕਾਂ ਨੂੰ ਝੂਠੇ
ਦੇਵਤੇ ਪਓਰ ਦੇ ਬਆਲ ਦੀ ਉਪਾਸਨਾ ਕਰਨ ਵਿੱਚ ਅਗਵਾਈ
ਕੀਤੀ। ਫ਼ੇਰ ਤੁਹਾਨੂੰ ਉਨ੍ਹਾਂ ਸਾਰੇ ਆਦਮੀਆਂ ਨੂੰ ਮਾਰ ਦੇਣਾ ਚਾਹੀਦਾ
ਹੈ।"
6ਉਸ ਸਮੇਂ, ਮੂਸਾ ਅਤੇ ਇਸਰਾਏਲ ਦੇ ਸਾਰੇ ਬਜ਼ੁਰਗ ਮੰਡਲੀ
ਵਾਲੇ ਤੰਬੂ ਦੇ ਪ੍ਰਵੇਸ਼ ਉੱਤੇ ਇਕੱਠੇ ਹੋਏ ਸਨ। ਇੱਕ ਇਸਰਾਏਲੀ
ਆਦਮੀ ਆਪਣੇ ਭਰਾਵਾਂ ਲਈ ਕਿਸੇ ਮਿਦਯਾਨੀ ਔਰਤ ਨੂੰ ਘਰ ਲੈ
ਆਇਆ। ਉਸ ਨੇ ਅਜਿਹਾ ਉਸ ਥਾਂ ਕੀਤਾ ਜਿੱਥੇ ਮੂਸਾ ਅਤੇ ਸਾਰੇ
ਆਗੂ ਦੇਖ ਸਕਦੇ ਸਨ। ਮੂਸਾ ਅਤੇ ਸਾਰੇ ਆਗੂ ਬਹੁਤ ਉਦਾਸ ਹੋ
ਗਏ। 7ਫ਼ੀਨਹਾਸ, ਅਲਆਜ਼ਾਰ ਦਾ ਪੁੱਤਰ ਅਤੇ ਹਾਰੂਨ ਜਾਜਕ
ਦਾ ਪੋਤਰਾ ਸੀ। ਉਸ ਨੇ ਉਸ ਆਦਮੀ ਨੂੰ ਔਰਤ ਨੂੰ ਡੇਰੇ ਅੰਦਰ
ਲਿਆਉਂਦਿਆਂ ਦੇਖ ਲਿਆ। ਇਸ ਲਈ ਉਹ ਲੋਕਾਂ ਵਿੱਚਕਾਰੋਂ
ਉੱਠਿਆ ਅਤੇ ਆਪਣਾ ਬਰਛਾ ਲਿਆ। 8ਉਸ ਨੇ ਇਸਰਾਏਲੀ
ਆਦਮੀ ਦਾ ਤੰਬੂ ਤੱਕ ਪਿੱਛਾ ਕੀਤਾ। ਫ਼ੇਰ ਉਸ ਨੇ ਬਰਛੇ ਨਾਲ
ਇਸਰਾਏਲੀ ਆਦਮੀ ਅਤੇ ਮਿਦਯਾਨੀ ਔਰਤ ਨੂੰ ਉਸ ਦੇ ਤੰਬੂ
ਅੰਦਰ ਮਾਰ ਦਿੱਤਾ। ਉਸ ਨੇ ਬਰਛਾ ਦੋਹਾਂ ਦੇ ਸਰੀਰਾਂ ਅੰਦਰ ਖੋਭ
ਦਿੱਤਾ। ਉਸ ਸਮੇਂ ਇਸਰਾਏਲੀ ਲੋਕਾਂ ਅੰਦਰ ਮਹਾਂਮਾਰੀ ਫ਼ੈਲੀ ਹੋਈ
ਸੀ। ਪਰ ਜਦੋਂ ਫ਼ੀਨਹਾਸ ਨੇ ਇਨ੍ਹਾਂ ਦੋਹਾਂ ਨੂੰ ਮਾਰ ਦਿੱਤਾ ਤਾਂ ਮਹਾਂ
ਮਾਰੀ ਰੁਕ ਗਈ। 9ਕੁੱਲ 24,000 ਬੰਦੇ ਇਸ ਮਹਾਂਮਾਰੀ ਨਾਲ
ਮਾਰੇ ਗਏ ਸਨ।
10ਯਹੋਵਾਹ ਨੇ ਮੂਸਾ ਨੂੰ ਆਖਿਆ, 11"ਮੇਰੇ ਮਨ ਵਿੱਚ ਆਪਣੇ
ਲੋਕਾਂ ਲਈ ਬਹੁਤ ਪਿਆਰ ਹੈ-ਮੈਂ ਚਾਹੁੰਦਾ ਹਾਂ ਕਿ ਉਹ ਸਿਰਫ਼ ਮੇਰੇ
ਹੀ ਰਹਿਣ। ਅਲਆਜ਼ਾਰ ਦੇ ਪੁੱਤਰ ਫ਼ੀਨਹਾਸ, ਜਾਜਕ ਹਾਰੂਨ ਦੇ
ਪੋਤਰੇ ਨੇ ਲੋਕਾਂ ਨੂੰ ਮੇਰੇ ਕਹਿਰ ਤੋਂ ਬਚਾ ਲਿਆ। ਉਸ ਨੇ ਅਜਿਹਾ
ਮੇਰੇ ਲੋਕਾਂ ਵਾਸਤੇ ਇਨ੍ਹਾਂ ਭਾਵਾਂ ਦੇ ਪ੍ਰਗਟਾਵੇ ਰਾਹੀਂ ਕੀਤਾ। ਇਸ
ਲਈ ਮੈਂ ਲੋਕਾਂ ਨੂੰ ਉਸ ਤਰ੍ਹਾਂ ਨਹੀਂ ਮਾਰਾਂਗਾ ਜਿਸ ਤਰ੍ਹਾਂ ਮੈਂ ਚਾਹੁੰਦਾ
ਸੀ। 12ਫ਼ੀਨਹਾਸ ਨੂੰ ਆਖ ਕਿ ਮੈਂ ਉਸ ਨੂੰ ਆਪਣੀ ਸ਼ਾਂਤੀ ਦੀ ਬਿਧੀ
ਦੇ ਰਿਹਾ ਹਾਂ। 13ਇਕਰਾਰਨਾਮਾ ਇਹ ਹੈ: ਉਹ ਅਤੇ ਉਸ ਤੋਂ ਬਾਦ,
ਉਸ ਦਾ ਸਾਰਾ ਪਰਿਵਾਰ ਹਮੇਸ਼ਾ ਜਾਜਕ ਹੋਣਗੇ। ਕਿਉਂਕਿ ਉਸ ਦੇ
ਦਿਲ ਵਿੱਚ ਆਪਣੇ ਪਰਮੇਸ਼ੁਰ ਲਈ ਡੂੰਘੀਆਂ ਭਾਵਨਾਵਾਂ ਸਨ।
ਅਤੇ ਉਸ ਨੇ ਉਹ ਗੱਲਾਂ ਕੀਤੀਆਂ ਜਿਨ੍ਹਾਂ ਨੇ ਇਸਰਾਏਲ ਦੇ ਲੋਕਾਂ
ਨੂੰ ਪਵਿੱਤਰ ਬਣਾਇਆ।"
14ਉਸ ਇਸਰਾਏਲੀ ਆਦਮੀ ਜ਼ਿਮਰੀ ਸੀ, ਜਿਹੜਾ ਮਿਦਯਾਨੀ
ਔਰਤ ਨਾਲ ਮਾਰਿਆ ਗਿਆ ਸੀ। ਉਹ ਸ਼ਿਮਓਨ ਦੇ ਘਰਾਣੇ ਦੇ
ਇੱਕ ਪਰਿਵਾਰ ਦੇ ਆਗੂ ਸਾਲੂ ਦਾ ਪੁੱਤਰ ਸੀ। 15ਅਤੇ ਜਿਹੜੀ
ਮਿਦਯਾਨੀ ਔਰਤ ਮਾਰੀ ਗਈ ਸੀ ਉਸ ਦਾ ਨਾਮ ਕਾਜ਼ਬੀ ਸੀ। ਉਹ

ਸੂਰ ਦੀ ਧੀ ਸੀ। ਸੂਰ ਇੱਕ ਮਿਦਯਾਨੀ ਘਰਾਣੇ ਦੇ ਇੱਕ ਪਰਿਵਾਰ
ਦਾ ਆਗੂ ਅਤੇ ਮੁਖੀਆ ਸੀ।
16ਯਹੋਵਾਹ ਨੇ ਮੂਸਾ ਨੂੰ ਆਖਿਆ, 17"ਮਿਦਯਾਨੀ ਲੋਕ ਤੁਹਾਡੇ
ਦੁਸ਼ਮਣ ਹਨ। ਤੁਹਾਨੂੰ ਚਾਹੀਦਾ ਹੈ ਕਿ ਉਨ੍ਹਾਂ ਨੂੰ ਮਾਰ ਦਿਉ। 18ਉਨ੍ਹਾਂ
ਨੇ ਪਹਿਲਾਂ ਹੀ ਤੁਹਾਨੂੰ ਆਪਣਾ ਦੁਸ਼ਮਣ ਬਣਾ ਲਿਆ ਹੈ। ਉਨ੍ਹਾਂ ਨੇ ਪਓਰ ਵਿਖੇ ਤੁਹਾਨੂੰ ਧੋਖਾ ਦਿੱਤਾ ਅਤੇ ਉਨ੍ਹਾਂ ਨੇ ਤੁਹਾਨੂੰ ਕਾਜ਼ਬੀ ਨਾਮ ਦੀ ਇੱਕ ਔਰਤ ਰਾਹੀਂ ਧੋਖਾ ਦਿੱਤਾ। ਉਹ ਇੱਕ ਮਿਦਯਾਨੀ ਆਗੂ ਦੀ ਧੀ ਸੀ। ਪਰ ਉਹ ਉਦੋਂ ਮਾਰੀ ਗਈ ਸੀ ਜਦੋਂ ਪਓਰ ਵਾਲੀ ਘਟਨਾ ਕਾਰਣ ਇਸਰਾਏਲੀ ਲੋਕਾਂ ਅੰਦਰ ਮਹਾਂਮਾਰੀ ਫ਼ੈਲੀ ਸੀ।"

## ਲੋਕਾਂ ਦੀ ਗਿਣਤੀ ਕੀਤੀ ਗਈ

26 1ਮਹਾਂਮਾਰੀ ਤੋਂ ਮਗਰੋਂ ਯਹੋਵਾਹ ਨੇ ਮੂਸਾ ਅਤੇ ਜਾਜਕ ਹਾਰੂਨ ਦੇ ਪੁੱਤਰ ਅਲਆਜ਼ਾਰ ਨਾਲ ਗੱਲ ਕੀਤੀ।
2ਉਸ ਨੇ ਆਖਿਆ, "ਇਸਰਾਏਲ ਦੇ ਲੋਕਾਂ ਦੀ ਗਿਣਤੀ ਕਰੋ। ਉਨ੍ਹਾਂ ਸਾਰੇ ਆਦਮੀਆਂ ਦੀ ਗਿਣਤੀ ਕਰੋ ਜਿਹੜੇ 20 ਸਾਲਾਂ ਜਾਂ ਇਸ ਤੋਂ ਵਡੇਰੇ ਹਨ ਅਤੇ ਉਨ੍ਹਾਂ ਦੀ ਪਰਿਵਾਰਾਂ ਸਮੇਤ ਸੂਚੀ ਬਣਾਉ। ਇਹ ਉਹ ਲੋਕ ਹਨ ਜਿਹੜੇ ਇਸਰਾਏਲ ਦੀ ਫ਼ੌਜ ਵਿੱਚ ਸੇਵਾ ਕਰਨ ਦੇ ਯੋਗ ਹਨ।"
3ਇਹ ਯਰੀਹੋ ਦੇ ਸਾਹਮਣੇ ਪਾਸੇ ਯਰਦਨ ਨਦੀ ਦੇ ਨੇੜੇ ਸੀ।
ਇਸ ਲਈ ਮੂਸਾ ਅਤੇ ਅਲਆਜ਼ਾਰ ਨੇ ਲੋਕਾਂ ਨਾਲ ਗੱਲ ਕੀਤੀ।
ਉਨ੍ਹਾਂ ਨੇ ਆਖਿਆ, 4"ਤੁਹਾਨੂੰ ਹਰ ਉਸ ਬੰਦੇ ਦੀ ਗਿਣਤੀ ਕਰਨੀ
ਚਾਹੀਦੀ ਹੈ ਜਿਹੜਾ 20 ਸਾਲਾਂ ਜਾਂ ਇਸ ਤੋਂ ਵਡੇਰੀ ਉਮਰ ਦਾ ਹੈ। ਯਹੋਵਾਹ ਨੇ ਮੂਸਾ ਨੂੰ ਇਹ ਆਦੇਸ਼ ਦਿੱਤਾ ਸੀ।"
ਇਹ ਇਸਰਾਏਲ ਦੇ ਉਨ੍ਹਾਂ ਲੋਕਾਂ ਦੀ ਸੂਚੀ ਹੈ ਜਿਹੜੇ ਮਿਸਰ ਵਿੱਚੋਂ ਬਾਹਰ ਆਏ ਸਨ:

5ਇਹ ਰਊਬੇਨ ਦੇ ਪਰਿਵਾਰ ਦੇ ਲੋਕ ਹਨ। (ਰਊਬੇਨ ਇਸਰਾਏਲ) ਦਾ ਪਲੋਠਾ ਪੁੱਤਰ ਸੀ। ਪਰਿਵਾਰ ਸਨ:
ਹਨੋਕ ਤੋਂ ਹਨੋਕੀਆਂ ਦਾ ਪਰਿਵਾਰ।
ਪੱਲੂ ਤੋਂ ਪੱਲੂਆ ਦਾ ਪਰਿਵਾਰ।
6 ਹਸਰੋਨ ਤੋਂ ਹਸਰੋਨੀਆਂ ਦਾ ਪਰਿਵਾਰ।
ਕਰਮੀ ਤੋਂ ਕਰਮੀਆਂ ਪਰਿਵਾਰ।
7ਇਹ ਰਊਬੇਨ ਦੇ ਘਰਾਣੇ ਦੇ ਪਰਿਵਾਰ ਸਨ। ਇਨ੍ਹਾਂ ਵਿੱਚ ਕੁੱਲ 43,730 ਆਦਮੀ ਸਨ।

8ਪੱਲੂ ਦਾ ਪੁੱਤਰ ਅਲੀਆਬ ਸੀ। 9ਅਲੀਆਬ ਦੇ ਤਿੰਨ ਪੁੱਤਰ
ਸਨ-ਨਮੂਏਲ, ਦਾਥਾਨ ਅਤੇ ਅਬੀਰਾਮ। ਚੇਤੇ ਕਰੋ, ਦਾਥਾਨ ਅਤੇ ਅਬੀਰਾਮ ਉਹ ਦੋ ਆਗੂ ਸਨ ਜਿਹੜੇ ਮੂਸਾ ਅਤੇ ਹਾਰੂਨ ਦੇ ਵਿਰੁੱਧ ਹੋ ਗਏ ਸਨ। ਉਹ ਕੋਰਹ ਦੇ ਪਿੱਛੇ ਲੱਗੇ ਸਨ ਜਦੋਂ ਕੋਰਹ ਯਹੋਵਾਹ
ਦੇ ਵਿਰੁੱਧ ਹੋ ਗਿਆ ਸੀ। 10ਇਹ ਉਹ ਸਮਾਂ ਸੀ ਜਦੋਂ ਧਰਤੀ
ਪਾਟ ਗਈ ਸੀ ਅਤੇ ਕੋਰਹ ਅਤੇ ਉਸ ਦੇ ਸਾਰੇ ਅਨੁਯਾਈਆਂ ਨੂੰ ਨਿਗਲ ਗਈ ਸੀ। ਅਤੇ 250 ਆਦਮੀ ਮਾਰੇ ਗਏ ਸਨ। ਇਹ ਇਸਰਾਏਲ ਦੇ ਸਮੂਹ ਲੋਕਾਂ ਲਈ ਇੱਕ ਚੇਤਾਵਨੀ ਸੀ। 11ਪਰ
ਕੋਰਹ ਪਰਿਵਾਰ ਦੇ ਹੋਰ ਲੋਕ ਵੀ ਸਨ ਜਿਹੜੇ ਮਾਰੇ ਨਹੀਂ ਗਏ ਸਨ।
12ਇਹ ਸ਼ਿਮਓਨ ਦੇ ਘਰਾਣੇ ਦੇ ਪਰਿਵਾਰ ਸਨ:
ਨਮੂਏਲ ਤੋਂ ਨਮੂਏਲੀਆਂ ਦਾ ਪਰਿਵਾਰ।
ਯਮੀਨ ਤੋਂ ਯਮੀਨੀਆਂ ਦਾ ਪਰਿਵਾਰ।
ਯਾਕੀਨ ਤੋਂ ਯਾਕਾਨੀਆਂ ਦਾ ਪਰਿਵਾਰ।
13 ਜ਼ਰਹ ਤੋਂ ਜ਼ਰਹੀਆਂ ਦਾ ਪਰਿਵਾਰ।
ਸ਼ਾਊਲ-ਸ਼ਾਊਲੀਆਂ ਦਾ ਪਰਿਵਾਰ।
14ਇਹ ਸ਼ਿਮਓਨ ਦੇ ਘਰਾਣੇ ਦੇ ਪਰਿਵਾਰ ਸਨ। ਇਸ ਵਿੱਚ ਕੁੱਲ 22,200 ਅਦਮੀ ਸਨ।

15ਇਹ ਗਾਦ ਦੇ ਘਰਾਣੇ ਦੇ ਪਰਿਵਾਰ ਸਨ:
ਸਫ਼ੋਨ ਤੋਂ ਸਫ਼ੋਨੀਆਂ ਦਾ ਪਰਿਵਾਰ।
ਹੱਗੀ ਤੋਂ ਹੱਗੀਆਂ ਦਾ ਪਰਿਵਾਰ।
ਸੂਨੀ ਤੋਂ ਸੂਨੀਆਂ ਦਾ ਪਰਿਵਾਰ।
16 ਆਜ਼ਨੀ ਤੋਂ ਆਜ਼ਨੀਆਂ ਦਾ ਪਰਿਵਾਰ।
ਏਰੀ ਤੋਂ ਏਰੀਆਂ ਦਾ ਪਰਿਵਾਰ।
17 ਅਰੋਦ ਤੋਂ ਅਰੋਦੀਆਂ ਦਾ ਪਰਿਵਾਰ।
ਅਰਏਲੀ ਤੋਂ ਅਰਏਲੀਆਂ ਪਰਿਵਾਰ।
18ਇਹ ਪਰਿਵਾਰ ਗਾਦ ਦੇ ਘਰਾਣੇ ਵਿੱਚੋਂ ਸਨ। ਇਸ ਵਿੱਚ ਕੁੱਲ 40,500 ਆਦਮੀ ਸਨ।

19-20ਇਹ ਯਹੂਦਾਹ ਦੇ ਘਰਾਣੇ ਦੇ ਪਰਿਵਾਰ ਹਨ:
ਸ਼ੇਲਾਹ ਤੋਂ ਸ਼ੇਲਾਹੀਆਂ ਦਾ ਪਰਿਵਾਰ।
ਪਰਸ ਤੋਂ ਪਰਸੀਆਂ ਦਾ ਪਰਿਵਾਰ।
ਜ਼ਰਹ ਤੋਂ ਜ਼ਰਹੀਆਂ ਦਾ ਪਰਿਵਾਰ।
(ਯਹੂਦਾਹ ਦੇ ਦੋ ਪੁੱਤਰ, ਏਰ ਅਤੇ ਓਨਾਨ ਕਨਾਨ ਵਿੱਚ ਮਾਰੇ ਗਏ ਸਨ।)
21ਇਹ ਪਰਸ ਦੇ ਪਰਿਵਾਰ ਸਨ:
ਹਸਰੋਨ ਤੋਂ ਹਸਰੋਨੀਆਂ ਦਾ ਪਰਿਵਾਰ।
ਹਮੂਲ ਤੋਂ ਹਮੂਲੀਆਂ ਦਾ ਪਰਿਵਾਰ।
22ਇਹ ਪਰਿਵਾਰ ਯਹੂਦਾਹ ਦੇ ਘਰਾਣੇ ਵਿੱਚੋਂ ਸਨ। ਆਦਮੀਆਂ ਦੀ ਕੁੱਲ ਗਿਣਤੀ 76,500 ਸੀ।

23ਯਿੱਸਾਕਾਰ ਦੇ ਘਰਾਣੇ ਦੇ ਪਰਿਵਾਰ ਸਨ:
ਤੋਲਾ ਤੋਂ ਤੋਲੀਆਂ ਦਾ ਪਰਿਵਾਰ।
ਪੁੱਵਾਹ-ਪੂਨੀਆਂ ਪਰਿਵਾਰ।
24 ਯਾਸ਼ੂਬ ਤੋਂ ਯਾਸ਼ੂਬੀਆਂ ਦਾ ਪਰਿਵਾਰ।
ਸ਼ਿਮਰੋਨ ਤੋਂ ਸ਼ਿਮਰੋਨੀਆਂ ਦਾ ਪਰਿਵਾਰ।
25ਇਹ ਪਰਿਵਾਰ ਯਿੱਸਾਕਾਰ ਦੇ ਘਰਾਣੇ ਵਿੱਚੋਂ ਸਨ। ਆਦਮੀਆਂ ਦੀ ਕੁੱਲ ਗਿਣਤੀ 64,300 ਸੀ।

26ਜ਼ਬੂਲੁਨ ਦੇ ਘਰਾਣੇ ਦੇ ਪਰਿਵਾਰ ਸਨ:
ਸਰਦ ਤੋਂ ਸਰਦੀਆਂ ਦਾ ਪਰਿਵਾਰ।
ਏਲੋਨ ਤੋਂ ਏਲੋਨੀਆਂ ਦਾ ਪਰਿਵਾਰ।
ਯਹਲਏਲ ਤੋਂ ਯਹਲਏਲੀਆਂ ਦਾ ਪਰਿਵਾਰ।
27ਇਹ ਜ਼ਬੂਲੁਨੀਆਂ ਦੇ ਘਰਾਣੇ ਦੇ ਪਰਿਵਾਰ ਸਨ: ਆਦਮੀਆਂ ਦੀ ਕੁੱਲ ਗਿਣਤੀ 60,500 ਸੀ।

28ਯੂਸੁਫ਼ ਦੇ ਦੋ ਪੁੱਤਰ ਸਨ ਮਨੱਸ਼ਹ ਅਤੇ ਅਫ਼ਰਈਮ, ਹਰ ਪੁੱਤਰ ਆਪੋ-ਆਪਣੇ ਪਰਿਵਾਰ ਨਾਲ ਇੱਕ ਘਰਾਣਾ ਬਣ ਗਿਆ।
29ਮਨੱਸ਼ਹ ਦੇ ਪਰਿਵਾਰ ਸਨ:

ਮਾਕੀਰ ਤੋਂ ਮਾਕੀਰੀਆਂ ਦਾ ਪਰਿਵਾਰ। (ਮਾਕੀਰ ਗਿਲਆਦ ਦਾ ਪਿਤਾ ਸੀ।)
ਗਿਲਆਦ ਤੋਂ ਗਿਲਆਦੀਆਂ ਦਾ ਪਰਿਵਾਰ।

30ਗਿਲਆਦ ਦੇ ਪਰਿਵਾਰ ਸਨ:
ਈਅਜ਼ਰ ਤੋਂ ਈਅਜ਼ਰੀਆਂ ਦਾ ਪਰਿਵਾਰ।
ਹੇਲਕ ਤੋਂ ਹੇਲਕੀਆਂ ਦਾ ਪਰਿਵਾਰ।
31 ਅਸਰੀਏਲ ਤੋਂ ਅਸਰੀਏਲੀਆਂ ਦਾ ਪਰਿਵਾਰ।
ਸ਼ਕਮ ਤੋਂ ਸ਼ਕਮੀਆਂ ਦਾ ਪਰਿਵਾਰ।
32 ਸ਼ਮੀਦਾ ਤੋਂ ਸ਼ਮੀਦਾਈਆਂ ਦਾ ਪਰਿਵਾਰ।
ਹੇਫ਼ਰ ਤੋਂ ਹੇਫ਼ਰੀਆਂ ਦਾ ਪਰਿਵਾਰ।
33 ਸਲਾਫ਼ਹਾਦ ਹੇਫ਼ਰ ਦਾ ਪੁੱਤਰ ਸੀ। ਪਰ ਉਸ ਦਾ ਕੋਈ ਪੁੱਤਰ ਨਹੀਂ ਸੀ-ਸਿਰਫ਼ ਧੀਆਂ ਸਨ। ਉਸ ਦੀਆਂ ਧੀਆਂ ਦੇ ਨਾਮ ਸਨ ਮਹਲਾਹ, ਨੋਆਹ, ਹਾਗਲਾਹ, ਮਿਲਕਾਹ ਅਤੇ ਤਿਰਸਾਹ।
34ਉਹ ਸਾਰੇ ਮਨੱਸ਼ਹ ਦੇ ਪਰਿਵਾਰ-ਸਮੂਹਾਂ ਦੇ ਪਰਿਵਾਰ ਸਨ। ਆਦਮੀਆਂ ਦੀ ਕੁੱਲ ਗਿਣਤੀ 52,700 ਸੀ।

35ਅਫ਼ਰਈਮ ਦੇ ਪਰਿਵਾਰ-ਸਮੂਹਾਂ ਦੇ ਪਰਿਵਾਰ ਸਨ:
ਸ਼ੂਥਲਹ ਤੋਂ ਸ਼ੂਥਲਹੀਆਂ ਦਾ ਪਰਿਵਾਰ।
ਬਕਰ ਤੋਂ ਬਕਰੀਆਂ ਦਾ ਪਰਿਵਾਰ।
ਥਹਨ ਤੋਂ ਥਹਨੀਆਂ ਪਰਿਵਾਰ।
36 ਏਰਾਨ ਸ਼ੂਥਲਹ ਪਰਿਵਾਰ ਵਿੱਚੋਂ ਸੀ।
ਏਰਾਨ ਤੋਂ ਏਰਾਨੀਆਂ ਦਾ ਪਰਿਵਾਰ।
37ਇਹ ਅਫ਼ਰਈਮ ਘਰਾਣੇ ਦੇ ਪਰਿਵਾਰ ਸਨ। ਕੁੱਲ ਆਦਮੀਆਂ ਦੀ ਗਿਣਤੀ 32,500 ਸੀ। ਉਹ ਸਾਰੇ ਲੋਕ ਯੂਸੁਫ਼ ਦੇ ਘਰਾਣੇ ਵਿੱਚੋਂ ਸਨ।

38ਬਿਨਯਾਮੀਨ ਦੇ ਘਰਾਣੇ ਦੇ ਪਰਿਵਾਰ ਸਨ:
ਬਲਾ ਤੋਂ ਬਲੀਆਂ ਦਾ ਪਰਿਵਾਰ।
ਅਸ਼ਬੇਲ ਤੋਂ ਅਸ਼ਬੇਲੀਆਂ ਦਾ ਪਰਿਵਾਰ।
ਅਹੀਰਾਮ ਤੋਂ ਅਹੀਰਾਮੀਆਂ ਦਾ ਪਰਿਵਾਰ।
39 ਸ਼ਫ਼ੂਫ਼ਾਮ ਤੋਂ ਸ਼ਫ਼ੂਫ਼ਾਮੀਆਂ ਦਾ ਪਰਿਵਾਰ
ਹੂਫ਼ਾਮਤੋਂ ਹੂਫ਼ਾਮੀਆਂ ਦਾ ਪਰਿਵਾਰ।
40 ਬਲਾ ਦੇ ਪਰਿਵਾਰ ਸਨ:
ਅਰਦ ਤੋਂ ਅਰਦੀਆਂ ਦਾ ਪਰਿਵਾਰ।
ਨਆਮਾਨ ਤੋਂ ਨਆਮਾਨੀਆਂ ਦਾ ਪਰਿਵਾਰ।
41ਇਹ ਸਾਰੇ ਪਰਿਵਾਰ ਬਿਨਯਾਮੀਨ ਦੇ ਘਰਾਣੇ ਵਿੱਚੋਂ ਸਨ। ਆਦਮੀਆਂ ਦੀ ਕੁੱਲ ਗਿਣਤੀ 45,600 ਸੀ।

42ਦਾਨ ਦੇ ਘਰਾਣੇ ਦੇ ਪਰਿਵਾਰ ਸਨ:
ਸ਼ੂਹਾਮ ਤੋਂ ਸ਼ੂਹਾਮੀਆਂ ਦਾ ਪਰਿਵਾਰ।
ਇਹ ਦਾਨ ਦੇ ਘਰਾਣੇ ਦਾ ਪਰਿਵਾਰ ਸੀ। 43ਸ਼ੂਹਾਮ ਘਰਾਣੇ ਦੇ ਬਹੁਤ
ਸਾਰੇ ਪਰਿਵਾਰ ਸਨ। ਆਦਮੀਆਂ ਦੀ ਕੁੱਲ ਗਿਣਤੀ 64,400 ਸੀ।

44ਆਸ਼ੇਰ ਦੇ ਘਰਾਣੇ ਦੇ ਪਰਿਵਾਰ ਸਨ:
ਯਿਮਨਾਹ ਤੋਂ ਯਿਮਨਾਹੀਆਂ ਦਾ ਪਰਿਵਾਰ।
ਯਿਸ਼ਵੀਤੋਂ ਯਿਸ਼ਵੀਆਂ ਦਾ ਪਰਿਵਾਰ।
ਬਰੀਯਾਹ ਤੋਂ ਬਰੀਈਆਂ ਦਾ ਪਰਿਵਾਰ।

45ਬਰੀਯਾਹ ਦੇ ਪਰਿਵਾਰ ਸਨ:
ਹੇਬਰ ਤੋਂ ਹੇਬਰੀਆਂ ਦਾ ਪਰਿਵਾਰ।
ਮਲਕੀਏਲ ਤੋਂ ਮਲਕੀਏਲੀਆਂ ਦਾ ਪਰਿਵਾਰ।
46(ਆਸ਼ੇਰ ਦੀ ਇੱਕ ਧੀ ਵੀ ਸੀ ਜਿਸ ਦਾ ਨਾਮ ਸਾਰਹ ਸੀ।)
47ਇਹ ਆਸ਼ੇਰ ਦੇ ਘਰਾਣੇ ਦੇ ਪਰਿਵਾਰ ਸਨ। ਆਦਮੀਆਂ ਦੀ ਕੁੱਲ ਗਿਣਤੀ 53,400 ਸੀ।

48ਨਫ਼ਤਾਲੀ ਦੇ ਘਰਾਣੇ ਦੇ ਪਰਿਵਾਰ ਸਨ:
ਯਹਸਏਲ ਤੋਂ ਯਹਸਏਲੀਆਂ ਦਾ ਪਰਿਵਾਰ।
ਗੂਨੀ ਤੋਂ ਗੂਨੀਆਂ ਦਾ ਪਰਿਵਾਰ।
49 ਯੇਸਰ ਤੋਂ ਯੇਸਰੀਆਂ ਦਾ ਪਰਿਵਾਰ।
ਸ਼ਿਲੇਮ ਤੋਂ ਸ਼ਿਲੇਮੀਆਂ ਦਾ ਪਰਿਵਾਰ।
50ਇਹ ਨਫ਼ਤਾਲੀ ਦੇ ਘਰਾਣੇ ਦੇ ਪਰਿਵਾਰ ਸਨ। ਆਦਮੀਆਂ ਦੀ ਕੁੱਲ ਗਿਣਤੀ 45,400 ਸੀ।

51ਇਸ ਤਰ੍ਹਾਂ ਇਸਰਾਏਲ ਦੇ ਆਦਮੀਆਂ ਦੀ ਕੁੱਲ ਗਿਣਤੀ 6,01,730 ਸੀ।
52ਯਹੋਵਾਹ ਨੇ ਮੂਸਾ ਨੂੰ ਆਖਿਆ, 53"ਧਰਤੀ ਫ਼ੇਰ ਵੰਡੀ
ਜਾਵੇਗੀ ਅਤੇ ਇਨ੍ਹਾਂ ਲੋਕਾਂ ਨੂੰ ਦਿੱਤੀ ਜਾਵੇਗੀ। ਹਰੇਕ ਘਰਾਣੇ
ਨੂੰ ਗਿਣਤੀ ਕੀਤੇ ਗਏ ਲੋਕਾਂ ਲਈ ਧਰਤੀ ਮਿਲੇਗੀ। 54ਵੱਡੇ
ਪਰਿਵਾਰ ਨੂੰ ਵਧੇਰੇ ਧਰਤੀ ਮਿਲੇਗੀ ਅਤੇ ਛੋਟੇ ਪਰਿਵਾਰ ਨੂੰ ਘੱਟ
ਧਰਤੀ ਮਿਲੇਗੀ। ਉਹ ਧਰਤੀ ਜਿਹੜੀ ਉਨ੍ਹਾਂ ਨੂੰ ਮਿਲੇਗੀ ਉਹ
ਗਿਣਤੀ ਕੀਤੇ ਹੋਏ ਲੋਕਾਂ ਦੇ ਬਰਾਬਰ ਹੋਵੇਗੀ। 55ਪਰ ਤੁਹਾਨੂੰ ਗੁਣੇ
ਪਾ ਕੇ ਫ਼ੈਸਲਾ ਕਰਨਾ ਚਾਹੀਦਾ ਹੈ ਕਿ ਕਿਹੜੇ ਪਰਿਵਾਰ ਨੂੰ ਧਰਤੀ
ਦਾ ਕਿਹੜਾ ਭਾਗ ਮਿਲੇਗਾ। ਹਰੇਕ ਘਰਾਣੇ ਆਪਣਾ ਹਿੱਸਾ ਪ੍ਰਾਪਤ
ਕਰੇਗਾ ਅਤੇ ਇਸ ਤੋਂ ਬਾਦ ਉਸ ਧਰਤੀ ਨੂੰ ਨਾਮ ਦਿੱਤਾ ਜਾਵੇਗਾ।
56ਵੱਡੀ ਜਾਂ ਛੋਟੀ ਧਰਤੀ ਹਰੇਕ ਪਰਿਵਾਰ ਨੂੰ ਦਿੱਤੀ ਜਾਵੇਗੀ। ਅਤੇ
ਤੁਸੀਂ ਫ਼ੈਸਲਾ ਕਰਨ ਲਈ ਗੁਣੇ ਪਾਵੋਗੇ।"

57ਉਨ੍ਹਾਂ ਨੇ ਲੇਵੀ ਦੇ ਘਰਾਣੇ ਦੀ ਗਿਣਤੀ ਵੀ ਕੀਤੀ। ਲੇਵੀ ਦੇ ਘਰਾਣੇ ਦੇ ਪਰਿਵਾਰ ਇਹ ਹਨ:
ਗੇਰਸ਼ੋਨ ਤੋਂ ਗੇਰਸ਼ੋਨੀਆ ਦਾ ਪਰਿਵਾਰ।
ਕਹਾਥ ਤੋਂ ਕਹਾਥੀਆ ਦਾ ਪਰਿਵਾਰ।
ਮਰਾਰੀ ਤੋਂ ਮਰਾਰੀਆ ਦਾ ਪਰਿਵਾਰ।

58ਇਹ ਪਰਿਵਾਰ ਵੀ ਲੇਵੀ ਦੇ ਘਰਾਣੇ ਵਿੱਚੋਂ ਹਨ:
ਲਿਬਨੀ ਪਰਿਵਾਰ।
ਹਬਰੋਨੀ ਪਰਿਵਾਰ।
ਮਹਲੀ ਪਰਿਵਾਰ।
ਮੂਸ਼ੀ ਪਰਿਵਾਰ।
ਕਾਰਹੀ ਪਰਿਵਾਰ।

ਅਮਰਾਮ ਕਹਾਥ ਘਰਾਣੇ ਵਿੱਚੋਂ ਸੀ। 59ਅਮਰਾਮ ਦੀ ਪਤਨੀ
ਦਾ ਨਾਮ ਯੋਕਬਦ ਸੀ। ਉਹ ਵੀ ਲੇਵੀ ਦੇ ਘਰਾਣੇ ਵਿੱਚੋਂ ਸੀ। ਉਹ

ਮਿਸਰ ਵਿੱਚ ਜੰਮੀ ਸੀ। ਅਮਰਾਮ ਅਤੇ ਯੋਕਬਦ ਦੇ ਦੋ ਪੁੱਤਰ ਸਨ,
ਹਾਰੂਨ ਅਤੇ ਮੂਸਾ। ਉਨ੍ਹਾਂ ਦੀ ਇੱਕ ਧੀ ਵੀ ਸੀ, ਮਿਰਯਮ।
**60**ਨਾਦਾਬ, ਅਬੀਹੂ, ਅਲਆਜ਼ਾਰ ਅਤੇ ਈਥਾਮਾਰ ਦਾ ਪਿਤਾ
ਹਾਰੂਨ ਸੀ। **61**ਪਰ ਨਾਦਾਬ ਅਤੇ ਅਬੀਹੂ ਮਰ ਗਏ ਸਨ। ਉਹ
ਇਸ ਲਈ ਮਰ ਗਏ ਸਨ ਕਿਉਂਕਿ ਉਨ੍ਹਾਂ ਨੇ ਯਹੋਵਾਹ ਨੂੰ ਅਜਿਹੀ
ਹੋਮ ਦੀ ਭੇਟ ਚੜ੍ਹਾਈ ਸੀ ਜਿਸ ਦੀ ਆਗਿਆ ਨਹੀਂ ਸੀ।
**62**ਲੇਵੀ ਦੇ ਘਰਾਣੇ ਵਿੱਚ ਇੱਕ ਮਹੀਨੇ ਅਤੇ ਇਸ ਤੋਂ ਵੱਧ
ਉਮਰ ਵਾਲੇ ਨਰਾਂ ਦੀ ਕੁੱਲ ਗਿਣਤੀ 23,000 ਸੀ। ਪਰ ਇਨ੍ਹਾਂ
ਦੀ ਗਿਣਤੀ ਇਸਰਾਏਲ ਦੇ ਹੋਰਨਾਂ ਲੋਕਾਂ ਨਾਲ ਨਹੀਂ ਕੀਤੀ ਗਈ
ਸੀ। ਉਨ੍ਹਾ ਨੂੰ ਉਸ ਧਰਤੀ ਦਾ ਉਹ ਹਿੱਸਾ ਨਹੀਂ ਮਿਲਿਆ ਜਿਹੜੀ
ਯਹੋਵਾਹ ਨੇ ਹੋਰਨਾਂ ਲੋਕਾਂ ਨੂੰ ਦਿੱਤੀ ਸੀ।
**63**ਮੂਸਾ ਅਤੇ ਅਲਆਜ਼ਾਰ ਜਾਜਕ ਨੇ ਇਨ੍ਹਾਂ ਸਾਰੇ ਲੋਕਾਂ ਦੀ
ਗਿਣਤੀ ਉਦੋਂ ਕੀਤੀ ਜਦੋਂ ਉਹ ਮੋਆਬ ਵਿੱਚ ਯਰਦਨ ਵਾਦੀ ਵਿੱਚ
ਸਨ। ਇਹ ਯਰੀਹੋ ਤੋਂ ਯਰਦਨ ਨਦੀ ਦੇ ਪਾਰ ਸੀ। **64**ਬਹੁਤ ਵਰ੍ਹੇ
ਪਹਿਲਾਂ, ਸੀਨਈ ਮਾਰੂਥਲ ਵਿੱਚ ਮੂਸਾ ਅਤੇ ਜਾਜਕ ਹਾਰੂਨ ਨੇ
ਇਸਰਾਏਲ ਦੇ ਲੋਕਾਂ ਦੀ ਗਿਣਤੀ ਕੀਤੀ ਸੀ। ਪਰ ਉਹ ਸਾਰੇ ਲੋਕ
ਮਰ ਚੁੱਕੇ ਸਨ। ਉਨ੍ਹਾਂ ਲੋਕਾਂ ਵਿੱਚੋਂ ਕੋਈ ਵੀ ਹੁਣ ਜੀਉਂਦਾ ਨਹੀਂ ਸੀ।
**65**ਕਿਉਂਕਿ ਯਹੋਵਾਹ ਨੇ ਇਸਰਾਏਲ ਦੇ ਉਨ੍ਹਾਂ ਲੋਕਾਂ ਨੂੰ ਦੱਸਿਆ ਸੀ
ਕਿ ਉਹ ਸਾਰੇ ਹੀ ਮਾਰੂਥਲ ਅੰਦਰ ਮਾਰੇ ਜਾਣਗੇ। ਸਿਰਫ਼ ਦੋ ਬੰਦੇ
ਜਿਹੜੇ ਜੀਉਂਦੇ ਬਚ ਗਏ ਸਨ ਉਹ ਸਨ ਯਫ਼ੁੰਨਹ ਦਾ ਪੁੱਤਰ ਕਾਲੇਬ
ਅਤੇ ਨੂਨ ਦਾ ਪੁੱਤਰ ਯਹੋਸ਼ੁਆ।

## ਸਲਾਫ਼ਹਾਦ ਦੀਆਂ ਧੀਆਂ

**27** **1**ਸਲਾਫ਼ਹਾਦ ਹੇਫ਼ਰ ਦਾ ਪੁੱਤਰ ਸੀ। ਹੇਫ਼ਰ ਗਿਲਆਦ
ਦਾ ਪੁੱਤਰ ਸੀ। ਗਿਲਆਦ ਮਾਕੀਰ ਦਾ ਪੁੱਤਰ ਸੀ।
ਮਾਕੀਰ ਮਨੱਸ਼ਹ ਦਾ ਪੁੱਤਰ ਸੀ। ਮਨੱਸ਼ਹ ਯੂਸੁਫ਼ ਦਾ ਪੁੱਤਰ
ਸੀ। ਸਲਾਫ਼ਹਾਦ ਦੀਆਂ ਪੰਜ ਧੀਆਂ ਸਨ। ਉਨ੍ਹਾਂ ਦੇ ਨਾਮ ਸਨ:
ਮਾਹਲਾਹ, ਨੋਆਹ, ਹਾਗਲਾਹ, ਮਿਲਕਾਹ ਅਤੇ ਤਿਰਸਾਹ। **2**ਇਹ
ਪੰਜੇ ਔਰਤਾਂ, ਮੰਡਲੀ ਵਾਲੇ ਤੰਬੂ ਵੱਲ ਗਈਆਂ ਅਤੇ ਮੂਸਾ,
ਅਲਆਜ਼ਾਰ ਜਾਜਕ, ਆਗੂਆ ਅਤੇ ਇਸਰਾਏਲ ਦੇ ਸਮੂਹ ਲੋਕਾਂ
ਸਾਹਮਣੇ ਖਲੋ ਗਈਆਂ।
ਪੰਜਾਂ ਧੀਆਂ ਨੇ ਆਖਿਆ, **3**"ਜਦੋਂ ਅਸੀਂ ਮਾਰੂਥਲ ਵਿੱਚ ਸਫ਼ਰ
ਕਰ ਰਹੀਆਂ ਸਾਂ ਤਾਂ ਸਾਡੇ ਪਿਤਾ ਦਾ ਦੇਹਾਂਤ ਹੋ ਗਿਆ। ਸਾਡੇ ਪਿਤਾ
ਦੀ ਮੌਤ ਕੁਦਰਤੀ ਤੌਰ ਤੇ ਹੋਈ ਸੀ। ਉਹ ਉਨ੍ਹਾਂ ਲੋਕਾਂ ਵਿੱਚੋਂ ਨਹੀਂ
ਸੀ ਜਿਹੜੇ ਕੋਰਹ ਦੇ ਸਮੂਹ ਵਿੱਚ ਸ਼ਾਮਲ ਹੋ ਗਏ ਸਨ। (ਕੋਰਹ ਉਹ
ਬੰਦਾ ਸੀ ਜਿਹੜਾ ਯਹੋਵਾਹ ਦੇ ਖਿਲਾਫ਼ ਹੋ ਗਿਆ ਸੀ।) ਪਰ ਸਾਡੇ
ਪਿਤਾ ਦਾ ਕੋਈ ਪੁੱਤਰ ਨਹੀਂ ਸੀ। **4**ਨਤੀਜਤਨ, ਸਾਡੇ ਪਿਤਾ ਦਾ ਨਾਮ
ਹਟਾ ਦਿੱਤਾ ਜਾਵੇਗਾ? ਕਿਉਂਕਿ ਉਸ ਦੇ ਕੋਈ ਪੁੱਤਰ ਨਹੀਂ ਸਨ।
ਇਹ ਉਚਿਤ ਨਹੀਂ ਕਿ ਸਾਡੇ ਪਿਤਾ ਦਾ ਨਾਮ ਜਾਰੀ ਨਾ ਰਹੇ। ਇਸ
ਲਈ ਅਸੀਂ ਤੁਹਾਡੇ ਕੋਲੋਂ ਉਸ ਜ਼ਮੀਨ ਦਾ ਕੁਝ ਹਿੱਸਾ ਮੰਗਦੀਆਂ
ਹਾਂ ਜਿਹੜੀ ਸਾਡੇ ਪਿਤਾ ਦੇ ਭਰਾਵਾਂ ਨੂੰ ਮਿਲੇਗੀ।"
**5**ਇਸ ਲਈ ਮੂਸਾ ਨੇ ਯਹੋਵਾਹ ਨੂੰ ਪੁੱਛਿਆ ਕਿ ਉਸ ਨੂੰ ਕੀ
ਕਰਨਾ ਚਾਹੀਦਾ ਹੈ। **6**ਯਹੋਵਾਹ ਨੇ ਉਸ ਨੂੰ ਆਖਿਆ, **7**"ਸਲਾਫ਼ਹਾਦ
ਦੀਆਂ ਧੀਆਂ ਠੀਕ ਆਖਦੀਆਂ ਹਨ। ਉਨ੍ਹਾਂ ਨੂੰ ਉਨ੍ਹਾਂ ਦੇ ਪਿਤਾ ਦੇ
ਭਰਾਵਾਂ ਦੇ ਨਾਲ ਜ਼ਮੀਨ ਦਾ ਹਿੱਸਾ ਮਿਲਣਾ ਚਾਹੀਦਾ ਹੈ। ਇਸ
ਲਈ ਉਨ੍ਹਾਂ ਨੂੰ ਉਹ ਜ਼ਮੀਨ ਦੇ ਦਿਉ ਜਿਹੜੀ ਤੁਸੀਂ ਉਨ੍ਹਾਂ ਦੇ ਪਿਤਾ
ਨੂੰ ਦੇਣੀ ਸੀ।"
**8**"ਇਸ ਲਈ ਇਸਰਾਏਲ ਦੇ ਲੋਕਾਂ ਲਈ ਇਹ ਬਿਧੀ ਬਣਾ
ਦਿਉ, 'ਜੇ ਕਿਸੇ ਬੰਦੇ ਦੇ ਕੋਈ ਪੁੱਤਰ ਨਾ ਹੋਵੇ ਅਤੇ ਉਹ ਮਰ ਜਾਵੇ,
ਉਸ ਦੀ ਜਾਇਦਾਦ ਉਸ ਦੀਆਂ ਧੀਆਂ ਨੂੰ ਦਿੱਤੀ ਜਾਣੀ ਚਾਹੀਦੀ
ਹੈ। **9**ਜੇ ਉਸ ਦੀ ਕੋਈ ਧੀ ਨਾ ਹੋਵੇ ਤਾਂ ਉਸ ਦੀ ਜਾਇਦਾਦ ਉਸ ਦੇ
ਭਰਾਵਾ ਨੂੰ ਦਿੱਤੀ ਜਾਣੀ ਚਾਹੀਦੀ ਹੈ। **10**ਜੇ ਉਸ ਦੇ ਭਰਾ ਨਾ ਹੋਣ
ਤਾਂ ਉਸ ਦੀ ਜਾਇਦਾਦ ਉਸ ਦੇ ਪਿਤਾ ਦੇ ਭਰਾਵਾ ਨੂੰ ਦਿੱਤੀ ਜਾਣੀ
ਚਾਹੀਦੀ ਹੈ। **11**ਜੇ ਉਸ ਦੇ ਪਿਤਾ ਦਾ ਕੋਈ ਭਰਾ ਨਹੀਂ ਤਾਂ ਉਸ ਦੀ
ਜਾਇਦਾਦ ਉਸ ਦੇ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਨੂੰ ਦਿੱਤੀ ਜਾਣੀ
ਚਾਹੀਦੀ ਹੈ। ਇਹ ਇਸਰਾਏਲ ਦੇ ਲੋਕਾਂ ਲਈ ਬਿਧੀ ਹੋਣੀ ਚਾਹੀਦੀ
ਹੈ। ਯਹੋਵਾਹ, ਮੂਸਾ ਨੂੰ ਇਹ ਆਦੇਸ਼ ਦਿੰਦਾ ਹੈ।'"

## ਯਹੋਸ਼ੁਆ ਨਵਾਂ ਆਗੂ ਹੈ

**12**ਫ਼ੇਰ ਯਹੋਵਾਹ ਨੇ ਮੂਸਾ ਨੂੰ ਆਖਿਆ, "ਯਰਦਨ ਨਦੀ ਦੇ ਪੂਰਬ
ਵੱਲ ਦੇ ਮਾਰੂਥਲ ਵਿੱਚਲੇ ਇੱਕ ਪਰਬਤ ਉੱਤੇ ਜਾਹ। ਉੱਥੇ ਤੂੰ ਉਹ
ਧਰਤੀ ਦੇਖੇਂਗਾ ਜਿਹੜੀ ਮੈਂ ਇਸਰਾਏਲ ਦੇ ਲੋਕਾਂ ਨੂੰ ਦੇ ਰਿਹਾ ਹਾਂ।
**13**ਜਦੋਂ ਤੂੰ ਉਹ ਧਰਤੀ ਦੇਖ ਲਵੇਂਗਾ ਤਾਂ ਤੂੰ ਵੀ ਆਪਣੇ ਭਰਾ ਹਾਰੂਨ
ਵਾਂਗ ਮਰ ਜਾਵੇਂਗਾ। **14**ਚੇਤੇ ਕਰ, ਜਦੋਂ ਲੋਕ ਸੀਨਈ ਦੇ ਮਾਰੂਥਲ
ਵਿੱਚ ਪਾਣੀ ਲਈ ਗੁੱਸੇ ਹੋ ਰਹੇ ਸਨ, ਹਾਰੂਨ ਅਤੇ ਤੂੰ ਦੋਵਾਂ ਨੇ
ਮੇਰੇ ਆਦੇਸ਼ਾਂ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ ਸੀ। ਤੂੰ ਮੇਰਾ
ਆਦਰ ਨਹੀਂ ਕੀਤਾ ਅਤੇ ਲੋਕਾਂ ਨੂੰ ਨਹੀਂ ਦੱਸਿਆ ਕਿ ਮੈਂ ਪਵਿੱਤਰ
ਹਾਂ।" (ਉਹ ਮਰੀਬਾਹ ਦਾ ਪਾਣੀ ਸੀਨ ਦੇ ਮਾਰੂਥਲ ਵਿੱਚ ਕਾਦੇਸ਼
ਦੇ ਨੇੜੇ ਸੀ।)
**15**ਮੂਸਾ ਨੇ ਯਹੋਵਾਹ ਨੂੰ ਆਖਿਆ, **16**"ਯਹੋਵਾਹ ਹੀ ਉਹ
ਪਰਮੇਸ਼ੁਰ ਹੈ ਜਿਹੜਾ ਇਹ ਜਾਣਦਾ ਹੈ ਕਿ ਲੋਕ ਕੀ ਸੋਚ ਰਹੇ ਹਨ।
ਯਹੋਵਾਹ, ਮੇਰੀ ਪ੍ਰਾਰਥਨਾ ਹੈ ਕਿ ਤੁਸੀਂ ਇਨ੍ਹਾਂ ਲੋਕਾਂ ਦਾ ਆਗੂ ਜ਼ਰੂਰ
ਚੁਣੋਗੇ। **17**ਮੈਂ ਪ੍ਰਾਰਥਨਾ ਕਰਦਾ ਹਾਂ ਕਿ ਯਹੋਵਾਹ ਅਜਿਹਾ ਆਗੂ
ਚੁਣੇ ਜਿਹੜਾ ਇਨ੍ਹਾਂ ਲੋਕਾਂ ਦੀ ਯੁੱਧ ਵਿੱਚ ਅਗਵਾਈ ਕਰੇਗਾ। ਫ਼ੇਰ
ਯਹੋਵਾਹ ਦੇ ਲੋਕ ਬਿਨ ਅਯਾਲੀ ਦੀਆਂ ਭੇਡਾਂ ਵਰਗੇ ਨਹੀਂ ਹੋਣਗੇ।"
**18**ਇਸ ਲਈ ਯਹੋਵਾਹ ਨੇ ਮੂਸਾ ਨੂੰ ਆਖਿਆ, "ਨੂਨ ਦਾ ਪੁੱਤਰ
ਯਹੋਸ਼ੁਆ ਨਵਾਂ ਆਗੂ ਹੋਵੇਗਾ। ਉਹ ਬਹੁਤ ਸਿਆਣਾ ਹੈ।[a] ਉਸ
ਨੂੰ ਨਵਾਂ ਆਗੂ ਬਣਾ ਦੇਹ। **19**ਉਸ ਨੂੰ ਆਖ ਕਿ ਉਹ ਅਲਆਜ਼ਾਰ
ਜਾਜਕ ਅਤੇ ਹੋਰ ਸਾਰੇ ਲੋਕਾਂ ਸਾਹਮਣੇ ਖਲੋਵੇ। ਫ਼ੇਰ ਉਸ ਨੂੰ ਨਵਾਂ
ਆਗੂ ਬਣਾ ਦੇਵੀਂ।
**20**"ਲੋਕਾਂ ਨੂੰ ਇਹ ਦਰਸਾ ਕਿ ਤੂੰ ਉਸ ਨੂੰ ਆਗੂ ਥਾਪ ਰਿਹਾ ਹੈਂ,
ਫ਼ੇਰ ਸਾਰੇ ਲੋਕ ਉਸ ਦਾ ਆਦੇਸ਼ ਮੰਨਣਗੇ। **21**ਜੇ ਯਹੋਸ਼ੁਆ ਨੂੰ
ਕੋਈ ਫ਼ੈਸਲਾ ਕਰਨ ਦੀ ਲੋੜ ਪਵੇ, ਤਾਂ ਉਹ ਅਲਆਜ਼ਾਰ ਜਾਜਕ
ਕੋਲ ਜਾਵੇਗਾ। ਅਲਆਜ਼ਾਰ ਊਰੀਮ ਦੀ ਵਰਤੋਂ ਕਰਕੇ ਯਹੋਵਾਹ ਦਾ
ਉੱਤਰ ਜਾਣੇਗਾ। ਫ਼ੇਰ ਯਹੋਸ਼ੁਆ ਅਤੇ ਇਸਰਾਏਲ ਦੇ ਸਮੂਹ ਲੋਕ
ਉਹੀ ਗੱਲ ਕਰਨਗੇ ਜੋ ਪਰਮੇਸ਼ੁਰ ਆਖਦਾ ਹੈ। ਜੇ ਉਹ ਆਖੇ, 'ਯੁੱਧ
ਕਰੋ', ਤਾਂ ਉਹ ਯੁੱਧ ਕਰਨਗੇ। ਅਤੇ ਜੇ ਉਹ ਆਖੇ 'ਘਰ ਜਾਉ' ਤਾਂ
ਉਹ ਘਰ ਚਲੇ ਜਾਣਗੇ।"
**22**ਮੂਸਾ ਨੇ ਯਹੋਵਾਹ ਦਾ ਹੁਕਮ ਪ੍ਰਵਾਨ ਕਰ ਲਿਆ। ਮੂਸਾ ਨੇ
ਯਹੋਸ਼ੁਆ ਨੂੰ ਅਲਆਜ਼ਾਰ ਜਾਜਕ ਅਤੇ ਇਸਰਾਏਲ ਦੇ ਸਮੂਹ

[a] *27:18* **ਉਹ ਬਹੁਤ ਸਿਆਣਾ ਹੈ** ਮੂਲ ਅਰਥ, "ਨੂਨ ਦੇ ਪੁੱਤਰ ਯਹੋਸ਼ੁਆ ਨੂੰ ਲਵੋ। ਉਸ ਵਿੱਚ ਆਤਮਾ ਹੈ।" ਇਸ ਦਾ ਭਾਵ ਇਹ ਹੋ ਸਕਦਾ ਹੈ ਕਿ ਯਹੋਸ਼ੁਆ ਬਹੁਤ ਸਿਆਣਾ ਸੀ, ਜਾਂ ਇਸ ਦਾ ਭਾਵ ਹੋ ਸਕਦਾ ਹੈ ਕਿ ਪਰਮੇਸ਼ੁਰ ਦਾ ਆਤਮਾ ਉਸ ਦੇ ਨਾਲ ਸੀ।

ਲੋਕਾਂ ਦੇ ਸਾਹਮਣੇ ਖੜ੍ਹੇ ਹੋਣ ਲਈ ਆਖਿਆ। 23ਫ਼ੇਰ ਮੂਸਾ ਨੇ ਇਹ
ਵਿਖਾਉਣ ਲਈ ਉਸ ਉੱਤੇ ਆਪਣੇ ਹੱਥ ਰੱਖੇ ਕਿ ਉਹੀ ਨਵਾਂ ਆਗੂ
ਸੀ। ਜਿਵੇਂ ਯਹੋਵਾਹ ਚਾਹੁੰਦਾ ਸੀ ਕਿ ਉਹ ਕਰੇ।

## ਰੋਜ਼ਾਨਾ ਦੀਆਂ ਭੇਟਾ

**28** 1ਫ਼ੇਰ ਯਹੋਵਾਹ ਨੇ ਮੂਸਾ ਨਾਲ ਗੱਲ ਕੀਤੀ। ਉਸ ਨੇ
ਆਖਿਆ, 2"ਇਸਰਾਏਲ ਦੇ ਲੋਕਾਂ ਨੂੰ ਇਹ ਆਦੇਸ਼
ਦੇਹ। ਉਨ੍ਹਾਂ ਨੂੰ ਠੀਕ ਸਮੇਂ ਤੇ ਅਨਾਜ ਦੀਆਂ ਭੇਟਾਂ ਅਤੇ ਬਲੀਆਂ
ਚੜ੍ਹਾਉਣ ਲਈ ਕਹਿ। ਉਹ ਮੇਰੇ ਲਈ ਸੁਗਾਤਾਂ ਹਨ। ਉਨ੍ਹਾਂ ਦੀ
ਸੁਗੰਧੀ ਯਹੋਵਾਹ ਨੂੰ ਪ੍ਰਸੰਨ ਕਰੇਗੀ। 3ਇਹ ਉਹ ਸੁਗਾਤਾਂ ਹਨ
ਜਿਹੜੀਆਂ ਉਨ੍ਹਾਂ ਨੂੰ ਯਹੋਵਾਹ ਨੂੰ ਚੜ੍ਹਾਉਣੀਆਂ ਚਾਹੀਦੀਆਂ ਹਨ।
ਹਰ ਰੋਜ਼, ਉਨ੍ਹਾਂ ਨੂੰ ਯਹੋਵਾਹ ਨੂੰ ਬੇਨੁਕਸ ਇੱਕ ਸਾਲ ਦੇ ਦੋ ਲੇਲੇ ਭੇਟ
ਕਰਨੇ ਚਾਹੀਦੇ ਹਨ। 4ਉਹ ਇੱਕ ਲੇਲਾ ਸਵੇਰੇ ਅਤੇ ਦੂਸਰਾ ਸ਼ਾਮ ਨੂੰ
ਚੜ੍ਹਾਉਣ। 5ਇਸ ਤੋਂ ਇਲਾਵਾ ਉਹ ਇੱਕ ਕੁਆਟਰ ਜ਼ੈਤੂਨ ਦੇ ਤੇਲ
ਵਿੱਚ ਗੁੰਨ੍ਹੇ ਹੋਏ ਮੈਦੇ ਦੇ 8 ਕੱਪ ਵੀ, ਅਨਾਜ ਦੀਆਂ ਭੇਟ ਵਜੋਂ ਦੇਣ।"
6(ਉਨ੍ਹਾਂ ਨੇ ਸੀਨਈ ਪਰਬਤ ਉੱਤੇ ਰੋਜ਼ਾਨਾ ਭੇਟਾ ਚੜ੍ਹਾਉਣੀਆਂ ਸ਼ੁਰੂ
ਕਰ ਦਿੱਤੀਆਂ। ਇਹ ਸੁਗਾਤਾਂ ਸਨ ਜਿਨ੍ਹਾਂ ਦੀ ਸੁਗੰਧੀ ਨੇ ਯਹੋਵਾਹ
ਨੂੰ ਪ੍ਰਸੰਨ ਕਰ ਦਿੱਤਾ।) 7ਲੋਕਾਂ ਨੂੰ ਹੋਮ ਦੀਆਂ ਭੇਟਾ ਦੇ ਨਾਲ ਪੀਣ
ਦੀਆਂ ਭੇਟਾ ਵੀ ਚੜ੍ਹਾਉਣੀਆਂ ਚਾਹੀਦੀਆਂ ਹਨ। ਉਨ੍ਹਾਂ ਨੂੰ ਚਾਹੀਦਾ
ਹੈ ਕਿ ਹਰੇਕ ਲੇਲੇ ਦੇ ਨਾਲ ਇੱਕ ਕੁਆਟਰ ਮੈਅ ਜ਼ਰੂਰ ਦੇਣ। ਉਸ
ਪੀਣ ਦੀ ਭੇਟ ਨੂੰ ਜਗਵੇਦੀ ਉੱਤੇ ਪਵਿੱਤਰ ਸਥਾਨ ਉੱਤੇ ਚੜ੍ਹਾਉਣ।
ਇਹ ਯਹੋਵਾਹ ਵਾਸਤੇ ਸੁਗਾਤ ਹੈ। 8ਦੂਸਰਾ ਲੇਲਾ ਸ਼ਾਮ ਨੂੰ
ਚੜ੍ਹਾਇਆ ਜਾਣਾ ਚਾਹੀਦਾ। ਇਸ ਨੂੰ ਵੀ ਸਵੇਰੇ ਵਾਂਗ ਹੀ ਪੀਣ ਦੀ
ਭੇਟ ਦੇ ਨਾਲ ਚੜ੍ਹਾਉਣਾ। ਇਹ ਇੱਕ ਸੁਗਾਤ ਹੋਵੇਗੀ ਅਤੇ ਇਸ
ਦੀ ਸੁਗੰਧੀ ਯਹੋਵਾਹ ਨੂੰ ਪ੍ਰਸੰਨ ਕਰੇਗੀ।

## ਸਬਤ ਦੀ ਭੇਟ

9"ਸਬਤ ਦੇ ਦਿਨ, ਤੁਹਾਨੂੰ ਦੋ ਲੇਲੇ ਚੜ੍ਹਾਉਣੇ ਚਾਹੀਦੇ ਹਨ ਜਿਹੜੇ
ਇੱਕ ਸਾਲ ਦੇ ਹੋਣ। ਉਨ੍ਹਾਂ ਵਿੱਚ ਕੋਈ ਨੁਕਸ ਨਹੀਂ ਹੋਣਾ ਚਾਹੀਦਾ।
ਤੁਹਾਨੂੰ ਜ਼ੈਤੂਨ ਦੇ ਤੇਲ ਵਿੱਚ ਮਿਲਿਆ ਹੋਇਆ 16 ਕੱਪ ਮੈਦਾ
ਅਨਾਜ ਦੀ ਭੇਟ ਵਜੋਂ ਇੱਕ ਪੀਣ ਦੀ ਭੇਟ ਦੇ ਨਾਲ ਚੜ੍ਹਾਉਣਾ
ਚਾਹੀਦਾ ਹੈ। 10ਇਹ ਸਬਤ ਲਈ ਖਾਸ ਭੇਟ ਹੈ। ਇਹ ਭੇਟ ਰੋਜ਼ਾਨਾ
ਦੀ ਭੇਟ ਅਤੇ ਪੀਣ ਦੀ ਭੇਟ ਤੋਂ ਇਲਾਵਾ ਹੈ।

## ਹਰੇਕ ਮਹੀਨੇ ਸਭਾਵਾਂ

11"ਹਰੇਕ ਮਹੀਨੇ ਦੇ ਪਹਿਲੇ ਦਿਨ, ਤੁਸੀਂ ਯਹੋਵਾਹ ਨੂੰ ਖਾਸ ਹੋਮ
ਦੀ ਭੇਟ ਚੜ੍ਹਾਉਗੇ। ਇਹ ਭੇਟ ਦੋ ਬਲਦ, ਇੱਕ ਭੇਡੂ ਅਤੇ ਇੱਕ
ਸਾਲ ਦੇ ਬੇਨੁਕਸ 7 ਲੇਲੇ ਹੋਣਗੇ। 12ਹਰੇਕ ਬਲਦ ਦੇ ਨਾਲ ਤੁਹਾਨੂੰ
ਜ਼ੈਤੂਨ ਦੇ ਤੇਲ ਵਿੱਚ ਗੁੰਨ੍ਹੇ ਹੋਏ ਮੈਦੇ ਦੇ 24 ਕੱਪ ਵੀ, ਅਨਾਜ ਦੀ
ਭੇਟ ਵਜੋਂ ਚੜ੍ਹਾਉਣੇ ਚਾਹੀਦੇ ਹਨ। ਅਤੇ ਭੇਡੂ ਦੇ ਨਾਲ ਤੁਹਾਨੂੰ ਜ਼ੈਤੂਨ
ਦੇ ਤੇਲ ਵਿੱਚ ਗੁੰਨ੍ਹੇ ਹੋਏ ਮੈਦੇ 16 ਕੱਪ ਵੀ ਅਨਾਜ ਦੀ ਭੇਟ ਵਜੋਂ
ਚੜ੍ਹਾਉਣੇ ਚਾਹੀਦੇ ਹਨ। 13ਹਰੇਕ ਲੇਲੇ ਦੇ ਨਾਲ ਜ਼ੈਤੂਨ ਦੇ ਤੇਲ ਵਿੱਚ
ਮਿਲੇ ਹੋਏ ਮੈਦੇ ਦੇ 8 ਕੱਪ ਅਨਾਜ ਦੀ ਭੇਟ ਹੋਣੀ ਚਾਹੀਦੀ ਹੈ। ਇਹ
ਇੱਕ ਸੁਗਾਤ ਹੋਵੇਗੀ ਅਤੇ ਇਸ ਦੀ ਸੁਗੰਧੀ ਯਹੋਵਾਹ ਨੂੰ ਪ੍ਰਸੰਨ
ਕਰੇਗੀ। 14ਹਰੇਕ ਬਲਦ ਦੇ ਨਾਲ ਮੈਅ ਦੇ ਦੋ ਕੁਆਟਰ, ਹਰੇਕ ਭੇਡੂ
ਦੇ ਨਾਲ 1 1/4 ਕੁਆਟਰ ਮੈਅ ਅਤੇ ਹਰੇਕ ਲੇਲੇ ਦੇ ਨਾਲ ਮੈਅ
ਦਾ ਇੱਕ ਕੁਆਟਰ। 15ਰੋਜ਼ਾਨਾ ਹੋਮ ਦੀ ਭੇਟ ਅਤੇ ਪੀਣ ਦੀ ਭੇਟ ਤੋਂ
ਇਲਾਵਾ, ਤੁਹਾਨੂੰ ਪਾਪ ਦੀ ਭੇਟ ਵਜੋਂ ਯਹੋਵਾਹ ਨੂੰ ਇੱਕ ਬੱਕਰਾ ਵੀ
ਚੜ੍ਹਾਉਣਾ ਚਾਹੀਦਾ ਹੈ।

## ਪਸਾਹ

16"ਯਹੋਵਾਹ ਦਾ ਪਸਾਹ, ਪਹਿਲੇ ਮਹੀਨੇ ਦੀ 14 ਤਰੀਕ ਨੂੰ
ਹੋਵੇਗਾ। 17ਪਤੀਰੀ ਰੋਟੀ ਦਾ ਪਰਬ ਉਸ ਮਹੀਨੇ ਦੀ 15 ਤਰੀਕ
ਨੂੰ ਸ਼ੁਰੂ ਹੁੰਦਾ ਹੈ। ਇਹ ਪਰਬ ਸੱਤਾਂ ਦਿਨਾਂ ਦਾ ਹੋਵੇਗਾ ਅਤੇ ਜਿਹੜੀ
ਰੋਟੀ ਤੁਸੀਂ ਖਾ ਸਕਦੇ ਹੋ ਉਹ ਸਿਰਫ਼ ਪਤੀਰੀ ਰੋਟੀ ਹੀ ਹੈ। 18ਇਸ
ਪਰਬ ਦੇ ਪਹਿਲੇ ਦਿਨ ਤੁਹਾਨੂੰ ਖਾਸ ਸਭਾ ਕਰਨੀ ਚਾਹੀਦੀ ਹੈ।
ਉਸ ਦਿਨ ਤੁਸੀਂ ਕੋਈ ਕੰਮ ਨਹੀਂ ਕਰੋਂਗੇ। 19ਤੁਸੀਂ ਯਹੋਵਾਹ ਨੂੰ
ਹੋਮ ਦੀਆਂ ਭੇਟਾ ਚੜ੍ਹਾਵੋਂਗੇ। ਇਹ ਦੋ ਬਲਦ, ਇੱਕ ਭੇਡੂ ਅਤੇ
ਇੱਕ ਸਾਲ ਦੇ ਬੇਨੁਕਸ 7 ਲੇਲੇ ਹੋਣਗੇ। 20-21ਤੁਹਾਨੂੰ ਅਨਾਜ
ਦੀ ਭੇਟ ਵਜੋਂ ਹਰੇਕ ਬਲਦ ਦੇ ਨਾਲ ਜ਼ੈਤੂਨ ਦੇ ਤੇਲ ਵਿੱਚ ਗੁੰਨ੍ਹਿਆ
24 ਕੱਪ ਮੈਦਾ, ਅਤੇ ਹਰੇਕ ਲੇਲੇ ਦੇ ਨਾਲ ਜ਼ੈਤੂਨ ਦੇ ਤੇਲ ਵਿੱਚ
ਗੁੰਨ੍ਹਿਆ 8 ਕੱਪ ਮੈਦਾ ਦੇਣਾ ਚਾਹੀਦਾ ਹੈ। 22ਤੁਹਾਨੂੰ ਖੁਦ ਦੀ ਖਾਤਰ
ਪਰਾਸਚਿਤ ਕਰਨ ਲਈ, ਪਾਪ ਦੀ ਭੇਟ ਵਜੋਂ ਇੱਕ ਬੱਕਰਾ ਵੀ
ਚੜ੍ਹਾਉਣਾ ਚਾਹੀਦਾ ਹੈ। 23ਇਹ ਭੇਟਾ ਤੁਹਾਨੂੰ ਨਿਤਨੇਮ ਵਜੋਂ ਸਵੇਰੇ
ਦਿੱਤੀਆਂ ਗਈਆਂ ਹੋਮ ਦੀਆਂ ਭੇਟਾ ਤੋਂ ਇਲਾਵਾ ਚੜ੍ਹਾਉਣੀਆਂ
ਚਾਹੀਦੀਆਂ ਹਨ।

24"ਇਸੇ ਤਰ੍ਹਾਂ, ਸੱਤਾਂ ਦਿਨਾਂ ਤੱਕ ਹਰ ਰੋਜ਼, ਤੁਹਾਨੂੰ ਯਹੋਵਾਹ ਨੂੰ
ਅੱਗ ਦੁਆਰਾ ਚੜ੍ਹਾਈਆਂ ਭੇਟਾ ਵਜੋਂ ਅਤੇ ਉਨ੍ਹਾਂ ਦੇ ਨਾਲ ਪੀਣ
ਦੀਆਂ ਭੇਟਾ ਦੇਣੀਆਂ ਚਾਹੀਦੀਆਂ ਹਨ। ਇਨ੍ਹਾਂ ਭੇਟਾ ਦੀ ਦੀ ਸੁਗੰਧ
ਯਹੋਵਾਹ ਨੂੰ ਪ੍ਰਸੰਨ ਕਰੇਗੀ। ਤੁਹਾਨੂੰ ਇਹ ਭੇਟਾ ਰੋਜ਼ਾਨਾ ਦੀਆਂ ਭੇਟਾ
ਤੋਂ ਇਲਾਵਾ ਦੇਣੀਆਂ ਚਾਹੀਦੀਆਂ ਹਨ।

25"ਫ਼ੇਰ ਪਰਬ ਦੇ ਸੱਤਵੇਂ ਦਿਨ, ਤੁਹਾਨੂੰ ਇੱਕ ਹੋਰ ਖਾਸ ਸਭਾ
ਬੁਲਾਉਣੀ ਚਾਹੀਦੀ ਹੈ। ਤੁਹਾਨੂੰ ਉਸ ਦਿਨ ਕੋਈ ਕੰਮ ਨਹੀਂ ਕਰਨਾ
ਚਾਹੀਦਾ।

## ਅੱਠਵਾਰਿਆ ਦਾ ਪਰਬ (ਪੇਂਟੇਕੋਸਟ)

26"ਪਹਿਲੇ ਫ਼ਲਾਂ ਦੇ ਪਰਬ (ਅੱਠਵਾਰਿਆਂ ਦੇ ਪਰਬ) ਵੇਲੇ ਯਹੋਵਾਹ
ਨੂੰ ਅਨਾਜ ਦੀ ਭੇਟ ਚੜ੍ਹਾਉਣ ਲਈ ਨਵੀਆਂ ਫ਼ਸਲਾਂ ਦੀ ਵਰਤੋਂ
ਕਰੋ। ਉਸ ਸਮੇਂ, ਤੁਹਾਨੂੰ ਇੱਕ ਖਾਸ ਸਭਾ ਵੀ ਬੁਲਾਉਣੀ ਚਾਹੀਦੀ ਹੈ।
ਤੁਹਾਨੂੰ ਉਸ ਦਿਨ ਕੋਈ ਕੰਮ ਨਹੀਂ ਕਰਨਾ ਚਾਹੀਦਾ। 27ਤੁਹਾਨੂੰ ਇੱਕੋ
ਹੋਮ ਦੀ ਭੇਟ ਦੇਣੀ ਚਾਹੀਦੀ ਹੈ ਅਤੇ ਇਸ ਦੀ ਸੁਗੰਧੀ ਯਹੋਵਾਹ ਨੂੰ
ਪ੍ਰਸੰਨ ਕਰੇਗੀ। ਤੁਹਾਨੂੰ ਦੋ ਬਲਦ, ਇੱਕ ਭੇਡੂ ਅਤੇ ਇੱਕ ਸਾਲ ਦੇ
ਸੱਤ ਬੇਨੁਕਸ ਲੇਲੇ ਭੇਟ ਕਰਨੇ ਚਾਹੀਦੇ ਹਨ। 28ਤੁਹਾਨੂੰ ਤੇਲ ਵਿੱਚ
ਗੁੰਨ੍ਹਿਆ 24 ਕੱਪ ਮੈਦਾ ਅਤੇ ਹਰੇਕ ਭੇਡੂ ਨਾਲ 16 ਕੱਪ ਮੈਦਾ ਅਤੇ
29ਹਰੇਕ ਲੇਲੇ ਦੇ ਨਾਲ 8 ਕੱਪ ਮੈਦਾ ਅਵੱਸ਼ ਦੇਣਾ ਚਾਹੀਦਾ ਹੈ।
30ਤੁਹਾਨੂੰ ਖੁਦੀ ਖਾਤਰ ਪਰਾਸਚਿਤ ਕਰਨ ਲਈ, ਇੱਕ ਬੱਕਰੇ ਦੀ
ਬਲੀ ਦੇਣੀ ਚਾਹੀਦੀ ਹੈ। 31ਪੀਣ ਦੀਆਂ ਇਹ ਭੇਟਾ ਰੋਜ਼ਾਨਾ ਦੀਆਂ
ਭੇਟਾ ਦੇ ਨਾਲ ਚੜ੍ਹਾਈਆਂ ਜਾਣੀਆਂ ਚਾਹੀਦੀਆਂ ਹਨ। ਪਰ ਇਸ
ਗੱਲ ਦਾ ਧਿਆਨ ਰੱਖਣਾ ਕਿ ਜਾਨਵਰ ਜਾਂ ਪੀਣ ਦੀਆਂ ਭੇਟਾ ਜੋ ਵੀ
ਤੁਸੀਂ ਪਰਮੇਸ਼ੁਰ ਨੂੰ ਚੜ੍ਹਾਵੋਂ, ਬੇਨੁਕਸ ਹੋਣੇ ਚਾਹੀਦੇ ਹਨ।

## ਤੁਰ੍ਹੀਆਂ ਦਾ ਪਰਬ

**29** 1"ਸੱਤਵੇਂ ਮਹੀਨੇ ਦੇ ਪਹਿਲੇ ਦਿਨ ਖਾਸ ਸਭਾ ਹੋਵੇਗੀ।
ਤੁਹਾਨੂੰ ਉਸ ਦਿਨ ਕੋਈ ਕੰਮ ਨਹੀਂ ਕਰਨਾ ਚਾਹੀਦਾ।

ਇਹ ਦਿਨ ਤੁਰ੍ਹੀਆਂ ਵਜਾਉਣ ਦਾ ਹੈ। 2ਤੁਸੀਂ ਹੋਮ ਦੀ ਭੇਟ
ਚੜ੍ਹਾਵੋਂਗੇ। ਉਨ੍ਹਾਂ ਦੀ ਸੁਗੰਧੀ ਯਹੋਵਾਹ ਨੂੰ ਪ੍ਰਸੰਨ ਕਰੇਗੀ। ਤੁਸੀਂ
ਇੱਕ ਬਲਦ, ਇੱਕ ਭੇਡੂ ਅਤੇ ਇੱਕ ਸਾਲ ਦੀ ਉਮਰ ਦੇ 7 ਬੇਨੁਕਸ
ਲੇਲੇ ਭੇਟ ਕਰੋਂਗੇ। 3ਤੁਸੀਂ ਹਰੇਕ ਬਲਦ ਦੇ ਨਾਲ ਤੇਲ ਨਾਲ ਗੁੰਨ੍ਹੇ
ਮੈਦੇ ਦੇ 24 ਕੱਪ, ਭੇਡੂ ਨਾਲ 16 ਕੱਪ, 4ਅਤੇ ਹਰੇਕ ਲੇਲੇ ਨਾਲ 8
ਕੱਪ ਮੈਦੇ ਦੇ ਦੇਵੋਗੇ। 5ਅਤੇ ਆਪਣੇ-ਆਪ ਨੂੰ ਪਵਿੱਤਰ ਬਣਾਉਣ
ਲਈ ਇੱਕ ਬੱਕਰਾ ਪਾਪ ਦੀ ਭੇਟ ਵਜੋਂ ਦੇਵੋਗੇ। 6ਇਹ ਭੇਟਾਂ ਨਵੇਂ
ਚੰਦ ਦੀ ਬਲੀ ਅਤੇ ਉਸ ਦੀਆਂ ਅਨਾਜ ਦੀਆਂ ਭੇਟਾਂ ਤੋਂ ਇਲਾਵਾ
ਹਨ। ਅਤੇ ਇਹ ਰੋਜ਼ਾਨਾ ਦੀਆਂ ਬਲੀਆਂ ਅਤੇ ਉਸ ਦੀਆਂ ਅਨਾਜ਼
ਦੀਆਂ ਭੇਟਾ ਅਤੇ ਪੀਣ ਦੀਆਂ ਭੇਟਾਂ ਤੋਂ ਵੀ ਇਲਾਵਾ ਹਨ। ਉਨ੍ਹਾਂ ਨੂੰ
ਬਿਧੀਆਂ ਅਨੁਸਾਰ ਚੜ੍ਹਾਇਆ ਜਾਣਾ ਚਾਹੀਦਾ ਹੈ ਇਹ ਭੇਟਾ ਅੱਗ
ਦੁਆਰਾ ਚੜ੍ਹਾਈਆਂ ਹੋਣੀਆਂ ਚਾਹੀਦੀਆਂ ਹਨ। ਇਨ੍ਹਾਂ ਦੀ ਸੁਗੰਧੀ
ਯਹੋਵਾਹ ਨੂੰ ਪ੍ਰਸੰਨ ਕਰੇਗੀ।

## ਪਰਾਸਚਿਤ ਦਾ ਦਿਨ

7"ਸੱਤਵੇਂ ਮਹੀਨੇ ਦੇ 10ਵੇਂ ਦਿਨ, ਇੱਕ ਖਾਸ ਸਭਾ ਹੋਵੇਗੀ। ਉਸ
ਦਿਨ ਤੁਹਾਨੂੰ ਵਰਤ ਰੱਖਣਾ ਚਾਹੀਦਾ ਹੈ ਅਤੇ ਕੋਈ ਕੰਮ ਨਹੀਂ ਕਰਨਾ
ਚਾਹੀਦਾ। 8ਤੁਸੀਂ ਹੋਮ ਦੀਆਂ ਭੇਟਾਂ ਦੇਵੋਗੇ। ਉਨ੍ਹਾਂ ਦੀ ਸੁਗੰਧੀ
ਯਹੋਵਾਹ ਨੂੰ ਪ੍ਰਸੰਨ ਕਰੇਗੀ। ਤੁਹਾਨੂੰ ਇੱਕ ਬਲਦ, ਇੱਕ ਭੇਡੂ ਅਤੇ
ਸੱਤ ਲੇਲੇ ਭੇਟ ਕਰਨੇ ਚਾਹੀਦੇ ਹਨ ਜਿਹੜੇ ਇੱਕ ਸਾਲ ਦੇ ਹੋਣ। ਉਹ
ਦੋਸ਼ ਰਹਿਤ ਹੋਣੇ ਚਾਹੀਦੇ ਹਨ। 9ਤੁਹਾਨੂੰ ਹਰੇਕ ਬਲਦ ਨਾਲ ਤੇਲ
ਵਿੱਚ ਗੁੰਨ੍ਹਿਆ 24 ਕੱਪ ਮੈਦਾ ਭੇਡੂ ਨਾਲ 16 ਕੱਪ ਮੈਦਾ, 10ਅਤੇ
ਹਰੇਕ ਲੇਲੇ ਨਾਲ ਅੱਠ ਕੱਪ ਮੈਦਾ ਭੇਟ ਕਰਨਾ ਚਾਹੀਦਾ ਹੈ। 11ਤੁਸੀਂ
ਪਾਪ ਦੀ ਭੇਟ ਵਜੋਂ ਇੱਕ ਬੱਕਰਾ ਵੀ ਭੇਟ ਕਰੋਗੇ। ਇਹ ਪਰਾਸਚਿਤ
ਦੇ ਦਿਨ ਪਾਪ ਦੀ ਭੇਟ ਤੋਂ ਇਲਾਵਾ ਹੋਵੇਗਾ। ਇਹ ਰੋਜ਼ਾਨਾ ਦੀ ਬਲੀ,
ਅਨਾਜ ਦੀ ਭੇਟ ਅਤੇ ਪੀਣ ਦੀ ਭੇਟ ਤੋਂ ਵੀ ਇਲਾਵਾ ਹੋਵੇਗਾ।

## ਆਸਰਿਆਂ ਦਾ ਪਰਬ

12"ਸੱਤਵੇਂ ਮਹੀਨੇ ਦੇ 15ਵੇਂ ਦਿਨ, ਇੱਕ ਖਾਸ ਸਭਾ ਹੋਵੇਗੀ। ਇਹ
ਆਸਰਿਆਂ ਦਾ ਪਰਬ ਹੋਵੇਗਾ। ਤੁਹਾਨੂੰ ਇਸ ਦਿਨ ਕੋਈ ਕੰਮ ਨਹੀਂ
ਕਰਨਾ ਚਾਹੀਦਾ। ਤੁਹਾਨੂੰ ਯਹੋਵਾਹ ਲਈ ਸੱਤ ਦਿਨਾਂ ਦੀ ਖਾਸ ਛੁੱਟੀ
ਮਨਾਉਣੀ ਚਾਹੀਦੀ ਹੈ। 13ਤੁਸੀਂ ਸੁਗਾਤਾਂ ਭੇਟ ਕਰੋਗੇ ਅਤੇ ਇਸ ਦੀ
ਸੁਗੰਧੀ ਯਹੋਵਾਹ ਨੂੰ ਪ੍ਰਸੰਨ ਕਰੇਗੀ। ਤੁਸੀਂ 13 ਬਲਦ, ਇੱਕ ਸਾਲ
ਦੇ 14 ਲੇਲੇ ਅਤੇ ਦੋ ਭੇਡੂ ਭੇਟ ਕਰੋਗੇ ਜੋ ਕਿ ਦੋਸ਼ ਰਹਿਤ ਹੋਣਗੇ।
14ਤੁਹਾਨੂੰ ਹਰੇਕ 13 ਬਲਦਾਂ ਦੇ ਨਾਲ ਤੇਲ ਮਿਲੇ ਮੈਦੇ ਦੇ 24 ਕੱਪ,
ਅਤੇ ਹਰੇਕ ਭੇਡੂ ਨਾਲ ਤੇਲ ਨਾਲ ਮਿਲੇ ਮੈਦੇ ਦੇ 16 ਕੱਪ, 15ਹਰ
ਲੇਲੇ ਨਾਲ, ਤੇਲ ਨਾਲ ਮਿਲੇ ਮੈਦੇ ਦੇ 8 ਕੱਪ ਦੇਣੇ ਚਾਹੀਦੇ ਹਨ।
16ਤੁਸੀਂ ਪਾਪ ਦੀ ਭੇਟ ਵਜੋਂ ਇੱਕ ਬੱਕਰਾ ਵੀ ਬਲੀ ਚੜ੍ਹਾਵੋਗੇ। ਇਹ
ਰੋਜ਼ਾਨਾ ਦੀ ਬਲੀ ਅਨਾਜ ਦੀਆਂ ਭੇਟਾ ਅਤੇ ਪੀਣ ਦੀਆਂ ਭੇਟਾ ਤੋਂ
ਇਲਾਵਾ ਹੋਵੇਗਾ।

17"ਇਸ ਪਰਬ ਦੇ ਦੂਸਰੇ ਦਿਨ ਤੁਹਾਨੂੰ ਬਾਰ੍ਹਾਂ ਬਲਦ, ਦੋ ਭੇਡੂ
ਅਤੇ 14 ਲੇਲੇ ਇੱਕ ਸਾਲ ਦੇ ਭੇਟ ਕਰਨੇ ਚਾਹੀਦੇ ਹਨ। ਉਹ ਦੋਸ਼
ਰਹਿਤ ਹੋਣੇ ਚਾਹੀਦੇ ਹਨ। 18ਤੁਸੀਂ ਬਲਦਾਂ, ਭੇਡੂਆਂ ਅਤੇ ਲੇਲਿਆ
ਨਾਲ ਢੁਕਵਾਂ ਅਨਾਜ ਦੀ ਭੇਟ ਅਤੇ ਪੀਣ ਦੀ ਭੇਟ ਵੀ ਦਿਉਗੇ।
19ਤੁਹਾਨੂੰ ਪਾਪ ਦੀ ਭੇਟ ਵਜੋਂ ਇੱਕ ਬੱਕਰਾ ਵੀ ਚੜ੍ਹਾਉਣਾ ਚਾਹੀਦਾ
ਹੈ। ਇਹ ਰੋਜ਼ਾਨਾ ਦੀ ਬਲੀ, ਅਨਾਜ ਦੀਆਂ ਭੇਟਾ ਅਤੇ ਪੀਣ ਦੀਆਂ
ਭੇਟਾਂ ਤੋਂ ਇਲਾਵਾ ਹੋਵੇਗਾ।

20"ਇਸ ਪਰਬ ਦੇ ਤੀਸਰੇ ਦਿਨ ਤੁਹਾਨੂੰ 11 ਬਲਦ 2 ਭੇਡੂ ਅਤੇ
14 ਲੇਲੇ ਚੜ੍ਹਾਉਣੇ ਚਾਹੀਦੇ ਹਨ ਜਿਹੜੇ ਇੱਕ ਸਾਲ ਦੇ ਹੋਣ। ਉਹ
ਦੋਸ਼ ਰਹਿਤ ਹੋਣੇ ਚਾਹੀਦੇ ਹਨ। 21ਤੁਹਾਨੂੰ ਇਨ੍ਹਾਂ ਬਲਦਾਂ, ਭੇਡੂਆਂ
ਅਤੇ ਲੇਲਿਆਂ ਦੇ ਨਾਲ ਢੁਕਵੀਂ ਮਿਕਦਾਰ ਵਿੱਚ ਅਨਾਜ ਅਤੇ ਪੀਣ
ਦੀਆਂ ਭੇਟਾਂ ਵੀ ਚੜ੍ਹਾਉਣੀਆਂ ਚਾਹੀਦੀਆਂ ਹਨ। 22ਤੁਹਾਨੂੰ ਇੱਕ
ਬੱਕਰਾ ਪਾਪ ਦੀ ਭੇਟ ਵਜੋਂ ਵੀ ਦੇਣਾ ਚਾਹੀਦਾ ਹੈ। ਇਹ ਰੋਜ਼ਾਨਾ
ਬਲੀ ਅਤੇ ਅਨਾਜ ਦੀਆਂ ਭੇਟਾਂ ਅਤੇ ਪੀਣ ਦੀਆਂ ਭੇਟਾਂ ਤੋਂ ਇਲਾਵਾ
ਹੋਵੇਗਾ।

23"ਇਸ ਪਰਬ ਦੇ ਚੌਥੇ ਦਿਨ, ਤੁਹਾਨੂੰ 10 ਬਲਦ, 2 ਭੇਡੂ ਅਤੇ
14 ਲੇਲੇ ਭੇਟ ਕਰਨੇ ਚਾਹੀਦੇ ਹਨ ਜਿਹੜੇ ਇੱਕ ਸਾਲ ਦੇ ਹੋਣ। ਉਹ
ਦੋਸ਼ ਰਹਿਤ ਹੋਣੇ ਚਾਹੀਦੇ ਹਨ। 24ਤੁਹਾਨੂੰ ਇਨ੍ਹਾਂ ਬਲਦਾਂ, ਭੇਡੂਆਂ
ਅਤੇ ਲੇਲਿਆਂ ਦੇ ਨਾਲ ਢੁਕਵੀਂ ਮਿਕਦਾਰ ਵਿੱਚ ਅਨਾਜ ਅਤੇ ਪੀਣ
ਦੀਆਂ ਭੇਟਾ ਚੜ੍ਹਾਉਣੀਆਂ ਚਾਹੀਦੀਆਂ ਹਨ। 25ਤੁਹਾਨੂੰ ਪਾਪ ਦੀ
ਭੇਟ ਵਜੋਂ ਵੀ ਇੱਕ ਬੱਕਰਾ ਭੇਟ ਕਰਨਾ ਚਾਹੀਦਾ ਹੈ। ਇਹ ਰੋਜ਼ਾਨਾ
ਬਲੀ, ਅਨਾਜ ਦੀਆਂ ਭੇਟਾ ਅਤੇ ਪੀਣ ਦੀਆਂ ਭੇਟਾ ਤੋਂ ਇਲਾਵਾ
ਹੋਵੇਗਾ।

26"ਇਸ ਪਰਬ ਦੇ ਪੰਜਵੇਂ ਦਿਨ, ਤੁਹਾਨੂੰ 9 ਬਲਦ, 2 ਭੇਡੂ ਅਤੇ
14 ਲੇਲੇ ਭੇਟ ਕਰਨੇ ਚਾਹੀਦੇ ਹਨ ਜਿਹੜੇ ਇੱਕ ਸਾਲ ਦੇ ਹੋਣ। ਉਹ
ਦੋਸ਼ ਰਹਿਤ ਹੋਣੇ ਚਾਹੀਦੇ ਹਨ। 27ਤੁਹਾਨੂੰ ਇਨ੍ਹਾਂ ਬਲਦਾਂ, ਭੇਡੂਆਂ
ਅਤੇ ਲੇਲਿਆਂ ਦੇ ਨਾਲ ਢੁਕਵੀਂ ਮਿਕਦਾਰ ਵਿੱਚ ਅਨਾਜ ਅਤੇ ਪੀਣ
ਦੀਆਂ ਭੇਟਾ ਵੀ ਚੜ੍ਹਾਉਣੀਆਂ ਚਾਹੀਦੀਆਂ ਹਨ। 28ਤੁਹਾਨੂੰ ਪਾਪ
ਦੀ ਭੇਟ ਵਜੋਂ ਇੱਕ ਬੱਕਰਾ ਵੀ ਚੜ੍ਹਾਉਣਾ ਚਾਹੀਦਾ ਹੈ। ਇਹ ਰੋਜ਼ਾਨਾ
ਬਲੀ, ਅਨਾਜ ਦੀਆਂ ਭੇਟਾ ਅਤੇ ਪੀਣ ਦੀਆਂ ਭੇਟਾ ਤੋਂ ਇਲਾਵਾ
ਹੋਵੇਗਾ।

29"ਇਸ ਪਰਬ ਦੇ ਛੇਵੇਂ ਦਿਨ, ਤੁਹਾਨੂੰ 8 ਬਲਦ, 2 ਭੇਡੂ ਅਤੇ
14 ਲੇਲੇ ਚੜ੍ਹਾਉਣੇ ਚਾਹੀਦੇ ਹਨ ਜਿਹੜੇ ਇੱਕ ਸਾਲ ਦੇ ਹੋਣ। ਇਹ
ਦੋਸ਼ ਰਹਿਤ ਹੋਣੇ ਚਾਹੀਦੇ ਹਨ। 30ਤੁਹਾਨੂੰ ਇਨ੍ਹਾਂ ਬਲਦਾਂ, ਭੇਡੂਆਂ
ਅਤੇ ਲੇਲਿਆਂ ਦੇ ਨਾਲ ਢੁਕਵੀਂ ਮਿਕਦਾਰ ਵਿੱਚ ਅਨਾਜ ਅਤੇ ਪੀਣ
ਦੀਆਂ ਭੇਟਾਂ ਵੀ ਚੜ੍ਹਾਉਣੀਆਂ ਚਾਹੀਦੀਆਂ ਹਨ। 31ਤੁਹਾਨੂੰ ਪਾਪ
ਦੀ ਭੇਟ ਵਜੋਂ ਇੱਕ ਬੱਕਰਾ ਵੀ ਚੜ੍ਹਾਉਣਾ ਚਾਹੀਦਾ ਹੈ। ਇਹ ਰੋਜ਼ਾਨਾ
ਬਲੀ, ਅਨਾਜ ਦੀਆਂ ਭੇਟਾ ਅਤੇ ਪੀਣ ਦੀਆਂ ਭੇਟਾ ਤੋਂ ਇਲਾਵਾ
ਹੋਵੇਗਾ।

32"ਇਸ ਪਰਬ ਦੇ ਸੱਤਵੇਂ ਦਿਨ, ਤੁਹਾਨੂੰ 7 ਬਲਦ, 2 ਭੇਡੂ ਅਤੇ
14 ਲੇਲੇ ਚੜ੍ਹਾਉਣੇ ਚਾਹੀਦੇ ਹਨ ਜਿਹੜੇ ਇੱਕ ਸਾਲ ਦੇ ਹੋਣ। ਇਹ
ਦੋਸ਼ ਰਹਿਤ ਹੋਣੇ ਚਾਹੀਦੇ ਹਨ। 33ਤੁਹਾਨੂੰ ਇਨ੍ਹਾਂ ਬਲਦਾਂ, ਭੇਡੂਆਂ
ਅਤੇ ਲੇਲਿਆਂ ਦੇ ਨਾਲ ਢੁਕਵੀਂ ਮਿਕਦਾਰ ਵਿੱਚ ਅਨਾਜ ਅਤੇ ਪੀਣ
ਦੀਆਂ ਭੇਟਾ ਵੀ ਚੜ੍ਹਾਉਣੀਆਂ ਚਾਹੀਦੀਆਂ ਹਨ। 34ਤੁਹਾਨੂੰ ਪਾਪ
ਦੀ ਭੇਟ ਵਜੋਂ ਇੱਕ ਬੱਕਰਾ ਵੀ ਚੜ੍ਹਾਉਣਾ ਚਾਹੀਦਾ ਹੈ। ਇਹ ਰੋਜ਼ਾਨਾ
ਬਲੀ, ਅਨਾਜ ਦੀਆਂ ਭੇਟਾ ਅਤੇ ਪੀਣ ਦੀਆਂ ਭੇਟਾ ਤੋਂ ਇਲਾਵਾ
ਹੋਵੇਗਾ।

35"ਇਸ ਪਰਬ ਦਾ 8ਵਾਂ ਦਿਨ ਤੁਹਾਡੇ ਲਈ ਬਹੁਤ ਖਾਸ ਸਭਾ
ਵਾਲਾ ਹੈ। ਤੁਹਾਨੂੰ ਇਸ ਦਿਨ ਕੋਈ ਕੰਮ ਨਹੀਂ ਕਰਨਾ ਚਾਹੀਦਾ।
36ਤੁਹਾਨੂੰ ਸੁਗਾਤਾਂ ਦੇਣੀਆਂ ਚਾਹੀਦੀਆਂ ਹਨ ਅਤੇ ਇਸ ਦੀ
ਸੁਗੰਧੀ ਯਹੋਵਾਹ ਨੂੰ ਪ੍ਰਸੰਨ ਕਰੇਗੀ। ਤੁਹਾਨੂੰ ਇੱਕ ਬਲਦ, ਭੇਡੂ ਅਤੇ
ਇੱਕ ਸਾਲ ਦੇ 7 ਲੇਲੇ ਭੇਟ ਕਰਨੇ ਚਾਹੀਦੇ ਹਨ ਜੋ ਬੇਨੁਕਸ ਹੋਣ।
37ਤੁਹਾਨੂੰ ਇਨ੍ਹਾਂ ਬਲਦਾਂ, ਭੇਡੂਆਂ ਅਤੇ ਲੇਲਿਆਂ ਦੇ ਨਾਲ ਢੁਕਵੀਂ
ਮਿਕਦਾਰ ਵਿੱਚ ਅਨਾਜ ਅਤੇ ਪੀਣ ਦੀਆਂ ਭੇਟਾ ਵੀ ਚੜ੍ਹਾਉਣੀਆਂ

ਚਾਹੀਦੀਆਂ ਹਨ। 38ਤੁਹਾਨੂੰ ਇੱਕ ਬੱਕਰਾ ਵੀ ਪਾਪ ਦੀ ਭੇਟ ਵਜੋਂ
ਦੇਣਾ ਚਾਹੀਦਾ ਹੈ। ਇਹ ਰੋਜ਼ਾਨਾ ਬਲੀ, ਅਨਾਜ ਦੀਆਂ ਭੇਟਾ ਅਤੇ
ਪੀਣ ਦੀਆਂ ਭੇਟਾ ਤੋਂ ਇਲਾਵਾ ਹੋਵੇਗਾ।
39"ਖਾਸ ਪਰਬਾਂ ਵੇਲੇ ਤੁਹਾਨੂੰ ਹੋਮ ਦੀਆਂ ਭੇਟਾਂ, ਅਨਾਜ ਦੀਆਂ
ਭੇਟਾਂ, ਪੀਣ ਦੀਆਂ ਭੇਟਾਂ ਅਤੇ ਸੁੱਖ-ਸਾਂਦ ਦੀਆਂ ਭੇਟਾਂ ਲੈ ਕੇ
ਆਉਣੀਆਂ ਚਾਹੀਦੀਆਂ ਹਨ। ਤੁਹਾਨੂੰ ਇਹ ਭੇਟਾਂ ਯਹੋਵਾਹ ਨੂੰ
ਚੜ੍ਹਾਉਣੀਆਂ ਚਾਹੀਦੀਆਂ ਹਨ। ਇਹ ਭੇਟਾਂ ਉਸ ਖਾਸ ਸੁਗਾਤ
ਤੋਂ ਇਲਾਵਾ ਹਨ ਜਿਹੜੀਆਂ ਤੁਸੀਂ ਆਪਣੇ ਕਿਸੇ ਖਾਸ ਇਕਰਾਰ
ਬਦਲੇ ਦੇਣੀਆਂ ਚਾਹੁੰਦੇ ਹੋਵੋ।"
40ਮੂਸਾ ਨੇ ਇਸਰਾਏਲ ਦੇ ਲੋਕਾਂ ਨੂੰ ਇਨ੍ਹਾਂ ਸਾਰੀਆਂ ਗੱਲਾਂ ਬਾਰੇ
ਸਭ ਕੁਝ ਦੱਸਿਆ ਜਿਸ ਦਾ ਯਹੋਵਾਹ ਨੇ ਉਸ ਨੂੰ ਆਦੇਸ਼ ਦਿੱਤਾ
ਸੀ।

## ਖਾਸ ਇਕਰਾਰ

**30** 1ਮੂਸਾ ਨੇ ਇਸਰਾਏਲ ਦੇ ਸਾਰੇ ਪਰਿਵਾਰ-ਸਮੂਹਾਂ
ਦੇ ਆਗੂਆਂ ਨਾਲ ਗੱਲ ਕੀਤੀ। ਮੂਸਾ ਨੇ ਉਨ੍ਹਾਂ ਨੂੰ
ਯਹੋਵਾਹ ਦੇ ਇਨ੍ਹਾਂ ਆਦੇਸ਼ਾਂ ਬਾਰੇ ਦੱਸਿਆ:
2"ਜੇ ਕੋਈ ਬੰਦਾ ਪਰਮੇਸ਼ੁਰ ਨਾਲ ਖਾਸ ਇਕਰਾਰ ਕਰਨਾ ਚਾਹੁੰਦਾ
ਹੈ ਜਾਂ ਜੇ ਕੋਈ ਬੰਦਾ ਪਰਮੇਸ਼ੁਰ ਨੂੰ ਕੋਈ ਖਾਸ ਚੀਜ਼ ਦੇਣ ਦਾ
ਇਕਰਾਰ ਕਰਦਾ ਹੈ, ਤਾਂ ਉਸ ਨੂੰ ਅਜਿਹਾ ਕਰਨ ਦਿਉ ਪਰ ਉਸ ਬੰਦੇ
ਨੂੰ ਬਿਲਕੁਲ ਉਵੇਂ ਹੀ ਕਰਨਾ ਚਾਹੀਦਾ ਹੈ ਜਿਵੇਂ ਉਸ ਨੇ ਇਕਰਾਰ
ਕੀਤਾ ਸੀ!
3"ਕੋਈ ਜਵਾਨ ਔਰਤ ਸ਼ਾਇਦ ਹਾਲੇ ਆਪਣੇ ਪਿਤਾ ਦੇ ਘਰ
ਵਿੱਚ ਰਹਿ ਰਹੀ ਹੋਵੇ। ਅਤੇ ਉਹ ਜਵਾਨ ਔਰਤ ਸ਼ਾਇਦ ਯਹੋਵਾਹ ਨੂੰ
ਕੋਈ ਖਾਸ ਚੀਜ਼ ਭੇਟ ਕਰਨ ਦਾ ਇਕਰਾਰ ਕਰੇ। 4ਜੇ ਉਸ ਦਾ ਪਿਤਾ
ਉਸ ਦੇ ਇਕਰਾਰ ਬਾਰੇ ਸੁਣਦਾ ਹੈ ਅਤੇ ਮੰਨ ਜਾਂਦਾ ਹੈ, ਤਾਂ ਉਸ
ਜਵਾਨ ਔਰਤ ਨੂੰ ਉਹੀ ਕਰਨਾ ਚਾਹੀਦਾ ਹੈ ਜਿਵੇਂ ਉਸ ਨੇ ਇਕਰਾਰ
ਕੀਤਾ ਸੀ। 5ਪਰ ਜੇ ਉਸ ਦਾ ਪਿਤਾ ਉਸ ਇਕਰਾਰ ਬਾਰੇ ਸੁਣਦਾ ਹੈ
ਅਤੇ ਇਸ ਨੂੰ ਪ੍ਰਵਾਨ ਨਹੀਂ ਕਰਦਾ, ਤਾਂ ਉਹ ਆਪਣੇ ਇਕਰਾਰ ਵੱਲੋਂ
ਆਜ਼ਾਦ ਹੈ। ਉਸ ਨੂੰ ਉਹ ਕੁਝ ਕਰਨ ਦੀ ਲੋੜ ਨਹੀਂ ਜਿਸ ਦਾ ਉਸ
ਨੇ ਇਕਰਾਰ ਕੀਤਾ ਸੀ। ਉਸ ਦੇ ਪਿਤਾ ਨੇ ਉਸ ਨੂੰ ਰੋਕ ਦਿੱਤਾ ਸੀ,
ਇਸ ਲਈ ਯਹੋਵਾਹ ਉਸ ਨੂੰ ਮਾਫ਼ ਕਰ ਦੇਵੇਗਾ।
6"ਕੋਈ ਔਰਤ ਸ਼ਾਇਦ ਯਹੋਵਾਹ ਨਾਲ ਕੋਈ ਇਕਰਾਰ ਕਰੇ,
ਅਤੇ ਸ਼ਾਇਦ ਉਸ ਤੋਂ ਬਾਦ ਉਸ ਦਾ ਵਿਆਹ ਹੋ ਜਾਵੇ। 7ਜੇ ਪਤੀ
ਉਸ ਇਕਰਾਰ ਬਾਰੇ ਸੁਣਦਾ ਹੈ ਅਤੇ ਇਸ ਦਾ ਵਿਰੋਧ ਨਹੀਂ ਕਰਦਾ,
ਤਾਂ ਉਸ ਔਰਤ ਨੂੰ ਉਹ ਗੱਲ ਜ਼ਰੂਰ ਕਰਨੀ ਚਾਹੀਦੀ ਹੈ ਜਿਸ ਦਾ
ਉਸ ਨੇ ਇਕਰਾਰ ਕੀਤਾ ਸੀ। 8ਪਰ ਜੇ ਪਤੀ ਉਸ ਦੇ ਇਕਰਾਰ
ਬਾਰੇ ਸੁਣਦਾ ਹੈ ਅਤੇ ਉਸ ਨੂੰ ਆਪਣਾ ਇਕਰਾਰ ਪੂਰਾ ਕਰਨ ਬਾਰੇ
ਇਨਕਾਰ ਕਰ ਦਿੰਦਾ ਹੈ ਤਾਂ ਪਤਨੀ ਨੂੰ ਉਹ ਗੱਲ ਕਰਨ ਦੀ ਲੋੜ
ਨਹੀਂ ਜਿਸ ਦਾ ਉਸ ਨੇ ਇਕਰਾਰ ਕੀਤਾ ਸੀ। ਉਸ ਦੇ ਪਤੀ ਨੇ
ਇਕਰਾਰ ਨੂੰ ਤੋੜਿਆ-ਉਸ ਨੇ ਉਸ ਨੂੰ ਉਹ ਗੱਲ ਨਹੀਂ ਕਰਨ ਦਿੱਤੀ
ਜਿਸ ਦਾ ਉਸ ਨੇ ਇਕਰਾਰ ਕੀਤਾ ਸੀ। ਇਸ ਲਈ ਯਹੋਵਾਹ ਉਸ
ਨੂੰ ਮਾਫ਼ ਕਰ ਦੇਵੇਗਾ।
9"ਕੋਈ ਵਿੱਧਵਾ ਜਾਂ ਕੋਈ ਤਲਾਕਸ਼ੁਦਾ ਔਰਤ ਸ਼ਾਇਦ ਕੋਈ
ਖਾਸ ਇਕਰਾਰ ਕਰੇ। ਜੇ ਉਹ ਅਜਿਹਾ ਕਰਦੀ ਹੈ ਤਾਂ ਉਸ ਨੂੰ
ਬਿਲਕੁਲ ਉਵੇਂ ਹੀ ਕਰਨਾ ਚਾਹੀਦਾ ਹੈ ਜਿਸ ਦਾ ਉਸ ਨੇ ਇਕਰਾਰ
ਕੀਤਾ ਸੀ। 10ਕੋਈ ਵਿਆਹੁਤਾ ਔਰਤ ਸ਼ਾਇਦ ਯਹੋਵਾਹ ਨੂੰ ਕੁਝ
ਦੇਣ ਦਾ ਇਕਰਾਰ ਕਰੇ। 11ਜੇ ਉਸ ਦਾ ਪਤੀ ਉਸ ਇਕਰਾਰ ਬਾਰੇ
ਸੁਣਦਾ ਹੈ ਅਤੇ ਉਸ ਨੂੰ ਇਕਰਾਰ ਪੂਰਾ ਕਰਨ ਦਿੰਦਾ ਹੈ, ਤਾਂ ਉਸ ਨੂੰ
ਬਿਲਕੁਲ ਉਵੇਂ ਹੀ ਕਰਨਾ ਚਾਹੀਦਾ ਹੈ ਜਿਵੇਂ ਉਸ ਨੇ ਇਕਰਾਰ ਕੀਤਾ
ਸੀ। ਉਸ ਨੂੰ ਹਰ ਉਹ ਚੀਜ਼ ਦੇਣੀ ਚਾਹੀਦੀ ਹੈ ਜਿਸ ਬਾਰੇ ਉਸ ਨੇ
ਇਕਰਾਰ ਕੀਤਾ ਸੀ। 12ਪਰ ਜੇ ਉਸ ਦਾ ਪਤੀ ਉਸ ਇਕਰਾਰ ਬਾਰੇ
ਸੁਣਦਾ ਹੈ ਅਤੇ ਉਸ ਨੂੰ ਇਕਰਾਰ ਪੂਰਾ ਕਰਨ ਨਹੀਂ ਦਿੰਦਾ, ਤਾਂ ਉਸ
ਨੂੰ ਅਜਿਹਾ ਕਰਨ ਦੀ ਲੋੜ ਨਹੀਂ ਜਿਸ ਦਾ ਉਸ ਨੇ ਇਕਰਾਰ ਕੀਤਾ
ਸੀ। ਇਸ ਨਾਲ ਕੋਈ ਫ਼ਰਕ ਨਹੀਂ ਪੈਂਦਾ ਕਿ ਉਸ ਨੇ ਕੀ ਇਕਰਾਰ
ਕੀਤਾ ਸੀ, ਉਸ ਦਾ ਪਤੀ ਇਕਰਾਰ ਨੂੰ ਤੋੜ ਸਕਦਾ ਹੈ। ਜੇ ਉਸ
ਦਾ ਪਤੀ ਇਕਰਾਰ ਨੂੰ ਤੋੜਦਾ ਹੈ, ਤਾਂ ਯਹੋਵਾਹ ਉਸ ਨੂੰ ਮਾਫ਼ ਕਰ
ਦੇਵੇਗਾ। 13ਕੋਈ ਵਿਆਹੁਤਾ ਔਰਤ ਸ਼ਾਇਦ ਯਹੋਵਾਹ ਨੂੰ ਕੁਝ ਦੇਣ
ਦਾ ਇਕਰਾਰ ਕਰੇ, ਜਾਂ ਉਹ ਕਿਸੇ ਚੀਜ਼ ਤੋਂ ਬਿਨਾਂ ਗੁਜ਼ਾਰਾ ਕਰਨ ਦਾ
ਇਕਰਾਰ ਕਰੇ ਜਾਂ ਉਹ ਪਰਮੇਸ਼ੁਰ ਨੂੰ ਕੋਈ ਹੋਰ ਖਾਸ ਚੀਜ਼ ਦੇਣ ਦਾ
ਇਕਰਾਰ ਕਰੇ। ਪਤੀ ਇਨ੍ਹਾਂ ਵਿੱਚੋਂ ਕਿਸੇ ਵੀ ਇਕਰਾਰ ਨੂੰ ਰੋਕ ਸਕਦਾ
ਹੈ, ਅਤੇ ਪਤੀ ਉਸ ਦੇ ਕਿਸੇ ਇਕਰਾਰ ਨੂੰ ਪੂਰਾ ਕਰਨ ਦੀ ਇਜਾਜ਼ਤ
ਦੇ ਸਕਦਾ ਹੈ। 14ਪਤੀ ਆਪਣੀ ਪਤਨੀ ਨੂੰ ਆਪਣਾ ਇਕਰਾਰ ਪੂਰਾ
ਕਰਨ ਦੀ ਇਜਾਜ਼ਤ ਕਿਵੇਂ ਦਿੰਦਾ ਹੈ? ਜੇ ਉਹ ਇਕਰਾਰਾਂ ਬਾਰੇ
ਸੁਣਦਾ ਹੈ ਅਤੇ ਉਨ੍ਹਾਂ ਨੂੰ ਰੋਕਦਾ ਨਹੀਂ, ਤਾਂ ਔਰਤ ਨੂੰ ਉਵੇਂ ਹੀ ਕਰਨਾ
ਚਾਹੀਦਾ ਹੈ ਜਿਵੇਂ ਉਸ ਨੇ ਇਕਰਾਰ ਕੀਤਾ ਸੀ। 15ਪਰ ਜੇ ਉਸ ਦਾ
ਪਤੀ ਇਕਰਾਰਾਂ ਬਾਰੇ ਸੁਣਦਾ ਹੈ ਅਤੇ ਉਨ੍ਹਾਂ ਨੂੰ ਰੋਕ ਦਿੰਦਾ ਹੈ, ਤਾਂ
ਉਹੀ ਉਸ ਦੇ ਇਕਰਾਰਾਂ ਨੂੰ ਤੋੜਨ ਦਾ ਜ਼ਿੰਮੇਵਾਰ ਹੈ।"
16ਇਹੀ ਉਹ ਆਦੇਸ਼ ਹਨ ਜਿਹੜੇ ਯਹੋਵਾਹ ਨੇ ਮੂਸਾ ਨੂੰ ਦਿੱਤੇ।
ਉਹੀ ਆਦੇਸ਼ ਹਨ ਪਤੀ ਅਤੇ ਪਤਨੀ ਬਾਰੇ, ਅਤੇ ਪਿਤਾ ਅਤੇ ਧੀ
ਬਾਰੇ ਜਿਹੜੀ ਹਾਲੇ ਜਵਾਨ ਹੈ ਅਤੇ ਆਪਣੇ ਮਾਪਿਆਂ ਦੇ ਘਰ ਵਿੱਚ
ਰਹਿ ਰਹੀ ਹੈ।

## ਇਸਰਾਏਲ ਦੀ ਮਿਦਯਾਨ ਦੇ ਵਿਰੁੱਧ ਦੁਬਾਰਾ ਜੰਗ

**31** 1ਯਹੋਵਾਹ ਨੇ ਮੂਸਾ ਨਾਲ ਗੱਲ ਕੀਤੀ। ਉਸ
ਨੇ ਆਖਿਆ, 2"ਮੈਂ ਇਸਰਾਏਲ ਦੇ ਲੋਕਾਂ ਦੀ
ਮਿਦਯਾਨੀਆਂ ਨਾਲ ਆਹਮਣੇ-ਸਾਹਮਣੇ ਹੋਣ ਵਿੱਚ ਸਹਾਇਤਾ
ਕਰਾਂਗਾ। ਉਸ ਦੇ ਮਗਰੋਂ, ਮੂਸਾ ਤੇਰਾ ਦੇਹਾਂਤ ਹੋ ਜਾਵੇਗਾ।"
3ਇਸ ਲਈ ਮੂਸਾ ਨੇ ਲੋਕਾਂ ਨਾਲ ਗੱਲ ਕੀਤੀ। ਉਸ ਨੇ
ਆਖਿਆ, "ਆਪਣੇ ਵਿੱਚੋਂ ਕੁਝ ਬੰਦਿਆਂ ਦੀ ਫ਼ੌਜੀਆਂ ਦੇ ਤੌਰ ਤੇ
ਚੋਣ ਕਰੋ। ਯਹੋਵਾਹ ਉਨ੍ਹਾਂ ਆਦਮੀਆਂ ਦੀ ਵਰਤੋਂ ਮਿਦਯਾਨੀਆਂ
ਨਾਲ ਆਹਮਣੇ-ਸਾਹਮਣੇ ਹੋਣ ਲਈ ਕਰੇਗਾ। 4ਇਸਰਾਏਲ ਦੇ
ਹਰੇਕ ਘਰਾਣੇ ਵਿੱਚ 1,000 ਆਦਮੀਆਂ ਨੂੰ ਚੁਣੋ। 5ਇੱਥੇ ਕੁੱਲ
12,000 ਫ਼ੌਜੀ ਇਸਰਾਏਲ ਦੇ ਪਰਿਵਾਰ-ਸਮੂਹਾਂ ਵਿੱਚੋਂ ਹੋਣਗੇ।"
6ਮੂਸਾ ਨੇ ਉਨ੍ਹਾਂ 12,000 ਆਦਮੀਆਂ ਨੂੰ ਜੰਗ ਲਈ ਭੇਜਿਆ।
ਉਸ ਨੇ ਅਲਆਜ਼ਾਰ ਜਾਜਕ ਦੇ ਪੁੱਤਰ ਫ਼ੀਨਹਾਸ ਨੂੰ ਉਨ੍ਹਾਂ ਦੇ ਨਾਲ
ਭੇਜਿਆ। ਫ਼ੀਨਹਾਸ ਨੇ ਪਵਿੱਤਰ ਵਸਤਾਂ, ਅਤੇ ਤੁਰ੍ਹੀਆਂ ਆਪਣੇ
ਹੱਥਾਂ ਵਿੱਚ ਲੈ ਲਈਆਂ। 7ਇਸਰਾਏਲ ਦੇ ਲੋਕ ਮਿਦਯਾਨੀਆਂ
ਨਾਲ ਉਸੇ ਤਰ੍ਹਾਂ ਲੜੇ ਜਿਵੇਂ ਯਹੋਵਾਹ ਨੇ ਆਦੇਸ਼ ਦਿੱਤਾ ਸੀ। ਉਸ
ਨੇ ਮਿਦਯਾਨੀਆਂ ਦੇ ਸਾਰੇ ਆਦਮੀ ਮਾਰ ਦਿੱਤੇ। 8ਉਨ੍ਹਾਂ ਲੋਕਾਂ ਵਿੱਚੋਂ,
ਜਿਨ੍ਹਾਂ ਨੂੰ ਉਨ੍ਹਾਂ ਨੇ ਮਾਰਿਆ ਸੀ, ਅੱਵੀ, ਰਕਮ, ਸੂਰ, ਹੂਰ ਅਤੇ ਰਬਾ
ਪੰਜ ਮਿਦਯਾਨੀ ਰਾਜੇ ਸਨ। ਉਨ੍ਹਾਂ ਨੇ ਬਓਰ ਦੇ ਪੁੱਤਰ ਬਿਲਆਮ ਨੂੰ
ਵੀ ਤਲਵਾਰ ਨਾਲ ਮਾਰ ਦਿੱਤਾ।
9ਇਸਰਾਏਲ ਦੇ ਲੋਕਾਂ ਨੇ ਮਿਦਯਾਨੀਆਂ ਦੀਆਂ ਔਰਤਾਂ ਅਤੇ

ਬੱਚਿਆਂ ਨੂੰ ਬੰਦੀ ਬਣਾ ਲਿਆ। ਉਨ੍ਹਾਂ ਨੇ ਉਨ੍ਹਾਂ ਦੀਆਂ ਸਮੂਹ ਭੇਡਾਂ,
ਗਾਵਾਂ ਅਤੇ ਹੋਰ ਚੀਜ਼ਾਂ ਵੀ ਸਾਂਭ ਲਈਆਂ। 10ਫ਼ੇਰ ਉਨ੍ਹਾਂ ਨੇ ਉਨ੍ਹਾਂ
ਦੇ ਸਾਰੇ ਨਗਰ ਅਤੇ ਉਨ੍ਹਾਂ ਦੇ ਮਹਿਲ ਸਾੜ ਦਿੱਤੇ। 11ਉਨ੍ਹਾਂ ਨੇ ਸਾਰੇ
ਆਦਮੀਆਂ ਅਤੇ ਜਾਨਵਰਾਂ ਉੱਤੇ ਕਬਜ਼ਾ ਕਰ ਲਿਆ। 12ਅਤੇ
ਮੂਸਾ, ਅਲਆਜ਼ਾਰ ਜਾਜਕ ਅਤੇ ਇਸਰਾਏਲ ਦੇ ਹੋਰ ਸਾਰੇ ਲੋਕਾਂ
ਕੋਲ ਲੈ ਆਏ। ਉਹ ਜੰਗ ਵਿੱਚ ਹਾਸਲ ਕੀਤੀਆਂ ਸਮੂਹ ਚੀਜ਼ਾਂ ਨੂੰ
ਇਸਰਾਏਲੀਆਂ ਦੇ ਡੇਰੇ ਵਿੱਚ ਲੈ ਆਏ। ਇਸਰਾਏਲ ਦੇ ਲੋਕਾਂ ਨੇ
ਮੋਆਬ ਵਿਖੇ ਯਰਦਨ ਵਾਦੀ ਵਿੱਚ ਡੇਰਾ ਲਾਇਆ ਹੋਇਆ ਸੀ।
ਇਹ ਥਾਂ ਯਰੀਹੋ ਦੇ ਸਾਹਮਣੇ ਯਰਦਨ ਨਦੀ ਦੇ ਪੂਰਬ ਵਾਲੇ ਪਾਸੇ
ਸੀ। 13ਫ਼ੇਰ ਮੂਸਾ, ਅਲਆਜ਼ਾਰ ਜਾਜਕ ਅਤੇ ਲੋਕਾਂ ਦੇ ਆਗੂ,
ਫ਼ੌਜੀਆਂ ਦੇ ਸਵਾਗਤ ਲਈ ਡੇਰੇ ਤੋਂ ਬਾਹਰ ਆਏ।

14ਮੂਸਾ ਫ਼ੌਜ ਦੇ ਆਗੂਆਂ, 1,000 ਆਦਮੀਆਂ ਦੇ ਕਮਾਂਡਰਾਂ
ਅਤੇ 100 ਆਦਮੀਆਂ ਦੇ ਕਮਾਂਡਰਾਂ ਨਾਲ ਬਹੁਤ ਨਾਰਾਜ਼ ਸੀ
ਜਿਹੜੇ ਯੁੱਧ ਵਿੱਚੋਂ ਵਾਪਸ ਆ ਗਏ ਸਨ। 15ਮੂਸਾ ਨੇ ਉਨ੍ਹਾਂ ਨੂੰ
ਆਖਿਆ, "ਤੁਸੀਂ ਔਰਤਾਂ ਨੂੰ ਕਿਉਂ ਜਿਉਂਦਿਆਂ ਛੱਡ ਦਿੱਤਾ।
16ਇਹੀ ਉਹ ਔਰਤਾਂ ਸਨ ਜਿਨ੍ਹਾਂ ਨੇ ਇਸਰਾਏਲ ਦੇ ਆਦਮੀਆਂ
ਨੂੰ ਪਓਰ ਵਿਖੇ ਬਿਲਆਮ ਦੀ ਘਟਨਾ ਤੋਂ ਬਾਦ ਯਹੋਵਾਹ ਤੋਂ ਮੂੰਹ
ਮੋੜਨ ਲਈ ਪ੍ਰੇਰਿਆ ਸੀ। ਅਤੇ ਉੱਥੇ ਇਸਰਾਏਲੀਆਂ ਦਰਮਿਆਨ
ਬਿਮਾਰੀ ਫ਼ੈਲ ਗਈ ਸੀ। 17ਹੁਣ ਸਾਰੇ ਮਿਦਯਾਨੀ ਮੁੰਡਿਆਂ ਨੂੰ ਮਾਰ
ਦਿਉ। ਅਤੇ ਉਨ੍ਹਾਂ ਸਾਰੀਆਂ ਮਿਦਯਾਨੀ ਔਰਤਾਂ ਨੂੰ ਮਾਰ ਦਿਉ।
ਜਿਹੜੀਆਂ ਕਿਸੇ ਆਦਮੀ ਨਾਲ ਵਾਸ ਕਰ ਚੁੱਕੀਆਂ ਹਨ। ਉਨ੍ਹਾਂ
ਸਾਰੀਆਂ ਮਿਦਯਾਨੀ ਔਰਤਾਂ ਨੂੰ ਵੀ ਮਾਰ ਦਿਉ ਜਿਨ੍ਹਾਂ ਨੇ ਕਿਸੇ
ਆਦਮੀ ਨਾਲ ਜਿਨਸੀ ਸੰਬੰਧ ਰੱਖੇ ਹਨ। 18ਤੁਸੀਂ ਉਨ੍ਹਾਂ ਸਾਰੀਆਂ
ਜਵਾਨ ਔਰਤਾਂ ਨੂੰ ਜਿਉਂਦਿਆਂ ਛੱਡ ਸਕਦੇ ਹੋ-ਪਰ ਸਿਰਫ਼ ਤਾਂ ਹੀ ਜੇ
ਉਨ੍ਹਾਂ ਨੇ ਕਦੇ ਵੀ ਕਿਸੇ ਮਰਦ ਨਾਲ ਜਿਨਸੀ ਸੰਬੰਧ ਨਾ ਰੱਖੇ ਹੋਣ।
19ਅਤੇ ਫ਼ੇਰ, ਤੁਹਾਡੇ ਵਿੱਚੋਂ ਉਨ੍ਹਾਂ ਸਾਰੇ ਆਦਮੀਆਂ ਨੂੰ ਜਿਨ੍ਹਾਂ ਨੇ
ਹੋਰਨਾਂ ਆਦਮੀਆਂ ਨੂੰ ਮਾਰਿਆ ਹੈ, ਸੱਤਾਂ ਦਿਨਾਂ ਤੱਕ ਡੇਰੇ ਤੋਂ ਦੂਰ
ਰਹਿਣਾ ਚਾਹੀਦਾ ਹੈ। ਜੇ ਤੁਸੀਂ ਕਿਸੇ ਮੁਰਦਾ ਸਰੀਰ ਨੂੰ ਛੂਹਿਆ ਵੀ
ਹੈ ਤਾਂ ਵੀ ਤੁਹਾਨੂੰ ਡੇਰੇ ਤੋਂ ਬਾਹਰ ਰਹਿਣਾ ਚਹੀਦਾ ਹੈ। ਤੀਸਰੇ ਦਿਨ
ਤੁਸੀਂ ਅਤੇ ਤੁਹਾਡੇ ਬੰਧੂਏ ਆਪਣੇ-ਆਪ ਨੂੰ ਜ਼ਰੂਰ ਪਵਿੱਤਰ ਕਰਨ।
ਤੁਹਾਨੂੰ ਇਹੀ ਗੱਲ ਇੱਕ ਵਾਰ ਫ਼ੇਰ ਸੱਤਵੇਂ ਦਿਨ ਕਰਨੀ ਚਾਹੀਦੀ ਹੈ।
20ਤੁਹਾਨੂੰ ਆਪਣੇ ਸਾਰੇ ਵਸਤਰ ਧੋ ਲੈਣੇ ਚਾਹੀਦੇ ਹਨ ਤੁਹਾਨੂੰ ਹਰ
ਉਹ ਚੀਜ਼ ਧੋ ਲੈਣੀ ਚਾਹੀਦੀ ਹੈ ਜਿਹੜੀ ਚਮੜੇ, ਉੱਨ ਜਾਂ ਲੱਕੜੀ ਦੀ
ਬਣੀ ਹੋਈ ਹੈ। ਤੁਹਾਨੂੰ ਪਵਿੱਤਰ ਹੋਣਾ ਚਾਹੀਦਾ ਹੈ।"

21ਫ਼ੇਰ ਅਲਆਜ਼ਾਰ ਜਾਜਕ ਨੇ ਸਿਪਾਹੀਆਂ ਨਾਲ ਗੱਲ ਕੀਤੀ
ਅਤੇ ਆਖਿਆ, "ਇਹ ਉਹ ਬਿਧੀਆਂ ਹਨ ਜਿਹੜੀਆਂ ਯਹੋਵਾਹ
ਨੇ ਮੂਸਾ ਨੂੰ ਯੁੱਧ ਵਿੱਚੋਂ ਵਾਪਸ ਆਉਣ ਵਾਲੇ ਸਿਪਾਹੀਆਂ ਬਾਰੇ
ਦਿੱਤੀਆਂ ਸਨ। 22-23ਪਰ ਉਨ੍ਹਾਂ ਵਸਤਾਂ ਲਈ ਬਿਧੀਆਂ ਵੱਖਰੀਆਂ
ਹਨ ਜਿਨ੍ਹਾਂ ਨੂੰ ਅੱਗ ਵਿੱਚ ਪਾਇਆ ਜਾ ਸਕਦਾ ਹੈ। ਤੁਹਾਨੂੰ ਸੋਨੇ,
ਚਾਂਦੀ, ਕਾਂਸੇ, ਲੋਹੇ, ਟੀਨ ਜਾਂ ਸਿੱਕੇ ਨੂੰ ਅੱਗ ਵਿੱਚ ਦੀ ਲੰਘਾਉਣਾ
ਚਾਹੀਦਾ ਹੈ। ਅਤੇ ਫ਼ੇਰ ਉਨ੍ਹਾਂ ਚੀਜ਼ਾਂ ਨੂੰ ਪਾਣੀ ਨਾਲ ਧੋ ਲੈਣਾ ਚਾਹੀਦਾ
ਹੈ ਅਤੇ ਉਹ ਪਵਿੱਤਰ ਹੋ ਜਾਣਗੀਆਂ। ਜੇ ਉਨ੍ਹਾਂ ਚੀਜ਼ਾਂ ਨੂੰ ਅੱਗ ਵਿੱਚ
ਪਾਇਆ ਨਹੀਂ ਜਾ ਸਕਦਾ ਤਾਂ ਵੀ ਤੁਹਾਨੂੰ ਉਨ੍ਹਾਂ ਨੂੰ ਪਾਣੀ ਨਾਲ ਧੋ
ਲੈਣਾ ਚਾਹੀਦਾ ਹੈ। 24ਸੱਤਵੇਂ ਦਿਨ ਤੁਹਾਨੂੰ ਆਪਣੇ ਸਾਰੇ ਕੱਪੜੇ ਧੋ
ਲੈਣੇ ਚਾਹੀਦੇ ਹਨ। ਫ਼ੇਰ ਤੁਸੀਂ ਪਵਿੱਤਰ ਹੋ ਜਾਵੋਗੇ। ਇਸ ਤੋਂ ਮਗਰੋਂ
ਤੁਸੀਂ ਡੇਰੇ ਵਿੱਚ ਆ ਸਕਦੇ ਹੋ।"

25ਫ਼ੇਰ ਯਹੋਵਾਹ ਨੇ ਮੂਸਾ ਨੂੰ ਆਖਿਆ, 26"ਅਲਆਜ਼ਾਰ
ਜਾਜਕ ਤੈਨੂੰ ਅਤੇ ਹੋਰ ਸਾਰੇ ਆਗੂਆਂ ਨੂੰ ਲੋਕਾਂ ਅਤੇ ਜਾਨਵਰਾਂ ਦੀ
ਸਾਰੀ ਲੁੱਟ ਦੀ ਗਿਣਤੀ ਕਰਨੀ ਚਾਹੀਦੀ ਹੈ ਜੋ ਸਿਪਾਹੀ ਯੁੱਧ ਵਿੱਚੋਂ
ਵਾਪਸ ਲਿਆਏ ਸਨ। 27ਫ਼ੇਰ ਉਨ੍ਹਾਂ ਚੀਜ਼ਾਂ ਨੂੰ ਜੰਗ ਵਿੱਚ ਜਾਣ
ਵਾਲੇ ਸਿਪਾਹੀਆਂ ਅਤੇ ਇਸਰਾਏਲ ਦੇ ਹੋਰਨਾਂ ਲੋਕਾਂ ਵਿੱਚਕਾਰ
ਵੰਡ ਦਿਉ। 28ਜੰਗ ਨੂੰ ਜਾਣ ਵਾਲੇ ਸਿਪਾਹੀਆਂ ਕੋਲੋਂ ਉਨ੍ਹਾਂ ਚੀਜ਼ਾਂ
ਦਾ ਇੱਕ ਹਿੱਸਾ ਲੈ ਲਵੋ ਉਹ ਹਿੱਸਾ ਯਹੋਵਾਹ ਦਾ ਹੈ। ਯਹੋਵਾਹ ਦਾ
ਹਿੱਸਾ ਹਰ 500 ਚੀਜ਼ਾਂ ਪਿੱਛੇ ਇੱਕ ਚੀਜ਼ ਹੈ। ਇਸ ਵਿੱਚ ਲੋਕ,
ਗਾਵਾਂ, ਖੋਤੇ ਅਤੇ ਭੇਡਾਂ ਸ਼ਾਮਲ ਹਨ। 29ਉਨ੍ਹਾਂ ਚੀਜ਼ਾਂ ਨੂੰ ਸਿਪਾਹੀਆਂ
ਦੇ ਅੱਧੇ ਹਿੱਸੇ ਵਿੱਚੋਂ ਲੈ ਲਵੋ ਜਿਹੜੇ ਜੰਗ ਨੂੰ ਗਏ ਸਨ। ਫ਼ੇਰ ਉਹ
ਚੀਜ਼ਾਂ ਅਲਆਜ਼ਾਰ ਜਾਜਕ ਨੂੰ ਦੇ ਦਿਉ। ਉਹ ਹਿੱਸਾ ਯਹੋਵਾਹ ਦਾ
ਹੈ। 30ਅਤੇ ਫ਼ੇਰ ਲੋਕਾਂ ਦੇ ਅੱਧੇ ਹਿੱਸੇ ਵਿੱਚੋਂ ਹਰ 50 ਚੀਜ਼ਾਂ ਪਿੱਛੇ
ਇੱਕ ਚੀਜ਼ ਰੱਖ ਲਵੋ। ਇਸ ਵਿੱਚ ਲੋਕ, ਗਾਵਾਂ, ਖੋਤੇ, ਭੇਡਾਂ ਜਾਂ ਕੋਈ
ਹੋਰ ਪਸ਼ੂ ਸ਼ਾਮਲ ਹਨ। ਇਹ ਹਿੱਸਾ ਲੇਵੀਆਂ ਨੂੰ ਦੇ ਦੇਵੋ। ਕਿਉਂਕਿ
ਲੇਵੀਆਂ ਨੇ ਯਹੋਵਾਹ ਦੇ ਪਵਿੱਤਰ ਤੰਬੂ ਦੀ ਦੇਖ-ਭਾਲ ਕੀਤੀ ਸੀ।"

31ਇਸ ਤਰ੍ਹਾਂ ਮੂਸਾ ਅਤੇ ਅਲਆਜ਼ਾਰ ਨੇ ਉਹੋ ਕੁਝ ਕੀਤਾ ਜਿਸ
ਦਾ ਯਹੋਵਾਹ ਨੇ ਮੂਸਾ ਨੂੰ ਆਦੇਸ਼ ਦਿੱਤਾ ਸੀ। 32ਸਿਪਾਹੀਆਂ ਨੇ
6,75,000 ਭੇਡਾਂ, 33 72,000 ਗਾਵਾਂ, 34 61,000 ਖੋਤੇ,
35ਅਤੇ 32,000 ਔਰਤਾਂ ਲਿਆਂਦੀਆਂ ਸਨ। (ਇਨ੍ਹਾਂ ਵਿੱਚੋਂ
ਸਿਰਫ਼ ਉਹੀ ਔਰਤਾਂ ਸ਼ਾਮਲ ਹਨ ਜਿਨ੍ਹਾਂ ਨੇ ਕਿਸੇ ਮਰਦ ਨਾਲ
ਜਿਨਸੀ ਸੰਬੰਧ ਨਹੀਂ ਰੱਖੇ ਸਨ।) 36ਜਿਹੜੇ ਸਿਪਾਹੀ ਜੰਗ ਵਿੱਚ
ਗਏ ਸਨ ਉਨ੍ਹਾਂ ਨੂੰ 3,37,500 ਭੇਡਾਂ ਮਿਲੀਆਂ। 37ਉਨ੍ਹਾਂ ਨੇ
675 ਭੇਡਾਂ ਯਹੋਵਾਹ ਨੂੰ ਅਰਪਣ ਕਰ ਦਿੱਤੀਆਂ। 38ਸਿਪਾਹੀਆਂ
ਨੂੰ 36,000 ਗਾਵਾਂ ਮਿਲੀਆਂ। ਉਨ੍ਹਾਂ ਨੇ 72 ਗਾਵਾਂ ਯਹੋਵਾਹ
ਨੂੰ ਦੇ ਦਿੱਤੀਆਂ। 39ਸਿਪਾਹੀਆਂ ਨੂੰ 30,500 ਖੋਤੇ ਮਿਲੇ। ਉਨ੍ਹਾਂ
ਨੇ 61 ਖੋਤੇ ਯਹੋਵਾਹ ਨੂੰ ਦਿੱਤੇ। 40ਸਿਪਾਹੀਆਂ ਨੂੰ 16,000
ਔਰਤਾਂ ਮਿਲੀਆਂ। ਉਨ੍ਹਾਂ ਨੇ 32 ਔਰਤਾਂ ਯਹੋਵਾਹ ਨੂੰ ਦੇ ਦਿੱਤੀਆਂ।
41ਮੂਸਾ ਨੇ ਯਹੋਵਾਹ ਨੂੰ ਮਿਲਣ ਵਾਲੀਆਂ ਉਹ ਸਾਰੀਆਂ ਸੁਗਾਤਾਂ
ਅਲਆਜ਼ਾਰ ਜਾਜਕ ਨੂੰ ਦੇ ਦਿੱਤੀਆਂ, ਜਿਹਾ ਕਿ ਯਹੋਵਾਹ ਨੇ ਉਸ
ਨੂੰ ਆਦੇਸ਼ ਦਿੱਤਾ ਸੀ।

42ਫ਼ੇਰ ਮੂਸਾ ਨੇ ਲੋਕਾਂ ਦੇ ਅੱਧੇ ਹਿੱਸੇ ਦੀ ਗਿਣਤੀ ਕੀਤੀ
ਇਹ ਉਹ ਹਿੱਸਾ ਸੀ ਜਿਹੜਾ ਮੂਸਾ ਨੇ ਉਨ੍ਹਾਂ ਸਿਪਾਹੀਆਂ ਕੋਲੋਂ
ਹਾਸਲ ਕੀਤੀ ਸੀ ਜਿਹੜੇ ਜੰਗ ਕਰਨ ਗਏ ਸਨ। 43ਲੋਕਾਂ ਨੂੰ
3,37,500 ਭੇਡਾਂ, 44 36,000 ਗਾਵਾਂ, 45 30,500 ਖੋਤੇ,
46ਅਤੇ 16,000 ਔਰਤਾਂ ਮਿਲੀਆਂ। 47ਹਰ 50 ਚੀਜ਼ਾਂ ਵਿੱਚੋਂ,
ਇਸਰਾਏਲ ਦੇ ਲੋਕਾਂ ਦੀ ਅੱਧੀ ਲੁੱਟ ਵਿੱਚੋਂ ਮੂਸਾ ਨੇ ਇੱਕ ਚੀਜ਼
ਯਹੋਵਾਹ ਲਈ ਲੈ ਲਈ। ਇਨ੍ਹਾਂ ਵਿੱਚ ਆਦਮੀਆਂ ਦੀਆਂ ਚੀਜ਼ਾਂ
ਅਤੇ ਜਾਨਵਰ ਸ਼ਾਮਲ ਸਨ। ਅਤੇ ਉਸ ਨੇ ਇਹ ਚੀਜ਼ਾਂ ਲੇਵੀਆਂ ਨੂੰ
ਦੇ ਦਿੱਤੀਆਂ। ਕਿਉਂਕਿ ਉਹ ਯਹੋਵਾਹ ਦੇ ਪਵਿੱਤਰ ਤੰਬੂ ਦੀ ਸੰਭਾਲ
ਕਰਦੇ ਸਨ। ਮੂਸਾ ਨੇ ਅਜਿਹਾ ਉਸੇ ਤਰ੍ਹਾਂ ਕੀਤਾ ਜਿਵੇਂ ਯਹੋਵਾਹ ਨੇ
ਉਸ ਨੂੰ ਕਰਨ ਲਈ ਕਿਹਾ ਸੀ।

48ਫ਼ੇਰ ਸੈਨਾ ਦੇ ਆਗੂ (1,000 ਆਦਮੀਆਂ ਦੇ ਆਗੂ ਅਤੇ
100 ਆਦਮੀਆਂ ਦੇ ਆਗੂ) ਮੂਸਾ ਕੋਲ ਆਏ। 49ਉਨ੍ਹਾਂ ਨੇ ਮੂਸਾ
ਨੂੰ ਆਖਿਆ, "ਅਸੀਂ ਤੇਰੇ ਸੇਵਕਾਂ ਨੇ ਸਾਡੇ ਸਿਪਾਹੀਆਂ ਦੀ ਗਿਣਤੀ
ਕਰ ਲਈ ਹੈ ਉਨ੍ਹਾਂ ਵਿੱਚੋਂ ਇੱਕ ਮਨੁੱਖ ਵੀ ਨਹੀਂ ਘਟਿਆ। 50ਇਸ
ਲਈ ਅਸੀਂ ਹਰ ਸਿਪਾਹੀ ਕੋਲੋਂ ਯਹੋਵਾਹ ਦੀ ਸੁਗਾਤ ਲੈ ਕੇ ਆ ਰਹੇ
ਹਾਂ। ਅਸੀਂ ਉਹ ਚੀਜ਼ਾਂ ਵੀ ਲਿਆ ਰਹੇ ਹਾਂ ਜਿਹੜੀਆਂ ਸੋਨੇ ਦੀਆਂ
ਬਣੀਆਂ ਹਨ-ਬਾਜ਼ੂ ਬੰਦ, ਹਾਰ, ਮੁੰਦਰੀਆਂ ਵਾਲੀਆਂ ਅਤੇ ਗਲੇ ਦੇ

ਹਾਰ। ਇਹ ਸੁਗਾਤ ਯਹੋਵਾਹ ਲਈ ਹਨ ਤਾਂ ਜੋ ਅਸੀਂ ਪਵਿੱਤਰ
ਹੋ ਸਕੀਏ।”
51ਇਸ ਲਈ ਮੂਸਾ ਅਤੇ ਅਲਆਜ਼ਾਰ ਜਾਜਕ ਨੇ ਸੋਨੇ ਦੀਆਂ
ਇਹ ਸਾਰੀਆਂ ਚੀਜ਼ਾਂ ਲੈ ਲਈਆਂ। 52ਜਿਹੜਾ ਸੋਨਾ 1,000
ਆਦਮੀਆਂ ਦੇ ਕਮਾਂਡਰਾਂ ਅਤੇ 100 ਆਦਮੀਆਂ ਦੇ ਕਮਾਂਡਰਾਂ
ਨੇ ਯਹੋਵਾਹ ਨੂੰ ਦਿੱਤਾ 420 ਪੌਂਡ ਵਜਨ ਦਾ ਸੀ। 53ਸਿਪਾਹੀਆਂ
ਨੇ ਜੰਗ ਵਿੱਚ ਹਾਸਲ ਕੀਤੀਆਂ ਹੋਰਨਾਂ ਚੀਜ਼ਾਂ ਦਾ ਬਾਕੀ ਹਿੱਸਾ
ਰੱਖ ਲਿਆ। 54ਮੂਸਾ ਅਤੇ ਅਲਆਜ਼ਾਰ ਜਾਜਕ ਨੇ 1,000
ਆਦਮੀਆਂ ਅਤੇ 100 ਆਦਮੀਆਂ ਦੇ ਆਗੂਆਂ ਪਾਸੋਂ ਸੋਨਾ ਲੈ
ਲਿਆ। ਫ਼ੇਰ ਉਨ੍ਹਾਂ ਨੇ ਉਹ ਸੋਨਾ ਮੰਡਲੀ ਵਾਲੇ ਤੰਬੂ ਵਿੱਚ ਰੱਖ
ਦਿੱਤਾ। ਇਹ ਤੋਹਫ਼ਾ ਯਹੋਵਾਹ ਦੇ ਲਈ ਇਸਰਾਏਲ ਦੇ ਲੋਕਾਂ ਦੀ
ਯਾਦਗਾਰ ਸੀ।



## ਯਰਦਨ ਨਦੀ ਦੇ ਪੂਰਬ ਦੇ ਘਰਾਣੇ

**32** 1ਰਊਬੇਨ ਅਤੇ ਗਾਦ ਦੇ ਪਰਿਵਾਰ-ਸਮੂਹਾਂ ਕੋਲ
ਬਹੁਤ ਸਾਰੇ ਵੱਗ ਸਨ। ਉਨ੍ਹਾਂ ਲੋਕਾਂ ਨੇ ਯਾਜ਼ੇਰ ਅਤੇ
ਗਿਲਆਦ ਦੇ ਨੇੜੇ ਦੀ ਜ਼ਮੀਨ ਵੱਲ ਦੇਖਿਆ। ਉਨ੍ਹਾਂ ਨੇ ਦੇਖਿਆ
ਕਿ ਇਹ ਧਰਤੀ ਉਨ੍ਹਾਂ ਦੇ ਪਸ਼ੂਆਂ ਲਈ ਚੰਗੀ ਸੀ। 2ਇਸ ਲਈ
ਰਊਬੇਨ ਅਤੇ ਗਾਦ ਦੇ ਘਰਾਣੇ ਦੇ ਲੋਕ ਮੂਸਾ ਕੋਲ ਆਏ। ਉਨ੍ਹਾਂ
ਨੇ ਮੂਸਾ, ਅਲਆਜ਼ਾਰ ਜਾਜਕ ਅਤੇ ਲੋਕਾਂ ਦੇ ਆਗੂਆਂ ਨਾਲ ਗੱਲ
ਕੀਤੀ, 3-4ਉਨ੍ਹਾਂ ਨੇ ਆਖਿਆ, “ਤੁਹਾਡੇ ਸੇਵਕਾਂ ਕੋਲ ਬਹੁਤ ਸਾਰੇ
ਪਸ਼ੂ ਹਨ। ਅਤੇ ਉਹ ਜ਼ਮੀਨ ਜਿਸ ਲਈ ਅਸੀਂ ਲੜਾਈ ਕੀਤੀ
ਉਹ ਸਾਡੇ ਲਈ ਚੰਗੀ ਹੈ। ਇਸ ਜ਼ਮੀਨ ਵਿੱਚ ਅਟਾਰੋਥ, ਦੀਬੋਨ,
ਯਾਜ਼ੇਰ, ਨਿਮਰਾਹ, ਹਸ਼ਬੋਨ, ਅਲਾਲੇਹ, ਸਬਾਮ, ਨਬੋ ਅਤੇ ਬਓਨ
ਦਾ ਇਲਾਕਾ ਸ਼ਾਮਲ ਹੈ। 5ਜੇ ਇਸ ਵਿੱਚ ਤੁਹਾਡੀ ਖੁਸ਼ੀ ਹੋਵੇ ਤਾਂ
ਅਸੀਂ ਚਾਹੁੰਦੇ ਹਾਂ ਕਿ ਇਹ ਜ਼ਮੀਨ ਸਾਨੂੰ ਦਿੱਤੀ ਜਾਵੇ। ਸਾਨੂੰ ਯਰਦਨ
ਨਦੀ ਦੇ ਪਰਲੇ ਪਾਸੇ ਨਾ ਲਿਜਾਉ।”
6ਮੂਸਾ ਨੇ ਰਊਬੇਨ ਅਤੇ ਗਾਦ ਪਰਿਵਾਰ-ਸਮੂਹਾਂ ਦੇ ਲੋਕਾਂ ਨੂੰ
ਆਖਿਆ, “ਕੀ ਤੁਹਾਡੇ ਭਰਾ ਲੜਾਈ ਵਿੱਚ ਜਾਣ ਜਦੋਂ ਕਿ ਤੁਸੀਂ
ਇੱਥੇ ਟਿਕੇ ਰਹੋ? 7ਤੁਸੀਂ ਇਸਰਾਏਲ ਦੇ ਲੋਕਾਂ ਦਾ ਹੌਂਸਲਾ ਢਾਹੁਣ
ਦੀ ਕੋਸ਼ਿਸ਼ ਕਿਉਂ ਕਰ ਰਹੇ ਹੋ? ਤੁਸੀਂ ਉਨ੍ਹਾਂ ਦੀ ਨਦੀ ਪਾਰ ਕਰਨ
ਦੀ ਇੱਛਾ ਵਿੱਚ ਰੋਕ ਪਾ ਦਿਉਗੇ ਅਤੇ ਉਸ ਜ਼ਮੀਨ ਨੂੰ ਹਾਸਲ
ਕਰਨ ਵਿੱਚ ਰੁਕਾਵਟ ਬਣੋਗੇ ਜਿਹੜੀ ਯਹੋਵਾਹ ਨੇ ਉਨ੍ਹਾਂ ਨੂੰ ਦਿੱਤੀ
ਹੈ। 8ਤੁਹਾਡੇ ਪੁਰਖਿਆਂ ਨੇ ਮੇਰੇ ਨਾਲ ਵੀ ਅਜਿਹਾ ਹੀ ਕੀਤਾ ਸੀ।
ਕਾਦੇਸ਼ ਬਰਨੇਆ ਵਿੱਚ ਮੈਂ ਧਰਤੀ ਦੇਖਣ ਲਈ ਜਾਸੂਸ ਭੇਜੇ।
9ਉਹ ਲੋਕ ਅਸ਼ਕੋਲ ਵਾਦੀ ਤੀਕ ਗਏ। ਉਨ੍ਹਾਂ ਨੇ ਜ਼ਮੀਨ ਦੇਖੀ
ਅਤੇ ਇਸਰਾਏਲ ਦੇ ਲੋਕਾਂ ਦਾ ਹੌਂਸਲਾ ਤੋੜ ਦਿੱਤਾ। ਉਨ੍ਹਾਂ ਨੇ ਉਸ
ਧਰਤੀ ਉਤੇ ਜਾਣ ਦੀ ਉਨ੍ਹਾਂ ਦੀ ਇੱਛਾ ਵਿੱਚ ਰੁਕਾਵਟ ਪਾ ਦਿੱਤੀ,
ਜਿਹੜੀ ਯਹੋਵਾਹ ਨੇ ਉਨ੍ਹਾਂ ਨੂੰ ਦਿੱਤੀ ਸੀ। 10ਯਹੋਵਾਹ ਉਨ੍ਹਾਂ ਲੋਕਾਂ
ਨਾਲ ਬਹੁਤ ਨਾਰਾਜ਼ ਹੋ ਗਿਆ ਯਹੋਵਾਹ ਨੇ ਇਹ ਇਕਰਾਰ ਕੀਤੇ:
11‘ਲੋਕਾਂ ਦਰਮਿਆਨ ਆਦਮੀਆਂ ਵਿੱਚੋਂ, ਕਿਸੇ ਨੂੰ ਵੀ, ਜੋ 20 ਸਾਲ
ਜਾਂ ਇਸ ਨਾਲੋਂ ਵਡੇਰੇ ਹਨ ਇਸ ਧਰਤੀ ਨੂੰ ਦੇਖਣ ਦੀ ਆਗਿਆ
ਨਹੀਂ ਮਿਲੇਗੀ। ਮੈਂ ਅਬਰਾਹਾਮ, ਇਸਹਾਕ ਅਤੇ ਯਾਕੂਬ ਨਾਲ
ਇਕਰਾਰ ਕੀਤਾ ਸੀ ਕਿ ਮੈਂ ਇਹ ਜ਼ਮੀਨ ਇਨ੍ਹਾਂ ਲੋਕਾਂ ਨੂੰ ਦੇਵਾਂਗਾ
ਪਰ ਉਹ ਮੇਰੇ ਸੱਚੇ ਅਨੁਯਾਈ ਨਹੀਂ ਬਣੇ। 12ਸਿਰਫ਼ ਯਫ਼ੁੰਨਹ
ਕਨਿਜ਼ੀ ਦੇ ਪੁੱਤਰ ਕਾਲੇਬ, ਅਤੇ ਨੂਨ ਦਾ ਪੁੱਤਰ ਯਹੋਸ਼ੁਆ ਹੀ
ਯਹੋਵਾਹ ਦੇ ਸੱਚੇ ਅਨੁਯਾਈ ਬਣੇ।’
13“ਯਹੋਵਾਹ ਇਸਰਾਏਲ ਦੇ ਲੋਕਾਂ ਨਾਲ ਬਹੁਤ ਨਾਰਾਜ਼ ਸੀ।
ਇਸ ਲਈ ਯਹੋਵਾਹ ਨੇ ਲੋਕਾਂ ਨੂੰ 40 ਵਰ੍ਹੇ ਤੀਕ ਮਾਰੂਥਲ ਵਿੱਚ
ਰਹਿਣ ਲਈ ਮਜ਼ਬੂਰ ਕੀਤਾ, ਜਦੋਂ ਤੱਕ ਕਿ ਉਹ ਸਾਰੇ ਲੋਕ ਮਰ ਨਹੀਂ
ਗਏ ਜਿਨ੍ਹਾਂ ਨੇ ਯਹੋਵਾਹ ਦੇ ਖਿਲਾਫ਼ ਪਾਪ ਕੀਤਾ ਸੀ। 14ਹੁਣ ਤੁਸੀਂ
ਵੀ ਉਹੀ ਕੁਝ ਕਰ ਰਹੇ ਹੋ ਜੋ ਤੁਹਾਡੇ ਪੁਰਖਿਆਂ ਨੇ ਕੀਤਾ ਸੀ। ਤੁਸੀਂ
ਪਾਪੀ ਲੋਕ, ਇਸਰਾਏਲ ਦੇ ਖਿਲਾਫ਼ ਯਹੋਵਾਹ ਦੇ ਗੁੱਸੇ ਨੂੰ ਭੜਕਾ
ਰਹੇ ਹੋ। 15ਜੇ ਤੁਸੀਂ ਯਹੋਵਾਹ ਦੇ ਅਨੁਯਾਈ ਬਣਨਾ ਛੱਡ ਦਿਉਗੇ,
ਤਾਂ ਯਹੋਵਾਹ ਇਸਰਾਏਲ ਨੂੰ ਹੋਰ ਵੀ ਵਧੇਰੇ ਸਮਾਂ ਮਾਰੂਥਲ ਵਿੱਚ
ਰੱਖੇਗਾ। ਫ਼ੇਰ ਤੁਸੀਂ ਇਨ੍ਹਾਂ ਲੋਕਾਂ ਨੂੰ ਤਬਾਹ ਕਰ ਦਿਉਂਗੇ।”
16ਪਰ ਰਊਬੇਨ ਅਤੇ ਗਾਦ ਦੇ ਪਰਿਵਾਰ-ਸਮੂਹਾਂ ਦੇ ਲੋਕ, ਮੂਸਾ
ਕੋਲ ਗਏ। ਉਨ੍ਹਾਂ ਨੇ ਆਖਿਆ, “ਅਸੀਂ ਆਪਣੇ ਬੱਚਿਆਂ ਲਈ
ਇੱਥੇ ਸ਼ਹਿਰ ਉਸਾਰਾਂਗੇ ਅਤੇ ਆਪਣੇ ਪਸ਼ੂਆਂ ਲਈ ਵਾੜੇ। 17ਤਾਂ
ਸਾਡੇ ਬੱਚੇ ਉਨ੍ਹਾਂ ਲੋਕਾਂ ਤੋਂ ਸੁਰੱਖਿਅਤ ਹੋ ਜਾਣਗੇ ਜਿਹੜੇ ਇਸ
ਧਰਤੀ ਉੱਤੇ ਰਹਿੰਦੇ ਹਨ। ਪਰ ਅਸੀਂ ਖੁਸ਼ੀ ਨਾਲ ਇਸਰਾਏਲ ਦੇ
ਹੋਰਨਾਂ ਲੋਕਾਂ ਦੀ ਆ ਕੇ ਸਹਾਇਤਾ ਕਰਾਂਗੇ। ਅਸੀਂ ਉਨ੍ਹਾਂ ਨੂੰ ਉਨ੍ਹਾਂ
ਦੀ ਧਰਤੀ ਉੱਤੇ ਲੈ ਜਾਵਾਂਗੇ। 18ਅਸੀਂ ਉਦੋਂ ਤੀਕ ਘਰ ਵਾਪਸ
ਨਹੀਂ ਆਵਾਂਗੇ ਜਦੋਂ ਤੀਕ ਕਿ ਇਸਰਾਏਲ ਦੇ ਹਰ ਬੰਦੇ ਨੂੰ ਉਸ ਦੀ
ਜ਼ਮੀਨ ਨਹੀਂ ਮਿਲ ਜਾਂਦੀ। 19ਅਸੀਂ ਯਰਦਨ ਨਦੀ ਪੱਛਮ ਵੱਲ
ਕੋਈ ਜ਼ਮੀਨ ਨਹੀਂ ਲਵਾਂਗੇ। ਨਹੀਂ! ਸਾਡੇ ਹਿੱਸੇ ਦੀ ਜ਼ਮੀਨ ਯਰਦਨ
ਨਦੀ ਦੇ ਪੂਰਬ ਵਾਲੇ ਪਾਸੇ ਹੀ ਹੈ।”
20ਇਸ ਲਈ ਮੂਸਾ ਨੇ ਉਨ੍ਹਾਂ ਨੂੰ ਆਖਿਆ, “ਜੇ ਤੁਸੀਂ ਇਹ
ਸਾਰੀਆਂ ਗੱਲਾਂ ਕਰੋਗੇ, ਤਾਂ ਇਹ ਜ਼ਮੀਨ ਤੁਹਾਡੀ ਹੋਵੇਗੀ। ਪਰ
ਤੁਹਾਡੇ ਸਿਪਾਹਿਆਂ ਨੂੰ ਯਹੋਵਾਹ ਦੇ ਸਾਹਮਣੇ ਜੰਗ ਵਿੱਚ ਜ਼ਰੂਰ
ਜਾਣਾ ਚਾਹੀਦਾ ਹੈ। 21ਤੁਹਾਡੇ ਸਿਪਾਹੀਆਂ ਨੂੰ ਯਹੋਵਾਹ ਦੇ ਸਾਹਮਣੇ
ਯਰਦਨ ਨਦੀ ਪਾਰ ਕਰਨੀ ਚਾਹੀਦੀ ਹੈ ਅਤੇ ਦੁਸ਼ਮਣ ਨੂੰ ਇਸ
ਦੇਸ ਵਿੱਚੋਂ ਬਾਹਰ ਕੱਢ ਦੇਣਾ ਚਾਹੀਦਾ ਹੈ। 22ਜਦੋਂ ਯਹੋਵਾਹ ਸਾਡੀ
ਸਾਰਿਆਂ ਦੀ ਸਹਾਇਤਾ ਜ਼ਮੀਨ ਹਾਸਲ ਕਰਨ ਵਿੱਚ ਕਰ ਦੇਵੇ ਤਾਂ
ਤੁਸੀਂ ਘਰ ਵਾਪਸ ਜਾ ਸਕੋਗੇ। ਤਾਂ ਯਹੋਵਾਹ ਅਤੇ ਇਸਰਾਏਲ
ਇਹ ਨਹੀਂ ਸੋਚਣਗੇ ਕਿ ਤੁਸੀਂ ਦੋਸ਼ੀ ਹੋ। ਫ਼ੇਰ ਯਹੋਵਾਹ ਤੁਹਾਨੂੰ ਇਹ
ਜ਼ਮੀਨ ਲੈਣ ਦੇਵੇਗਾ। 23ਪਰ ਜੇ ਤੁਸੀਂ ਇਹ ਗੱਲਾਂ ਨਹੀਂ ਕਰੋਗੇ, ਤਾਂ
ਤੁਸੀਂ ਯਹੋਵਾਹ ਦੇ ਖਿਲਾਫ਼ ਪਾਪ ਕਰ ਰਹੇ ਹੋਵੋਗੇ। ਅਤੇ ਇਹ ਗੱਲ
ਪੱਕੀ ਤਰ੍ਹਾਂ ਜਾਣ ਲਵੋ ਕਿ ਤੁਹਾਨੂੰ ਤੁਹਾਡੇ ਪਾਪ ਦੀ ਸਜ਼ਾ ਮਿਲੇਗੀ।
24ਆਪਣੇ ਬੱਚਿਆਂ ਲਈ ਸ਼ਹਿਰ ਅਤੇ ਪਸ਼ੂਆਂ ਲਈ ਵਾੜੇ ਉਸਾਰ
ਲਵੋ। ਪਰ ਫ਼ੇਰ ਤੁਹਾਨੂੰ ਉਹੀ ਕਰਨਾ ਚਾਹੀਦਾ ਹੈ ਜਿਸ ਦਾ ਤੁਸੀਂ
ਇਕਰਾਰ ਕੀਤਾ ਹੈ।”
25ਫ਼ੇਰ ਗਾਦ ਅਤੇ ਰਊਬੇਨ ਦੇ ਪਰਿਵਾਰ-ਸਮੂਹਾਂ ਦੇ ਲੋਕਾਂ
ਨੇ ਮੂਸਾ ਨੂੰ ਆਖਿਆ, “ਅਸੀਂ ਤੁਹਾਡੇ ਸੇਵਕ ਹਾਂ। ਤੁਸੀਂ ਸਾਡੇ
ਮਾਲਕ ਹੋ। ਇਸ ਲਈ ਅਸੀਂ ਉਹੀ ਕਰਾਂਗੇ ਜੋ ਤੁਸੀਂ ਆਖਦੇ ਹੋ।
26ਸਾਡੀਆਂ ਪਤਨੀਆਂ, ਬੱਚੇ ਅਤੇ ਸਾਡੇ ਪਸ਼ੂ ਗਿਲਆਦ ਦੇ ਸ਼ਹਿਰਾਂ
ਵਿੱਚ ਰਹਿਣਗੇ। 27ਪਰ ਅਸੀਂ, ਤੁਹਾਡੇ ਸੇਵਕ, ਯਰਦਨ ਨਦੀ ਨੂੰ
ਪਾਰ ਕਰਾਂਗੇ। ਅਸੀਂ ਯਹੋਵਾਹ ਦੇ ਸਾਹਮਣੇ ਜੰਗ ਵਿੱਚ ਜਾਵਾਂਗੇ
ਜਿਵੇਂ ਸਾਡਾ ਸੁਆਮੀ ਸਾਨੂੰ ਆਖਦਾ ਹੈ।”
28ਇਸ ਲਈ ਮੂਸਾ ਨੇ ਅਲਆਜ਼ਾਰ ਜਾਜਕ, ਨੂਨ ਦੇ ਪੁੱਤਰ
ਯਹੋਸ਼ੁਆ ਅਤੇ ਇਸਰਾਏਲ ਦੇ ਸਾਰੇ ਪਰਿਵਾਰ-ਸਮੂਹਾਂ ਦੇ ਆਗੂਆਂ
ਨੂੰ ਉਨ੍ਹਾਂ ਬਾਰੇ ਹੁਕਮ ਦਿੱਤੇ। 29ਮੂਸਾ ਨੇ ਉਨ੍ਹਾਂ ਨੂੰ ਆਖਿਆ, “ਗਾਦ
ਅਤੇ ਰਊਬੇਨ ਦੇ ਆਦਮੀ ਤੁਹਾਡੇ ਨਾਲ ਯਰਦਨ ਨਦੀ ਪਾਰ
ਕਰਨਗੇ। ਉਹ ਯਹੋਵਾਹ ਦੇ ਸਾਹਮਣੇ ਲੜਾਈ ਲਈ ਜਾਣਗੇ ਅਤੇ

ਜ਼ਮੀਨ ਹਾਸਲ ਕਰਨ ਵਿੱਚ ਤੁਹਾਡੀ ਸਹਾਇਤਾ ਕਰਨਗੇ। ਫ਼ੇਰ
ਤੁਸੀਂ ਉਨ੍ਹਾਂ ਨੂੰ ਗਿਲਆਦ ਦੀ ਜ਼ਮੀਨ ਉਨ੍ਹਾਂ ਦੇ ਹਿੱਸੇ ਵਜੋਂ ਦੇ ਦਿਉ।
**30**ਉਹ ਕਨਾਨ ਦੀ ਧਰਤੀ ਹਾਸਲ ਕਰਨ ਵਿੱਚ ਤੁਹਾਡੀ ਸਹਾਇਤਾ
ਕਰਨ ਲਈ ਇਕਰਾਰ ਕਰਦੇ ਹਨ।"

**31**ਗਾਦ ਅਤੇ ਰਊਬੇਨ ਦੇ ਲੋਕਾਂ ਨੇ ਜਵਾਬ ਦਿੱਤਾ, "ਅਸੀਂ ਉਹੀ
ਕੁਝ ਕਰਨ ਦਾ ਇਕਰਾਰ ਕਰਦੇ ਹਾਂ ਜਿਸ ਦਾ ਯਹੋਵਾਹ ਨੇ ਆਦੇਸ਼
ਦਿੱਤਾ ਹੈ। **32**ਅਸੀਂ ਯਰਦਨ ਨਦੀ ਪਾਰ ਕਰਾਂਗੇ ਅਤੇ ਯਹੋਵਾਹ ਦੇ
ਅੱਗੇ ਕਨਾਨ ਦੀ ਧਰਤੀ ਵੱਲ ਮਾਰਚ ਕਰਾਂਗੇ। ਅਤੇ ਸਾਡੇ ਹਿੱਸੇ ਦੀ
ਧਰਤੀ ਯਰਦਨ ਨਦੀ ਦੇ ਪੂਰਬ ਵੱਲ ਦੀ ਹੈ।"

**33**ਇਸ ਲਈ ਮੂਸਾ ਨੇ ਉਹ ਧਰਤੀ ਗਾਦ ਦੇ ਲੋਕਾਂ, ਰਊਬੇਨ ਦੇ
ਪਰਿਵਾਰ ਨੂੰ ਅਤੇ ਮਨੱਸ਼ਹ ਪਰਿਵਾਰ ਦੇ ਅੱਧੇ ਲੋਕਾਂ ਨੂੰ ਦੇ ਦਿੱਤੀ।
(ਮਨੱਸ਼ਹ ਯੂਸੁਫ਼ ਦਾ ਪੁੱਤਰ ਸੀ।) ਇਸ ਧਰਤੀ ਵਿੱਚ ਅਮੋਰੀ,
ਸੀਹੋਨ ਦਾ ਰਾਜਾ ਅਤੇ ਬਾਸ਼ਾਨ ਦੇ ਰਾਜੇ ਓਗ ਦੇ ਰਾਜ ਸ਼ਾਮਲ
ਹਨ। ਇਸ ਧਰਤੀ ਵਿੱਚ ਉਸ ਇਲਾਕੇ ਦੇ ਆਲੇ-ਦੁਆਲੇ ਦੇ ਸਾਰੇ
ਨਗਰ ਵੀ ਸ਼ਾਮਲ ਹਨ।

**34**ਗਾਦ ਦੇ ਲੋਕਾਂ ਨੇ ਦੀਬੋਨ, ਅਟਾਰੋਥ ਅਤੇ ਅਰੋਏਰ,
**35**ਅਟਰੋਥ ਸੋਫ਼ਾਨ, ਯਾਜ਼ੇਰ, ਯਾਗਬਹਾਹ, **36**ਬੈਤ ਨਿਮਰਾਹ ਅਤੇ
ਬੈਤ ਹਾਰਾਨ ਦੇ ਸ਼ਹਿਰ ਉਸਾਰੇ। ਉਨ੍ਹਾਂ ਨੇ ਮਜ਼ਬੂਤ ਕੰਧਾਂ ਵਾਲੇ ਸ਼ਹਿਰ
ਉਸਾਰੇ ਅਤੇ ਆਪਣੇ ਪਸ਼ੂਆਂ ਲਈ ਉਨ੍ਹਾਂ ਨੇ ਵਾੜੇ ਉਸਾਰੇ।

**37**ਰਊਬੇਨ ਦੇ ਲੋਕਾਂ ਨੇ ਹਸ਼ਬੋਨ, ਅਲਆਲੇ, ਕਿਰਯਾਥੈਮ,
**38**ਨਬੋ, ਬਆਲ ਮਓਨ ਅਤੇ ਸ਼ਿਬਮਾਹ ਉਸਾਰੇ। ਉਨ੍ਹਾਂ ਨੇ ਉਨ੍ਹਾਂ ਹੀ
ਸ਼ਹਿਰਾਂ ਦੇ ਨਾਮ ਰੱਖੇ ਜਿਨ੍ਹਾਂ ਨੂੰ ਮੁੜਕੇ ਉਸਾਰਿਆ ਗਿਆ ਸੀ। ਪਰ
ਉਨ੍ਹਾਂ ਨੇ ਨਬੋ ਅਤੇ ਬਆਲ ਮਓਨ ਦੇ ਨਾਮ ਬਦਲ ਦਿੱਤੇ।

**39**ਮਾਕੀਰ ਦੇ ਘਰਾਣੇ ਦੇ ਲੋਕ ਗਿਲਆਦ ਚਲੇ ਗਏ। (ਮਾਕੀਰ
ਮਨੱਸ਼ਹ ਦਾ ਪੁੱਤਰ ਸੀ।) ਉਨ੍ਹਾਂ ਨੇ ਸ਼ਹਿਰ ਨੂੰ ਹਰਾ ਦਿੱਤਾ ਉਨ੍ਹਾਂ ਨੇ
ਓਥੇ ਰਹਿਣ ਵਾਲੇ ਅਮੋਰੀਆਂ ਨੂੰ ਹਰਾ ਦਿੱਤਾ। **40**ਇਸ ਲਈ ਮੂਸਾ
ਨੇ ਮਨੱਸ਼ਹ ਦੇ ਘਰਾਣੇ ਦੇ ਮਾਕੀਰ ਨੂੰ ਗਿਲਆਦ ਦੇ ਦਿੱਤਾ। ਇਸ
ਲਈ ਉਸ ਦਾ ਪਰਿਵਾਰ ਓਥੇ ਵਸ ਗਿਆ। **41**ਮਨੱਸ਼ਹ ਦੇ ਪਰਿਵਾਰ
ਦੇ ਯਾਈਰ ਨੇ ਓਥੇਂ ਦੇ ਛੋਟੇ ਕਸਬਿਆਂ ਨੂੰ ਹਰਾ ਦਿੱਤਾ। ਤਾਂ ਉਸ ਨੇ
ਉੱਥੋਂ ਦੇ ਛੋਟੇ ਕਸਬਿਆਂ ਨੂੰ ਯਾਈਰ ਦੇ ਕਸਬੇ ਆਖਿਆ। **42**ਨੋਬਹ
ਨੇ ਕਨਾਥ ਨੂੰ ਹਰਾਇਆ ਅਤੇ ਉਸ ਦੇ ਨੇੜੇ ਦੇ ਛੋਟੇ ਕਸਬਿਆਂ ਨੂੰ
ਵੀ। ਫ਼ੇਰ ਉਸ ਨੇ ਉਸ ਥਾਂ ਨੂੰ ਆਪਣਾ ਨਾਮ ਦਿੱਤਾ।

## ਇਸਰਾਏਲ ਦਾ ਮਿਸਰ ਤੋਂ ਸਫ਼ਰ

**33** **1**ਮੂਸਾ ਅਤੇ ਹਾਰੂਨ ਨੇ ਇਸਰਾਏਲ ਦੇ ਲੋਕਾਂ ਨੂੰ ਮਿਸਰ
ਤੋਂ ਬਾਹਰ ਟੋਲਿਆਂ ਵਿੱਚ ਲਿਆਂਦਾ। ਇਹ ਉਹ ਥਾਵਾਂ
ਹਨ ਜਿੱਥੇ ਉਨ੍ਹਾਂ ਨੇ ਸਫ਼ਰ ਕੀਤਾ। **2**ਮੂਸਾ ਨੇ ਉਨ੍ਹਾਂ ਥਾਵਾਂ ਬਾਰੇ
ਲਿਖਿਆ ਜਿਨ੍ਹਾਂ ਵਿੱਚੋਂ ਉਹ ਲੰਘੇ। ਮੂਸਾ ਨੇ ਉਹੀ ਗੱਲਾਂ ਲਿਖੀਆਂ
ਜੋ ਯਹੋਵਾਹ ਚਾਹੁੰਦਾ ਸੀ। ਇਹ ਉਹ ਥਾਵਾਂ ਹਨ ਜਿੱਥੇ ਉਹ ਲੰਘੇ:

**3**ਪਹਿਲੇ ਮਹੀਨੇ ਦੀ 15ਵੀਂ ਤਰੀਕ ਨੂੰ ਉਨ੍ਹਾਂ ਨੇ
ਰਾਮਸੇਸ ਛੱਡਿਆ। ਪਸਾਹ ਦੀ ਅਗਲੀ ਸਵੇਰ,
ਇਸਰਾਏਲ ਦੇ ਲੋਕ ਆਪਣੇ ਹਥਿਆਰ ਚੁੱਕੇ (ਜਿੱਤ ਵਿੱਚ)
ਮਿਸਰ ਵਿੱਚੋਂ ਬਾਹਰ ਨਿੱਕਲੇ। ਮਿਸਰ ਦੇ ਸਮੂਹ ਲੋਕਾਂ ਨੇ
ਉਨ੍ਹਾਂ ਨੂੰ ਦੇਖਿਆ। **4**ਮਿਸਰੀ ਆਪਣੇ ਸਾਰੇ ਪਲੋਠੇ ਪੁੱਤਰਾਂ
ਨੂੰ ਦਫ਼ਨਾ ਰਹੇ ਸਨ ਜਿਨ੍ਹਾਂ ਨੂੰ ਯਹੋਵਾਹ ਨੇ ਮਾਰਿਆ ਸੀ।
ਯਹੋਵਾਹ ਨੇ ਮਿਸਰੀ ਦੇਵਤਿਆਂ ਵਿਰੁੱਧ ਆਪਣਾ ਨਿਆਂ
ਦੇ ਦਿੱਤਾ ਸੀ।

**5**ਇਸਰਾਏਲ ਦੇ ਲੋਕਾਂ ਨੇ ਰਾਮਸੇਸ ਨੂੰ ਛੱਡ ਦਿੱਤਾ ਅਤੇ
ਸੁੱਕੋਥ ਚਲੇ ਗਏ। **6**ਸੁੱਕੋਥ ਤੋਂ ਉਹ ਏਥਾਮ ਚਲੇ ਗਏ।
ਲੋਕਾਂ ਨੇ ਉੱਥੇ ਮਾਰੂਥਲ ਦੇ ਕੰਢੇ ਡੇਰਾ ਲਾ ਲਿਆ। **7**ਉਹ
ਏਥਾਮ ਛੱਡਦੇ ਹੋਏ ਪੀ ਹਹੀਰੋਥ ਚਲੇ ਗਏ। ਇਹ ਥਾਂ
ਬਆਲਸਫ਼ੋਨ ਦੇ ਨੇੜੇ ਸੀ। ਲੋਕਾਂ ਨੇ ਮਿਗਦੋਲ ਨੇੜੇ ਡੇਰਾ
ਲਾਇਆ।

**8**ਲੋਕਾਂ ਨੇ ਪੀ-ਹਹੀਰੋਥ ਛੱਡ ਦਿੱਤਾ ਅਤੇ ਸਮੁੰਦਰ ਦੇ ਅੱਧ
ਵਿੱਚਕਾਰੋਂ ਲੰਘੇ। ਉਨ੍ਹਾਂ ਨੇ ਤਿੰਨ ਦਿਨ ਏਥਾਮ ਦੇ ਮਾਰੂਥਲ
ਵਿੱਚ ਸਫ਼ਰ ਕੀਤਾ। ਲੋਕਾਂ ਨੇ ਮਾਰਾਹ ਵਿਖੇ ਡੇਰਾ ਲਾਇਆ।

**9**ਲੋਕ ਮਾਰਾਹ ਛੱਡ ਕੇ ਏਲੀਮ ਚਲੇ ਗਏ ਅਤੇ ਉੱਥੇ
ਡੇਰਾ ਲਾਇਆ। ਉੱਥੇ ਪਾਣੀ ਦੇ ਬਾਰ੍ਹਾਂ ਚਸ਼ਮੇ ਸਨ ਅਤੇ
70 ਖਜੂਰ ਦੇ ਰੁੱਖ।

**10**ਲੋਕਾਂ ਨੇ ਏਲੀਮ ਨੂੰ ਛੱਡ ਦਿੱਤਾ ਅਤੇ ਲਾਲ ਸਾਗਰ ਦੇ
ਨੇੜੇ ਡੇਰਾ ਲਾਇਆ।

**11**ਲੋਕਾਂ ਨੇ ਲਾਲ ਸਾਗਰ ਛੱਡ ਦਿੱਤਾ ਅਤੇ ਸੀਨਈ
ਮਾਰੂਥਲ ਵਿੱਚ ਡੇਰਾ ਲਾ ਲਿਆ।

**12**ਲੋਕਾਂ ਨੇ ਸੀਨਈ ਮਾਰੂਥਲ ਛੱਡਿਆ ਅਤੇ ਦਾਫ਼ਕਾਹ
ਵਿਖੇ ਡੇਰਾ ਲਾਇਆ।

**13**ਲੋਕਾਂ ਦਾਫ਼ਕਾਹ ਛੱਡ ਦਿੱਤਾ ਅਤੇ ਆਲੂਸ਼ ਵਿਖੇ ਡੇਰਾ
ਲਾਇਆ।

**14**ਲੋਕਾਂ ਨੇ ਆਲੂਸ਼ ਛੱਡ ਦਿੱਤਾ ਅਤੇ ਰਫ਼ੀਦਿਮ ਵਿਖੇ
ਡੇਰਾ ਲਾਇਆ। ਉਸ ਥਾਂ ਤੇ ਲੋਕਾਂ ਲਈ, ਪੀਣ ਵਾਸਤੇ
ਪਾਣੀ ਨਹੀਂ ਸੀ।

**15**ਲੋਕਾਂ ਨੇ ਰਫ਼ੀਦਿਮ ਛੱਡ ਦਿੱਤਾ ਅਤੇ ਸੀਨਈ
ਮਾਰੂਥਲ ਵਿੱਚ ਡੇਰਾ ਲਾਇਆ।

**16**ਲੋਕਾਂ ਨੇ ਸੀਨਈ ਮਾਰੂਥਲ ਛੱਡ ਦਿੱਤਾ ਅਤੇ
ਕਿਬਰੋਥ ਹੱਤਅਵਾਹ ਵਿਖੇ ਡੇਰਾ ਲਾਇਆ।

**17**ਲੋਕਾਂ ਨੇ ਕਿਬਰੋਥ ਹੱਤਅਵਾਹ ਛੱਡ ਦਿੱਤਾ ਅਤੇ
ਹਸੇਰੋਥ ਵਿਖੇ ਡੇਰਾ ਲਾਇਆ।

**18**ਲੋਕਾਂ ਨੇ ਹਸੇਰੋਥ ਛੱਡ ਦਿੱਤਾ ਅਤੇ ਰਿਥਮਾਹ ਵਿਖੇ
ਡੇਰਾ ਲਾਇਆ।

**19**ਲੋਕਾਂ ਨੇ ਰਿਥਮਾਹ ਛੱਡ ਦਿੱਤਾ ਅਤੇ ਰਿੰਮੋਨ ਪਾਰਸ
ਵਿਖੇ ਡੇਰਾ ਲਾਇਆ।

**20**ਲੋਕਾਂ ਨੇ ਰਿੰਮੋਨ ਪਾਰਸ ਛੱਡ ਦਿੱਤਾ ਅਤੇ ਲਿਬਨਾਹ
ਵਿਖੇ ਡੇਰਾ ਲਾਇਆ।

**21**ਲੋਕਾਂ ਨੇ ਲਿਬਨਾਹ ਛੱਡ ਦਿੱਤਾ ਅਤੇ ਰਿੱਸਾਹ ਵਿਖੇ
ਡੇਰਾ ਲਾਇਆ।

**22**ਲੋਕਾਂ ਨੇ ਰਿੱਸਾਹ ਛੱਡ ਦਿੱਤਾ ਅਤੇ ਕਹੇਲਾਥਾਹ ਵਿਖੇ
ਡੇਰਾ ਲਾਇਆ।

**23**ਲੋਕਾਂ ਨੇ ਕਹੇਲਾਥਾਹ ਛੱਡ ਦਿੱਤਾ ਅਤੇ ਸ਼ਾਫ਼ਰ
ਪਰਬਤ ਉੱਤੇ ਵਿਖੇ ਡੇਰਾ ਲਾਇਆ।

**24**ਲੋਕਾਂ ਨੇ ਸ਼ਫ਼ਰ ਪਰਬਤ ਛੱਡ ਦਿੱਤਾ ਅਤੇ ਹਰਾਦਾਹ
ਵਿਖੇ ਡੇਰਾ ਲਾਇਆ।

**25**ਲੋਕਾਂ ਹਰਾਦਾਹ ਛੱਡ ਦਿੱਤਾ ਅਤੇ ਮਕਹੇਲੋਥ ਵਿਖੇ
ਡੇਰਾ ਲਾਇਆ।

**26**ਲੋਕਾਂ ਨੇ ਮਕਹੇਲੋਥ ਛੱਡ ਦਿੱਤਾ ਅਤੇ ਤਾਹਥ ਵਿਖੇ
ਡੇਰਾ ਲਾਇਆ।

27ਲੋਕਾਂ ਨੇ ਤਾਹਥ ਛੱਡ ਦਿੱਤਾ ਅਤੇ ਥਾਰਹ ਵਿਖੇ ਡੇਰਾ ਲਾਇਆ

28ਲੋਕਾਂ ਨੇ ਥਾਰਹ ਛੱਡ ਦਿੱਤਾ ਅਤੇ ਮਿਥਕਾਹ ਵਿਖੇ ਡੇਰਾ ਲਾਇਆ।

29ਲੋਕਾਂ ਨੇ ਮਿਥਕਾਹ ਛੱਡ ਦਿੱਤਾ ਅਤੇ ਹਸ਼ਮੋਨਾਹ ਵਿਖੇ ਡੇਰਾ ਲਾਇਆ।

30ਲੋਕਾਂ ਨੇ ਹਸ਼ਮੋਨਾਹ ਛੱਡ ਦਿੱਤਾ ਅਤੇ ਮੋਸੇਰੋਥ ਵਿਖੇ ਡੇਰਾ ਲਾਇਆ।

31ਲੋਕਾਂ ਨੇ ਮੋਸੇਰੋਥ ਛੱਡ ਦਿੱਤਾ ਅਤੇ ਬਨੇ ਯਆਕਾਨ ਵਿਖੇ ਡੇਰਾ ਲਾਇਆ।

32ਲੋਕਾਂ ਨੇ ਬਨੇ ਯਆਕਾਨ ਛੱਡ ਦਿੱਤਾ ਅਤੇ ਹਗਿਦਗਾਦ ਵਿਖੇ ਡੇਰਾ ਲਾਇਆ।

33ਲੋਕਾਂ ਨੇ ਹਾਗਿਦਗਾਦ ਛੱਡ ਦਿੱਤਾ ਅਤੇ ਯਾਟਬਾਥਾਹ ਵਿਖੇ ਡੇਰਾ ਲਾਇਆ।

34ਲੋਕਾਂ ਨੇ ਯਾਟਬਾਥਾਹ ਛੱਡ ਦਿੱਤਾ ਅਤੇ ਅਬਰੋਨਾਹ ਵਿਖੇ ਡੇਰਾ ਲਾਇਆ।

35ਲੋਕਾਂ ਨੇ ਅਬਰੋਨਾਹ ਛੱਡ ਦਿੱਤਾ ਅਤੇ ਅਸਯੋਨ-ਗਬਰ ਵਿਖੇ ਡੇਰਾ ਲਾਇਆ।

36ਲੋਕਾਂ ਨੇ ਅਸਯੋਨ-ਗਬਰ ਛੱਡ ਦਿੱਤਾ ਅਤੇ ਸੀਨਈ ਮਾਰੂਥਲ ਵਿੱਚ ਕਾਦੇਸ਼ ਵਿਖੇ ਡੇਰਾ ਲਾਇਆ।

37ਲੋਕਾਂ ਨੇ ਕਾਦੇਸ਼ ਛੱਡ ਦਿੱਤਾ ਅਤੇ ਹੋਰ ਵਿਖੇ ਡੇਰਾ
ਲਾਇਆ। ਇਹ ਅਦੋਮ ਦੇਸ ਦੀ ਸਰਹੱਦ ਉੱਤੇ ਪਰਬਤ
ਸੀ। 38ਜਾਜਕ ਹਾਰੂਨ ਨੇ ਯਹੋਵਾਹ ਦੀ ਆਗਿਆ ਮੰਨੀ
ਅਤੇ ਹੋਰ ਪਰਬਤ ਦੇ ਉੱਤੇ ਚਲਾ ਗਿਆ। ਹਾਰੂਨ ਪੰਜਵੇਂ
ਮਹੀਨੇ ਦੀ ਪਹਿਲੀ ਤਰੀਕ ਨੂੰ ਉਸ ਥਾਂ ਮਰ ਗਿਆ। ਇਹ
ਇਸਰਾਏਲ ਦੇ ਲੋਕਾਂ ਦੇ ਮਿਸਰ ਛੱਡਣ ਦਾ 40ਵਾਂ ਵਰ੍ਹਾਂ
ਸੀ। 39ਹਾਰੂਨ ਜਦੋਂ ਹੋਰ ਪਰਬਤ ਉੱਤੇ ਮਰਿਆ ਉਹ 123
ਵਰ੍ਹਿਆ ਦਾ ਸੀ।

40ਆਰਾਦ ਦੇ ਕਨਾਨੀ ਰਾਜੇ ਨੇ, ਜੋ ਕਨਾਨ ਦੇ ਨੇਗੇਵ
ਵਿੱਚ ਰਹਿੰਦਾ ਸੀ ਇਸਰਾਏਲੀਆਂ ਦੇ ਆਉਣ ਬਾਰੇ
ਸੁਣਿਆ। 41ਲੋਕਾਂ ਨੇ ਹੋਰ ਪਰਬਤ ਛੱਡ ਦਿੱਤਾ ਅਤੇ
ਸਲਮੋਨਾਹ ਵਿੱਚ ਡੇਰਾ ਲਾਇਆ।

42ਲੋਕਾਂ ਨੇ ਸਲਮੋਨਾਹ ਛੱਡ ਦਿੱਤਾ ਫੂਨੋਨ ਵਿੱਚ ਡੇਰਾ ਲਾਇਆ।

43ਲੋਕਾਂ ਨੇ ਫੂਨੋਨ ਛੱਡ ਦਿੱਤਾ ਅਤੇ ਓਬੋਥ ਵਿੱਚ ਡੇਰਾ ਲਾਇਆ।

44ਲੋਕਾਂ ਨੇ ਓਬੋਥ ਛੱਡ ਦਿੱਤਾ ਅਤੇ ਇਯੇਅਬਾਰੀਮ
ਵਿੱਚ ਡੇਰਾ ਲਾਇਆ। ਇਹ ਮੋਆਬ ਦੇਸ ਦੀ ਸਰਹੱਦ
ਉੱਤੇ ਸੀ।

45ਲੋਕਾਂ ਨੇ ਈਯੇ (ਇਯੇ ਆਬਰੀਮ) ਛੱਡ ਦਿੱਤਾ ਅਤੇ ਦੀਬੋਨ-ਗਾਦ ਵਿੱਚ ਡੇਰਾ ਲਾਇਆ।

46ਲੋਕਾਂ ਨੇ ਦੀਬੋਨ ਗਾਦ ਛੱਡ ਦਿੱਤਾ ਅਤੇ ਅਲਮੋਨ - ਦਿਬਲਾਤੈਮਾਹ ਵਿੱਚ ਡੇਰਾ ਲਾਇਆ।

47ਲੋਕਾਂ ਨੇ ਦਿਬਲਾਤੈਮਾਹ ਛੱਡ ਦਿੱਤਾ ਅਤੇ ਨਬੋ ਦੇ ਨੇੜੇ ਅਬਾਰੀਮ ਦੇ ਪਰਬਤਾਂ ਉੱਤੇ ਡੇਰਾ ਲਾਇਆ।

48ਲੋਕਾਂ ਨੇ ਅਬਾਰੀਮ ਦੇ ਪਹਾਰਾਂ ਨੂੰ ਛੱਡ ਕੇ ਯਰਦਨ
ਨਦੀ ਵਿਖੇ ਮੋਆਬ ਵਿੱਚ ਡੇਰਾ ਲਾਇਆ। ਇਹ ਯਰਦਨ
ਨਦੀ ਦੇ ਪਾਰ ਯਰੀਹੋ ਦੇ ਸਾਹਮਣੇ ਸੀ। 49ਉਨ੍ਹਾਂ ਨੇ
ਮੋਆਬ ਵਿਖੇ ਯਰਦਨ ਵਾਦੀ ਵਿੱਚ ਯਰਦਨ ਨਦੀ ਕੰਢੇ
ਡੇਰਾ ਲਾਇਆ। ਉਨ੍ਹਾਂ ਦਾ ਡੇਰਾ ਬੈਤ ਯਸ਼ਿਮੋਥ ਤੋਂ ਲੈ ਕੇ
ਅਕਾਸੀਆ ਖੇਰ ਤੱਕ ਫ਼ੈਲਿਆ ਹੋਇਆ ਸੀ।

50ਉਸ ਥਾਂ ਯਹੋਵਾਹ ਨੇ ਮੂਸਾ ਨਾਲ ਗੱਲ ਕੀਤੀ। ਉਸ ਨੇ
ਆਖਿਆ, 51"ਇਸਰਾਏਲ ਦੇ ਲੋਕਾਂ ਨਾਲ ਗੱਲ ਕਰ। ਉਨ੍ਹਾਂ ਨੂੰ
ਇਹ ਗੱਲਾਂ ਦੱਸ: ਤੁਸੀਂ ਯਰਦਨ ਨਦੀ ਪਾਰ ਕਰੋਗੇ। ਤੁਸੀਂ ਕਨਾਨ
ਦੀ ਧਰਤੀ ਉੱਤੇ ਜਾਵੋਗੇ। 52ਜਿਹੜੇ ਲੋਕ ਤੁਹਾਨੂੰ ਉੱਥੇ ਮਿਲਣ,
ਤੁਸੀਂ ਉਨ੍ਹਾਂ ਦੀ ਜ਼ਮੀਨ ਖੋਹ ਲਵੋਗੇ। ਤੁਹਾਨੂੰ ਉਨ੍ਹਾਂ ਦੇ ਸਾਰੇ ਬੁੱਤ
ਅਤੇ ਮੂਰਤੀਆਂ ਤਬਾਹ ਕਰ ਦੇਣੀਆਂ ਚਾਹੀਦੀਆਂ ਹਨ। ਤੁਹਾਨੂੰ
ਉਨ੍ਹਾਂ ਦੇ ਸਾਰੇ ਉੱਚੇ ਸਥਾਨ ਤਬਾਹ ਕਰ ਦੇਣੇ ਚਾਹੀਦੇ ਹਨ। 53ਤੁਸੀਂ
ਜ਼ਮੀਨ ਖੋਹ ਲਵੋਂਗੇ ਅਤੇ ਉੱਥੇ ਵਸ ਜਾਵੋਂਗੇ। ਕਿਉਂਕਿ ਮੈਂ ਇਹ
ਜ਼ਮੀਨ ਤੁਹਾਨੂੰ ਦੇ ਰਿਹਾ ਹਾਂ। ਇਹ ਤੁਹਾਡੇ ਪਰਿਵਾਰਾਂ ਦੀ ਹੋਵੇਗੀ।
54ਤੁਹਾਡੇ ਹਰ ਪਰਿਵਾਰ ਨੂੰ ਜ਼ਮੀਨ ਵਿੱਚੋਂ ਹਿੱਸਾ ਮਿਲੇਗਾ। ਤੁਸੀਂ
ਗੁਣੇ ਪਾ ਕੇ ਫੈਸਲਾ ਕਰੋਗੇ ਕਿ ਕਿਹੜੇ ਪਰਿਵਾਰ ਨੂੰ ਕਿਹੜੀ ਜ਼ਮੀਨ
ਮਿਲੇ। ਵੱਡੇ ਪਰਿਵਾਰ ਨੂੰ ਜ਼ਮੀਨ ਦਾ ਵੱਡਾ ਹਿੱਸਾ ਮਿਲੇਗਾ। ਛੋਟੇ
ਪਰਿਵਾਰ ਨੂੰ ਛੋਟਾ ਹਿੱਸਾ। ਗੁਣੇ ਪਾ ਕੇ ਫੈਸਲਾ ਹੋਵੇਗਾ ਕਿ ਕਿਹੜੇ
ਪਰਿਵਾਰ ਨੂੰ ਕੀ ਮਿਲਦਾ ਹੈ। ਹਰ ਘਰਾਣੇ ਨੂੰ ਜ਼ਮੀਨ ਦਾ ਆਪਣਾ
ਹਿੱਸਾ ਮਿਲੇਗਾ।

55"ਤੁਹਾਨੂੰ ਹੋਰਨਾਂ ਲੋਕਾਂ ਨੂੰ ਉਸ ਦੇਸ ਵਿੱਚੋਂ ਬਾਹਰ ਕੱਢ ਦੇਣਾ
ਚਾਹੀਦਾ। ਜੇ ਤੁਸੀਂ ਉਨ੍ਹਾਂ ਨੂੰ ਆਪਣੇ ਦੇਸ ਵਿੱਚ ਰਹਿਣ ਦਿਉਗੇ, ਉਹ
ਤੁਹਾਡੇ ਲਈ ਬੜੀਆਂ ਮੁਸ਼ਕਿਲਾਂ ਖੜੀਆਂ ਕਰਨਗੇ। ਉਹ ਤੁਹਾਡੀ
ਅੱਖ ਉਤਲੇ ਫ਼ੋੜੇ ਵਰਗੇ ਅਤੇ ਵਖੀ ਵਿੱਚ ਚੁਭੇ ਹੋਏ ਕੰਡੇ ਵਾਂਗ
ਹੋਣਗੇ। ਉਹ ਉਸ ਧਰਤੀ ਵਿੱਚ, ਜਿਸ ਵਿੱਚ ਤੁਸੀਂ ਰਹੋਗੇ ਬੜੀਆਂ
ਮੁਸ਼ਕਿਲਾ ਪੈਦਾ ਕਰਨਗੇ। 56ਮੈਂ ਤੁਹਾਨੂੰ ਦਰਸਾ ਦਿੱਤਾ ਸੀ ਕਿ ਮੈਂ
ਕੀ ਕਰਾਂਗਾ-ਅਤੇ ਮੈਂ ਤੁਹਾਡੇ ਨਾਲ ਉਹੋ ਜਿਹਾ ਹੀ ਕਰਾਂਗਾ ਜੇ ਤੁਸੀਂ
ਉਨ੍ਹਾਂ ਲੋਕਾਂ ਨੂੰ ਆਪਣੇ ਦੇਸ ਵਿੱਚ ਟਿਕਣ ਦਿਉਗੇ।"

## ਕਨਾਨ ਦੀਆਂ ਸਰਹੱਦਾਂ

34 1ਯਹੋਵਾਹ ਨੇ ਮੂਸਾ ਨਾਲ ਗੱਲ ਕੀਤੀ। ਉਸ ਨੇ
ਆਖਿਆ, 2"ਇਸਰਾਏਲ ਦੇ ਲੋਕਾਂ ਨੂੰ ਇਹ ਆਦੇਸ਼
ਦੇਹ: ਤੁਸੀਂ ਕਨਾਨ ਦੀ ਧਰਤੀ ਉੱਤੇ ਆ ਰਹੇ ਹੋ। ਤੁਸੀਂ ਇਸ
ਦੇਸ ਨੂੰ ਹਰਾ ਦੇਵੋਗੇ। ਤੁਸੀਂ ਸਾਰੇ ਕਨਾਨ ਦੇਸ ਉੱਤੇ ਕਬਜ਼ਾ ਕਰ
ਲਵੋਂਗੇ। 3ਦੱਖਣ ਵੱਲ, ਤੁਹਾਨੂੰ ਅਦੋਮ ਨੇੜੇ ਸੀਨਈ ਮਾਰੂਥਲ ਦਾ
ਇੱਕ ਹਿੱਸਾ ਮਿਲੇਗਾ। ਤੁਹਾਡੀ ਦੱਖਣੀ ਸਰਹੱਦ ਖਾਰੇ ਸਮੁੰਦਰ ਦੇ
ਦੱਖਣੀ ਸਿਰੇ ਤੋਂ ਸ਼ੁਰੂ ਹੋਵੇਗੀ। 4ਇਹ ਬਿੱਛੂ ਦਰ੍ਹੇ ਦੱਖਣ ਵੱਲ ਪਾਰ
ਜਾਵੇਗੀ। ਇਹ ਸੀਨਈ ਮਾਰੂਥਲ ਹੁੰਦੀ ਹੋਈ ਕਾਦੇਸ਼ ਬਰਨੇਆ
ਜਾਵੇਗੀ ਅਤੇ ਫ਼ੇਰ ਹਸਰ-ਅਦਾਰ ਨੂੰ ਅਤੇ ਫ਼ੇਰ ਅਸਮੋਨ ਨੂੰ ਪਾਰ
ਕਰੇਗੀ। 5ਅਸਮੋਨ ਤੋਂ, ਸਰਹੱਦ ਮਿਸਰ ਦੀ ਨਦੀ ਤੱਕ ਜਾਵੇਗੀ
ਅਤੇ ਇਹ ਮਹਾ ਸਮੁੰਦਰ ਉੱਤੇ ਜਾ ਕੇ ਮੁੱਕੇਗੀ। 6ਤੁਹਾਡੀ ਪੱਛਮੀ
ਸਰਹੱਦ ਮਹਾ ਸਮੁੰਦਰ ਹੋਵੇਗੀ। 7ਤੁਹਾਡੀ ਧੁਰ ਉੱਤਰੀ ਸਰਹੱਦ
ਮਹਾ ਸਮੁੰਦਰ ਤੋਂ ਸ਼ੁਰੂ ਹੋਵੇਗੀ ਅਤੇ ਲਿਬਨਾਨ ਵਿੱਚ ਹੋਰ ਪਰਬਤ
ਤੱਕ ਜਾਵੇਗੀ। 8ਹੋਰ ਪਰਬਤ ਤੋਂ ਇਹ ਹਮਾਥ ਨੂੰ ਜਾਵੇਗੀ ਅਤੇ
ਫ਼ੇਰ ਜ਼ੇਦਾਦ ਨੂੰ। 9ਫ਼ੇਰ ਸਰਹੱਦ ਜ਼ਿਫ਼ਰੋਨ ਨੂੰ ਜਾਵੇਗੀ ਅਤੇ ਇਹ
ਹਸਰ ਏਨਾਨ ਉੱਤੇ ਜਾ ਮੁੱਕੇਗੀ। ਇਸ ਤਰ੍ਹਾਂ ਇਹ ਤੁਹਾਡੀ ਉੱਤਰੀ
ਸਰਹੱਦ ਹੋਵੇਗੀ। 10ਤੁਹਾਡੀ ਪੂਰਬੀ ਸਰਹੱਦ ਏਨਾਨ ਤੋਂ ਸ਼ੁਰੂ ਹੋਵੇਗੀ

ਅਤੇ ਇਹ ਸ਼ਫ਼ਾਮ ਤੱਕ ਜਾਵੇਗੀ। 11ਸ਼ਫ਼ਾਮ ਤੋਂ, ਸਰਹੱਦ ਆਯਿਨ
ਰਿਬਲਾਹ ਦੇ ਪੂਰਬ ਵੱਲ ਜਾਵੇਗੀ। ਸਰਹੱਦ ਕਿਨਰਥ ਝੀਲ ਦੇ ਨੇੜੇ
ਪਹਾੜੀਆਂ ਦੇ ਨਾਲ-ਨਾਲ ਜਾਵੇਗੀ। 12ਫ਼ੇਰ ਸਰਹੱਦ ਯਰਦਨ ਨਦੀ
ਦੇ ਨਾਲ-ਨਾਲ ਚੱਲੇਗੀ ਅਤੇ ਇਸ ਦਾ ਅੰਤ ਖਾਰੇ ਸਮੁੰਦਰ ਵਿਖੇ
ਹੋਵੇਗਾ। ਇਹ ਤੁਹਾਡੇ ਦੇਸ ਦੀਆਂ ਸਰਹੱਦਾਂ ਹਨ।"

13ਇਸ ਲਈ ਮੂਸਾ ਨੇ ਇਹ ਹੁਕਮ ਇਸਰਾਏਲ ਦੇ ਲੋਕਾਂ ਨੂੰ
ਦਿੱਤਾ, "ਇਹੀ ਉਹ ਜ਼ਮੀਨ ਹੈ ਜਿਹੜੀ ਤੁਹਾਨੂੰ ਮਿਲੇਗੀ। ਤੁਸੀਂ
ਜ਼ਮੀਨ ਨੂੰ 9 ਪਰਿਵਾਰ-ਸਮੂਹਾਂ ਅਤੇ ਮਨੱਸ਼ਹ ਦੇ ਅੱਧੇ ਘਰਾਣੇ
ਵਿੱਚਕਾਰ ਵੰਡਣ ਲਈ ਗੁਣੇ ਪਾਵੋਗੇ। 14ਰਊਬੇਨ ਅਤੇ ਗਾਦ ਦੇ
ਪਰਿਵਾਰ-ਸਮੂਹਾਂ ਅਤੇ ਮਨੱਸ਼ਹ ਦਾ ਅੱਧਾ ਘਰਾਣੇ ਪਹਿਲਾਂ ਹੀ
ਆਪਣੀ ਜ਼ਮੀਨ ਲੈ ਚੁੱਕੇ ਹਨ। 15ਇਨ੍ਹਾਂ ਢਾਈ ਪਰਿਵਾਰ-ਸਮੂਹਾਂ ਨੇ,
ਯਰੀਹੋ ਤੋਂ ਪਾਰ ਯਰਦਨ ਨਦੀ ਦੇ ਪੂਰਬ ਤੀਕ ਜ਼ਮੀਨ ਲੈ ਲਈ।"

16ਫ਼ੇਰ ਯਹੋਵਾਹ ਨੇ ਮੂਸਾ ਨਾਲ ਗੱਲ ਕੀਤੀ। ਉਸ ਨੇ ਆਖਿਆ,
17"ਇਹ ਉਨ੍ਹਾਂ ਆਦਮੀਆਂ ਦੇ ਨਾਮ ਹਨ ਜਿਹੜੇ ਜ਼ਮੀਨ ਵੰਡਣ
ਵਿੱਚ ਤੇਰੀ ਸਹਾਇਤਾ ਕਰਨਗੇ: ਅਲਆਜ਼ਾਰ ਜਾਜਕ, ਨੂਨ ਦਾ
ਪੁੱਤਰ ਯਹੋਸ਼ੁਆ, 18ਅਤੇ ਸਮੂਹ ਪਰਿਵਾਰ-ਸਮੂਹਾਂ ਦੇ ਆਗੂ। ਹਰੇਕ
ਘਰਾਣੇ ਵਿੱਚੋਂ ਇੱਕ-ਇੱਕ ਆਗੂ ਹੋਵੇਗਾ। ਉਹ ਆਦਮੀ ਜ਼ਮੀਨ ਦੀ
ਵੰਡ ਕਰਨਗੇ। 19ਆਗੂਆਂ ਨੇ ਨਾਮ ਇਹ ਹਨ:

ਯਹੂਦਾਹ ਦੇ ਘਰਾਣੇ ਵਿੱਚੋਂ-ਯਫ਼ੁੰਨਹ ਦ ਪੁੱਤਰ ਕਾਲੇਬ:
20 ਸ਼ਿਮਓਨੀਆਂ ਦੇ ਘਰਾਣੇ ਵਿੱਚੋਂ-ਅੰਮੀਹੂਦ ਦਾ ਪੁੱਤਰ ਸ਼ਮੂਏਲ;
21 ਬਿਨਯਾਮੀਨ ਦੇ ਘਰਾਣੇ ਵਿੱਚੋਂ-ਕਿਸਲੋਨ ਦਾ ਪੁੱਤਰ
ਅਲੀਦਾਦ;
22 ਦਾਨ ਦੇ ਘਰਾਣੇ ਵਿੱਚੋਂ-ਯਾਗਲੀ ਦਾ ਪੁੱਤਰ ਬੁੱਕੀ;
23 ਯੂਸੁਫ਼ ਦੇ ਉੱਤਰਾਧਿਕਾਰੀਆਂ ਲਈ: ਮਨੱਸ਼ਹ ਦੇ ਘਰਾਣੇ
ਵਿੱਚੋਂ-ਹੰਨੀਏਲ ਦਾ ਪੁੱਤਰ ਏਫ਼ੋਦ;
24 ਅਤੇ ਅਫ਼ਰਈਮ ਦੇ ਘਰਾਣੇ ਵਿੱਚੋਂ-ਸ਼ਿਫ਼ਟਾਨ ਦਾ ਪੁੱਤਰ
ਕਮੂਏਲ;
25 ਜ਼ਬੂਲੁਨੀਆਂ ਦੇ ਘਰਾਣੇ ਵਿੱਚੋਂ-ਪਰਨਾਕ ਦਾ ਪੁੱਤਰ
ਅਲੀਸਾਫ਼ਾਨ;
26 ਯਿੱਸਾਕਾਰੀਆਂ ਦੇ ਘਰਾਣੇ ਵਿੱਚੋਂ-ਅੱਜ਼ਾਨ ਦਾ ਪੁੱਤਰ
ਪਲਟੀਏਲ;
27 ਆਸ਼ੇਰੀਆਂ ਦੇ ਘਰਾਣੇ ਵਿੱਚੋਂ-ਸ਼ਲੋਮੀ ਦਾ ਪੁੱਤਰ ਅਹੀਹੂਦ;
28 ਨਫ਼ਤਾਲੀ ਦੇ ਘਰਾਣੇ ਵਿੱਚੋਂ-ਅੰਮੀਹੂਦ ਦਾ ਪੁੱਤਰ ਪਦਹੇਲ।"

29ਯਹੋਵਾਹ ਨੇ ਇਸਰਾਏਲੀਆਂ ਦੇ ਦਰਮਿਆਨ ਕਨਾਨ ਦੀ
ਧਰਤੀ ਵੰਡਣ ਲਈ ਇਨ੍ਹਾਂ ਆਦਮੀਆਂ ਦੀ ਚੋਣ ਕੀਤੀ।

## ਲੇਵੀਆਂ ਦੇ ਸ਼ਹਿਰ

35 1ਯਹੋਵਾਹ ਨੇ ਮੂਸਾ ਨਾਲ ਗੱਲ ਕੀਤੀ। ਇਹ ਮੋਆਬ
ਵਿੱਚ ਯਰਦਨ ਦੀ ਵਾਦੀ ਵਿਖੇ ਯਰਦਨ ਨਦੀ ਦੇ ਨੇੜੇ
ਯਰੀਹੋ ਦੇ ਪਾਰ ਸੀ। ਯਹੋਵਾਹ ਨੇ ਆਖਿਆ, 2"ਇਸਰਾਏਲ ਦੇ
ਲੋਕਾਂ ਨੂੰ ਆਖ ਕਿ ਉਨ੍ਹਾਂ ਨੂੰ ਧਰਤੀ ਦੇ ਆਪਣੇ ਹਿੱਸੇ ਦੇ ਕੁਝ ਸ਼ਹਿਰ
ਲੇਵੀਆਂ ਨੂੰ ਦੇਣੇ ਚਾਹੀਦੇ ਹਨ। ਇਸਰਾਏਲ ਦੇ ਲੋਕਾਂ ਨੂੰ ਉਹ ਸ਼ਹਿਰ
ਅਤੇ ਉਨ੍ਹਾਂ ਦੇ ਆਲੇ-ਦੁਆਲੇ ਦੀਆਂ ਚਰਾਂਦਾ ਲੇਵੀਆਂ ਨੂੰ ਦੇਣੀਆਂ
ਚਾਹੀਦੀਆਂ ਹਨ। 3ਲੇਵੀ ਉਨ੍ਹਾਂ ਸ਼ਹਿਰਾਂ ਵਿੱਚ ਰਹਿ ਸਕਣਗੇ।
ਅਤੇ ਉਨ੍ਹਾਂ ਦੇ ਸਾਰੇ ਡੰਗਰ ਅਤੇ ਹੋਰ ਸਾਰੇ ਪਸ਼ੂ ਉਨ੍ਹਾਂ ਸ਼ਹਿਰਾਂ ਦੇ
ਆਲੇ-ਦੁਆਲੇ ਦੀਆਂ ਚਰਾਂਦਾ ਤੋਂ ਘਾਹ ਚਰ ਸਕਣਗੇ। 4ਤੁਹਾਨੂੰ
ਆਪਣੀ ਜ਼ਮੀਨ ਦਾ ਕਿੰਨਾ ਕੁ ਹਿੱਸਾ ਲੇਵੀਆਂ ਨੂੰ ਦੇਣਾ ਚਾਹੀਦਾ ਹੈ?
ਸ਼ਹਿਰਾਂ ਦੀਆਂ ਕੰਧਾਂ ਤੋਂ ਬਾਹਰ ਵੱਲ 1,500 ਫ਼ੁੱਟ ਤੱਕ ਜਾਵੇ-ਇਹ
ਸਾਰੀ ਜ਼ਮੀਨ ਲੇਵੀਆਂ ਦੀ ਹੋਵੇਗੀ। 5ਅਤੇ, ਸ਼ਹਿਰ ਦੇ ਪੂਰਬ
ਵੱਲ 3,000 ਫ਼ੁੱਟ ਜ਼ਮੀਨ ਅਤੇ ਸ਼ਹਿਰ ਦੇ ਦੱਖਣ ਵੱਲ 3,000
ਫ਼ੁੱਟ ਜ਼ਮੀਨ, ਅਤੇ 3,000 ਫ਼ੁੱਟ ਪੱਛਮ ਵੱਲ 3,000 ਫ਼ੁੱਟ ਉੱਤਰ
ਵੱਲ ਦੀ ਸਾਰੀ ਦੀ ਸਾਰੀ ਜ਼ਮੀਨ ਲੇਵੀਆਂ ਦੀ ਹੋਵੇਗੀ। (ਸ਼ਹਿਰ
ਉਸ ਜ਼ਮੀਨ ਦੇ ਵਿੱਚਕਾਰ ਹੋਵੇਗਾ।) 6ਉਨ੍ਹਾਂ ਸ਼ਹਿਰਾਂ ਵਿੱਚੋਂ ਛੇ
ਸ਼ਹਿਰ ਸੁਰੱਖਿਆ ਵਾਲੇ ਸ਼ਹਿਰ ਹੋਣਗੇ। ਜੇ ਕੋਈ ਬੰਦਾ ਦੁਰਘਟਨਾ
ਕਾਰਣ ਕਿਸੇ ਨੂੰ ਮਾਰ ਦਿੰਦਾ ਹੈ, ਤਾਂ ਉਹ ਆਦਮੀ ਉਨ੍ਹਾਂ ਸ਼ਹਿਰਾਂ
ਵਿੱਚ ਸੁਰੱਖਿਆ ਲਈ ਭੱਜ ਕੇ ਜਾ ਸਕਦਾ ਹੈ। ਇਨ੍ਹਾਂ ਛੇ ਸ਼ਹਿਰਾਂ ਤੋਂ
ਇਲਾਵਾ, ਤੁਸੀਂ 42 ਹੋਰ ਸ਼ਹਿਰ ਲੇਵੀਆਂ ਨੂੰ ਦੇਵੋਗੇ। 7ਇਸ ਤਰ੍ਹਾਂ
ਤੁਸੀਂ ਕੁੱਲ 48 ਸ਼ਹਿਰ ਲੇਵੀਆਂ ਨੂੰ ਦੇਵੋਗੇ। ਤੁਸੀਂ ਉਨ੍ਹਾਂ ਨੂੰ ਉਨ੍ਹਾਂ
ਸ਼ਹਿਰਾਂ ਦੇ ਆਲੇ-ਦੁਆਲੇ ਦੀ ਧਰਤੀ ਵੀ ਦੇਵੋਗੇ। 8ਇਸਰਾਏਲ
ਦੇ ਵੱਡੇ ਪਰਿਵਾਰ ਜ਼ਮੀਨ ਦੇ ਵੱਡੇ ਟੁਕੜੇ ਲੈਣਗੇ। ਇਸਰਾਏਲ ਦੇ
ਛੋਟੇ ਪਰਿਵਾਰ ਜ਼ਮੀਨ ਦੇ ਛੋਟੇ ਟੁਕੜੇ ਲੈਣਗੇ। ਇਸ ਲਈ ਵੱਡੇ
ਪਰਿਵਾਰ-ਸਮੂਹ, ਵੱਧ ਸ਼ਹਿਰ ਅਤੇ ਛੋਟੇ ਪਰਿਵਾਰ-ਸਮੂਹ, ਘੱਟ
ਸ਼ਹਿਰ ਲੇਵੀਆਂ ਨੂੰ ਦੇਣਗੇ।"

9ਫ਼ੇਰ ਯਹੋਵਾਹ ਨੇ ਮੂਸਾ ਨਾਲ ਗੱਲ ਕੀਤੀ। ਉਸ ਨੇ ਆਖਿਆ,
10"ਲੋਕਾਂ ਨੂੰ ਇਹ ਗੱਲਾਂ ਦੱਸੋ: ਤੁਸੀਂ ਲੋਕ ਯਰਦਨ ਨਦੀ ਪਾਰ
ਕਰੋਗੇ ਅਤੇ ਕਨਾਨ ਦੀ ਧਰਤੀ ਅੰਦਰ ਜਾਵੋਗੇ। 11ਤੁਹਾਨੂੰ ਕੁਝ
ਸ਼ਹਿਰਾਂ ਦੀ ਸੁਰੱਖਿਆ ਵਾਲੇ ਸ਼ਹਿਰਾਂ ਵਜੋਂ ਚੋਣ ਕਰਨੀ ਚਾਹੀਦੀ ਹੈ।
ਜੇ ਕੋਈ ਬੰਦਾ ਕਿਸੇ ਹੋਰ ਬੰਦੇ ਨੂੰ ਦੁਰਘਟਨਾ ਵਿੱਚ ਮਾਰ ਦਿੰਦਾ ਹੈ,
ਤਾਂ ਉਹ ਬੰਦਾ ਭੱਜ ਕੇ ਉਨ੍ਹਾਂ ਵਿੱਚੋਂ ਕਿਸੇ ਇੱਕ ਸ਼ਹਿਰ ਵਿੱਚ ਜਾ ਸਕਦਾ
ਹੈ। 12ਉਹ ਬੰਦਾ ਮ੍ਰਿਤ ਬੰਦੇ ਦੇ ਪਰਿਵਾਰ ਦੇ ਕਿਸੇ ਵੀ ਅਜਿਹੇ ਬੰਦੇ
ਤੋਂ ਸੁਰੱਖਿਅਤ ਰਹੇਗਾ ਜਿਹੜਾ ਬਦਲਾ ਲੈਣਾ ਚਾਹੁੰਦਾ ਹੋਵੇ। ਉਹ
ਬੰਦਾ ਓਨਾ ਚਿਰ ਸੁਰੱਖਿਅਤ ਰਹੇਗਾ ਜਿੰਨਾ ਚਿਰ ਤੱਕ ਕਿ ਉਸ
ਬਾਰੇ ਕਚਿਹਰੀ ਵਿੱਚ ਨਿਆਂ ਨਹੀਂ ਹੁੰਦਾ। 13ਇੱਥੇ ਸੁਰੱਖਿਆ ਵਾਲੇ
ਛੇ ਸ਼ਹਿਰ ਹੋਣਗੇ। 14ਇਨ੍ਹਾਂ ਸ਼ਹਿਰਾਂ ਵਿੱਚੋਂ ਤਿੰਨ ਯਰਦਨ ਨਦੀ ਦੇ
ਪੂਰਬ ਵੱਲ ਹੋਣਗੇ। ਅਤੇ ਉਨ੍ਹਾ ਸ਼ਹਿਰਾਂ ਵਿੱਚੋਂ ਤਿੰਨ ਯਰਦਨ ਨਦੀ
ਦੇ ਪੱਛਮ ਵੱਲ ਕਨਾਨ ਦੀ ਧਰਤੀ ਉੱਤੇ ਹੋਣਗੇ। 15ਉਹ ਸ਼ਹਿਰ
ਇਸਰਾਏਲ ਦੇ ਸ਼ਹਿਰੀਆਂ, ਵਿਦੇਸ਼ੀਆਂ ਅਤੇ ਮੁਸਾਫ਼ਿਰਾਂ ਲਈ
ਸੁਰੱਖਿਆ ਵਾਲੇ ਸ਼ਹਿਰ ਹੋਣਗੇ। ਇਨ੍ਹਾਂ ਵਿੱਚੋਂ ਕੋਈ ਵੀ ਬੰਦਾ, ਜਿਸ
ਕੋਲੋਂ ਅਨਜਾਣੇ ਵਿੱਚ ਕੋਈ ਬੰਦਾ ਮਰ ਜਾਵੇ, ਭੱਜ ਕੇ ਇਨ੍ਹਾਂ ਵਿੱਚੋਂ
ਕਿਸੇ ਇੱਕ ਸ਼ਹਿਰ ਵਿੱਚ ਜਾ ਸਕਦਾ ਹੈ।

16"ਜੇ ਕੋਈ ਬੰਦਾ ਕਿਸੇ ਨੂੰ ਮਾਰਨ ਲਈ ਲੋਹੇ ਦਾ ਹਥਿਆਰ
ਵਰਤਦਾ ਹੈ, ਤਾਂ ਉਸ ਬੰਦੇ ਨੂੰ ਮਰਨਾ ਪਵੇਗਾ। 17ਅਤੇ ਜੇ ਕੋਈ
ਬੰਦਾ ਪੱਥਰ ਮਾਰਕੇ ਕਿਸੇ ਨੂੰ ਮਾਰ ਦਿੰਦਾ ਹੈ, ਤਾਂ ਉਸ ਬੰਦੇ ਨੂੰ ਮਰਨਾ
ਪਵੇਗਾ। (ਪਰ ਉਹ ਪੱਥਰ ਉਨੇ ਆਕਾਰ ਦਾ ਹੋਣ ਚਾਹੀਦਾ ਹੈ ਜਿਸ
ਦੀ ਵਰਤੋਂ ਆਮ ਤੌਰ ਤੇ ਲੋਕਾਂ ਨੂੰ ਮਾਰਨ ਲਈ ਕੀਤੀ ਜਾਂਦੀ ਹੈ।)
18ਅਤੇ ਜੇ ਕੋਈ ਬੰਦਾ ਕਿਸੇ ਨੂੰ ਮਾਰਨ ਲਈ ਲੱਕੜ ਦੇ ਟੁਕੜੇ ਦੀ
ਵਰਤੋਂ ਕਰਦਾ ਹੈ, ਤਾਂ ਉਸ ਬੰਦੇ ਨੂੰ ਮਰਨਾ ਪਵੇਗਾ। (ਲੱਕੜ ਦੇ
ਟੁਕੜੇ ਦਾ ਅਜਿਹਾ ਹਥਿਆਰ ਹੋਣਾ ਚਾਹੀਦਾ ਹੈ ਜਿਸ ਦੀ ਵਰਤੋਂ
ਆਮ ਤੌਰ ਤੇ ਲੋਕਾਂ ਨੂੰ ਮਾਰਨ ਲਈ ਕੀਤੀ ਜਾਂਦੀ ਹੈ।) 19ਮਰੇ ਹੋਏ
ਬੰਦੇ ਦਾ ਕੋਈ ਜੀਅ ਉਸ ਕਾਤਲ ਦਾ ਪਿੱਛਾ ਕਰ ਸਕਦਾ ਹੈ ਅਤੇ
ਉਸ ਨੂੰ ਮਾਰ ਸਕਦਾ ਹੈ।

20-21"ਹੋ ਸਕਦਾ ਹੈ ਕੋਈ ਬੰਦਾ ਕਿਸੇ ਨੂੰ ਹੱਥ ਨਾਲ ਸੱਟ ਮਾਰੇ
ਅਤੇ ਉਸ ਨੂੰ ਮਾਰ ਦੇਵੇ। ਜਾਂ ਕੋਈ ਬੰਦਾ ਕਿਸੇ ਨੂੰ ਧੱਕਾ ਮਾਰ ਦੇਵੇ।

ਜਾਂ ਕੋਈ ਬੰਦਾ ਕਿਸੇ ਉੱਤੇ ਕੋਈ ਚੀਜ਼ ਸੁੱਟ ਕੇ ਉਸ ਨੂੰ ਮਾਰ ਦੇਵੇ। ਜੇ ਮਾਰਨ ਵਾਲੇ ਨੇ ਅਜਿਹਾ, ਨਫ਼ਰਤ ਕਾਰਣ ਕੀਤਾ, ਤਾਂ ਉਹ ਕਾਤਲ ਹੈ। ਉਸ ਆਦਮੀ ਨੂੰ ਮਾਰ ਦੇਣਾ ਚਾਹੀਦਾ ਹੈ। ਮਰੇ ਹੋਏ ਬੰਦੇ ਦਾ ਕੋਈ, ਜੀਅ, ਕਾਤਲ ਦਾ ਪਿੱਛਾ ਕਰਕੇ, ਉਸ ਨੂੰ ਮਾਰ ਸਕਦਾ ਹੈ।

22"ਪਰ ਹੋ ਸਕਦਾ ਹੈ ਕਿ ਕਿਸੇ ਬੰਦੇ ਕੋਲੋਂ ਦੁਰਘਟਨਾ ਕਾਰਣ ਕਿਸੇ ਦੀ ਮੌਤ ਹੋ ਜਾਵੇ। ਉਸ ਬੰਦੇ ਨੇ ਮਰਨ ਵਾਲੇ ਨੂੰ ਨਫ਼ਰਤ ਨਹੀਂ ਕੀਤੀ ਸੀ-ਇਹ ਸਿਰਫ਼ ਇੱਕ ਦੁਰਘਟਨਾ ਹੀ ਸੀ। ਜਾਂ ਕੋਈ ਬੰਦਾ ਕੋਈ ਚੀਜ਼ ਸੁੱਟੇ ਅਤੇ ਦੁਰਘਟਨਾ ਕਾਰਣ ਕੋਈ ਮਾਰਿਆ ਜਾਵੇ-ਉਸ ਨੇ ਕਿਸੇ ਨੂੰ ਮਾਰਨ ਦੀ ਵਿਉਂਤ ਨਹੀਂ ਬਣਾਈ ਸੀ। 23ਜਾਂ ਸ਼ਾਇਦ ਕੋਈ ਬੰਦਾ ਪੱਥਰ ਸੁੱਟੇ। ਅਤੇ ਉਹ ਪੱਥਰ ਕਿਸੇ ਅਜਿਹੇ ਬੰਦੇ ਨੂੰ ਲੱਗ ਜਾਵੇ ਜਿਸੇ ਦੇਖਿਆ ਨਹੀਂ ਸੀ ਅਤੇ ਉਹ ਬੰਦਾ ਪੱਥਰ ਨਾਲ ਮਾਰਿਆ ਜਾਵੇ। ਉਸ ਬੰਦੇ ਨੇ ਕਿਸੇ ਨੂੰ ਮਾਰਨ ਦੀ ਵਿਉਂਤ ਨਹੀਂ ਬਣਾਈ ਸੀ। ਉਸ ਬੰਦੇ ਨੇ ਆਪਣੇ ਹੱਥੋਂ ਮਰਨ ਵਾਲੇ ਨਾਲ ਨਫ਼ਰਤ ਨਹੀਂ ਕੀਤੀ ਸੀ-ਇਹ ਸਿਰਫ਼ ਇੱਕ ਦੁਰਘਟਨਾ ਹੀ ਸੀ। 24ਜੇ ਅਜਿਹਾ ਹੋਵੇ, ਭਾਈਚਾਰੇ ਨੂੰ ਇੱਕ ਨਿਸ਼ਚਾ ਕਰਨਾ ਚਾਹੀਦਾ ਹੈ ਕਿ, ਕੀ ਕੀਤਾ ਜਾਵੇ। ਭਾਈਚਾਰੇ ਦੀ ਪੰਚਾਇਤ ਨੂੰ ਨਿਆਂ ਕਰਨਾ ਚਾਹੀਦਾ ਹੈ ਕਿ, ਕੀ ਮਰੇ ਹੋਏ ਬੰਦਾ ਦਾ ਕੋਈ ਸੰਬੰਧੀ ਉਸ ਕਾਤਲ ਨੂੰ ਮਾਰ ਸਕਦਾ ਹੈ। 25ਜੇ ਭਾਈਚਾਰਾ ਮਾਰਨ ਵਾਲੇ ਨੂੰ ਮਾਰਨ ਵਾਲੇ ਦੇ ਪਰਿਵਾਰ ਤੋਂ ਬਚਾਉਣਾ ਚਾਹੁੰਦਾ ਹੈ ਤਾਂ ਭਾਈਚਾਰੇ ਨੂੰ ਉਸ ਨੂੰ ਵਾਪਸ ਸੁਰੱਖਿਆ ਵਾਲੇ ਸ਼ਹਿਰ ਵਿੱਚ ਲੈ ਜਾਣਾ ਚਾਹੀਦਾ ਹੈ। ਅਤੇ ਕਾਤਲ ਨੂੰ ਓਨਾ ਚਿਰ ਉੱਥੇ ਹੀ ਰਹਿਣਾ ਚਾਹੀਦਾ ਹੈ ਜਿੰਨਾ ਚਿਰ ਤੱਕ ਕਿ ਪਰਧਾਨ ਜਾਜਕ ਮਰ ਨਹੀਂ ਜਾਂਦਾ।

26-27"ਉਸ ਬੰਦੇ ਨੂੰ ਕਦੇ ਵੀ ਸੁਰੱਖਿਆ ਵਾਲੇ ਸ਼ਹਿਰਾਂ ਦੀਆਂ ਹੱਦਾਂ ਤੋਂ ਬਾਹਰ ਨਹੀਂ ਜਾਣਾ ਚਾਹੀਦਾ। ਜੇ ਉਹ ਉਨ੍ਹਾਂ ਹੱਦਾਂ ਤੋਂ ਬਾਹਰ ਜਾਂਦਾ ਹੈ ਅਤੇ ਜੇ ਮਰੇ ਹੋਏ ਪਰਿਵਾਰ ਦਾ ਕੋਈ ਸਦੱਸ ਉਸ ਨੂੰ ਫ਼ੜ ਲੈਂਦਾ ਹੈ ਅਤੇ ਮਾਰ ਦਿੰਦਾ ਹੈ ਤਾਂ ਉਹ ਸਦੱਸ ਕਤਲ ਦਾ ਦੋਸ਼ੀ ਨਹੀਂ ਹੋਵੇਗਾ। 28ਜਿਸ ਬੰਦੇ ਕੋਲੋਂ ਦੁਰਘਟਨਾ ਕਾਰਣ ਕਿਸੇ ਦੀ ਮੌਤ ਹੋ ਗਈ ਹੋਵੇ, ਉਸ ਨੂੰ ਪਰਧਾਨ ਜਾਜਕ ਦੀ ਮੌਤ ਤੱਕ ਉਸ ਸੁਰੱਖਿਆ ਵਾਲੇ ਸ਼ਹਿਰ ਵਿੱਚ ਰਹਿਣਾ ਚਾਹੀਦਾ ਹੈ, ਜਦੋਂ ਪਰਧਾਨ ਜਾਜਕ ਦੀ ਮੌਤ ਹੋ ਜਾਵੇ ਤਾਂ ਉਹ ਬੰਦਾ ਆਪਣੀ ਧਰਤੀ ਉੱਤੇ ਆਪਣੇ ਘਰ ਜਾ ਸਕਦਾ ਹੈ। 29ਇਹ ਬਿਧੀਆਂ ਤੁਹਾਡੇ ਲੋਕਾਂ ਦੇ ਸਾਰੇ ਕਸਬਿਆਂ ਵਿੱਚ ਹਮੇਸ਼ਾ ਕਾਨੂੰਨ ਹੋਣਗੀਆਂ।

30"ਕਿਸੇ ਕਾਤਲ ਨੂੰ ਮੌਤ ਦੀ ਸਜ਼ਾ ਸਿਰਫ਼ ਤਾਂ ਹੀ ਦੇਣੀ ਚਾਹੀਦੀ ਹੈ, ਜੇ ਇਸ ਦੇ ਗਵਾਹ ਹੋਣ। ਜੇ ਇੱਕ ਹੀ ਗਵਾਹ ਹੈ, ਕਿਸੇ ਬੰਦੇ ਨੂੰ ਮੌਤ ਦੀ ਸਜ਼ਾ ਨਹੀਂ ਦਿੱਤੀ ਜਾ ਸੱਕਦੀ।

31"ਜੇ ਕੋਈ ਬੰਦਾ ਕਾਤਲ ਹੈ, ਤਾਂ ਉਸ ਨੂੰ ਮੌਤ ਦੀ ਸਜ਼ਾ ਦੇਣੀ ਚਾਹੀਦੀ ਹੈ। ਉਸ ਦੀ ਸਜ਼ਾ ਬਦਲਣ ਲਈ ਰਿਸ਼ਵਤ ਨਾ ਲਵੋ। ਉਸ ਕਾਤਲ ਨੂੰ ਅਵੱਸ਼ ਮਰਨਾ ਚਾਹੀਦਾ ਹੈ।

32"ਜੇ ਕਿਸੇ ਬੰਦੇ ਨੇ ਕਿਸੇ ਨੂੰ ਮਾਰ ਦਿੱਤਾ ਅਤੇ ਫ਼ੇਰ ਸੁਰੱਖਿਆ ਵਾਲੇ ਕਿਸੇ ਸ਼ਹਿਰ ਵਿੱਚ ਭੱਜ ਕੇ ਚਲਾ ਗਿਆ ਤਾਂ ਪੈਸੇ ਲੈ ਕੇ ਉਸ ਨੂੰ ਘਰ ਨਾ ਜਾਣ ਦਿਉ। ਉਹ ਬੰਦਾ ਉਸ ਸ਼ਹਿਰ ਵਿੱਚ ਉਦੋਂ ਤੀਕ ਰਹਿਣਾ ਚਾਹੀਦਾ ਹੈ। ਜਦੋਂ ਤੀਕ ਕਿ ਪਰਧਾਨ ਜਾਜਕ ਨਹੀਂ ਮਰ ਜਾਂਦਾ।

33"ਆਪਣੀ ਧਰਤੀ ਨੂੰ ਬੇਗੁਨਾਹ ਖੂਨ ਨਾਲ ਨਾਪਾਕ ਨਾ ਹੋਣ ਦਿਉ। ਜੇ ਕੋਈ ਬੰਦਾ ਕਿਸੇ ਨੂੰ ਮਾਰ ਦਿੰਦਾ ਹੈ, ਤਾਂ ਉਸ ਜੁਰਮ ਦੀ ਸਿਰਫ਼ ਇੱਕ ਹੀ ਕੀਮਤ ਹੈ ਕਿ ਕਾਤਲ ਨੂੰ ਮਾਰ ਦਿੱਤਾ ਜਾਵੇ। ਹੋਰ ਕੋਈ ਇਵਜ਼ਾਨਾ ਅਜਿਹਾ ਨਹੀਂ ਜਿਹੜਾ ਉਸ ਧਰਤੀ ਨੂੰ ਜੁਰਮ ਤੋਂ ਮੁਕਤ ਕਰ ਸਕੇ। 34ਮੈਂ ਯਹੋਵਾਹ ਹਾਂ! ਮੈਂ ਤੁਹਾਡੇ ਦੇਸ ਵਿੱਚ ਇਸਰਾਏਲ ਦੇ ਲੋਕਾਂ ਸੰਗ ਰਹਿ ਰਿਹਾ ਹੋਵਾਂਗਾ। ਮੈਂ ਉੱਥੇ ਰਹਿ ਰਿਹਾ ਹੋਵਾਂਗਾ, ਇਸ ਲਈ ਇਸ ਨੂੰ ਬੇਗੁਨਾਹਾਂ ਦੇ ਖ਼ੂਨ ਨਾਲ ਨਾਪਾਕ ਨਾ ਕਰੋ।"

## ਸਲਾਫ਼ਹਾਦ ਦੀਆਂ ਧੀਆਂ

36 1ਮਨੱਸ਼ੀ ਯੂਸੁਫ਼ ਦਾ ਪੁੱਤਰ ਸੀ। ਮਾਕੀਰ ਮਨੱਸ਼ੀ ਦਾ ਪੁੱਤਰ ਸੀ। ਗਿਲਆਦ ਮਾਕੀਰ ਦਾ ਪੁੱਤਰ ਸੀ। ਗਿਲਆਦ ਦੇ ਪਰਿਵਾਰ ਦੇ ਆਗੂ ਮੂਸਾ ਅਤੇ ਇਸਰਾਏਲ ਦੇ ਪਰਿਵਾਰ-ਸਮੂਹਾਂ ਦੇ ਆਗੂਆਂ ਨਾਲ ਗੱਲ ਕਰਨ ਗਏ। 2ਉਨ੍ਹਾਂ ਨੇ ਆਖਿਆ, "ਸ਼੍ਰੀ ਮਾਨ ਜੀ, ਯਹੋਵਾਹ ਨੇ ਸਾਨੂੰ ਆਦੇਸ਼ ਦਿੱਤਾ ਸੀ ਕਿ ਸਲਫ਼ਹਾਦ ਦੀ ਜ਼ਮੀਨ ਉਸ ਦੀਆਂ ਧੀਆਂ ਨੂੰ ਦਿੱਤੀ ਜਾਵੇ। ਸਲਾਫ਼ਹਾਦ, ਸਾਡਾ ਭਰਾ ਸੀ। 3ਇਹ ਹੋ ਸਕਦਾ ਕਿ ਸ਼ਾਇਦ ਇਸਰਾਏਲ ਦੇ ਕਿਸੇ ਹੋਰ ਪਰਿਵਰ-ਸਮੂਹ ਵਿੱਚੋਂ ਕੋਈ ਹੋਰ ਆਦਮੀ ਸਲਾਫ਼ਹਾਦ ਦੀਆਂ ਧੀਆਂ ਵਿੱਚੋਂ ਕਿਸੇ ਇੱਕ ਨਾਲ ਵਿਆਹ ਕਰਾ ਲਵੇ। ਕੀ ਉਹ ਜ਼ਮੀਨ ਸਾਡੇ ਪਰਿਵਾਰ ਵਿੱਚੋਂ ਚੱਲੀ ਜਾਵੇਗੀ? ਕੀ ਦੂਸਰੇ ਘਰਾਣੇ ਦੇ ਲੋਕ ਉਸ ਜ਼ਮੀਨ ਦੇ ਮਾਲਕ ਬਣ ਜਾਣਗੇ? ਕੀ ਅਸੀਂ ਉਹ ਜ਼ਮੀਨ ਗਵਾ ਲਵਾਂਗੇ ਜਿਹੜੀ ਅਸੀਂ ਗੁਣੇ ਪਾ ਕੇ ਹਾਸਲ ਕੀਤੀ ਸੀ? 4ਲੋਕ ਸ਼ਾਇਦ ਆਪਣੀ ਜ਼ਮੀਨ ਵੇਚ ਦੇਣ। ਪਰ ਜੁਬਲੀ ਵਰ੍ਹੇ ਵਿੱਚ ਸਾਰੀ ਜ਼ਮੀਨ ਉਸੇ ਘਰਾਣੇ ਕੋਲ ਵਾਪਸ ਆ ਜਾਂਦੀ ਹੈ ਜਿਹੜਾ ਇਸ ਦਾ ਅਸਲੀ ਮਾਲਕ ਹੁੰਦਾ ਹੈ। ਉਸ ਸਮੇਂ ਉਸ ਜ਼ਮੀਨ ਦਾ ਮਾਲਕ ਕੌਣ ਹੋਵੇਗਾ ਜਿਹੜਾ ਸਲਾਫ਼ਹਾਦ ਦੀਆਂ ਧੀਆਂ ਦੀ ਹੈ? ਕੀ ਸਾਡਾ ਪਰਿਵਾਰ ਸਦਾ ਲਈ ਉਸ ਜ਼ਮੀਨ ਨੂੰ ਗਵਾ ਲਵੇਗਾ?"

5ਮੂਸਾ ਨੇ ਇਸਰਾਏਲ ਦੇ ਲੋਕਾਂ ਨੂੰ ਇਹ ਆਦੇਸ਼ ਦਿੱਤਾ। ਇਹ ਆਦੇਸ਼ ਯਹੋਵਾਹ ਵੱਲੋਂ ਸੀ। "ਯੂਸੁਫ਼ ਦੇ ਘਰਾਣੇ ਦੇ ਇਹ ਆਦਮੀ ਠੀਕ ਆਖਦੇ ਹਨ! 6ਯਹੋਵਾਹ ਦਾ ਸਲਾਫ਼ਹਾਦ ਦੀਆਂ ਧੀਆਂ ਨੂੰ ਇਹ ਆਦੇਸ਼ ਹੈ: ਜੇ ਤੁਸੀਂ ਕਿਸੇ ਨਾਲ ਸ਼ਾਦੀ ਕਰਾਉਣੀ ਚਾਹੋ ਤਾਂ ਤੁਹਾਨੂੰ ਸਿਰਫ਼ ਆਪਣੇ ਹੀ ਘਰਾਣੇ ਵਿੱਚ ਸ਼ਾਦੀ ਕਰਨੀ ਚਾਹੀਦੀ ਹੈ। 7ਇਸ ਤਰ੍ਹਾਂ ਜ਼ਮੀਨ ਇਸਰਾਏਲ ਦੇ ਲੋਕਾਂ ਵਿੱਚ ਇੱਕ ਘਰਾਣੇ ਵਿੱਚੋਂ ਦੂਸਰੇ ਘਰਾਣੇ ਦੇ ਹੱਥਾਂ ਵਿੱਚ ਨਹੀਂ ਜਾਵੇਗੀ। ਹਰ ਇਸਰਾਏਲੀ, ਉਸੇ ਜ਼ਮੀਨ ਨੂੰ ਰੱਖੇਗਾ ਜਿਹੜੀ ਉਸ ਦੇ ਪੁਰਖਿਆਂ ਨੂੰ ਮਿਲੀ ਸੀ। 8ਅਤੇ ਜੇ ਕੋਈ ਔਰਤ ਆਪਣੇ ਪਿਤਾ ਦੀ ਜ਼ਮੀਨ ਪ੍ਰਾਪਤ ਕਰਦੀ ਹੈ ਤਾਂ ਉਸ ਨੂੰ ਸਿਰਫ਼ ਆਪਣੇ ਹੀ ਘਰਾਣੇ ਵਿੱਚ ਸ਼ਾਦੀ ਕਰਨੀ ਚਾਹੀਦੀ ਹੈ। ਇਸ ਤਰ੍ਹਾਂ ਨਾਲ, ਹਰ ਬੰਦਾ ਉਸ ਜ਼ਮੀਨ ਨੂੰ ਰੱਖ ਸਕੇਗਾ ਜਿਹੜੀ ਉਸ ਦੇ ਪੁਰਖਿਆਂ ਨੂੰ ਮਿਲੀ ਸੀ। 9ਇਸ ਲਈ, ਇਸਰਾਏਲ ਦੇ ਲੋਕਾਂ ਅੰਦਰ ਜ਼ਮੀਨ ਇੱਕ ਘਰਾਣੇ ਵਿੱਚੋਂ ਦੂਸਰੇ ਘਰਾਣੇ ਵਿੱਚ ਨਹੀਂ ਜਾਣੀ ਚਾਹੀਦੀ। ਹਰੇਕ ਇਸਰਾਏਲੀ ਉਹੀ ਜ਼ਮੀਨ ਰੱਖੇਗਾ ਜਿਹੜੀ ਉਸ ਦੇ ਪੁਰਖਿਆਂ ਨੂੰ ਮਿਲੀ ਸੀ।"

10ਸਲਾਫ਼ਹਾਦ ਦੀਆਂ ਧੀਆਂ ਨੇ ਯਹੋਵਾਹ ਦਾ ਮੂਸਾ ਨੂੰ ਦਿੱਤਾ ਹੋਇਆ ਆਦੇਸ਼ ਪ੍ਰਵਾਨ ਕਰ ਲਿਆ। 11ਇਸ ਲਈ ਸਲਾਫ਼ਹਾਦ ਦੀਆਂ ਧੀਆਂ ਮਹਲਾਹ, ਤਿਰਸਾਹ, ਹਾਗਲਾਹ, ਮਿਲਕਾਹ ਅਤੇ ਨੋਆਹ-ਨੇ ਆਪਣੇ ਪਿਤਾ ਵਾਲੇ ਪਾਸੇ ਦੇ ਚਚੇਰੇ ਭਰਾਵਾਂ ਨਾਲ ਸ਼ਾਦੀ ਕੀਤੀ। 12ਉਨ੍ਹਾਂ ਦੇ ਪਤੀ ਮਨੱਸ਼ਹ ਦੇ ਘਰਾਣੇ ਵਿੱਚੋਂ ਸਨ, ਇਸ ਲਈ ਉਨ੍ਹਾਂ ਦੀ ਜ਼ਮੀਨ ਉਨ੍ਹਾ ਦੇ ਪਿਤਾ ਦੇ ਪਰਿਵਾਰ ਅਤੇ ਘਰਾਣੇ ਕੋਲ ਹੀ ਰਹੀ।

13ਇਸ ਲਈ ਇਹ ਬਿਧੀਆਂ ਅਤੇ ਹੁਕਮ ਹਨ ਜਿਹੜੇ ਯਹੋਵਾਹ ਨੇ ਮੂਸਾ ਰਾਹੀਂ ਇਸਰਾਏਲੀਆਂ ਨੂੰ ਮੋਆਬ ਵਿੱਚ ਯਰਦਨ ਵਾਦੀ ਵਿੱਚ, ਯਰੀਹੋ ਤੋਂ ਪਾਰ ਯਰਦਨ ਨਦੀ ਦੇ ਦੂਜੇ ਪਾਸੇ ਦਿੱਤੇ।